ਸ਼ੁੱਕਰਵਾਰ, 14 ਅਗਸਤ, 2026

30 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 75

ਅੰਕ/NO. : 74

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • FRIDAY, 14 AUGUST, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14


# ਸੁਖਬੀਰ ਬਾਦਲ 'ਤੇ ਗੁਰੂਘਰ 'ਚ ਦੂਜਾ ਹਮਲਾ

## ਬਾਂਹ ਜ਼ਖ਼ਮੀ, ਹਮਲਾਵਰ ਨਿਹੰਗ-ਵਕੀਲ ਮੌਕੇ 'ਤੇ ਕਾਬੂ, ਇਰਾਦਾ ਦਿਲ 'ਤੇ ਵਾਰ ਕਰਨ ਦਾ ਸੀ : ਮਜੀਠੀਆ





**ਨਾਂਦੇੜ :** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਵੀਰਵਾਰ ਬਾਅਦ ਦੁਪਹਿਰ ਮਹਾਰਾਸ਼ਟਰ ਦੇ ਨਾਂਦੇੜ ਸਾਹਿਬ ਵਿਖੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਇਲਾਕੇ ਵਿੱਚ ਗੁਰਦੁਆਰਾ ਮਾਤਾ ਸਾਹਿਬ ਕੌਰ ਵਿਖੇ ਦਰਸ਼ਨ ਕਰਨ ਦੌਰਾਨ ਜਾਨਲੇਵਾ ਹਮਲਾ ਕੀਤਾ ਗਿਆ। ਇਹ ਘਟਨਾ ਉਸ ਸਮੇਂ ਵਾਪਰੀ, ਜਦੋਂ 64 ਸਾਲਾ ਸੁਖਬੀਰ ਸਿੰਘ ਬਾਦਲ ਆਪਣੇ ਪਰਵਾਰ ਨਾਲ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੇ ਸਨ। ਇਸ ਦੌਰਾਨ ਨਿਹੰਗ ਬਾਣੇ ਵਿੱਚ ਆਏ ਇੱਕ ਵਿਅਕਤੀ ਨੇ ਕ੍ਰਿਪਾਨ ਨਾਲ ਸੁਖਬੀਰ ਬਾਦਲ 'ਤੇ ਅਚਾਨਕ ਹਮਲਾ ਕਰ ਦਿੱਤਾ। ਸੁਖਬੀਰ ਨੂੰ ਬਚਾਉਂਦਿਆਂ ਪੁਲਸ ਅਫਸਰ ਸੰਤੋਸ਼ ਕੇਂਦਰੇ ਜ਼ਖ਼ਮੀ ਹੋ ਗਿਆ, ਜਦੋਂ ਕਿ ਸੁਖਬੀਰ ਬਾਦਲ ਦੀ ਬਾਂਹ 'ਤੇ ਜ਼ਖ਼ਮ ਹੋਇਆ। ਉਨ੍ਹਾ ਨੂੰ ਨਾਂਦੇੜ ਦੇ ਨਿੱਜੀ ਹਸਪਤਾਲ (ਯਸ਼ੋ ਸਾਈ ਹਸਪਤਾਲ) ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਨ੍ਹਾ ਦੀ ਹਾਲਤ ਸਥਿਰ ਦੱਸੀ ਗਈ।

ਹਮਲਾਵਰ ਨੂੰ ਮੌਕੇ 'ਤੇ ਹੀ ਸੁਰੱਖਿਆ ਕਰਮਚਾਰੀਆਂ ਅਤੇ ਲੋਕਾਂ ਵੱਲੋਂ ਕਾਬੂ ਕਰ ਲਿਆ ਗਿਆ। ਹਮਲਾਵਰ ਜਸਪਾਲ ਸਿੰਘ ਕਾਨੂੰਨ ਦਾ ਗ੍ਰੈਜੂਏਟ ਅਤੇ ਪੇਸ਼ੇ ਵਜੋਂ ਵਕੀਲ ਹੈ। ਉਹ ਪਿਛਲੇ ਡੇਢ ਸਾਲ ਤੋਂ ਗੁਰਦੁਆਰਾ ਸਾਹਿਬ ਵਿਖੇ ਸੇਵਾ ਕਰ ਰਿਹਾ ਸੀ ਅਤੇ ਉਸ ਦਾ ਕੋਈ ਅਪਰਾਧਿਕ ਪਿਛੋਕੜ ਨਹੀਂ ਹੈ। ਘੜਮੱਸ 'ਚ ਜਸਪਾਲ ਸਿੰਘ ਦੀ ਦਸਤਾਰ ਲਹਿ ਗਈ। ਘਟਨਾ ਤੋਂ ਬਾਅਦ ਕੁਝ ਸਾਥੀਆਂ ਵੱਲੋਂ ਉਸ ਦੇ ਸਿਰ 'ਤੇ ਦਸਤਾਰ ਸਜਾ ਕੇ ਸਨਮਾਨ ਕੀਤਾ ਗਿਆ। ਇਸ ਗੁਰਦੁਆਰੇ ਦੀ ਸੇਵਾ ਸੰਭਾਲ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ 96 ਕਰੋੜੀ ਕਰਦਾ ਹੈ। ਇਸ ਦੇ ਮੁਖੀ ਬਾਬਾ ਮਾਨ ਸਿੰਘ ਹਨ।

ਸੀਨੀਅਰ ਅਕਾਲੀ ਆਗੂ ਤੇ ਹਰਸਿਮਰਤ ਕੌਰ ਦੇ ਭਰਾ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਇੰਟੈਲੀਜੈਂਸ ਦੀ ਨਾਕਾਮੀ ਕਾਰਨ ਹਮਲਾ ਹੋਇਆ। ਕੇਂਦਰ ਮਾਮਲੇ ਦੀ ਸੀ ਬੀ ਆਈ ਜਾਂਚ ਦਾ ਹੁਕਮ ਦੇਵੇ। ਹਮਲਾਵਰ ਦਾ ਇਰਾਦਾ ਸੁਖਬੀਰ ਦੇ ਦਿਲ 'ਤੇ ਵਾਰ ਕਰਨ ਦਾ ਸੀ, ਪਰ ਉਹ ਖੁੰਝ ਗਿਆ। ਉਨ੍ਹਾ ਕਿਹਾ ਕਿ ਸੁਖਬੀਰ ਦਾ ਪਰਵਾਰ 12 ਤੋਂ 14 ਅਗਸਤ ਲਈ ਮਹਾਰਾਸ਼ਟਰ ਗਿਆ ਸੀ। ਉਨ੍ਹਾ ਵੀ ਜਾਣਾ ਸੀ, ਪਰ ਹੋਰ ਰੁਝੇਵਿਆਂ ਕਰਕੇ ਨਹੀਂ ਜਾ ਸਕੇ।

ਨਾਂਦੇੜ ਦੇ ਡੀ ਸੀ ਡਾ. ਰਾਹੁਲ ਕਰਦਲੇ ਨੇ ਦੱਸਿਆ ਕਿ ਸੁਖਬੀਰ ਦੀ ਬਾਂਹ 'ਤੇ ਚਾਰ-ਪੰਜ ਸੈਂਟੀਮੀਟਰ ਦਾ ਜ਼ਖਮ ਹੋਇਆ ਹੈ। ਉਨ੍ਹਾ ਇਹ ਵੀ ਕਿਹਾ ਕਿ ਸੁਖਬੀਰ ਨਿੱਜੀ ਦੌਰੇ 'ਤੇ ਆਏ ਸਨ। ਡੀ ਸੀ ਦਫਤਰ ਨੂੰ ਇਸ ਦੀ ਜਾਣਕਾਰੀ ਨਹੀਂ ਦਿੱਤੀ ਗਈ, ਪਰ ਕਿਉਂਕਿ ਉਨ੍ਹਾ ਕੋਲ ਜ਼ੈੱਡ ਸੁਰੱਖਿਆ ਹੈ, ਇਸ ਲਈ ਉਨ੍ਹਾ ਨੂੰ ਪੂਰੀ ਸੁਰੱਖਿਆ ਹਾਸਲ ਹੈ।

ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਇਸ ਪੂਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਦੇ ਹੁਕਮ ਦਿੱਤੇ ਹਨ। ਮੁੱਖ ਮੰਤਰੀ ਨੇ ਖ਼ੁਦ ਸੁਖਬੀਰ ਸਿੰਘ • ਬਾਕੀ ਸਫਾ 2 'ਤੇ

### ਮੋਦੀ ਨੇ ਹਰਸਿਮਰਤ ਤੋਂ ਹਾਲ ਜਾਣਿਆ

**ਨਵੀਂ ਦਿੱਲੀ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਰਸਿਮਰਤ ਕੌਰ ਬਾਦਲ ਨੂੰ ਫ਼ੋਨ ਕਰਕੇ ਸੁਖਬੀਰ ਬਾਦਲ ਦਾ ਹਾਲ ਜਾਣਿਆ। ਪ੍ਰਧਾਨ ਮੰਤਰੀ ਨੇ ਵਿਸਥਾਰ ਵਿੱਚ ਗੱਲਬਾਤ ਕਰਦਿਆਂ ਪੁੱਛਿਆ ਕਿ ਕੀ ਉਨ੍ਹਾਂ ਨੂੰ ਕਿਸੇ ਵੀ ਪੱਧਰ 'ਤੇ ਮਦਦ ਦੀ ਲੋੜ ਹੈ।

### ਧਾਲੀਵਾਲ ਤੇ ਸੇਖੋਂ ਵੱਲੋਂ ਨਿੰਦਾ




**ਬਠਿੰਡਾ (ਬਖਤੌਰ ਢਿੱਲੋਂ)**-ਸੀ ਪੀ ਆਈ ਪੰਜਾਬ ਦੇ ਸਕੱਤਰ ਨਿਰਮਲ ਸਿੰਘ ਧਾਲੀਵਾਲ ਤੇ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਨੰਦੇੜ ਸਾਹਿਬ ਵਿਖੇ ਸੁਖਬੀਰ ਸਿੰਘ ਬਾਦਲ ਉੱਪਰ ਹੋਏ ਹਮਲੇ ਦੀ ਸਖ਼ਤ ਨਿੰਦਾ ਕੀਤੀ ਗਈ ਹੈ। ਦੋਵਾਂ ਕਮਿਊਨਿਸਟ ਆਗੂਆਂ ਨੇ ਕਿਹਾ ਕਿ ਇਹ ਹਮਲਾ ਗੁਰੂਘਰ 'ਚ ਕੀਤਾ ਗਿਆ ਹੈ, ਜੋ ਅਣਉਚਿਤ ਹੈ, ਇਸ ਨੂੰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਮੰਨਿਆ ਜਾ ਸਕਦਾ। ਉਹਨਾਂ ਕਿਹਾ ਕਿ ਸਰਬੱਤ ਦਾ ਭਲਾ ਮੰਗਣ ਵਾਲੇ ਪਾਵਨ ਪਵਿੱਤਰ ਅਸਥਾਨ 'ਤੇ ਅਜਿਹਾ ਹਮਲਾ ਲੋਕਾਂ ਵਿੱਚ ਅਸੁਰੱਖਿਆ ਦੀ ਭਾਵਨਾ ਵਿੱਚ ਵਾਧਾ ਕਰਦਾ ਹੈ ਅਤੇ ਸੁਰੱਖਿਆ ਫੋਰਸ 'ਤੇ ਵੀ ਸੁਆਲ ਖੜੇ ਕਰਦਾ ਹੈ।

ਆਗੂਆਂ ਕਿਹਾ ਕਿ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਲਈ ਅਜਿਹੇ ਹਮਲੇ ਰੋਕਣ ਲਈ ਸੁਰੱਖਿਆ ਦੇ ਠੋਸ ਉਪਰਾਲੇ ਕਰਨੇ ਚਾਹੀਦੇ ਹਨ।

# ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦੇ ਮਸਲੇ 'ਤੇ ਵਫ਼ਦ ਵਿਧਾਇਕ ਨੂੰ ਮਿਲਿਆ



**ਸ਼ਾਹਕੋਟ (ਗਿਆਨ ਸੈਦਪੁਰੀ)**

ਪਾਸ਼-ਹੰਸਰਾਜ ਯਾਦਗਾਰੀ ਕੰਪਲੈਕਸ ਤਲਵੰਡੀ ਸਲੇਮ ਅੰਦਰ ਯਾਦਗਾਰ ਦੇ ਗੇਟ ਦੇ ਤਾਲੇ ਤੋੜ ਕੇ ਝੂਲੇ-ਭੰਗੂੜੇ ਲਾਉਣ ਖ਼ਿਲਾਫ਼ ਲੋਕਾਂ ਵਿਚ ਫੈਲੇ ਤਿੱਖੇ ਰੋਸ ਸਬੰਧੀ ਵੀਰਵਾਰ ਜਨਤਕ ਵਫ਼ਦ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੂੰ ਮਿਲਿਆ।ਵਫ਼ਦ ਨੇ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਪੰਜਾਬ ਸਰਕਾਰ ਦਖਲ ਦੇ ਕੇ ਤੁਰੰਤ ਯਾਦਗਾਰ ਦਾ ਪਹਿਲਾ ਸਰੂਪ ਬਹਾਲ ਕਰੇ ਅਤੇ ਇਸ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਲਈ ਹਰ ਪੱਖੋਂ ਭਵਿੱਖ ਵਿੱਚ ਯਕੀਨੀ ਬਣਾਇਆ ਜਾਵੇ।

ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਮੈਂਬਰ ਜਾਗੀਰ ਜੋਸਨ, ਉੱਘੇ ਚਿੰਤਕ ਸਤਨਾਮ ਚਾਨਾ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਸੁਖਵਿੰਦਰ ਬਾਗਪੁਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਗਿਆਨ ਸੈਦਪੁਰੀ, ਐਡਵੋਕੇਟ ਸੁਰਿੰਦਰ ਖੀਵਾ, ਪੰਜਾਬੀ ਯੂਨਵਰਸਿਟੀ ਪਟਿਆਲਾ ਦੇ ਪ੍ਰੋਫੈਸਰ ਕੁਲਦੀਪ ਸਿੰਘ ਅਤੇ ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਨਕੋਦਰ ਦੇ ਮੈਂਬਰ ਹਰਮੇਸ਼ ਮਾਲੜੀ ਨੇ ਵਿਧਾਇਕ ਨੂੰ ਮੰਗ ਪੱਤਰ ਸੌਂਪਦਿਆਂ ਕਿਹਾ ਕਿ ਅਵਤਾਰ ਪਾਸ਼ ਕੌਮਾਂਤਰੀ ਪ੍ਰਸਿੱਧੀ ਪ੍ਰਾਪਤ ਕਵੀ ਸਨ, ਜਿਹਨਾ ਦੀ ਕਵਿਤਾ ਭਾਰਤ ਦੀਆਂ ਬਹੁ-ਭਾਸ਼ਾਵਾਂ ਵਿਚ ਅਨੁਵਾਦ ਹੋਈ ਹੈ। ਉਹਨਾ ਕਿਹਾ ਕਿ ਨਾ ਕਿ ਪਾਸ਼ ਇਕੱਲੇ ਕਵੀ ਸਨ, ਉਹ ਉਚ ਕੋਟੀ ਦੇ ਵਿਦਵਾਨ ਸਨ ਅਤੇ ਉਨ੍ਹਾਂ ਹੋਰ ਵਿਸ਼ਿਆਂ 'ਤੇ ਵੀ ਕਿਤਾਬਾਂ ਲਿਖੀਆਂ, ਅੱਜ ਪੂਰੇ ਸੰਸਾਰ ਭਰ ਵਿੱਚ ਉਹਨਾਂ ਨੂੰ ਜਾਣਿਆ ਤੇ ਪੜ੍ਹਿਆ ਜਾ ਰਿਹਾ ਹੈ।ਉਹਨਾ ਕਿਹਾ ਕਿ ਪਾਸ਼ ਅਤੇ ਹੰਸ ਰਾਜ ਦੀ 23 ਮਾਰਚ 1988 'ਚ ਹੋਈ ਸ਼ਹਾਦਤ ਤੋਂ ਲੈ ਕੇ ਹੁਣ ਤੱਕ ਨਗਰ ਤਲਵੰਡੀ ਸਲੇਮ ਦੇ ਲੋਕ ਅਤੇ ਇਲਾਕੇ ਭਰ ਦੇ ਅਗਾਂਹਵਧੂ ਲੋਕ ਅਤੇ ਇਨਕਲਾਬੀ ਜਥੇਬੰਦੀਆਂ ਸ਼ਹੀਦੀ ਸਮਾਗਮ ਮਨਾਉਂਦੀਆਂ ਆ ਰਹੀਆਂ ਹਨ । ਪਾਸ਼ ਦੀ ਇਸ ਪ੍ਰਸਿੱਧੀ ਕਾਰਨ ਹੀ ਉਹਨਾਂ ਦੀ ਯਾਦ ਵਿੱਚ ਬਣੇ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਵੱਲੋਂ ਸੰਨ 2000 ਵਿੱਚ, ਨਗਰ ਨਿਵਾਸੀਆਂ • ਬਾਕੀ ਸਫਾ 2 'ਤੇ






# ਰੁਜ਼ਗਾਰ ਗਰੰਟੀ ਕਾਨੂੰਨ ਬਣੇ : ਅਰਸ਼ੀ



**ਬੁਢਲਾਡਾ (ਅਸ਼ੋਕ ਲਾਕੜਾ)**-ਸੀ ਪੀ ਆਈ ਦੀ 'ਬਦਲਾਅ ਜ਼ਰੂਰੀ ਹੈ' ਦਿੱਲੀ ਰੈਲੀ ਸੰਬੰਧੀ ਪਦ ਯਾਤਰਾ ਤਹਿਤ ਬੁਢਲਾਡਾ ਸਬ-ਡਵੀਜ਼ਨ ਦੇ ਵੱਖ-ਵੱਖ ਪਿੰਡਾਂ ਲਖਮੀਰਵਾਲਾ, ਆਲਮਪੁਰ ਮੰਦਰਾਂ, ਟਾਹਲੀਆਂ, ਬੋੜਾਵਾਲ, ਬੱਛੋਆਣਾ, ਰੰਘੜਿਆਲ, ਬਖ਼ਸ਼ੀਵਾਲਾ ਤੇ ਕਾਹਨਗੜ੍ਹ ਵਿੱਚ ਨੁੱਕੜ ਜਲਸੇ ਸਬ-ਡਵੀਜ਼ਨ ਸਕੱਤਰ ਸੀਤਾਰਾਮ ਗੋਬਿੰਦਪੁਰਾ ਦੀ ਅਗਵਾਈ ਹੇਠ ਕੀਤੇ ਗਏ।

ਜਲਸਿਆ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਦੇਸ਼ ਅੱਜ ਅਨੇਕਾਂ ਸਮੱਸਿਆਵਾਂ ਨਾਲ ਜੂਝ ਰਿਹਾ ਹੈ ਅਤੇ ਸਮੇਂ ਦੇ ਹਾਕਮ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਕਰਜ਼ ਮੁਆਫੀ ਦੇ ਹੱਲ ਕਰਨ ਦੀ ਬਜਾਏ • ਬਾਕੀ ਸਫਾ 2 'ਤੇ

# ਅੰਮ੍ਰਿਤਸਰ 'ਚ ਜਥਾ ਮਾਰਚ



**ਅੰਮ੍ਰਿਤਸਰ (ਨ ਜ਼ ਸ)**-ਭਾਰਤੀ ਕਮਿਊਨਿਸਟ ਪਾਰਟੀ ਦੀ ਦਿੱਲੀ ਰੈਲੀ ਦੀ ਤਿਆਰੀ ਵਜੋਂ ਵੀਰਵਾਰ ਇੱਥੇ ਪੈਦਲ ਯਾਤਰਾ ਕਰਕੇ ਢਪਈ ਰੋਡ ਫਾਟਕ ਦੇ ਨਜ਼ਦੀਕ ਮਜ਼ਦੂਰਾਂ ਦੀ ਵਿਸ਼ਾਲ ਮੀਟਿੰਗ ਕੀਤੀ ਗਈ, ਜਿਸ ਨੂੰ ਅਮਰਜੀਤ ਸਿੰਘ ਆਸਲ, ਵਿਜੇ ਕਪੂਰ, ਦਸਵਿੰਦਰ ਕੌਰ, ਕੁਲਵੰਤ ਰਾਏ ਬਾਵਾ ਆਦਿ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਮਹਿੰਗਾਈ ਨੂੰ ਨੱਥ ਪਾਈ ਜਾਵੇ, ਮਜ਼ਦੂਰਾਂ ਦੇ ਵਿਰੁੱਧ ਪਾਸ ਕੀਤੇ ਲੇਬਰ ਕੋਡ ਰੱਦ ਕੀਤੇ ਜਾਣ, ਮਜ਼ਦੂਰ ਦੀ ਘੱਟੋ-ਘੱਟ ਤਨਖਾਹ 26,000 ਰੁਪਏ ਮਹੀਨਾ ਨਿਸਚਿਤ ਕੀਤੀ ਜਾਵੇ, ਮਿਆਰੀ ਸਿੱਖਿਆ ਅਤੇ ਇਲਾਜ ਸਭਨਾਂ ਲਈ ਉਪਲੱਬਧ ਹੋਵੇ, ਫਿਰਕਾਪ੍ਰਸਤੀ, ਨਫਰਤ ਅਤੇ ਜਾਤ-ਪਾਤ ਦੀ ਰਾਜਨੀਤੀ ਦਾ ਖਾਤਮਾ ਕੀਤਾ ਜਾਵੇ ਅਤੇ ਨੌਜਵਾਨਾਂ ਲਈ ਰੁਜ਼ਗਾਰ ਦਾ ਢੁਕਵਾਂ ਪ੍ਰਬੰਧ ਹੋਵੇ। ਬੁਲਾਰਿਆਂ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਕਰੜੇ ਸ਼ਬਦਾਂ ਵਿੱਚ ਆਲੋਚਨਾ ਕੀਤੀ। ਉਹਨਾਂ ਮੰਗ ਕੀਤੀ ਕਿ ਪੰਜਾਬ ਦੇ ਕਿਸਾਨਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਫੌਰੀ ਤੌਰ 'ਤੇ ਮੰਨੀਆਂ ਜਾਣ। ਇਸ ਮੌਕੇ ਸ਼ਮਸ਼ੇਰ ਨਾਥ, ਮੋਹਨ ਲਾਲ, ਸੁਖਵੰਤ ਸਿੰਘ, ਜੋਗਿੰਦਰ ਲਾਲ, ਸੁਰਿੰਦਰ ਕੁਮਾਰ, ਪ੍ਰੇਮ ਸਿੰਘ ਅਤੇ ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।






### ਮੋਦੀ-ਸ਼ਾਹ ਆਖਰੀ ਦਿਨ ਵੰਦੇ ਮਾਤਰਮ ਗਾਉਣ ਹੀ ਆਏ : ਪ੍ਰਿਅੰਕਾ

**ਨਵੀਂ ਦਿੱਲੀ :** ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਵੀਰਵਾਰ ਕਾਂਗਰਸ 'ਤੇ ਮੌਨਸੂਨ ਸੈਸ਼ਨ ਦੌਰਾਨ ਵਾਰ-ਵਾਰ ਸੰਸਦ ਵਿੱਚ ਵਿਘਨ ਪਾਉਣ ਦਾ ਦੋਸ਼ ਲਗਾਇਆ, ਜਦੋਂ ਕਿ ਇੰਡੀਆ ਬਲਾਕ ਦੀਆਂ ਕਈ ਪਾਰਟੀਆਂ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਵੱਲੋਂ ਸਦਨ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰਨ ਤੋਂ ਬਾਅਦ ਆਯੋਜਿਤ ਰਵਾਇਤੀ ਚਾਹ ਪਾਰਟੀ ਦਾ ਬਾਈਕਾਟ ਕੀਤਾ। ਕਾਂਗਰਸ ਸਾਂਸਦ ਪ੍ਰਿਯੰਕਾ ਗਾਂਧੀ ਵਾਡਰਾ ਨੇ ਕਿਹਾ, 'ਨਾ ਤਾਂ ਪ੍ਰਧਾਨ ਮੰਤਰੀ ਅਤੇ ਨਾ ਹੀ ਗ੍ਰਹਿ ਮੰਤਰੀ ਸਦਨ ਵਿੱਚ ਆਏ। ਲੋਕਤੰਤਰ ਅਤੇ ਸੰਸਦ ਕਿਵੇਂ ਕੰਮ ਕਰੇਗੀ ਅਤੇ ਅੱਜ, ਉਹ ਸਿਰਫ ਵੰਦੇ ਮਾਤਰਮ ਗਾਉਣ ਆਏ।'

# ਨਿਜ਼ਾਮਪੁਰ ਤੋਂ ਮਹਿਤਾ ਚੌਕ ਤੱਕ ਜਥਾ ਮਾਰਚ



**ਅੰਮ੍ਰਿਤਸਰ (ਨ ਜ਼ ਸ)**-ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ (ਦਿਹਾਤੀ) ਵੱਲੋਂ 1 ਸਤੰਬਰ ਨੂੰ ਨਵੀਂ ਦਿੱਲੀ ਵਿਖੇ ਕੀਤੀ ਜਾ ਰਹੀ ਰੈਲੀ 'ਬਦਲਾਵ ਜ਼ਰੂਰੀ ਹੈ' ਨੂੰ ਕਾਮਯਾਬ ਕਰਨ ਵਾਸਤੇ ਵੀਰਵਾਰ ਪਿੰਡ ਨਿਜ਼ਾਮਪੁਰ ਤੋਂ ਜਥਾ ਮਾਰਚ ਸ਼ੁਰੂ ਕੀਤਾ ਗਿਆ।ਇਸ ਜਥੇ ਮਾਰਚ ਦੀ ਅਗਵਾਈ ਜ਼ਿਲ੍ਹਾ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ, ਗੁਰਮੁਖ ਸਿੰਘ ਸ਼ੇਰਗਿੱਲ, ਮੰਗਲ ਸਿੰਘ ਖਜਾਲਾ ਨੇ ਕੀਤੀ।ਇਹ ਜਥਾ ਮਾਰਚ ਪਿੰਡ ਨਿਜ਼ਾਮਪੁਰ ਤੋਂ ਸ਼ੁਰੂ ਹੋ ਕੇ ਫਤਿਹਪੁਰ ਰਾਜਪੂਤਾਂ, ਨਵਾਂ ਪਿੰਡ, ਖਜਾਲਾ, ਨਾਥ ਦੀ ਖੂਹੀ ਅਤੇ ਮਹਿਤਾ ਚੌਕ ਪੁੱਜਾ ਤੇ ਆਗੂਆਂ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਦਿੱਲੀ ਰੈਲੀ ਦੀ ਮਹੱਤਤਾ ਬਾਰੇ ਦੱਸਿਆ।ਬੁਲਾਰਿਆਂ ਵੱਲੋਂ ਪਾਰਟੀ ਦਾ ਸੁਨੇਹਾ ਸੰਵਿਧਾਨ ਬਚਾਓ, ਦੇਸ਼ • ਬਾਕੀ ਸਫਾ 2 'ਤੇ

### ਸਟੇਟ ਰੂਰਲ ਲਾਈਵਲੀਹੁੱਡ ਮਿਸ਼ਨ ਤਹਿਤ ਭਰਤੀ ਪ੍ਰਕਿਰਿਆ 'ਤੇ ਰੋਕ

**ਚੰਡੀਗੜ੍ਹ :** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਟੇਟ ਰੂਰਲ ਲਾਈਵਲੀਹੁੱਡ ਮਿਸ਼ਨ ਤਹਿਤ ਚੋਣ ਪ੍ਰਕਿਰਿਆ ਵਿੱਚ ਅਗਲੇਰੀ ਕਾਰਵਾਈ 'ਤੇ ਰੋਕ ਲਾ ਦਿੱਤੀ ਹੈ। ਜਸਟਿਸ ਸੰਦੀਪ ਮੌਦਗਿਲ ਨੇ ਪ੍ਰੀਖਿਆਰਥੀਆਂ ਨੂੰ ਅੰਕ ਦੇਣ ਦੇ ਤਰੀਕੇ ਵਿੱਚ "ਮੁੱਢਲੇ ਤੌਰ 'ਤੇ ਕੁਝ ਬੇਨਿਯਮੀਆਂ ਤੇ ਅਸਪੱਸ਼ਟਤਾਵਾਂ" ਨੂੰ ਦੇਖਣ ਤੋਂ ਬਾਅਦ ਇਹ ਹੁਕਮ ਪਾਸ ਕੀਤਾ। ਇਹ ਹੁਕਮ ਜਸਟਿਸ ਮੌਦਗਿਲ ਵੱਲੋਂ ਸਮੁੱਚੀ ਚੋਣ ਪ੍ਰਕਿਰਿਆ ਦੀ ਇੱਕ ਆਜ਼ਾਦ, ਅਦਾਲਤ-ਨਿਗਰਾਨੀ ਹੇਠ ਪੜਤਾਲ ਕਰਨ ਦੇ ਹੁਕਮ ਦੇਣ ਤੋਂ ਦੋ ਹਫ਼ਤਿਆਂ ਤੋਂ ਵੀ ਘੱਟ ਸਮੇਂ ਵਿੱਚ ਆਇਆ ਹੈ। ਅਗਲੀ ਸੁਣਵਾਈ 2 ਸਤੰਬਰ ਨੂੰ ਹੋਵੇਗੀ।

## ਅੱਜ-ਨਾਮਾ

ਆਖਿਆ ਸਾਫ ਸਰਕਾਰ ਪੰਜਾਬ ਦੀ ਇਹ,
ਸਾਡੇ ਪਾਣੀਆਂ ਨੂੰ ਲਿਆ ਈ ਲੁੱਟ ਮੀਆਂ।
ਦੇਂਦੀ ਸ਼ਹਿ ਆ ਕੇਂਦਰ ਸਰਕਾਰ ਰਹਿੰਦੀ,
ਜੁੜੇ ਕੁਝ ਨਾਲ ਹਨ ਓਸ ਦੇ ਗੁੱਟ ਮੀਆਂ।
ਗਵਾਂਢੀ ਪੰਜਾਬ ਦੇ ਕਰੀ ਕੁਝ ਸਾਂਝ ਬੈਠੇ,
ਕੇਂਦਰੀ ਹਾਕਮ ਵੀ ਬਣੇ ਆ ਜੁੱਟ ਮੀਆਂ।
ਖੜਾ ਕੋਈ ਹੁੰਦਾ ਪੰਜਾਬ ਦੇ ਨਾਲ ਨਹੀਂਉਂ,
ਇਕੱਲਾ ਖਾਂਦਾ ਕਈ ਪਾਸਿਉਂ ਕੁੱਟ ਮੀਆਂ।
ਇਨ੍ਹਾਂ ਹੀ ਗੱਲਾਂ ਤਾਂ ਡਾਢੇ ਸੀ ਪਾਏ ਰੱਫੜ,
ਅਜੇ ਤੱਕ ਰਹੇ ਨਾ ਸਬਕ ਨੇ ਸਿੱਖ ਮੀਆਂ।
ਇਹੋ ਹਾਲਤ ਜੇ ਅੱਗੋਂ ਤੱਕ ਬਣੀ ਰਹਿਣੀ,
ਹੋਣਾ ਨਹੀਂ ਕਦੀ ਵੀ ਭਲਾ ਭਵਿੱਖ ਮੀਆਂ।

-ਤੀਸ ਮਾਰ ਖਾਂ

# ਮੇਰੀ ਸਟੇਜ ਦਾ ਸ਼ੁੱਧੀਕਰਨ ਕਰਨ ਵਾਲਿਆਂ ਨੂੰ ਫੜੋ : ਖੜਗੇ

**ਨਵੀਂ ਦਿੱਲੀ (ਨ ਜ਼ ਸ)**

ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਨੇ ਵੀਰਵਾਰ ਦੋਸ਼ ਲਗਾਇਆ ਕਿ ਭਾਜਪਾ ਨਾਲ ਜੁੜੇ ਲੋਕਾਂ ਨੇ ਉੱਤਰਾਖੰਡ ਦੇ ਰਾਮਲੀਲ੍ਹਾ ਮੈਦਾਨ ਵਿੱਚ ਸਟੇਜ ਦਾ ਸ਼ੁੱਧੀਕਰਨ ਕੀਤਾ, ਜਿੱਥੇ ਉਨ੍ਹਾ ਭਾਸ਼ਣ ਦਿੱਤਾ ਸੀ।

ਖੜਗੇ, ਜੋ ਕਿ ਕਾਂਗਰਸ ਪ੍ਰਧਾਨ ਵੀ ਹਨ, ਨੇ ਮੰਗ ਕੀਤੀ ਕਿ ਹਲਦਵਾਨੀ ਵਿੱਚ ਸਟੇਜ ਨੂੰ ਸ਼ੁੱਧ ਕਰਨ ਵਾਲਿਆਂ ਵਿਰੁੱਧ ਛੂਤ-ਛਾਤ ਐਕਟ ਦੇ ਤਹਿਤ ਮਾਮਲੇ ਦਰਜ ਕੀਤੇ ਜਾਣੇ ਚਾਹੀਦੇ ਹਨ ਅਤੇ ਉਨ੍ਹਾਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜਿਆ ਜਾਣਾ ਚਾਹੀਦਾ ਹੈ।

ਸਦਨ ਦੇ ਨੇਤਾ ਅਤੇ ਕੇਂਦਰੀ ਮੰਤਰੀ ਜੇ ਪੀ ਨੱਢਾ ਨੇ ਕਿਹਾ ਕਿ ਭਾਜਪਾ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਨਹੀਂ ਅਤੇ ਘਟਨਾ ਦੀ ਜਾਂਚ ਕੀਤੀ ਜਾਵੇਗੀ।

ਇਸ ਤੋਂ ਪਹਿਲਾਂ ਜਦੋਂ ਮੌਨਸੂਨ ਸੈਸ਼ਨ ਦੇ ਆਖਰੀ ਦਿਨ ਸਦਨ ਦੀ ਮੀਟਿੰਗ ਸ਼ੁਰੂ ਹੋਈ, ਤਾਂ ਖੜਗੇ ਨੇ ਕਿਹਾ ਕਿ ਉਨ੍ਹਾ ਕਿਸੇ ਧਰਮ ਜਾਂ ਸਮਾਜ ਦੇ ਵਰਗ ਦਾ ਨਾਂਅ ਨਹੀਂ ਲਿਆ, ਫਿਰ ਵੀ ਭਾਜਪਾ ਨਾਲ ਜੁੜੇ ਲੋਕਾਂ ਨੇ ਸਟੇਜ ਦਾ ਸ਼ੁੱਧੀਕਰਨ ਕੀਤਾ। ਉਨ੍ਹਾ ਕਿਹਾ ਕਿ ਉਨ੍ਹਾ ਹਲਦਵਾਨੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਇੱਕ ਜਨਤਕ ਇਕੱਠ ਨੂੰ ਸੰਬੋਧਨ ਕੀਤਾ ਸੀ। ਉਨ੍ਹਾ ਕਿਹਾ, 'ਮੈਂ ਸਿਰਫ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਗੱਲ ਕੀਤੀ ਸੀ। ਭਾਜਪਾ ਦੇ ਲੋਕਾਂ ਨੇ ਬਾਅਦ ਵਿੱਚ ਉੱਥੇ ਹਵਨ ਕੀਤਾ ਅਤੇ ਸਟੇਜ ਦਾ ਸ਼ੁੱਧੀਕਰਨ ਕੀਤਾ। ਕੀ ਲੋਕਤੰਤਰ ਇਸ ਤਰ੍ਹਾਂ ਕੰਮ ਕਰਦਾ ਹੈ? ਤੁਸੀਂ ਸੰਵਿਧਾਨ ਦੀ ਰੱਖਿਆ ਕਿਵੇਂ ਕਰ ਰਹੇ ਹੋ?' ਉਨ੍ਹਾ ਇਹ ਵੀ ਕਿਹਾ ਕਿ ਉਹ ਇਸ ਮੁੱਦੇ ਦਾ ਰਾਜਨੀਤੀਕਰਨ ਕਰਨ ਦਾ ਇਰਾਦਾ ਨਹੀਂ ਰੱਖਦੇ, ਪਰ ਸਟੇਜ ਨੂੰ ਸ਼ੁੱਧ • ਬਾਕੀ ਸਫਾ 2 'ਤੇ

## ਪ੍ਰਿੰਸੀਪਲ ਰੋਸ਼ਨੀ ਵੱਲੋਂ ਬਰਸਟ ਦਾ ਲਿੰਕ ਰੋਡ ਬਣਾਉਣ ਲਈ ਧੰਨਵਾਦ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੇਂਟ ਥੇਰੇਸਾ ਕਾਨਵੈਂਟ ਸਕੂਲ ਸਮਾਣਾ ਦੀ ਪ੍ਰਿੰਸੀਪਲ ਸਿਸਟਰ ਰੋਸ਼ਨੀ ਤੇ ਸਮੂਹ ਸਟਾਫ ਵੱਲੋਂ ਸਮਾਣਾ ਤੋਂ ਬੰਮਣਾ ਤੱਕ ਲਿੰਕ ਰੋਡ ਦੇ ਨਿਰਮਾਣ ਕਾਰਜ ਨੂੰ ਕਰਵਾਉਣ ਲਈ ਪੰਜਾਬ ਮੰਡੀਕਰਨ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਸਿਸਟਰ ਰੋਸ਼ਨੀ ਨੇ ਦੱਸਿਆ ਕਿ ਇਹ ਸੜਕ ਪਿਛਲੇ ਕਾਫ਼ੀ ਸਮੇਂ ਤੋਂ ਟੁੱਟੀ ਹੋਈ ਸੀ ਤੇ ਇਸ ਦੀ ਹਾਲਤ ਬਹੁਤ ਖਸਤਾ ਹੋਣ ਕਾਰਨ ਇਸ 'ਤੇ ਆਉਣ-ਜਾਣ ਵਾਲੇ ਸਕੂਲ ਵਿਦਿਆਰਥੀਆਂ, ਮਾਪਿਆਂ, ਸਟਾਫ ਤੇ ਇਲਾਕਾ ਵਾਸੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਉਨ੍ਹਾਂ ਦੱਸਿਆ ਕਿ ਸੜਕ ਦੀ ਮਾੜੀ ਹਾਲਤ ਸਬੰਧੀ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਪੰਜਾਬ ਮੰਡੀਕਰਨ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦੇ ਧਿਆਨ ਵਿੱਚ ਮਾਮਲਾ ਲਿਆਂਦਾ ਗਿਆ ਸੀ।ਪ੍ਰਿੰਸੀਪਲ ਨੇ ਕਿਹਾ ਕਿ ਸ. ਬਰਸਟ ਵੱਲੋਂ ਸਕੂਲ ਮੈਨੇਜਮੈਂਟ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਸੜਕ ਦੇ ਨਿਰਮਾਣ ਕਾਰਜ ਨੂੰ ਕਰਵਾਇਆ ਗਿਆ, ਜਿਸ ਨਾਲ ਸਕੂਲ ਤੇ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ।ਉਨ੍ਹਾਂ ਕਿਹਾ ਕਿ ਸੜਕ ਦਾ ਨਿਰਮਾਣ ਕਰਵਾਉਣਾ ਇੱਕ ਲੋਕ-ਹਿੱਤ ਵਾਲਾ ਕਾਰਜ ਹੈ, ਜਿਸ ਦਾ ਲਾਭ ਲੋਕਾਂ ਨੂੰ ਲੰਮੇ ਸਮੇਂ ਤੱਕ ਮਿਲਦਾ ਰਹੇਗਾ।ਸਿਸਟਰ ਰੋਸ਼ਨੀ ਨੇ ਸਕੂਲ ਮੈਨੇਜਮੈਂਟ ਤੇ ਸਮੂਹ ਸਟਾਫ ਵੱਲੋਂ ਸ. ਬਰਸਟ ਦਾ ਇਸ ਲੋਕ-ਹਿੱਤ ਕਾਰਜ ਲਈ ਤਹਿ ਦਿਲੋਂ ਧੰਨਵਾਦ ਕੀਤਾ ਜਾਂਦਾ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਇਲਾਕੇ ਵਿੱਚ ਜ਼ਰੂਰੀ ਸਮੱਸਿਆਵਾਂ ਦੇ ਹੱਲ ਤੇ ਵਿਕਾਸ ਕਾਰਜਾਂ ਵੱਲ ਇਸੇ ਤਰ੍ਹਾਂ ਧਿਆਨ ਦਿੱਤਾ ਜਾਵੇਗਾ।

## ਅੰਗਹੀਣਾਂ ਵੱਲੋਂ ਰੋਸ ਮਾਰਚ ਉਪਰੰਤ ਮੁੱਖ ਮੰਤਰੀ ਦਾ ਪੁਤਲਾ ਫੂਕਣ ਦਾ ਐਲਾਨ

### ਆਪ ਸਰਕਾਰ ਤੋਂ ਮੰਗਾਂ ਪੂਰੀਆਂ ਹੋਣ ਦੀ ਨਹੀਂ ਕੋਈ ਉਮੀਦ : ਅਸੀਮ ਗੋਇਲ



**ਮਾਨਸਾ (ਆਤਮਾ ਸਿੰਘ ਪਮਾਰ)**-ਫਿਜੀਕਲੀ ਹੈਂਡੀਕੈਪਡ ਐਸੋਸੀਏਸ਼ਨ ਜ਼ਿਲ੍ਹਾ ਇਕਾਈ ਮਾਨਸਾ ਨੇ 15 ਅਗਸਤ ਨੂੰ ਰੋਸ ਮਾਰਚ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕ ਕੇ ਅਜ਼ਾਦੀ ਦਿਹਾੜੇ ਨੂੰ ਕਾਲੇ ਦਿਵਸ ਵਜੋਂ ਮਨਾਉਣ ਦਾ ਐਲਾਨ ਕੀਤਾ ਹੈ। ਐਸੋਸੀਏਸ਼ਨ ਦੇ ਆਗੂਆਂ ਅਸੀਮ ਗੋਇਲ, ਵਿਵੇਕ ਕੁਮਾਰ ਤੇ ਵਿਜੇ ਮੌਂਗਾ ਨੇ ਦੋਸ਼ ਲਗਾਇਆ ਕਿ ਅੰਗਹੀਣਾਂ ਨੂੰ ਆਮ ਸਧਾਰਨ ਵਿਅਕਤੀਆਂ ਦੀ ਤਰ੍ਹਾਂ ਬਰਾਬਰ ਦਾ ਮਾਣ-ਸਤਿਕਾਰ ਦੇਣ ਦੇ ਵਾਅਦੇ ਕਰਨ ਵਾਲ ਮਾਨ ਸਰਕਾਰ ਸਾਢੇ ਚਾਰ ਸਾਲਾਂ ਬਾਅਦ ਵੀ ਉਨ੍ਹਾਂ ਦੀਆਂ ਮੰਗਾਂ ਨੂੰ ਦਰਕਿਨਾਰ ਕਰ ਰਹੀ ਹੈ।ਆਗੂਆਂ ਨੇ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਤਾਂ ਪੂਰੀਆਂ ਕੀ ਕਰਨੀਆ ਸਨ, ਸਗੋਂ ਚੋਣਾਂ ਤੋਂ ਪਹਿਲਾਂ ਉਨ੍ਹਾਂ ਨਾਲ 2500 ਰੁਪਏ ਮਾਸਿਕ ਪੈਨਸ਼ਨ ਦੇਣ ਦਾ ਕੀਤਾ ਵਾਅਦਾ ਵੀ ਲਾਗੂ ਕਰਨ ਤੋਂ ਵੀ ਸਰਕਾਰ ਪੂਰੀ ਤਰ੍ਹਾਂ ਪੱਲਾ ਝਾੜ ਗਈ ਹੈ।ਪੰਜਾਬ ਸਰਕਾਰ ਵੱਲੋਂ ਲਗਾਤਾਰ ਕੀਤੀ ਜਾ ਰਹੀ ਅਣਦੇਖੀ ਨੇ ਉਨ੍ਹਾਂ ਨੂੰ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜਬੂਰ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਵਾਅਦਾਖਿਲਾਫੀ ਵਿਰੁੱਧ ਬਾਲ ਭਵਨ ਤੋਂ ਸ਼ਹੀਦ ਸੇਵਾ ਸਿੰਘ ਠੀਕਰੀ ਵਾਲਾ ਚੌਕ ਤੱਕ ਰੋਸ ਮਾਰਚ ਕਰਨ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਇੱਕ ਹੋਰ ਮੀਟਿੰਗ ਕਰਨ ਉਪਰੰਤ ਅਗਲੀ ਰੂਪ-ਰੇਖਾ ਉਲੀਕੀ ਜਾਵੇਗੀ।

## ਲੋੜਵੰਦ ਮਰੀਜ਼ ਲਈ ਪਲੇਟਲੈੱਟਸ ਸੈੱਲ ਕੀਤੇ ਦਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿਛਲੇ 20 ਸਾਲਾਂ ਤੋਂ ਖ਼ੂਨਦਾਨ ਸੇਵਾ ਵਿੱਚ ਸਰਗਰਮ ਤੇ ਨਿਰਸਵਾਰਥ ਸੇਵਾ ਕਰਕੇ 1150 ਖ਼ੂਨਦਾਨ ਕੈਂਪਾਂ ਰਾਹੀਂ 36000 ਤੋਂ ਵੱਧ ਖ਼ੂਨ ਦੇ ਯੂਨਿਟ ਇਕੱਤਰ ਕਰਨ ਵਾਲੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਨਾਲ ਜੁੜੇ ਹੋਏ ਦੋ ਸਟਾਰ ਬਲੱਡ ਡੋਨਰ ਐਵਾਰਡ ਨਾਲ ਸਨਮਾਨਤ ਰੈਗੂਲਰ ਖ਼ੂਨਦਾਨੀ ਮਨਵਿੰਦਰ ਸਿੰਘ ਮਨੀ ਟੌਹੜਾ ਵੱਲੋਂ ਲੋੜਵੰਦ ਮਰੀਜ਼ ਲਈ ਵਰਧਮਾਨ ਬਲੱਡ ਸੈਂਟਰ ਵਿਖੇ ਆਪਣੇ ਪਲੇਟਲੈੱਟਸ ਸੈੱਲ ਦਾਨ ਕੀਤੇ ਗਏ।ਇਸ ਮੌਕੇ ਮਾਸਟਰ ਮੋਟੀਵੇਟਰ ਤੇ ਲਾਈਫ ਕੋਚ ਹਰਦੀਪ ਸਿੰਘ ਸਨੌਰ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਸੈੱਲ ਦਾਨੀ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕਰਦਿਆਂ ਕਿਹਾ ਕਿ ਜਦੋਂ ਕਿਸੇ ਲੋੜਵੰਦ ਮਰੀਜ਼ ਦੇ ਵਾਰਸਾਂ ਵੱਲੋਂ ਜਾਂ ਬਲੱਡ ਬੈਂਕ ਵੱਲੋਂ ਖ਼ੂਨ ਜਾਂ ਪਲੇਟਲੈੱਟ ਸੈੱਲ ਦਾਨ ਕਰਨ ਲਈ ਕਿਸੇ ਦਾਨੀ ਨੂੰ ਬਲੱਡ ਬੈਂਕ ਬੁਲਾਇਆ ਜਾਂਦਾ ਹੈ ਤਾਂ ਉਸ ਖ਼ੂਨਦਾਨੀ ਦਾ ਕੋਈ ਖਰਚਾ ਜਾਂ ਫੀਸ ਨਹੀਂ ਲੱਗਦੀ, ਕਿਸੇ ਵੀ ਸੰਸਥਾ ਨਾਲ ਜੁੜਿਆ ਖ਼ੂਨਦਾਨੀ ਸਿਰਫ ਮਰੀਜ਼ ਦੀ ਜਾਨ ਬਚਾਉਣ ਤੇ ਸੇਵਾ ਕਰਨ ਦੀ ਭਾਵਨਾ ਨਾਲ ਹੀ ਬਲੱਡ ਬੈਂਕ ਆਉਂਦਾ ਹੈ।ਜੇਕਰ ਕੋਈ ਵਿਅਕਤੀ ਐਮਰਜੈਂਸੀ ਵਿਚ ਖ਼ੂਨ ਜਾਂ ਪਲੇਟਲੈੱਟ ਸੈੱਲ ਦੇਣ ਲਈ ਡੋਨਰ ਨੂੰ ਬਲੱਡ ਬੈਂਕ ਬੁਲਾਉਣ ਦੀ ਗੱਲ ਕਰਕੇ 'ਡੋਨਰ ਕਾ ਖਰਚਾ ਲਗਾ' ਆਖ ਕੇ ਮਰੀਜ਼ ਦੇ ਵਾਰਸਾਂ ਤੋਂ ਪੈਸੇ ਮੰਗਣ ਤਾਂ ਇਸ ਦੀ ਸੂਚਨਾ ਤੁਰੰਤ ਪੁਲਸ, ਬਲੱਡ ਬੈਂਕ ਇੰਚਾਰਜ ਜਾਂ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਦਿਓ ਤਾਂ ਜੋ ਸੇਵਾ ਦੇ ਨਾਮ 'ਤੇ ਪੈਸੇ ਬਟੋਰਨ ਵਾਲੇ ਠੱਗਾਂ ਦਾ ਪਰਦਾਫਾਸ਼ ਕੀਤਾ ਜਾ ਸਕੇ।

## ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ : ਡਾ. ਹਰਵਿੰਦਰ ਸਿੰਘ



**ਧੂਰੀ (ਮਨੋਹਰ ਸਿੰਘ ਸੱਗ)**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਰੈੱਡ ਰਿਬਨ ਕਲੱਬ, ਈਕੋ ਕਲੱਬ ਤੇ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਯੂਥ ਦਿਵਸ ਮਨਾਇਆ ਗਿਆ।ਇਸ ਮੌਕੇ ਨੌਜਵਾਨਾਂ ਨੂੰ ਸਮਾਜਿਕ ਜ਼ਿੰਮੇਵਾਰੀ, ਵਾਤਾਵਰਨ ਸੁਰੱਖਿਆ, ਸਿਹਤ ਸੰਭਾਲ ਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।ਡਾ. ਰਾਕੇਸ਼ ਕੁਮਾਰ, ਡਾ. ਗਗਨਦੀਪ ਸਿੰਘ, ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਜੈਨ ਨੇ ਨੌਜਵਾਨ ਸ਼ਕਤੀ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਅਧਿਕਾਰਾਂ ਦੇ ਨਾਲ ਫ਼ਰਜ਼ਾਂ ਪ੍ਰਤੀ ਵੀ ਜਾਗਰੂਕ ਰਹਿਣ ਲਈ ਕਿਹਾ।ਇਸ ਮੌਕੇ 102 ਐੱਨ.ਐੱਸ.ਐੱਸ. ਵਲੰਟੀਅਰਾਂ ਸਮੇਤ ਡਾ. ਕਰਮਜੀਤ ਸਿੰਘ ਤੇ ਡਾ. ਸੰਜੀਵ ਦੱਤਾ ਹਾਜ਼ਰ ਸਨ।

## ਸ਼ਿਵਰਾਤਰੀ ਦਾ ਤਿਉਹਾਰ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਬਾਲਾਜੀ ਖਾਟੂ ਸ਼ਿਆਮ ਮੰਦਿਰ ਵਿਖੇ ਸਾਉਣ ਮਹੀਨੇ ਦੀ ਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਮੰਦਿਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ 'ਤੇ ਸ਼੍ਰੀ ਬਾਲਾਜੀ ਖਾਟੂ ਸ਼ਿਆਮ ਮੰਦਿਰ ਦੇ ਕਾਂਵੜੀਆਂ ਨੇ ਹਰਿਦੁਆਰ ਤੋਂ ਡਾਕ ਕਾਂਵੜ ਰਾਹੀਂ ਪਵਿੱਤਰ ਗੰਗਾ ਜਲ (ਕਾਂਵੜ) ਲਿਆਂਦਾ ਤੇ ਸ਼੍ਰੀ ਨਰਮਦੇਸ਼ਵਰ ਮਹਾਂਦੇਵ ਜੀ ਦਾ ਜਲਾਭਿਸ਼ੇਕ ਕੀਤਾ।ਉਨ੍ਹਾਂ ਦੱਸਿਆ ਕਿ ਸੰਤ ਸ਼੍ਰੋਮਣੀ ਇੱਛਾਪੂਰਤੀ ਸ਼੍ਰੀ ਬਾਲਾ ਚੈਰੀਟੇਬਲ ਟਰੱਸਟ ਸੁਨਾਮ ਵੱਲੋਂ ਮੋਬਾਈਲ ਹਸਪਤਾਲ ਵੈਨ ਰਾਹੀਂ ਚਾਰ ਦਿਨ ਮੈਡੀਕਲ ਕੈਂਪ ਹਰਿਦੁਆਰ ਤੋਂ ਸੁਨਾਮ ਦੇ ਰਸਤੇ ਵਿੱਚ ਲਗਾਇਆ ਗਿਆ। ਇਸ ਵਿੱਚ ਕਾਂਵੜੀਆਂ ਤੇ ਲੋੜਵੰਦ ਵਿਅਕਤੀਆਂ ਦਾ ਮੁਫ਼ਤ ਚੈੱਕਅਪ ਫਾਰਮਾਸਿਸਟ ਅਮਨਦੀਪ ਗੋਇਲ ਵੱਲੋਂ ਕੀਤਾ ਗਿਆ। ਸ਼੍ਰੀ ਬਾਲਾ ਜੀ ਟਰੱਸਟ ਵੱਲੋਂ ਦਵਾਈਆਂ, ਪਾਣੀ ਦੀਆਂ ਬੋਤਲਾਂ, ਓਡੋਮਾਸ, ਗਰਮ ਪੱਟੀਆਂ ਮੁਫ਼ਤ ਵੰਡੀਆਂ ਤੇ ਇਸ ਦੇ ਨਾਲ-ਨਾਲ ਸ਼ੂਗਰ ਤੇ ਬੀ.ਪੀ. ਦਾ ਵੀ ਚੈੱਕਅਪ ਕੀਤੀ ਗਿਆ।ਇਸ ਮੌਕੇ ਸੰਗਤਾਂ ਲਈ ਟਰੱਸਟ ਵੱਲੋਂ ਪਕੌੜਿਆਂ, ਖੀਰ ਤੇ ਚਾਹ ਦਾ ਲੰਗਰ ਲਗਾਇਆ ਗਿਆ।ਭੋਲੇ ਬਾਬਾ ਦੇ ਦਰਸ਼ਨਾਂ ਲਈ ਤੇ ਜਲ ਚੜ੍ਹਾਉਣ ਲਈ ਸਵੇਰ ਤੋਂ ਰਾਤ ਤੱਕ ਸ਼ਰਧਾਲੂਆਂ ਦੀ ਭਾਰੀ ਆਮਦ ਰਹੀ।

## ਆਜ਼ਾਦੀ ਦਿਹਾੜੇ ਮੌਕੇ ਗੌਰਵ ਯਾਦਵ ਵੱਲੋਂ ਸੁਰੱਖਿਆ ਦਾ ਜਾਇਜ਼ਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਆਗਾਮੀ ਆਜ਼ਾਦੀ ਦਿਹਾੜੇ-2026 ਦੀਆਂ ਸੁਰੱਖਿਆ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਨੇ ਵੀਰਵਾਰ ਨੂੰ ਲਗਾਤਾਰ ਤੀਜੇ ਦਿਨ ਆਪਣਾ ਦੌਰਾ ਜਾਰੀ ਰੱਖਿਆ।ਇਸ ਦੌਰਾਨ ਉਨ੍ਹਾਂ ਨੇ ਫਿਰੋਜ਼ਪੁਰ ਅਤੇ ਬਠਿੰਡਾ ਰੇਂਜਾਂ ਦਾ ਦੌਰਾ ਕਰਕੇ ਉੱਚ ਪੱਧਰੀ ਸੁਰੱਖਿਆ ਸਮੀਖਿਆ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ।ਫਿਰੋਜ਼ਪੁਰ-ਫ਼ਰੀਦਕੋਟ ਰੇਂਜ ਦੀ ਸਮੀਖਿਆ ਦੌਰੇ ਦੌਰਾਨ ਡੀ ਜੀ ਪੀ ਨੇ ਫਿਰੋਜ਼ਪੁਰ ਦੇ ਤਲਵੰਡੀ ਭਾਈ ਵਿਖੇ ਸਥਿਤ ਹਾਈ-ਟੈਕ ਨਾਕੇ ਦਾ ਖ਼ੁਦ ਨਿਰੀਖਣ ਕੀਤਾ।ਇਸ ਤੋਂ ਬਾਅਦ ਉਨ੍ਹਾਂ ਫਿਰੋਜ਼ਪੁਰ, ਫ਼ਰੀਦਕੋਟ, ਤਰਨ ਤਾਰਨ, ਫ਼ਾਜ਼ਿਲਕਾ, ਸ਼੍ਰੀ ਮੁਕਤਸਰ ਸਾਹਿਬ ਅਤੇ ਮੋਗਾ ਜ਼ਿਲ੍ਹਿਆਂ ਵਿੱਚ ਕਾਨੂੰਨ-ਵਿਵਸਥਾ ਅਤੇ ਸੁਰੱਖਿਆ ਪ੍ਰਬੰਧਾਂ ਦਾ ਮੁਲਾਂਕਣ ਕੀਤਾ ਤੇ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ। ਬਠਿੰਡਾ ਵਿਚ 'ਸਮਾਰਟ ਕਮਾਂਡ ਸੈਂਟਰ' ਲੋਕ ਅਰਪਣ ਤਕਨੀਕੀ ਪੁਲਿਸਿੰਗ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਗੌਰਵ ਯਾਦਵ ਨੇ ਬਠਿੰਡਾ ਵਿਖੇ 2.75 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਇੰਟੀਗ੍ਰੇਟਿਡ ਕਮਾਂਡ ਅਤੇ ਕੰਟਰੋਲ ਸੈਂਟਰ ਦਾ ਉਦਘਾਟਨ ਕੀਤਾ।ਸਮੀਖਿਆ ਮੀਟਿੰਗ ਵਿੱਚ ਸੁਤੰਤਰਤਾ ਦਿਵਸ ਸਮਾਗਮਾਂ ਵਾਲੀਆਂ ਥਾਵਾਂ ਅਤੇ ਜਨਤਕ ਇਕੱਠਾਂ ਵਾਲੇ ਸਥਾਨਾਂ ਦੀ ਸੁਰੱਖਿਆ 'ਤੇ ਵਿਸ਼ੇਸ਼ ਚਰਚਾ ਕੀਤੀ ਗਈ।ਇਸ ਮੀਟਿੰਗ ਵਿਚ ਆਈ ਜੀ ਪੀ (ਫ਼ਰੀਦਕੋਟ ਰੇਂਜ) ਨੀਲਾਂਬਰੀ ਜਗਦਲੇ, ਡੀ ਆਈ ਜੀ (ਬਠਿੰਡਾ ਰੇਂਜ) ਹਰਜੀਤ ਸਿੰਘ, ਡੀ ਆਈ ਜੀ (ਫਿਰੋਜ਼ਪੁਰ ਰੇਂਜ) ਸਨੇਹਦੀਪ ਸ਼ਰਮਾ, ਐਸ.ਐਸ.ਪੀ. (ਬਠਿੰਡਾ) ਡਾ. ਜੋਤੀ ਯਾਦਵ, ਐਸ.ਐਸ.ਪੀ. (ਫਿਰੋਜ਼ਪੁਰ) ਭੁਪਿੰਦਰ ਸਿੰਘ ਸਿੱਧੂ, ਐਸ.ਐਸ.ਪੀ. (ਮੋਗਾ) ਸਰਤਾਜ ਚਹਿਲ, ਐਸ.ਐਸ.ਪੀ. (ਤਰਨਤਾਰਨ) ਸੁਰਿੰਦਰ ਲਾਂਬਾ, ਐਸ.ਐਸ.ਪੀ. ਭਾਗੀਰਥ ਮੀਨਾ (ਮਾਨਸਾ), ਰਵਜੋਤ ਗਰੇਵਾਲ (ਸੰਗਰੂਰ), ਅਭਿਮਨਿਊ ਰਾਣਾ (ਮੁਕਤਸਰ), ਗਗਨ ਅਜੀਤ ਸਿੰਘ (ਫ਼ਾਜ਼ਿਲਕਾ), ਗੁਰਬੰਸ ਸਿੰਘ (ਫ਼ਰੀਦਕੋਟ) ਸ਼ਾਮਿਲ ਹੋਏ।

# ਨਰੇਗਾ ਮਜ਼ਦੂਰਾਂ ਨੂੰ ਕੰਮ ਨਾ ਮਿਲਣ 'ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਛੀਨੀਵਾਲ ਕਲਾਂ ਵਿਖੇ ਗ੍ਰਾਮ ਪੰਚਾਇਤ ਤੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਮਨਰੇਗਾ ਮਜ਼ਦੂਰਾਂ ਨੂੰ ਲੋੜ ਅਨੁਸਾਰ ਕੰਮ ਨਾ ਮਿਲਣ ਦੇ ਰੋਸ ਵਜੋਂ ਸਰਕਾਰ, ਮਨਰੇਗਾ ਅਧਿਕਾਰੀਆਂ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਆਗੂਆਂ ਨੇ ਮੰਗ ਕੀਤੀ ਕਿ ਮਨਰੇਗਾ ਮਜ਼ਦੂਰਾਂ ਨੂੰ ਪਹਿਲ ਦੇ ਆਧਾਰ 'ਤੇ ਮਸਟਰੋਲ ਜਾਰੀ ਕਰਕੇ ਕੰਮ ਦਿੱਤਾ ਜਾਵੇ।ਭਾਕਿਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਮਜ਼ਦੂਰ ਆਗੂ ਏਕਮ ਸਿੰਘ ਛੀਨੀਵਾਲ, ਅਧਿਕਾਰ ਪੰਚ ਗੁਰਮੀਤ ਸਿੰਘ ਨੇ ਕਿਹਾ ਕਿ ਇੱਕ ਪਾਸੇ ਸਰਕਾਰਾਂ ਮਜ਼ਦੂਰਾਂ ਨੂੰ ਰੁਜ਼ਗਾਰ ਦੇਣ ਦੇ ਵੱਡੇ-ਵੱਡੇ ਦਾਅਵੇ ਕਰਦੀਆਂ ਹਨ, ਜਦਕਿ ਦੂਜੇ ਪਾਸੇ ਪਿੰਡ ਛੀਨੀਵਾਲ ਕਲਾਂ ਵਿੱਚ ਮਨਰੇਗਾ ਮਜ਼ਦੂਰਾਂ ਨੂੰ ਲੋੜ ਅਨੁਸਾਰ ਕੰਮ ਨਾ ਮਿਲਣ ਕਾਰਨ ਉਨ੍ਹਾਂ ਨੂੰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਆਗੂਆਂ ਨੇ ਦੱਸਿਆ ਕਿ ਪਿੰਡ ਵਿੱਚ ਮਨਰੇਗਾ ਸਕੀਮ ਤਹਿਤ ਕਰੀਬ 500 ਮਜ਼ਦੂਰ ਕੰਮ ਕਰਨ ਵਾਲੇ ਹਨ, ਜਿਨ੍ਹਾਂ ਵਿੱਚੋਂ ਲਗਭਗ 250 ਮਜ਼ਦੂਰ ਨਿਰਵਿਘਨ ਕੰਮ ਕਰਨ ਲਈ ਤਿਆਰ ਹਨ, ਪਰ ਮਹਿਕਮੇ ਵੱਲੋਂ ਸਿਰਫ਼ ਕੁਝ ਕੁ ਮਜ਼ਦੂਰਾਂ ਦਾ ਹੀ ਮਸਟਰੋਲ ਕੱਢ ਕੇ ਕੰਮ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਵੱਲੋਂ ਵਾਰ-ਵਾਰ ਸਬੰਧਤ ਅਧਿਕਾਰੀਆਂ ਕੋਲ ਆਪਣੀ ਸਮੱਸਿਆ ਰੱਖਣ ਦੇ ਬਾਵਜੂਦ ਸਾਰੇ ਮਜ਼ਦੂਰਾਂ ਨੂੰ ਮਸਟਰੋਲ ਜਾਰੀ ਕਰਕੇ ਕੰਮ ਮੁਹੱਈਆ ਨਹੀਂ ਕਰਵਾਇਆ ਜਾ ਰਿਹਾ।ਉਨ੍ਹਾਂ ਸਰਕਾਰ ਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਕਿ ਸਾਰੇ ਯੋਗ ਮਨਰੇਗਾ ਮਜ਼ਦੂਰਾਂ ਨੂੰ ਮਾਸਟਰ ਰੋਲ ਜਾਰੀ ਕਰਕੇ ਨਿਰਵਿਘਨ ਕੰਮ ਦਿੱਤਾ ਜਾਵੇ, ਮਜ਼ਦੂਰਾਂ ਦੀ ਦਿਹਾੜੀ ਸਮੇਂ ਸਿਰ ਖਾਤਿਆਂ ਵਿੱਚ ਪਾਈ ਜਾਵੇ ਤੇ ਪਹਿਲਾਂ ਕੀਤੇ ਗਏ ਕੰਮਾਂ ਦੀਆਂ ਬਕਾਇਆ ਅਦਾਇਗੀਆਂ ਤੁਰੰਤ ਜਾਰੀ ਕੀਤੀਆਂ ਜਾਣ।ਇਸ ਮੌਕੇ ਸੰਦੀਪ ਕੌਰ, ਸਤਨਾਮ ਸਿੰਘ, ਸਾਬਕਾ ਪੰਚ ਰਾਜਾ ਸਿੰਘ, ਨਿਰਭੈ ਸਿੰਘ, ਮਜ਼ਦੂਰ ਆਗੂ ਪਰਮਜੀਤ ਸਿੰਘ, ਭੋਲਾ ਸਿੰਘ, ਦਰਸ਼ਨ ਸਿੰਘ, ਕਾਲਾ ਸਿੰਘ, ਚਰਨਜੀਤ ਕੌਰ, ਭਿੰਦਰ ਕੌਰ, ਬੇਅੰਤ ਕੌਰ, ਹਰਬੰਸ ਕੌਰ, ਨਿਰਮਲ ਸਿੰਘ, ਅਮਰਜੀਤ ਸਿੰਘ, ਪੰਚ ਗੁਰਸੇਵਕ ਸਿੰਘ ਸਮੇਤ ਪੰਚਾਇਤ ਮੈਂਬਰ, ਮਜ਼ਦੂਰ ਹਾਜ਼ਰ ਸਨ।

## ਪੰਜਾਬ 'ਚ ਮੁੜ ਬਣੇਗੀ ਆਪ ਦੀ ਸਰਕਾਰ : ਚੱਠਾ

**ਧੂਰੀ (ਮਹਿਤ ਗਰਗ, ਮਨੋਹਰ ਸੱਗੂ, ਵਿਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਸੂਬਾਈ ਆਗੂ ਤੇ ਆਲ ਇੰਡੀਆ ਐਂਡ ਸੀ ਆਈ ਐਗਰੀਕਲਚਰਿਸਟ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੇ ਲੋਕ-ਹਿਤੈਸ਼ੀ ਕਾਰਜਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਸੂਬੇ ਵਿੱਚ ਮੁੜ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਸੂਬੇ ਦੇ ਵਿਕਾਸ ਤੇ ਆਮ ਜਨਤਾ ਦੀ ਭਲਾਈ ਲਈ ਇਤਿਹਾਸਕ ਫ਼ੈਸਲੇ ਲਏ ਹਨ।ਉਨ੍ਹਾਂ ਕਿਹਾ ਕਿ ਹਰ ਘਰ ਨੂੰ 300 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਰਾਹੀਂ ਬਿਹਤਰ ਸਿਹਤ ਸਹੂਲਤਾਂ, 'ਸਕੂਲ ਆਫ਼ ਐਮੀਨੈਂਸ' ਰਾਹੀਂ ਸਿੱਖਿਆ ਦੇ ਮਿਆਰ ਵਿੱਚ ਸੁਧਾਰ ਤੇ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਹਜ਼ਾਰਾਂ ਸਰਕਾਰੀ ਨੌਕਰੀਆਂ ਦੇਣਾ ਸਰਕਾਰ ਦੀਆਂ ਵੱਡੀਆਂ ਪ੍ਰਾਪਤੀਆਂ ਹਨ।ਉਨ੍ਹਾਂ ਵਿਰੋਧੀ ਧਿਰਾਂ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਦਹਾਕਿਆਂ ਤੱਕ ਪੰਜਾਬ ਨੂੰ ਲੁੱਟਣ ਤੇ ਪਿਛੜਨ ਤੋਂ ਬਿਨਾਂ ਕੁਝ ਨਹੀਂ ਕੀਤਾ।ਹੁਣ ਜਦੋਂ ਮਾਨ ਸਰਕਾਰ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਲਈ ਦਿਨ-ਰਾਤ ਯਤਨਸ਼ੀਲ ਹੈ, ਤਾਂ ਵਿਰੋਧੀ ਧਿਰਾਂ ਕੋਲ ਕੋਈ ਮੁੱਦਾ ਨਹੀਂ ਰਿਹਾ ਤੇ ਉਹ ਬੌਖਲਾਹਟ ਵਿੱਚ ਆ ਕੇ ਬੇਬੁਨਿਆਦ ਦੋਸ਼ ਲਗਾ ਰਹੀਆਂ ਹਨ।ਉਨ੍ਹਾਂ ਨੇ ਆਖਿਆ ਕਿ ਧੂਰੀ ਹਲਕੇ ਸਮੇਤ ਪੂਰੇ ਪੰਜਾਬ ਵਿੱਚ ਵਿਕਾਸ ਕਾਰਜ ਬਿਨਾਂ ਕਿਸੇ ਵਿਤਕਰੇ ਤੋਂ ਤੇਜ਼ੀ ਨਾਲ ਚੱਲ ਰਹੇ ਹਨ। ਪੰਜਾਬ ਦੀ ਜਨਤਾ ਨੇ ਵਿਰੋਧੀਆਂ ਦੇ ਗੁੰਮਰਾਹਕੁੰਨ ਪ੍ਰਚਾਰ ਨੂੰ ਨਕਾਰ ਦਿੱਤਾ ਹੈ ਤੇ ਲੋਕਾਂ ਦਾ ਵਿਸ਼ਵਾਸ ਆਮ ਆਦਮੀ ਪਾਰਟੀ ਵਿੱਚ ਹੋਰ ਪੱਕਾ ਹੋਇਆ ਹੈ।

## ਕਿਰਤੀ ਕਾਲਜ 'ਚ ਅੰਤਰਰਾਸ਼ਟਰੀ ਯੁਵਾ ਦਿਵਸ ਮਨਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪ੍ਰਿੰਸੀਪਲ ਡਾ. ਗਗਨਦੀਪ ਚੀਮਾ ਦੀ ਰਹਿਨੁਮਾਈ ਹੇਠ ਐੱਨ ਐੱਸ ਐੱਸ ਵਿਭਾਗ ਤੇ ਰੈੱਡ ਰਿਬਨ ਕਲੱਬ ਵੱਲੋਂ ਅੰਤਰਰਾਸ਼ਟਰੀ ਯੁਵਾ ਦਿਵਸ ਨੂੰ ਮੁੱਖ ਰੱਖਦੇ ਹੋਏ ਲੇਖ ਰਚਨਾ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ।ਮੁਕਾਬਲਿਆਂ ਦੀ ਜੱਜਮੈਂਟ ਡਾ. ਜਸਵਿੰਦਰ ਸ਼ਰਮਾ, ਪ੍ਰੋਗਰਾਮ ਅਫਸਰ ਹਰਮੀਤ ਸਿੰਘ ਤੇ ਪ੍ਰੋ. ਰਮਨਜੀਤ ਕੌਰ ਵੱਲੋਂ ਕੀਤੀ ਗਈ। ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਚੀਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਅੰਤਰਰਾਸ਼ਟਰੀ ਯੁਵਾ ਦਿਵਸ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਵਿਦਿਆਰਥੀਆਂ ਨੂੰ ਨਸ਼ੇ ਤੋਂ ਦੂਰ ਰਹਿ ਕੇ ਆਪਣੀ ਜਵਾਨੀ ਨੂੰ ਉਸਾਰੂ ਕੰਮਾਂ ਵਿੱਚ ਲਗਾਉਣ ਦਾ ਸੰਦੇਸ਼ ਦਿੱਤਾ।ਪ੍ਰੋਗਰਾਮ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਕਾਲਜ ਪ੍ਰਿੰਸੀਪਲ ਤੇ ਸਟਾਫ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਐੱਨ ਐੱਸ ਐੱਸ ਤੇ ਰੈੱਡ ਰਿਬਨ ਕਲੱਬ ਦੇ ਵਲੰਟੀਅਰ ਮੌਜੂਦ ਸਨ।

## ਪੀ ਐੱਚ ਸੀ ਵਿਖੇ ਸੁਖਪ੍ਰੀਤ ਸਿੰਘ ਨੇ ਐੱਸ ਐੱਮ ਓ ਦਾ ਚਾਰਜ ਸੰਭਾਲਿਆ



**ਕੋਟ ਈਸੇ ਖਾਂ (ਅਰੋੜਾ)**-ਜ਼ਿਲ੍ਹਾ ਮੋਗਾ ਦੇ ਕਸਬਾ ਕੋਟ ਈਸੇ ਖਾਂ ਅਧੀਨ ਪੈਂਦੇ ਪੀ.ਐੱਚ.ਸੀ. ਕੋਟ ਈਸੇ ਖਾਂ ਵਿਖੇ ਪਹਿਲੇ ਐੱਸ ਐੱ ਓ ਦੀ ਬਦਲੀ ਹੋਣ ਉਪਰੰਤ ਸੁਖਪ੍ਰੀਤ ਸਿੰਘ ਬਰਾੜ ਨੇ ਕੋਟ ਈਸੇ ਖਾਂ ਵਿਖੇ ਬਤੌਰ ਐੱਸ ਐੱਮ ਓ ਚਾਰਜ ਸੰਭਾਲਿਆ।ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੀ ਐੱਚ ਸੀ ਕੋਟ ਈਸੇ ਖਾਂ ਵਿਖੇ ਕਿਸੇ ਵੀ ਮਰੀਜ਼ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਤੇ ਜਿੰਨੀ ਇਸ ਪੀ.ਐੱਚ.ਸੀ. ਵਿੱਚ ਸਹੂਲਤ ਹੈ, ਲੋੜਵੰਦ ਮਰੀਜ਼ਾਂ ਨੂੰ ਮੈਂ ਉਹ ਹਰ ਸਹੂਲਤ ਦਿਵਾਉਣ ਲਈ ਲਾਮਬੰਦ ਰਹਾਂਗਾ।ਉਨ੍ਹਾਂ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਆਪਣੀ ਡਿਊਟੀ ਪੂਰੀ ਜ਼ਿੰਮੇਵਾਰੀ ਤੇ ਤਨਦੇਹੀ ਨਾਲ ਨਿਭਾਉਣ ਤੇ ਹਸਪਤਾਲ ਆਉਣ ਵਾਲੇ ਹਰ ਇੱਕ ਵਿਅਕਤੀ ਦਾ ਵਿਸ਼ੇਸ਼ ਖਿਆਲ ਰੱਖਿਆ ਜਾਵੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਸਿਵਲ ਹਸਪਤਾਲ ਵਿੱਚ ਕਿਸੇ ਕਿਸਮ ਦੀ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਮੇਰੇ ਧਿਆਨ ਵਿੱਚ ਲਿਆਈ ਜਾਵੇ, ਤਾਂ ਜੋ ਉਸ ਨੂੰ ਹੱਲ ਕਰਵਾਉਣ ਲਈ ਮੈਂ ਹਰ ਸੰਭਵ ਯਤਨ ਕਰਾਂਗਾ।ਇਸ ਮੌਕੇ ਸਮੂਹ ਸਟਾਫ ਤੇ ਪਤਵੰਤੇ ਹਾਜ਼ਰ ਸਨ।

# ਸਪਰਿੰਗ ਫੀਲਡ ਕਾਨਵੈਂਟ ਸਕੂਲ ਵਿਖੇ ਜ਼ੋਨਲ ਖੇਡਾਂ ਦਾ ਸ਼ਾਨਦਾਰ ਆਗਾਜ਼

■ ਫੁੱਟਬਾਲ ਮੁਕਾਬਲਿਆਂ 'ਚ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਲੈ ਰਹੀਆਂ ਭਾਗ ■ ਖਿਡਾਰੀਆਂ ਨੂੰ ਖੇਡ ਭਾਵਨਾ ਤੇ ਅਨੁਸ਼ਾਸਨ ਨਾਲ ਖੇਡਣ ਲਈ ਕੀਤਾ ਪ੍ਰੇਰਿਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਿਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਜ਼ੋਨ ਬਾਘਾ ਪੁਰਾਣਾ ਦੀਆਂ 70ਵੀਆਂ ਜ਼ੋਨਲ ਖੇਡਾਂ 2026-27 ਦਾ ਸ਼ਾਨਦਾਰ ਆਗਾਜ਼ ਹੋਇਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸ. ਨਰ ਸਿੰਘ ਬਰਾੜ ਨੇ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਉਂਦਿਆਂ ਖਿਡਾਰੀਆਂ ਨੂੰ ਖੇਡ ਭਾਵਨਾ, ਅਨੁਸ਼ਾਸਨ ਤੇ ਮਿਹਨਤ ਨਾਲ ਮੈਦਾਨ ਵਿੱਚ ਉਤਰਨ ਲਈ ਪ੍ਰੇਰਿਤ ਕੀਤਾ।ਜ਼ੋਨ ਬਾਘਾ ਪੁਰਾਣਾ ਅਧੀਨ ਕਰਵਾਏ ਜਾ ਰਹੇ ਫੁੱਟਬਾਲ ਮੁਕਾਬਲਿਆਂ ਦੇ ਪਹਿਲੇ ਮੈਚ ਦਾ ਉਦਘਾਟਨ ਸਕੂਲ ਦੇ ਡਾਇਰੈਕਟਰ ਸ. ਅਮਨਜੀਤ ਸਿੰਘ ਬਰਾੜ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ। ਪਹਿਲਾ ਮੁਕਾਬਲਾ ਪੀ.ਸੀ.ਐੱਸ. ਤੇ ਸੀਨੀਅਰ ਸੈਕੰਡਰੀ ਸਕੂਲ ਚੰਦ ਪੁਰਾਣਾ ਦੀਆਂ ਟੀਮਾਂ ਵਿਚਕਾਰ ਕਰਵਾਇਆ ਗਿਆ। ਪਹਿਲੇ ਦਿਨ ਲੜਕੀਆਂ ਦੇ ਅੰਡਰ-14, ਅੰਡਰ-17 ਤੇ ਅੰਡਰ-19 ਵਰਗਾਂ ਦੇ ਮੁਕਾਬਲੇ ਕਰਵਾਏ ਗਏ, ਜਦਕਿ ਇਸ ਤੋਂ ਬਾਅਦ ਲੜਕਿਆਂ ਦੇ ਅੰਡਰ-14, ਅੰਡਰ-17 ਤੇ ਅੰਡਰ-19 ਵਰਗਾਂ ਦੇ ਮੁਕਾਬਲੇ ਵੀ ਕਰਵਾਏ ਜਾਣਗੇ।ਇਨ੍ਹਾਂ ਜ਼ੋਨਲ ਮੁਕਾਬਲਿਆਂ ਵਿੱਚ ਸਕੂਲ ਆਫ਼ ਐਮੀਨੈਂਸ, ਪੀ.ਸੀ.ਐੱਸ., ਜੀ.ਐੱਨ. ਕਾਨਵੈਂਟ ਸਕੂਲ ਭੁੱਲਰ, ਸੀਨੀਅਰ ਸੈਕੰਡਰੀ ਸਕੂਲ ਚੰਦ ਪੁਰਾਣਾ, ਸਰਕਾਰੀ ਹਾਈ ਸਕੂਲ ਬਰਾਜ, ਰਾਜਾ ਪੀਰ ਸਕੂਲ ਰਾਜਿਆਣਾ ਤੇ ਹਾਰਵਰਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਸਮੇਤ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਭਾਗ ਲੈ ਰਹੀਆਂ ਹਨ।ਖਿਡਾਰੀਆਂ ਨੇ ਪੂਰੇ ਉਤਸ਼ਾਹ ਨਾਲ ਮੈਦਾਨ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਚੇਅਰਮੈਨ ਸ. ਨਰ ਸਿੰਘ ਬਰਾੜ ਨੇ ਜ਼ੋਨ ਕਮੇਟੀ ਦੇ ਅਹੁਦੇਦਾਰਾਂ, ਕੋਚਾਂ ਤੇ ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਅਧਿਆਪਕਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਮਿਹਨਤ ਦੀ ਭਾਵਨਾ ਪੈਦਾ ਕਰਦੀਆਂ ਹਨ।ਉਨ੍ਹਾਂ ਖਿਡਾਰੀਆਂ ਨੂੰ ਜਿੱਤ-ਹਾਰ ਦੀ ਪਰਵਾਹ ਕੀਤੇ ਬਿਨਾਂ ਪੂਰੀ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ।ਇਸ ਦੌਰਾਨ ਜ਼ੋਨ ਕਮੇਟੀ ਦੇ ਸਕੱਤਰ ਡੀ.ਪੀ.ਈ. ਸੁਖਦੇਵ ਸਿੰਘ, ਡੀ.ਪੀ.ਈ. ਹਰਜਿੰਦਰ ਸਿੰਘ, ਡੀ.ਪੀ.ਈ. ਜਗਵੀਰ ਸਿੰਘ, ਡੀ.ਪੀ.ਈ. ਮਨਜਿੰਦਰ ਸਿੰਘ ਸੀਪਾ, ਡੀ.ਪੀ.ਈ. ਹਰਦੀਪ ਕੌਰ, ਡੀ.ਪੀ.ਈ. ਹਰਪ੍ਰੀਤ ਸਿੰਘ ਅਤੇ ਡੀ.ਪੀ.ਈ. ਸੁਖਦੇਵ ਸਿੰਘ ਸਮੇਤ ਜ਼ੋਨ ਕਮੇਟੀ ਦੇ ਅਹੁਦੇਦਾਰ, ਕੋਚ ਤੇ ਅਧਿਆਪਕ ਹਾਜ਼ਰ ਸਨ।ਉਨ੍ਹਾਂ ਵੱਲੋਂ ਟੂਰਨਾਮੈਂਟ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ।ਚੇਅਰਮੈਨ ਸ. ਨਰ ਸਿੰਘ ਬਰਾੜ ਨੇ ਦੱਸਿਆ ਕਿ ਸਪਰਿੰਗ ਫੀਲਡ ਕਾਨਵੈਂਟ ਸਕੂਲ ਦੇ ਵਿਸ਼ਾਲ ਅਤੇ ਸੁਵਿਧਾਜਨਕ ਖੇਡ ਮੈਦਾਨਾਂ ਕਾਰਨ ਜ਼ੋਨ ਕਮੇਟੀ ਵੱਲੋਂ ਹਰ ਸਾਲ ਜ਼ੋਨਲ ਮੁਕਾਬਲੇ ਇਸੇ ਸਕੂਲ ਵਿਖੇ ਕਰਵਾਏ ਜਾਂਦੇ ਹਨ।ਸਕੂਲ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਹਮੇਸ਼ਾ ਪੂਰਾ ਸਹਿਯੋਗ ਦਿੱਤਾ ਜਾਂਦਾ ਹੈ।70ਵੀਆਂ ਜ਼ੋਨਲ ਖੇਡਾਂ ਦਾ ਇਹ ਆਗਾਜ਼ ਖਿਡਾਰੀਆਂ ਵਿੱਚ ਉਤਸ਼ਾਹ, ਅਨੁਸ਼ਾਸਨ ਤੇ ਖੇਡ ਭਾਵਨਾ ਦੀ ਨਵੀਂ ਊਰਜਾ ਭਰਨ ਵਾਲਾ ਰਿਹਾ।

## ਹਲਕਾ ਸਮਰਾਲਾ 'ਚ ਪਿੰਡ ਤੇ ਵਾਰਡ ਪੱਧਰ 'ਤੇ ਯੂਥ ਕਾਂਗਰਸ ਹੋਵੇਗੀ ਮਜ਼ਬੂਤ : ਭਾਰਤੀ



**ਸਮਰਾਲਾ (ਸੁਰਜੀਤ ਸਿੰਘ)**-ਵਿਧਾਨ ਸਭਾ ਹਲਕਾ ਸਮਰਾਲਾ ਵਿੱਚ ਯੂਥ ਕਾਂਗਰਸ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪੰਜਾਬ ਯੂਥ ਕਾਂਗਰਸ ਵੱਲੋਂ ਸੰਗਠਨਾਤਮਕ ਸਰਗਰਮੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ।ਇਸੇ ਤਹਿਤ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ 'ਸ਼ੁਬੀ' ਵੱਲੋਂ ਹਲਕਾ ਸਮਰਾਲਾ ਦੇ ਯੂਥ ਆਗੂਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਜਾਵੇਗੀ।ਇਸ ਮੀਟਿੰਗ ਦਾ ਮੁੱਖ ਉਦੇਸ਼ ਵਿਧਾਨ ਸਭਾ ਯੂਥ ਕਾਂਗਰਸ ਦੀ ਟੀਮ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨਾ ਤੇ ਨੌਜਵਾਨਾਂ ਨੂੰ ਸੰਗਠਨ ਨਾਲ ਹੋਰ ਸਰਗਰਮੀ ਨਾਲ ਜੋੜਨਾ ਹੈ।ਇਸ ਦੌਰਾਨ ਸਮਰਾਲਾ ਤੇ ਮਾਛੀਵਾੜਾ ਸਾਹਿਬ ਦੇ ਸ਼ਹਿਰੀ ਯੂਥ ਪ੍ਰਧਾਨਾਂ ਤੋਂ ਇਲਾਵਾ ਹਰ ਵਾਰਡ ਤੇ ਪਿੰਡ ਵਿੱਚ ਯੂਥ ਕਾਂਗਰਸ ਦੇ ਪ੍ਰਧਾਨ ਤੇ ਜਨਰਲ ਸਕੱਤਰ ਦੀਆਂ ਨਿਯੁਕਤੀਆਂ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ।ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ 'ਸ਼ੁਬੀ' ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਹ ਸੰਗਠਨਾਤਮਕ ਪ੍ਰਕਿਰਿਆ ਵਿਧਾਨ ਸਭਾ ਹਲਕਾ ਸਮਰਾਲਾ ਦੇ ਯੂਥ ਕਾਂਗਰਸ ਪ੍ਰਧਾਨ ਵਿਸ਼ਾਲ ਭਾਰਤੀ ਦੀ ਹਾਜ਼ਰੀ ਵਿੱਚ ਸ਼ੁਰੂ ਕੀਤੀ ਜਾਵੇਗੀ।ਇਸ ਨਾਲ ਪਿੰਡਾਂ ਤੇ ਵਾਰਡ ਪੱਧਰ 'ਤੇ ਨੌਜਵਾਨ ਆਗੂਆਂ ਨੂੰ ਜ਼ਿੰਮੇਵਾਰੀਆਂ ਦੇ ਕੇ ਇੱਕ ਮਜ਼ਬੂਤ ਤੇ ਸਰਗਰਮ ਟੀਮ ਤਿਆਰ ਕਰਨ 'ਤੇ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਪਾਰਟੀ ਲਈ ਮਿਹਨਤ ਕਰਨ ਵਾਲੇ ਯੂਥ ਆਗੂਆਂ ਨੂੰ ਉਨ੍ਹਾਂ ਦੀ ਯੋਗਤਾ ਤੇ ਮਿਹਨਤ ਅਨੁਸਾਰ ਬਣਦੀਆਂ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾਵੇਗਾ।ਵਿਸ਼ਾਲ ਭਾਰਤੀ ਨੇ ਕਿਹਾ ਕਿ ਯੂਥ ਕਾਂਗਰਸ ਦਾ ਮੁੱਖ ਉਦੇਸ਼ ਵੱਧ ਤੋਂ ਵੱਧ ਨੌਜਵਾਨਾਂ ਨੂੰ ਕਾਂਗਰਸ ਦੀ ਵਿਚਾਰਧਾਰਾ ਤੇ ਸੰਗਠਨ ਨਾਲ ਜੋੜਨਾ ਹੈ।ਹਰ ਪਿੰਡ ਤੇ ਵਾਰਡ ਵਿੱਚ ਜ਼ਿੰਮੇਵਾਰ ਨੌਜਵਾਨ ਆਗੂਆਂ ਦੀ ਟੀਮ ਤਿਆਰ ਹੋਣ ਨਾਲ ਪਾਰਟੀ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ।

# ਦਫਤਰੀ ਕਾਮਿਆਂ ਤੇ ਸਾਂਝੇ ਮੰਚ ਦੇ ਸਾਥੀਆਂ ਨੇ ਫੂਕਿਆ ਵਿੱਤ ਮੰਤਰੀ ਦਾ ਪੁਤਲਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਦੇ ਅੱਗੇ ਪੀ.ਐੱਸ.ਐੱਮ.ਐੱਸ.ਯੂ. ਮੋਗਾ ਦੇ ਦਫਤਰੀ ਕਾਮਿਆਂ ਵੱਲੋਂ 7 ਅਗਸਤ ਨੂੰ ਸੈਕਟਰ 39 ਚੰਡੀਗੜ੍ਹ ਵਿਖੇ ਮੁਲਾਜਮਾਂ/ਪੈਨਸ਼ਨਰਾਂ ਵੱਲੋਂ ਕੀਤੀ ਗਈ ਮਹਾਂ ਰੈਲੀ ਦੇ ਵਿਰੋਧ ਵਿੱਚ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਵੱਲੋਂ ਦਿੱਤੇ ਗਏ ਮੁਲਾਜ਼ਮ ਵਿਰੋਧੀ ਬਿਆਨ (ਸਟੇਟ ਵਿਰੋਧੀ) ਦੇ ਵਿਰੋਧ ਵਿੱਚ ਵਿੱਤ ਮੰਤਰੀ ਦਾ ਪੁਤਲਾ ਸਾੜਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ।ਇਸ ਵਿਰੋਧ ਪ੍ਰਦਰਸ਼ਨ ਵਿੱਚ ਸਾਂਝਾ ਮੰਚ ਦੇ ਸੀਨੀਅਰ ਸਾਥੀ ਜਗਦੀਸ਼ ਸਿੰਘ ਚਾਹਲ, ਸੁਰਜੀਤ ਸਿੰਘ ਗਗੜਾ ਤੇ ਉਨ੍ਹਾਂ ਦੇ ਸਾਥੀ ਉਚੇਚੇ ਤੌਰ 'ਤੇ ਹਾਜ਼ਰ ਹੋਏ। ਗੇਟ ਰੈਲੀ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਜਦੋਂ ਮੁਲਾਜ਼ਮ/ਕਿਸਾਨ/ਮਜ਼ਦੂਰ ਜਥੇਬੰਦੀਆਂ ਦੂਜੀਆਂ ਸਰਕਾਰਾਂ ਦੇ ਸਮੇਂ ਧਰਨੇ ਲਾਉਂਦੇ ਸਨ ਤਾਂ ਉਸ ਸਮੇਂ ਅੱਜ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਜਥੇਬੰਦੀਆਂ ਦੇ ਧਰਨਿਆਂ ਵਿੱਚ ਬੈਠ ਕੇ ਇਹ ਬਿਆਨ ਦਿੰਦੇ ਸਨ ਕਿ ਉਸ ਸਮੇਂ ਦੀਆਂ ਸਰਕਾਰਾਂ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕਰਦੀਆਂ।ਇਸ ਲਈ ਜਦੋਂ ਸਾਡੀ ਆਮ ਆਦਮੀ ਪਾਰਟੀ ਦੀ ਸਰਕਾਰ ਆਵੇਗੀ ਤਾਂ ਮੁਲਾਜ਼ਮਾਂ ਨੂੰ ਧਰਨੇ ਨਹੀਂ ਲਗਾਉਣੇ ਪੈਣਗੇ ਤੇ ਮੁਲਾਜ਼ਮਾਂ ਦੀਆਂ ਮੰਗਾਂ ਮੁਲਾਜ਼ਮਾਂ ਨੂੰ ਟੇਬਲਾਂ 'ਤੇ ਸਹਮਣੇ ਬੈਠਾ ਕੇ ਤੁਰੰਤ ਹੱਲ ਕਰ ਦਿੱਤੀਆਂ ਜਾਇਆ ਜਾਣਗੀਆਂ, ਪ੍ਰੰਤੂ ਅੱਜ ਵਿੱਤ ਮੰਤਰੀ ਸੱਤਾ ਦੇ ਨਸ਼ੇ ਵਿੱਚ ਹੋਣ ਕਰਕੇ ਮੁਲਾਜ਼ਮਾਂ/ਪੈਨਸ਼ਨਰ ਨੂੰ ਅਣਗੌਲਿਆ ਕਰਦੇ ਹੋਏ (ਸਟੇਟ ਵਿਰੋਧੀ) ਦੇ ਪੁੱਠੇ ਸਿੱਧੇ ਬਿਆਨ ਦੇ ਕੇ ਮੁਲਾਜ਼ਮ ਵਿਰੋਧੀ ਹੋਣ ਦਾ ਸਬੂਤ ਦੇ ਰਹੇ ਹਨ।ਮੁਲਾਜ਼ਮ ਵਿੱਤ ਮੰਤਰੀ ਨੂੰ ਇਹ ਦੱਸਣਾ ਚਾਹੁੰਦੇ ਹਨ ਕਿ ਜੇਕਰ ਵਿੱਤ ਮੰਤਰੀ/ਪੰਜਾਬ ਸਰਕਾਰ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਮੰਗਾਂ 'ਤੇ ਗੌਰ ਨਹੀਂ ਫਰਮਾਉਂਦੇ ਤਾਂ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਫੱਟੀ ਪੋਚੀ ਜਾਵੇਗੀ। ਇਸ ਤੋਂ ਇਲਾਵਾ ਆਗੂਆਂ ਨੇ ਦੱਸਿਆ ਕਿ ਇਸੇ ਸੰਘਰਸ਼ ਨੂੰ ਚਾਲੂ ਰੱਖਦੇ ਹੋਏ 17 ਤੇ 18 ਅਗਸਤ ਨੂੰ ਦਫਤਰੀ ਕਾਮਿਆਂ ਵੱਲੋਂ ਪੈੱਨ ਡਾਊਨ/ਟੂਲ ਡਾਊਨ/ਕੰਪਿਊਟਰ ਬੰਦ ਹੜਤਾਲ ਕਰਕੇ ਸਮੁੱਚੇ ਪੰਜਾਬ ਦੇ ਦਫਤਰਾਂ ਦਾ ਕੰਮ ਬੰਦ ਕੀਤਾ ਜਾਵੇਗਾ ਤੇ 18 ਅਗਸਤ 2026 ਨੂੰ ਸਾਂਝੇ ਮੰਚ/ਮੁਲਾਜ਼ਮ/ਪੈਨਸ਼ਨਰ ਸਾਂਝੇ ਫਰੰਟ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ਼ ਮੋਗਾ ਦੇ ਗੇਟ ਅੱਗੇ ਪੰਜਾਬ ਸਰਕਾਰ ਦੇ ਵਿਰੁੱਧ ਜਬਰਦਸਤ ਰੋਸ ਰੈਲੀ ਕੀਤੀ ਜਾਵੇਗੀ।ਇਸ ਰੋਸ ਰੈਲੀ ਵਿੱਚ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਸੰਦੀਪ ਕੁਮਾਰ, ਜ਼ਿਲ੍ਹਾ ਪ੍ਰਧਾਨ ਡੀ. ਸੀ. ਦਫਤਰ ਦਲਬੀਰ ਸਿੰਘ, ਕੁਲਦੀਪ ਸਿੰਘ ਘਾਲੀ, ਗੁਰਜੀਤ ਧਾਲੀਵਾਲ ਡੀ.ਸੀ. ਦਫਤਰ, ਪ੍ਰਵੀਨ ਕੁਮਾਰ ਸੁਪਰਡੈਂਟ, ਰਾਜਦੀਪ ਜੈਦਕਾ ਸੀਨੀ: ਮੀਤ ਪ੍ਰਧਾਨ, ਗੁਣਵੀਰ ਸਿੰਘ, ਅਮ੍ਰਿਤਪਾਲ ਸਿੰਘ, ਹਰਪ੍ਰੀਤ ਸਿੰਘ ਵਾਟਰ ਸਪਲਾਈ ਜਗਰਾਜ ਸਿੰਘ ਜਲਾਲਾਬਾਦੀ, ਰਾਜਿੰਦਰਪਾਲ ਸੁਪਰਡੈਂਟ, ਕੰਵਰਜੀਤ ਸਿੰਘ, ਸੁਰੇਸ ਕੁਮਾਰ, ਤਨੀਸਾ, ਗੁਰਪ੍ਰੀਤ ਕੌਰ ਪੀ.ਡਬਲਯੂ.ਡੀ. ਵਿਭਾਗ ਮੋਗਾ, ਪਰਮਪਾਲ ਸਿੰਘ ਪ੍ਰਧਾਨ ਸਿੱਖਿਆ ਵਿਭਾਗ, ਅਨਮੋਲ ਰੋਜ਼ਗਾਰ ਦਫਤਰ ਕਰਨਵੀਰ ਸਿੰਘ ਸੁਪਰਡੈਂਟ, ਹਰਦੀਪ ਮੱਕੜ, ਅਮਨਪ੍ਰੀਤ ਕੌਰ, ਅੱਕੀ ਕੌਰ, ਸੌਰਵ ਅਰੋੜਾ ਤੋਂ ਇਲਾਵਾ ਹੋਰ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

## ਸਫਾ 1 ਦੇ ਬਾਕੀ...

### ਸੁਖਬੀਰ ਬਾਦਲ 'ਤੇ ...

ਬਾਦਲ ਨਾਲ ਫ਼ੋਨ 'ਤੇ ਗੱਲ ਕਰਕੇ ਹਾਲ ਪੁੱਛਿਆ ਅਤੇ ਨਾਂਦੇੜ ਦੇ ਪੁਲਸ ਕਪਤਾਨ ਨੂੰ ਹਮਲੇ ਦੀ ਅਸਲ ਸਾਜ਼ਿਸ਼ ਨੂੰ ਬੇਨਕਾਬ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ।

ਬੀਤੇ ਸਾਲ 4 ਦਸੰਬਰ ਨੂੰ ਵੀ ਸ੍ਰੀ ਅਕਾਲ ਤਖ਼ਤ ਵੱਲੋਂ ਤਨਖਾਹੀਆ ਕਰਾਰ ਦੇਣ ਤੋਂ ਬਾਅਦ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਸੇਵਾਦਾਰ ਵਜੋਂ ਡਿਊਟੀ ਨਿਭਾਅ ਰਹੇ ਸੁਖਬੀਰ ਸਿੰਘ ਬਾਦਲ 'ਤੇ ਨਰਾਇਣ ਸਿੰਘ ਚੌੜਾ ਨਾਂਅ ਦੇ ਵਿਅਕਤੀ ਵੱਲੋਂ ਗੋਲੀ ਚਲਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਨਾਂਦੇੜ ਸਾਹਿਬ ਵਿਖੇ ਦੁਬਾਰਾ ਅਜਿਹੀ ਘਟਨਾ ਵਾਪਰਨ ਕਾਰਨ ਸੁਰੱਖਿਆ ਪ੍ਰਬੰਧਾਂ 'ਤੇ ਵੱਡੇ ਸਵਾਲ ਖੜ੍ਹੇ ਹੋ ਗਏ ਹਨ। ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਕਈ ਵੱਡੇ ਆਗੂਆਂ ਨੇ ਇਸ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ ਤੇ ਇਸ ਪਿੱਛੇ ਕੰਮ ਕਰਦੀਆਂ ਤਾਕਤਾਂ ਨੂੰ ਨਕਾਬਪੋਸ਼ ਕਰਨ ਦੀ ਮੰਗ ਕੀਤੀ ਹੈ। ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਕੋਸ਼ਿਸ਼ ਦੀ ਪੁਰਜ਼ੋਰ ਨਿਖੇਧੀ ਕਰਦਿਆਂ ਕਿਹਾ ਕਿ ਹਮਲੇ ਦੀ ਕੋਸ਼ਿਸ਼ ਦੀ ਸਖ਼ਤ ਤੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਜਾਣੀ ਚਾਹੀਦੀ ਹੈ।ਕਿਸੇ ਧਾਰਮਿਕ ਸੰਸਥਾ ਵਿੱਚ ਅਜਿਹੀ ਹਿੰਸਾ ਲਈ ਕੋਈ ਥਾਂ ਨਹੀਂ ਅਤੇ ਗੁਰਦੁਆਰਾ ਸਾਹਿਬਾਨ ਦੀ ਪਵਿੱਤਰਤਾ ਤੇ ਮਰਿਆਦਾ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਬਲਤੇਜ ਪੰਨੂ ਨੇ ਕਿਹਾ, "ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ 2015 ਦੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਲੈ ਕੇ ਸਿੱਖ ਸੰਗਤ ਵਿੱਚ ਅਜੇ ਵੀ ਮੌਜੂਦ ਭਾਵਨਾਵਾਂ ਨੂੰ ਸਮਝਣ ਦੀ ਲੋੜ ਹੈ।"

### ਰੁਜ਼ਗਾਰ ਗਰੰਟੀ ਕਾਨੂੰਨ...

ਉਲਟਾ ਸੰਵਿਧਾਨਕ ਸੰਸਥਾਵਾਂ ਬੇਲੋੜਾ ਦਖਲ ਦੇ ਕੇ ਦੇਸ਼ ਤੇ ਸੰਵਿਧਾਨ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ, ਜਿਸ ਕਾਰਨ ਸਮਾਂ ਮੰਗ ਕਰਦਾ ਹੈ ਕਿ ਬਦਲਾਅ ਜ਼ਰੂਰੀ ਹੈ।ਉਸੇ ਦੇ ਤਹਿਤ ਕਿਸਾਨਾਂ, ਮਜ਼ਦੂਰਾਂ ਨੌਜਵਾਨਾਂ, ਵਿਦਿਆਰਥੀਆਂ, ਛੋਟੇ ਕਾਰੋਬਾਰੀਆਂ ਤੇ ਔਰਤਾਂ ਦੇ ਹੱਕਾਂ ਲਈ ਸੀ ਪੀ ਆਈ ਦੀ ਇੱਕ ਸਤੰਬਰ ਦਿੱਲੀ ਚੱਲੋ 'ਬਦਲਾਅ ਜ਼ਰੂਰੀ ਹੈ' ਵੱਡੇ ਕਾਫਲਿਆਂ ਨਾਲ ਪੁੱਜਣ ਦੀ ਅਪੀਲ ਕਰਦੇ ਹਾਂ, ਤਾਂ ਕਿ ਬੇਰੁਜ਼ਗਾਰ ਨੌਜਵਾਨਾਂ ਲਈ ਰੁਜ਼ਗਾਰ ਗਰੰਟੀ ਕਾਨੂੰਨ, ਪੁਰਾਣੇ ਮਨਰੇਗਾ ਕਾਨੂੰਨ ਦੀ ਬਹਾਲੀ, ਕਿਸਾਨ-ਮਜ਼ਦੂਰ, ਛੋਟੇ ਕਾਰੋਬਾਰੀਆਂ ਤੇ ਔਰਤਾਂ ਦੇ ਸਮੁੱਚੇ ਕਰਜ਼ ਮੁਆਫੀ ਆਦਿ ਮੰਗਾਂ ਨੂੰ ਲਾਗੂ ਕਰਵਾਇਆ ਜਾ ਸਕੇ।ਇਸ ਮੌਕੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ, ਸਹਾਇਕ ਸਕੱਤਰ ਵੇਦ ਪ੍ਰਕਾਸ਼ ਬੁਢਲਾਡਾ, ਸੀਤਾਰਾਮ ਗੋਬਿੰਦਪੁਰਾ ਸਕੱਤਰ ਬੁਢਲਾਡਾ, ਮਲਕੀਤ ਸਿੰਘ ਮੰਦਰਾਂ, ਸਹਾਇਕ ਸਕੱਤਰ ਜਗਸੀਰ ਸਿੰਘ ਰਾਏਕੇ ਅਤੇ ਚਿਮਨ ਲਾਲ ਕਾਕਾ ਨੇ ਕਿਹਾ ਕਿ ਜ਼ਿਲ੍ਹਾ ਮਾਨਸਾ ਵੱਲੋਂ ਇੱਕ ਹਜ਼ਾਰ ਤੋਂ ਵੱਧ ਸਾਥੀ ਦਿੱਲੀ ਰੈਲੀ ਵਿੱਚ ਸ਼ਾਮਲ ਹੋਣਗੇ।ਇਸ ਮੌਕੇ ਲੱਖਾ ਸਿੰਘ, ਰਾਮ ਸਿੰਘ, ਮਾਸਟਰ ਗੁਰਬਚਨ ਸਿੰਘ, ਹਰਮੀਤ ਸਿੰਘ ਬੋੜਾਵਾਲ, ਗੋਰਾ ਟਾਹਲੀਆਂ, ਗਰੀਬੂ ਸਿੰਘ, ਕਿੱਕਰ ਸਿੰਘ, ਮੱਖਣ ਰੰਘੜਿਆਲ, ਗੁਰਦੀਪ ਸਿੰਘ, ਮਲਕੀਤ ਸਿੰਘ ਬਖ਼ਸ਼ੀਵਾਲਾ, ਸੁਲੱਖਣ ਸਿੰਘ ਕਾਹਨਗੜ੍ਹ ਆਦਿ ਆਗੂਆਂ ਨੇ ਵੱਡੀ ਗਿਣਤੀ ਵਿਚ ਦਿੱਲੀ ਰੈਲੀ ਵਿਚ ਸ਼ਾਮਲ ਹੋਣ ਦਾ ਵਿਸ਼ਵਾਸ ਦਿਵਾਇਆ।

### ਨਿਜ਼ਾਮਪੁਰ ਤੋਂ ਮਹਿਤਾ...

ਬਚਾਓ, ਵਧ ਰਹੀ ਮਹਿੰਗਾਈ ਨੂੰ ਨੱਥ ਪਾਉਣ, ਐੱਮ ਐੱਸ ਪੀ ਤੇ ਖ੍ਰੀਦ ਗਰੰਟੀ ਕਨੂੰਨ ਬਣਾਉਣ, ਚਾਰ ਲੇਬਰ ਕੋਡ ਰੱਦ ਕਰਨ ਅਤੇ ਮਨਰੇਗਾ ਕਨੂੰਨ ਬਹਾਲ ਕਰਨ, ਵਿਦਿਆ ਸਾਰਿਆਂ ਨੂੰ ਇੱਕਸਾਰ ਦੇਣ ਅਤੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਅਤੇ ਔਰਤਾਂ ਨੂੰ ਪਾਰਲੀਮੈਂਟ ਅੰਦਰ 33 ਫੀਸਦੀ ਰਿਜ਼ਰਵੇਸ਼ਨ ਦੇਣ ਦੀ ਮੰਗ ਅਤੇ ਪੰਜਾਬ ਨਾਲ ਵਿਤਕਰਾ ਬੰਦ ਕਰਨ ਅਤੇ ਦਰਿਆਈ ਪਾਣੀਆਂ ਦੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡ ਕਰਨ ਦਾ ਸੁਨੇਹਾ ਦਿੱਤਾ। ਜਥੇ ਨੇ ਪੰਜਾਬ ਅੰਦਰ ਨਸ਼ਿਆਂ ਦੀ ਵਧ ਰਹੀ ਵਰਤੋਂ ਅਤੇ ਅਮਨ-ਕਨੂੰਨ ਦੀ ਹਾਲਤ ਸਬੰਧੀ ਗੰਭੀਰ ਚਿੰਤਾ ਪ੍ਰਗਟ ਕੀਤੀ। ਕੇਂਦਰ ਸਰਕਾਰ ਵੱਲੋਂ ਦਿੱਲੀ ਵਿਖੇ ਅੰਦੋਲਨ ਕਰਨ ਵਾਲੇ ਵਿਦਿਆਰਥੀਆਂ ਉਪਰ ਕੀਤੇ ਪੁਲਸ ਜਬਰ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕੇਂਦਰੀ ਗ੍ਰਹਿ ਮੰਤਰੀ ਦੇ ਅਸਤੀਫੇ ਦੀ ਮੰਗ ਕਰਦਿਆਂ ਵਿਦਿਆਰਥੀਆਂ 'ਤੇ ਦਰਜ ਮੁਕੱਦਮੇ ਵਾਪਸ ਲੈਣ ਦੀ ਮੰਗ ਕੀਤੀ।

ਮਾਰਚ ਵਿੱਚ ਹਰਜੀਤ ਸਿੰਘ, ਅਮਰਜੀਤ ਸਿੰਘ ਨਿਜ਼ਾਮਪੁਰ, ਦਿਲਦਾਰ ਮਸੀਹ, ਤਰਸੇਮ ਸਿੰਘ ਸਾਬਕਾ ਸਰਪੰਚ ਫਤਿਹਪੁਰ, ਕਰਨੈਲ ਸਿੰਘ ਨਵਾਂ ਪਿੰਡ, ਨਿੰਦਰ ਸਿੰਘ ਸੈਦੋਲੇਹਲ, ਸੋਹਣ ਸਿੰਘ ਮੀਰਾਂ ਚੱਕ, ਬਲਵਿੰਦਰ ਸਿੰਘ ਮਾਲੋਵਾਲ, ਭੁਪਿੰਦਰ ਸਿੰਘ ਤੀਰਥਪੁਰਾ, ਬਲਦੇਵ ਸਿੰਘ ਬੱਲੀ, ਬਲਦੇਵ ਸਿੰਘ, ਪਰਮਜੀਤ ਨੰਬਰਦਾਰ, ਹੀਰਾ ਸਿੰਘ, ਗੁਰਜੀਤ ਸਿੰਘ ਨਿਜ਼ਾਮਪੁਰ, ਅਮਰਜੀਤ ਸਿੰਘ ਸਾਬਕਾ ਸਰਪੰਚ ਚਾਟੀਵਿੰਡ, ਗੱਜਣ ਸਿੰਘ ਸਾਧਪੁਰ ਤੇ ਬਾਬਾ ਸੁੱਚਾ ਸਿੰਘ ਚੋਗਾਵਾਂ ਆਦਿ ਹਾਜ਼ਰ ਸਨ।

### ਮੇਰੀ ਸਟੇਜ ਦਾ ...

ਕਰਕੇ ਉਨ੍ਹਾ ਦਾ ਅਪਮਾਨ ਕੀਤਾ ਗਿਆ ਹੈ। ਚੇਅਰਮੈਨ ਸੀ ਪੀ ਰਾਧਾਕ੍ਰਿਸ਼ਨਨ ਨੇ ਨੱਢਾ ਨੂੰ ਖੜਗੇ ਵੱਲੋਂ ਉਠਾਏ ਗਏ ਮਾਮਲੇ ਦਾ ਜਵਾਬ ਦੇਣ ਲਈ ਕਿਹਾ। ਨੱਢਾ ਨੇ ਕਿਹਾ, 'ਇਹ ਬਹੁਤ ਹੀ ਦੁਖਦਾਈ ਘਟਨਾ ਹੈ, ਸਿਰਫ ਕਾਂਗਰਸ ਲਈ ਹੀ ਨਹੀਂ, ਸਗੋਂ ਸਾਰਿਆਂ ਲਈ। ਭਾਜਪਾ ਅਜਿਹੀਆਂ ਗਤੀਵਿਧੀਆਂ ਦੀ ਹਮਾਇਤ ਨਹੀਂ ਕਰਦੀ। ਅਸੀਂ ਇਸ ਦੀ ਜਾਂਚ ਕਰਾਂਗੇ ਅਤੇ ਮੈਂ ਇਸ ਘਟਨਾ ਦੀ ਨਿੰਦਾ ਕਰਦਾ ਹਾਂ।' ਚੇਅਰਮੈਨ ਰਾਧਾਕ੍ਰਿਸ਼ਨਨ ਨੇ ਵੀ ਇਸ ਘਟਨਾ ਦੀ ਨਿੰਦਾ ਕੀਤੀ ਅਤੇ ਸਰਕਾਰ ਨੂੰ ਮਾਮਲੇ ਦੀ ਜਾਂਚ ਕਰਨ ਲਈ ਕਿਹਾ।

### ਪਾਸ਼-ਹੰਸ ਰਾਜ ...

ਅਤੇ ਪੰਚਾਇਤ ਵੱਲੋਂ ਦਿੱਤੀ ਜਗ੍ਹਾ ਉਪਰ ਯਾਦਗਾਰੀ ਕੰਪਲੈਕਸ ਉਸਾਰਿਆ ਗਿਆ, ਜਿਸ ਦੀ ਹੁਣ ਤੱਕ ਦੇਖਭਾਲ ਟਰੱਸਟ ਵਲੋਂ ਕੀਤੀ ਜਾ ਰਹੀ ਹੈ। ਉਹਨਾ ਕਿਹਾ ਕਿ ਪਿਛਲੇ ਢਾਈ ਦਹਾਕਿਆਂ ਤੋਂ ਇਸੇ ਕੰਪਲੈਕਸ ਵਿਖੇ ਸਮਾਗਮ ਹੁੰਦੇ ਹਨ, ਜਿਥੇ ਪੂਰਾ ਨਗਰ ਸਹਿਯੋਗ ਦਿੰਦਾ ਹੈ, ਪਰ ਮੌਜੂਦਾ ਸਰਪੰਚ ਅਤੇ ਉਸ ਦੇ ਕੁਝ ਹਮਾਇਤੀਆਂ ਵੱਲੋਂ ਹੁਣ ਯਾਦਗਾਰ ਦੇ ਤਾਲੇ ਤੋੜ ਕੇ ਅੰਦਰ ਝੂਲੇ ਅਤੇ ਪੀਂਘਾਂ ਪਾਈਆਂ ਗਈਆਂ ਹਨ, ਜੋ ਯਾਦਗਾਰ 'ਤੇ ਕਬਜ਼ਾ ਕਰਨ ਦੀ ਖੋਟੀ ਨੀਅਤ ਹੈ ਅਤੇ ਸ਼ਹੀਦੀ ਯਾਦਗਾਰ ਦੀ ਬੇਹੁਰਮਤੀ ਹੈ।ਬੀਬੀ ਇੰਦਰਜੀਤ ਕੌਰ ਮਾਨ ਵਲੋਂ ਸਾਰਾ ਮਸਲਾ ਸੁਣਨ ਤੋਂ ਬਾਅਦ ਇਸ ਨੂੰ ਯਾਦਗਾਰ ਦੀ ਮਾਣ-ਮਰਿਆਦਾ ਅਨੁਸਾਰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ।

## ਮਾਤਾ ਗੁਜਰੀ ਕਾਲਜ ਦੇ ਬਾਇਓਟੈਕਨਾਲੋਜੀ ਵਿਭਾਗ ਵੱਲੋਂ ਵਿਸ਼ੇਸ਼ ਵਰਕਸ਼ਾਪ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਬਾਇਓਟੈਕਨਾਲੋਜੀ ਵਿਭਾਗ ਵੱਲੋਂ ਬੀ.ਐੱਸ.ਸੀ. ਅਤੇ ਐੱਮ.ਐੱਸ.ਸੀ. ਬਾਇਓਟੈਕਨਾਲੋਜੀ ਦੇ ਵਿਦਿਆਰਥੀਆਂ ਲਈ ਤੁਹਾਡਾ ਮਨ ਮਹੱਤਵਪੂਰਨ ਹੈ: ਮਾਨਸਿਕ ਸਿਹਤ ਨੂੰ ਸਮਝਣਾ, ਸੁਰੱਖਿਅਤ ਰੱਖਣਾ ਅਤੇ ਉਤਸ਼ਾਹਿਤ ਕਰਨਾ ਵਿਸ਼ੇ 'ਤੇ ਵਿਸ਼ੇਸ਼ ਵਰਕਸ਼ਾਪ ਕਰਵਾਈ ਗਈ। ਇਸ ਮੌਕੇ ਕਾਲਜ ਦੇ ਮਨੋਵਿਗਿਆਨ ਵਿਭਾਗ ਦੇ ਮੁਖੀ ਡਾ. ਹਰਦੀਪ ਕੌਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਬਾਇਓਟੈਕਨਾਲੋਜੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਵੀ ਬੇਹੱਦ ਜ਼ਰੂਰੀ ਹੈ।ਡਾ. ਹਰਦੀਪ ਕੌਰ ਨੇ ਵਿਦਿਆਰਥੀਆਂ ਨਾਲ ਮਾਨਸਿਕ ਸਿਹਤ ਨੂੰ ਸਮਝਣ, ਇਸ ਦੀ ਸੰਭਾਲ ਕਰਨ ਅਤੇ ਇਸ ਨੂੰ ਬਿਹਤਰ ਬਣਾਉਣ ਸਬੰਧੀ ਮਹੱਤਵਪੂਰਨ ਸੁਝਾਅ ਅਤੇ ਵਿਹਾਰਕ ਰਣਨੀਤੀਆਂ ਸਾਂਝੀਆਂ ਕੀਤੀਆਂ।ਇਸ ਤੋਂ ਪਹਿਲਾਂ ਪ੍ਰੋਗਰਾਮ ਕੋਆਰਡੀਨੇਟਰ ਪ੍ਰੋ. ਹਰਮਨਜੋਤ ਕੌਰ ਨੇ ਮਾਨਸਿਕ ਸਿਹਤ ਸਬੰਧੀ ਜਾਗਰੂਕਤਾ ਦੀ ਅਹਿਮੀਅਤ 'ਤੇ ਚਾਨਣਾ ਪਾਉਂਦਿਆਂ ਮੁੱਖ ਬੁਲਾਰੇ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ।ਬਾਇਓਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਜਗਦੀਸ਼ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਵਰਕਸ਼ਾਪ ਉਤਸ਼ਾਹਜਨਕ ਮਾਹੌਲ ਵਿੱਚ ਆਯੋਜਿਤ ਕਰਵਾਈ ਗਈ ਜਿਸ ਵਿੱਚ ਵਿਦਿਆਰਥੀਆਂ ਨੇ ਪੂਰੀ ਸਰਗਰਮੀ ਨਾਲ ਭਾਗ ਲੈਂਦਿਆਂ ਮਾਨਸਿਕ ਸਿਹਤ ਨਾਲ ਜੁੜੇ ਵੱਖ-ਵੱਖ ਮਹੱਤਵਪੂਰਨ ਪਹਿਲੂਆਂ ਬਾਰੇ ਵਡਮੁੱਲੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਬਾਇਓਟੈਕਨਾਲੋਜੀ ਵਿਭਾਗ ਦੇ ਫੈਕਲਟੀ ਮੈਂਬਰ ਡਾ. ਸਿੰਮੀ ਗੋਇਲ ਅਤੇ ਡਾ. ਮੋਨਿਕਾ ਸਮੇਤ ਹੋਰ ਪ੍ਰਮੁੱਖ ਅਧਿਆਪਕਾਂ ਨੇ ਸ਼ਿਰਕਤ ਕੀਤੀ।

## ਮੁੱਖ ਖੇਤੀਬਾੜੀ ਅਫਸਰ ਵੱਲੋਂ ਬੇਲਰ ਮਾਲਕਾਂ ਨਾਲ ਮੀਟਿੰਗ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਖੇਤੀਬਾੜੀ ਅਫਸਰ ਡਾ. ਕੁਲਵੰਤ ਸਿੰਘ ਵੱਲੋਂ ਆਪਣੇ ਦਫਤਰ ਵਿਖੇ ਰੈਕ ਬੇਲਰ ਮਾਲਕਾਂ ਮੀਟਿੰਗ ਕੀਤੀ ਗਈ।ਮੀਟਿੰਗ ਵਿਖੇ ਜ਼ਿਲ੍ਹੇ ਦੇ ਲਗਭਗ 27 ਰੈਕ ਬੇਲਰ ਮਾਲਕਾਂ ਨੇ ਭਾਗ ਲਿਆ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਖੇਤੀਬਾੜੀ ਅਫਸਰ ਵੱਲੋਂ ਸਮੂਹ ਰੈਕ ਬੇਲਰ ਮਾਲਕਾਂ ਨੂੰ ਜ਼ਿਲ੍ਹੇ ਦੇ ਅੰਦਰ ਹੀ ਰੈਕ ਬੇਲਰ ਨੂੰ ਚਲਾਉਣ ਤੇ ਜ਼ਿਲ੍ਹੇ ਦੇ ਅੰਦਰ ਹੀ ਕੰਮ ਕਰਨ ਬਾਰੇ ਹਦਾਇਤ ਕੀਤੀ ਗਈ ਤੇ ਸਮੂਹ ਰੈਕ ਬੇਲਰਾਂ ਉੱਪਰ ਜੀਪੀਐੱਸ ਲਗਾਉਣ ਬਾਰੇ ਕਿਹਾ ਗਿਆ। ਰੈਕ ਬੇਲਰ ਮਾਲਕਾਂ ਵੱਲੋਂ ਆਪਣੀਆਂ ਮੁਸ਼ਕਲਾਂ ਬਾਰੇ ਵੀ ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਨੂੰ ਜਾਣੂ ਕਰਵਾਇਆ ਗਿਆ ਤੇ ਪਰਾਲੀ ਦੇ ਰੇਟ ਵਧਾਉਣ ਬਾਰੇ ਪੁਰਜ਼ੋਰ ਮੰਗ ਕੀਤੀ ਗਈ। ਬੇਲਰ ਮਾਲਕਾਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਜ਼ਿਲ੍ਹੇ ਵਿੱਚ ਹੀ ਕੰਮ ਕਰਨਗੇ, ਜਿਸ ਸਬੰਧੀ ਮੁੱਖ ਖੇਤੀਬਾੜੀ ਅਫਸਰ ਵੱਲੋਂ ਕਿਹਾ ਗਿਆ ਕਿ ਉਨ੍ਹਾਂ ਦੀਆ ਸਮੱਸਿਆਵਾਂ ਨੂੰ ਉੱਚ ਅਧਿਕਾਰੀਆਂ ਤੱਕ ਪੁੱਜਦੀਆਂ ਕਰ ਦਿੱਤੀਆਂ ਜਾਣਗੀਆਂ।ਇਸ ਮੀਟਿੰਗ ਵਿੱਚ ਮੈਡਮ ਮਮਤਾ ਲੂਣਾ ਤੇ ਹਰਪ੍ਰੀਤ ਸਿੰਘ, ਜੂਨੀਅਰ ਤਕਨੀਸ਼ੀਅਨ ਹਾਜ਼ਰ ਸਨ।

## ਢਪਾਲੀ ਇਕਾਈ ਦੀ 17 ਮੈਂਬਰੀ ਕਮੇਟੀ ਦੀ ਚੋਣ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬੀਕੇਯੂ ਏਕਤਾ ਡਕੌਂਦਾ ਧਨੇਰ ਨੂੰ ਉਸ ਵੇਲੇ ਹੋਰ ਬਲ ਮਿਲਿਆ, ਜਦੋਂ ਬਲਾਕ ਫੂਲ ਦੀ ਇਕਾਈ ਢਪਾਲੀ ਨਾਲ ਸਬੰਧਤ ਆਗੂਆਂ ਤੇ ਵਰਕਰਾਂ ਨੇ ਬੀਕੇਯੂ ਏਕਤਾ ਡਕੌਂਦਾ ਧਨੇਰ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਹ ਸ਼ਮੂਲੀਅਤ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਨਾਹਰ ਸਿੰਘ ਦੀ ਅਗਵਾਈ ਹੇਠ ਹੋਈ। ਇਸ ਮੌਕੇ ਨਵੇਂ ਸ਼ਾਮਲ ਹੋਏ ਆਗੂਆਂ ਤੇ ਵਰਕਰਾਂ ਨੇ ਕਿਸਾਨੀ ਹੱਕਾਂ, ਕਿਸਾਨੀ ਮਸਲਿਆਂ ਤੇ ਜਥੇਬੰਦਕ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਲਈ ਬੀਕੇਯੂ ਏਕਤਾ ਡਕੌਂਦਾ ਧਨੇਰ ਨਾਲ ਮਿਲ ਕੇ ਕੰਮ ਕਰਨ ਦਾ ਭਰੋਸਾ ਦਿੱਤਾ।ਉਪਰੰਤ ਢਪਾਲੀ ਇਕਾਈ ਦੀ 17 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਜਗਸੀਰ ਸਿੰਘ ਬਹਾਦਰ ਨੂੰ ਪ੍ਰਧਾਨ, ਸੁਖਵੰਤ ਸਿੰਘ ਨੂੰ ਜਨਰਲ ਸਕੱਤਰ, ਰਾਮ ਸਿੰਘ ਨੂੰ ਕੈਸ਼ੀਅਰ, ਮੰਦਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਅਵਤਾਰ ਸਿੰਘ ਨੂੰ ਮੀਤ ਪ੍ਰਧਾਨ ਤੇ ਪਾਲੀ ਸਿੰਘ ਨੂੰ ਪ੍ਰੈੱਸ ਸਕੱਤਰ ਚੁਣਿਆ ਗਿਆ।ਇਸ ਤੋਂ ਇਲਾਵਾ ਕਮੇਟੀ ਮੈਂਬਰਾਂ ਵਜੋਂ ਬੂਟਾ ਸਿੰਘ, ਅਮਰੀਕ ਸਿੰਘ, ਕਰਮਜੀਤ ਸਿੰਘ, ਜੋਗਿੰਦਰ ਸਿੰਘ, ਗੋਰਾ, ਪ੍ਰਦੀਪ ਸਿੰਘ, ਕੌਰ ਸਿੰਘ, ਭਾਗ ਸਿੰਘ, ਸੁਖਦੇਵ ਸਿੰਘ, ਗੁਰਪਿਆਰ ਸਿੰਘ ਤੇ ਸੁਖਦੇਵ ਸਿੰਘ ਲੀਲਾ ਨੂੰ ਸ਼ਾਮਲ ਕੀਤਾ ਗਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਭੋਆ ਹਲਕੇ ਦੇ ਤਿੰਨ ਪਿੰਡਾਂ 'ਚ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੇ ਲੋਕਾਂ ਨੂੰ ਬਿਹਤਰ ਸੜਕੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਹਲਕਾ ਭੋਆ ਦੇ ਪਿੰਡ ਸ਼ਰੀਫ਼ ਚੱਕ,



ਰਹੀਮਪੁਰ ਅਤੇ ਸੁਕਾਲਗੜ੍ਹ ਵਿੱਚ ਕਰੀਬ 1 ਕਰੋੜ 15 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਵੱਖ-ਵੱਖ ਸੜਕਾਂ ਦੇ ਨਿਰਮਾਣ ਕਾਰਜਾਂ ਦਾ ਆਰੰਭ ਕਰਵਾਇਆ ਗਿਆ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਭੋਆ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ। ਅੱਜ ਤਿੰਨ ਪਿੰਡਾਂ ਵਿੱਚ ਲੰਬੇ ਸਮੇਂ ਤੋਂ ਕੱਚੀਆਂ ਪਈਆਂ ਸੜਕਾਂ ਨੂੰ ਪੱਕਾ ਕਰਨ ਦਾ ਕੰਮ ਸ਼ੁਰੂ ਕੀਤਾ ਗਿਆ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਸ਼ਰੀਫ਼ ਚੱਕ ਵਿਖੇ ਕਰੀਬ ਇੱਕ ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਸੇ ਤਰ੍ਹਾਂ ਪਿੰਡ ਰਹੀਮਪੁਰ, ਗ੍ਰਾਮ ਪੰਚਾਇਤ ਸਾਲੋਵਾਲ ਅਤੇ ਗ੍ਰਾਮ ਪੰਚਾਇਤ ਸਮਰਾਲਾ ਅਧੀਨ ਗੁੱਜਰ ਭਾਈਚਾਰੇ ਦੇ ਡੇਰਿਆਂ ਦੀ ਆਬਾਦੀ ਨੂੰ ਜੋੜਨ ਵਾਲੇ ਕਰੀਬ ਸਾਢੇ ਤਿੰਨ ਕਿਲੋਮੀਟਰ ਲੰਬੇ ਰਸਤੇ ਦੇ ਨਿਰਮਾਣ ਕਾਰਜ ਵੀ ਸ਼ੁਰੂ ਕਰਵਾਏ ਗਏ ਹਨ। ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਲਕਾ ਭੋਆ ਦੀਆਂ ਕਰੀਬ 20 ਸੜਕਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਸੰਬੰਧਤ ਠੇਕੇਦਾਰਾਂ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕਾਂ ਦੇ ਨਿਰਮਾਣ ਵਿੱਚ ਗੁਣਵੱਤਾ ਨਾਲ ਕਿਸੇ ਵੀ ਕਿਸਮ ਦਾ ਸਮਝੌਤਾ ਨਾ ਕੀਤਾ ਜਾਵੇ ਅਤੇ ਲੋਕਾਂ ਦੇ ਪੈਸੇ ਦੀ ਪੂਰੀ ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਵਰਤੋਂ ਯਕੀਨੀ ਬਣਾਈ ਜਾਵੇ। ਕੈਬਨਿਟ ਮੰਤਰੀ ਨੇ ਇਸ ਮੌਕੇ ਸ਼ਰੀਫ਼ ਚੱਕ, ਰਹੀਮਪੁਰ, ਸਾਲੋਵਾਲ, ਸਮਰਾਲਾ ਅਤੇ ਸੁਕਾਲਗੜ੍ਹ ਸਮੇਤ ਸੰਬੰਧਤ ਪਿੰਡਾਂ ਦੇ ਵਸਨੀਕਾਂ ਨੂੰ ਵਿਕਾਸ ਕਾਰਜ ਸ਼ੁਰੂ ਹੋਣ 'ਤੇ ਵਧਾਈ ਦਿੱਤੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਮੰਗਲ ਦਾਸ ਬਲਾਕ ਪ੍ਰਧਾਨ, ਚੰਦਨ ਕੁਮਾਰ ਇੰਚਾਰਜ ਸ਼ਰੀਫ਼ ਚੱਕ, ਰੋਹਿਤ ਸੈਣੀ ਸਰਪੰਚ ਸ਼ਰੀਫ਼ ਚੱਕ, ਸਰੂਪ ਲਾਲ ਮੈਂਬਰ ਪੰਚਾਇਤ, ਜਤਿੰਦਰ ਕੁਮਾਰ, ਰਵਿੰਦਰ ਕੁਮਾਰ, ਰਾਹੁਲ ਕੁਮਾਰ, ਸਰਪੰਚ ਬੱਬੂ ਸਮਰਾਲਾ, ਸਰਪੰਚ ਸੁਕਾਲਗੜ੍ਹ ਪੂਜਾ ਦੇਵੀ, ਲਾਡੀ ਸੁਕਾਲਗੜ੍ਹ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਵੀ ਹਾਜ਼ਰ ਸਨ।

# ਭਾਰਤੀ ਕਮਿਊਨਿਸਟ ਪਾਰਟੀ ਦਾ ਜਥਾ ਮਾਰਚ ਖੁਜਾਲਾ ਤੇ ਹੋਰ ਥਾਵਾਂ 'ਤੇ ਪੁੱਜਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ (ਦਿਹਾਤੀ ) ਵੱਲੋਂ 1 ਸਤੰਬਰ ਨੂੰ ਨਵੀਂ ਦਿੱਲੀ ਵਿਖੇ ਕੀਤੀ ਜਾ ਰਹੀ ਰੈਲੀ ਬਦਲਾਵ ਜ਼ਰੂਰੀ ਹੈ ਨੂੰ ਕਾਮਯਾਬ ਕਰਨ ਵਾਸਤੇ ਪਿੰਡ ਨਿਜ਼ਾਮਪੁਰ ਤੋਂ ਜਥਾ ਮਾਰਚ ਸ਼ੁਰੂ ਕੀਤਾ ਗਿਆ। ਇਸ ਜਥੇ ਮਾਰਚ ਦੀ ਅਗਵਾਈ ਜਿਲਾ ਸਕੱਤਰ ਲੱਖਬੀਰ ਸਿੰਘ ਨਿਜਾਮਪੁਰ, ਗੁਰਮੁਖ ਸਿੰਘ ਸ਼ੇਰਗਿੱਲ, ਮੰਗਲ ਸਿੰਘ ਖੁਜਾਲਾ ਕਰ



ਰਹੇ ਹਨ। ਇਹ ਜਥਾ ਮਾਰਚ ਪਿੰਡ ਨਿਜਾਮਪੁਰ ਤੋਂ ਸ਼ੁਰੂ ਹੋ ਕੇ ਫਤਿਹਪੁਰ ਰਾਜਪੂਤਾਂ, ਨਵਾਂ ਪਿੰਡ, ਖੁਜਾਲਾ, ਨਾਥ ਦੀ ਖੂਹੀ ਅਤੇ ਮਹਿਤਾ ਚੌਂਕ ਵਿਖੇ ਪੁੱਜਾ ਤੇ ਲੋਕਾਂ ਨੂੰ ਸੰਬੋਧਨ ਕਰਦਿਆਂ ਦਿੱਲੀ ਰੈਲੀ ਦੀ ਮਹੱਤਤਾ ਬਾਰੇ ਦੱਸਿਆ।

ਬੁਲਾਰਿਆਂ ਵੱਲੋਂ ਪਾਰਟੀ ਦਾ ਸੁਨੇਹਾ ਸੰਵਿਧਾਨ ਬਚਾਓ, ਦੇਸ਼ ਬਚਾਓ, ਵਧ ਰਹੀ ਮਹਿੰਗਾਈ ਨੂੰ ਨੱਥ ਪਾਉਣ, ਐਮ ਐਸ ਪੀ ਤੇ ਖ੍ਰੀਦ ਗਰੰਟੀ ਕਨੂੰਨ ਬਣਾਉਣ, ਚਾਰ ਲੇਬਰ ਕੋਡ ਰੱਦ ਕਰਨ ਅਤੇ ਮਨਰੇਗਾ ਕਨੂੰਨ ਬਹਾਲ ਕਰਨ, ਵਿੱਦਿਆ ਸਾਰਿਆਂ ਨੂੰ ਇੱਕਸਾਰ ਦੇਣ ਅਤੇ ਬੇਰੁਜ਼ਗਾਰਾਂ ਨੂੰ ਰੁਜਗਾਰ ਦੇਣ ਅਤੇ ਔਰਤਾਂ ਨੂੰ ਪਾਰਲੀਮੈਂਟ ਅੰਦਰ 33 % ਰਿਜ਼ਰਵੇਸ਼ਨ ਦੇਣ ਦੀ ਮੰਗ ਅਤੇ ਪੰਜਾਬ ਨਾਲ ਵਿਤਕਰਾ ਬੰਦ ਕਰਨ ਅਤੇ ਦਰਿਆਈ ਪਾਣੀਆਂ ਦੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡ ਕਰਨ ਦਾ ਸੁਨੇਹਾ ਦਿੱਤਾ। ਜਥੇ ਨੇ ਪੰਜਾਬ ਅੰਦਰ ਨਸ਼ਿਆਂ ਦੀ ਵਧ ਰਹੀ ਵਰਤੋਂ ਅਤੇ ਅਮਨ ਕਨੂੰਨ ਦੀ ਹਾਲਾਤ ਸਬੰਧੀ ਗੰਭੀਰ ਚਿੰਤਾ ਪ੍ਰਗਟ ਕੀਤੀ। ਉਥੇ ਕੇਂਦਰ ਸਰਕਾਰ ਵੱਲੋਂ ਦਿੱਲੀ ਵਿਖੇ ਅੰਦੋਲਨ ਕਰਨ ਵਾਲੇ ਵਿਦਿਆਰਥੀਆਂ ਉੱਪਰ ਕੀਤੇ ਪੁਲਸ ਜਬਰ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕੇਂਦਰੀ ਗ੍ਰਹਿ ਮੰਤਰੀ ਦੇ ਅਸਤੀਫੇ ਦੀ ਮੰਗ ਕਰਦਿਆਂ ਵਿਦਿਆਰਥੀਆਂ ਤੇ ਦਰਜ ਮਕੱਦਮੇ ਵਾਪਸ ਲੈਣ ਦੀ ਮੰਗ ਕੀਤੀ।

ਮਾਰਚ ਵਿੱਚ ਹਰਜੀਤ ਸਿੰਘ, ਅਮਰਜੀਤ ਸਿੰਘ ਨਿਜਾਮਪੁਰ, ਦਿਲਦਾਰ ਮਸੀਹ, ਤਰਸੇਮ ਸਿੰਘ ਸਾਬਕਾ ਸਰਪੰਚ ਫਤਿਹਪੁਰ, ਕਰਨੈਲ ਸਿੰਘ ਨਵਾਂ ਪਿੰਡ, ਨਿੰਦਰ ਸਿੰਘ ਸੈਦੋਲੇਲ, ਸੋਹਣ ਸਿੰਘ ਮੀਰਾਂ ਚੱਕ, ਬਲਵਿੰਦਰ ਸਿੰਘ ਮਾਲੋਵਾਲ, ਭੁਪਿੰਦਰ ਸਿੰਘ ਤੀਰਥਪੁਰਾ, ਬਲਦੇਵ ਸਿੰਘ ਬੱਲੀ, ਬਲਦੇਵ ਸਿੰਘ, ਪਰਮਜੀਤ ਨੰਬਰਦਾਰ, ਹੀਰਾ ਸਿੰਘ, ਗੁਰਜੀਤ ਸਿੰਘ ਨਿਜਾਮਪੁਰ, ਅਮਰਜੀਤ ਸਿੰਘ ਸਾਬਕਾ ਸਰਪੰਚ ਚਾਟੀਵਿੰਡ, ਗੱਜਣ ਸਿੰਘ ਸਾਧਪੁਰ, ਬਾਬਾ ਸੁੱਚਾ ਸਿੰਘ ਚੋਗਾਵਾਂ ਆਦਿ ਹਾਜ਼ਰ ਸਨ।

# ਗੁਰੂ ਤੇਗ ਬਹਾਦਰ ਵੂਮੈਨ ਕਾਲਜ ਵਿਖੇ ਉਦਯਮਿਤਾ ਜਾਗਰੂਕਤਾ ਪ੍ਰੋਗਰਾਮ ਕਰਵਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਵਿਖੇ ਸੌਰਿਸ਼ ਚਾਵਲਾ ਫਾਊਂਡੇਸ਼ਨ ਵੱਲੋਂ ਵਿਦਿਆਰਥਣਾਂ ਨੂੰ ਉਦਯਮਿਤਾ ਅਤੇ ਵਿੱਤੀ ਜਾਗਰੂਕਤਾ ਸੰਬੰਧੀ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਉਦਯਮਿਤਾ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਲਕਸ਼ਮੀ ਮਲਹੋਤਰਾ ਦੇ ਸਹਿਯੋਗ ਨਾਲ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਉਕਤ ਫਾਊਂਡੇਸ਼ਨ ਤੋਂ



ਸੰਸਥਾਪਕ ਅਤੇ ਚੇਅਰਮੈਨ ਡਾ. ਗੌਰਵ ਚਾਵਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰਿੰ: ਡਾ. ਮਲਹੋਤਰਾ ਨੇ ਡਾ. ਚਾਵਲਾ ਦਾ ਸਵਾਗਤ ਕਰਨ ਉਪਰੰਤ ਕਿਹਾ ਕਿ ਪ੍ਰੋਗਰਾਮ ਦਾ ਮਕਸਦ ਨੌਜਵਾਨਾਂ ਨੂੰ 'ਸਿਰਫ਼ ਨੌਕਰੀ ਲੱਭਣ ਵਾਲੇ ਨਹੀਂ, ਸਗੋਂ ਨੌਕਰੀਆਂ ਪੈਦਾ ਕਰਨ ਵਾਲੇ ਬਣੋ' ਦੇ ਵਿਚਾਰ ਨਾਲ ਪ੍ਰੇਰਿਤ ਕਰਨਾ ਸੀ। ਇਸ ਪ੍ਰੋਗਰਾਮ ਦੀ ਅਗਵਾਈ ਕਰਦਿਆਂ ਡਾ. ਚਾਵਲਾ ਨੇ ਮੌਕਿਆਂ ਦੀ ਪਛਾਣ ਕਰਨ, ਬਾਜ਼ਾਰ ਦੀਆਂ ਲੋੜਾਂ ਤੇ ਟਾਰਗੇਟ ਦਰਸ਼ਕਾਂ ਨੂੰ ਸਮਝਣ ਅਤੇ ਨਵੇਂ ਵਿਚਾਰਾਂ ਨੂੰ ਟਿਕਾਊ ਕਾਰੋਬਾਰੀ ਉੱਦਮਾਂ 'ਚ ਤਬਦੀਲ ਕਰਨ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ। ਪ੍ਰੋਗਰਾਮ ਦੌਰਾਨ ਗਲਤ ਤਰੀਕੇ ਨਾਲ ਵਿੱਤੀ ਉਤਪਾਦ ਜਾਂ ਸੇਵਾਵਾਂ ਵੇਚਣ ਅਤੇ ਗੁੰਮਰਾਹਕੁੰਨ ਵਿੱਤੀ ਸੇਵਾਵਾਂ ਸਬੰਧੀ ਜਾਗਰੂਕਤਾ ਪੈਦਾ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਵਿਦਿਆਰਥਣਾਂ ਨੂੰ ਵਿੱਤੀ ਮਾਮਲਿਆਂ 'ਚ ਕਿਸੇ ਵੀ ਫੈਸਲੇ ਤੋਂ ਪਹਿਲਾਂ ਜਾਣਕਾਰੀ ਦੀ ਪੜਤਾਲ ਕਰਨ ਅਤੇ ਸੋਚ-ਸਮਝ ਕੇ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸ: ਸ਼ਮਸ਼ੇਰ ਸਿੰਘ, ਤਜਰਬੇਕਾਰ ਬੀ. ਐਫ਼. ਐੱਸ. ਆਈ. ਪੇਸ਼ੇਵਰ ਅਤੇ ਸੀ. ਐੱਨ. ਬੀ. ਸੀ. ਟੀ. ਵੀ. ਏ. ਐੱਚ. ਐਵਾਰਡ ਜੇਤੂ ਨੇ ਵਿੱਤੀ ਸੇਵਾਵਾਂ ਦੇ ਖੇਤਰ 'ਚ ਆਪਣੇ ਤਜਰਬੇ ਦੇ ਆਧਾਰ 'ਤੇ ਵਿਦਿਆਰਥਣਾਂ ਨਾਲ ਮਹੱਤਵਪੂਰਨ ਵਿਹਾਰਕ ਜਾਣਕਾਰੀ ਸਾਂਝੀ ਕੀਤੀ। ਪ੍ਰਿੰ: ਡਾ. ਮਲਹੋਤਰਾ ਨੇ ਵਿਦਿਆਰਥਣਾਂ ਨੂੰ ਨਵੀਨਤਾ ਅਤੇ ਉਦਯਮਿਤਾ ਨੂੰ ਆਪਣੇ ਕਰੀਅਰ ਦਾ ਹਿੱਸਾ ਬਣਾਉਣ ਲਈ ਉਤਸ਼ਾਹਿਤ ਕੀਤਾ।

# ਖ਼ਾਲਸਾ ਕਾਲਜ ਵਿਖੇ 'ਪਸ਼ੂਧਨ ਦੀ ਰਹਿੰਦ-ਖੂੰਹਦ ਤੋਂ ਆਮਦਨ' ਵਿਸ਼ੇ 'ਤੇ ਰਾਸ਼ਟਰੀ ਵਰਕਸ਼ਾਪ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਿਜ਼ ਵੱਲੋਂ ਇੰਡੀਅਨ ਮੀਟ ਸਾਇੰਸ ਐਸੋਸੀਏਸ਼ਨ (ਆਈ. ਐੱਮ. ਐੱਸ. ਏ.), ਹੈਦਰਾਬਾਦ ਅਤੇ ਆਈ.



ਸੀ. ਏ. ਆਰ.-ਨੈਸ਼ਨਲ ਮੀਟ ਰਿਸਰਚ ਇੰਸਟੀਚਿਊਟ (ਆਈ. ਸੀ. ਏ. ਆਰ.-ਐੱਨ. ਐੱਮ. ਆਰ. ਆਈ.), ਹੈਦਰਾਬਾਦ ਦੇ ਸਹਿਯੋਗ ਨਾਲ 'ਵੈਲਥ ਫ਼ਰਾਮ ਲਾਈਵਸਟਾਕ ਵੇਸਟ' (ਪਸ਼ੂਧਨ ਦੀ ਰਹਿੰਦ-ਖੂੰਹਦ ਤੋਂ ਆਮਦਨ) ਵਿਸ਼ੇ 'ਤੇ ਇਕ ਰੋਜ਼ਾ ਰਾਸ਼ਟਰੀ ਵਰਕਸ਼ਾਪ ਕਰਵਾਈ ਗਈ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਜੁਆਇੰਟ ਸਕੱਤਰ (ਫ਼ਾਰਮਜ਼ ਐਂਡ ਐਨੀਮਲ ਹਸਬੈਂਡਰੀ) ਰਾਜਬੀਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਰਾਜਬੀਰ ਸਿੰਘ ਨੇ ਟਿਕਾਊ ਪਸ਼ੂਧਨ ਉਤਪਾਦਨ ਨੂੰ ਉਤਸ਼ਾਹਿਤ ਕਰਨ ਲਈ ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੁਆਰਾ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ 'ਪਾਣੀ, ਹਵਾ ਅਤੇ ਮਿੱਟੀ' ਨੂੰ ਬਚਾਉਣ ਦਾ ਸਹੀ ਸਮਾਂ ਹੈ, ਕਿਉਂਕਿ ਧਰਤੀ ਹੇਠਲਾ ਪਾਣੀ ਦਿਨੋਂ-ਦਿਨ ਹੇਠਾਂ ਜਾ ਰਿਹਾ ਹੈ, ਹਵਾ ਪ੍ਰਦੂਸ਼ਿਤ ਹੋ ਰਹੀ ਹੈ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਤ ਹੋਈ ਹੈ। ਉਨ੍ਹਾਂ ਕਿਹਾ ਕਿ ਪਸ਼ੂਆਂ ਲਈ ਵਰਤਿਆ ਜਾਣ ਵਾਲਾ ਚਾਰਾ ਵੀ ਕਈ ਥਾਵਾਂ 'ਤੇ ਮਿਆਰੀ ਨਹੀਂ ਹੈ ਅਤੇ ਕਿਸਾਨਾਂ ਵੱਲੋਂ ਵਿਗਿਆਨਕ ਪ੍ਰਬੰਧਨ ਤਰੀਕੇ ਆਮ ਤੌਰ 'ਤੇ ਨਹੀਂ ਅਪਣਾਏ ਜਾ ਰਹੇ। ਇਸ ਲਈ ਕੁਦਰਤੀ ਖੇਤੀ, ਜੈਵਿਕ ਖੇਤੀ ਅਤੇ ਰਸਾਇਣ ਮੁਕਤ ਖੇਤੀ ਵੱਲ ਧਿਆਨ ਦੇਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਭਗਤ ਪੂਰਨ ਸਿੰਘ ਦੀ ਵਿਚਾਰਧਾਰਾ ਤੋਂ ਪ੍ਰੇਰਿਤ ਇਕ ਮਾਡਲ ਪਿੰਡ ਧੀਰੇਕੋਟ, ਨੇੜੇ ਜੰਡਿਆਲਾ, ਅੰਮ੍ਰਿਤਸਰ ਵਿਖੇ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਤਕਨੀਕੀ ਸੈਸ਼ਨਾਂ ਦੌਰਾਨ ਦੇਸ਼ ਦੀਆਂ ਪ੍ਰਮੁੱਖ ਸੰਸਥਾਵਾਂ ਨਾਲ ਸਬੰਧਿਤ ਮਾਹਿਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਡਾ. ਐੱਸ. ਕੇ. ਨਾਗਪਾਲ ਨੇ ਕਿਹਾ ਕਿ ਵਰਕਸ਼ਾਪ ਨੇ ਇਹ ਸਪੱਸ਼ਟ ਕੀਤਾ ਹੈ ਕਿ ਪਸ਼ੂਧਨ ਦੀ ਰਹਿੰਦ-ਖੂੰਹਦ ਨੂੰ ਹੁਣ ਵਾਤਾਵਰਣ ਲਈ ਬੋਝ ਸਮਝਣ ਦੀ ਬਜਾਏ ਇਕ ਕੀਮਤੀ ਜੈਵਿਕ ਸਰੋਤ ਵਜੋਂ ਦੇਖਣ ਦੀ ਲੋੜ ਹੈ। ਉਪਰੰਤ ਕਾਲਜ ਦੇ ਐੱਲ. ਪੀ. ਟੀ. ਤੋਂ ਸਹਾਇਕ ਪ੍ਰੋਫੈਸਰ ਡਾ. ਦੀਪਕ ਮਹਾਜਨ ਨੇ ਧੰਨਵਾਦ ਪੇਸ਼ ਕੀਤਾ। ਜਦਕਿ ਵਰਕਸ਼ਾਪ ਦੇ ਵਿਸ਼ੇ ਸਬੰਧੀ ਆਯੋਜਨ ਸਕੱਤਰ ਅਤੇ ਕਾਲਜ ਐੱਲ. ਪੀ. ਟੀ. ਵਿਭਾਗ ਦੇ ਮੁਖੀ ਡਾ. ਵੀ. ਵੀ. ਕੁਲਕਰਨੀ ਵੱਲੋਂ ਦਿੱਤੀ ਗਈ। ਇਸ ਮੌਕੇ ਆਈ. ਐੱਮ. ਐੱਸ. ਏ. ਦੇ ਪ੍ਰਧਾਨ ਡਾ. ਪੀ. ਕੇ. ਮੰਡਲ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸ: ਰਾਜਬੀਰ ਸਿੰਘ ਨੇ ਪ੍ਰਿੰ: ਡਾ. ਵਰਮਾ ਨਾਲ ਮਿਲ ਕੇ ਕੰਪੈਂਡੀਅਮ ਅਤੇ ਕਾਲਜ ਨਿਊਜ਼ਲੈਟਰ ਦੇ ਨਵੇਂ ਅੰਕ ਨੂੰ ਵੀ ਜਾਰੀ ਕੀਤਾ।

# ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਕਾਮਰਸ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਗਿਆਨ, ਹੁਨਰ ਅਤੇ ਪੇਸ਼ੇਵਰ ਯੋਗਤਾਵਾਂ ਨੂੰ



ਨਿਖਾਰਨ ਦੇ ਮਕਸਦ ਨਾਲ ਅਕਾਦਮਿਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਦੀ ਇੱਕ ਵਿਸ਼ੇਸ਼ ਲੜੀ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਗਤੀਵਿਧੀਆਂ 6 ਅਗਸਤ ਤੋਂ ਸ਼ੁਰੂ ਹੋਈਆਂ, ਜਿਨ੍ਹਾਂ ਵਿੱਚ ਟੀਮ ਭਾਵਨਾ ਵਧਾਉਣ ਲਈ ਕਵਿਜ਼ ਮੁਕਾਬਲੇ, ਰਚਨਾਤਮਕ ਸੁਝ ਲਈ ਪੋਸਟਰ ਮੇਕਿੰਗ ਅਤੇ ਵਾਤਾਵਰਨ ਬਚਾਓ ਦਾ ਸੰਦੇਸ਼ ਦੇਣ ਲਈ ਰੰਗੋਲੀ ਮੁਕਾਬਲੇ ਕਰਵਾਏ ਗਏ। ਇਸ ਤੋਂ ਬਾਅਦ 8 ਅਗਸਤ ਨੂੰ ਸਹਾਇਕ ਪ੍ਰੋ. ਲਵਪ੍ਰੀਤ ਨੇਗੀ ਵੱਲੋਂ ਨਵੀਨਤਾ, ਉੱਦਮੀਕਰਨ ਅਤੇ ਕਰੀਅਰ ਵਜੋਂ ਸਟਾਰਟਅੱਪ ਵਿਸ਼ੇ 'ਤੇ ਮਾਹਰ ਭਾਸ਼ਣ ਦਿੱਤਾ ਗਿਆ, ਜਿਸ ਨੇ ਵਿਦਿਆਰਥੀਆਂ ਨੂੰ ਸਵੈ-ਰੋਜ਼ਗਾਰ ਵੱਲ ਪ੍ਰੇਰਿਤ ਕੀਤਾ। ਲੜੀ ਨੂੰ ਅੱਗੇ ਵਧਾਉਂਦਿਆਂ 11 ਅਗਸਤ ਨੂੰ ਕਾਰਪੋਰੇਟ ਖੇਤਰ ਦੇ ਮੌਜੂਦਾ ਰੁਝਾਨਾਂ ਅਤੇ ਉਦਯੋਗਿਕ ਅਭਿਆਸਾਂ 'ਤੇ ਚਰਚਾ ਕੀਤੀ ਗਈ, ਜਦਕਿ 12 ਅਗਸਤ ਨੂੰ ਲਾਇਬ੍ਰੇਰੀਅਨ ਵੱਲੋਂ ਵਿਦਿਆਰਥੀਆਂ ਵਿੱਚ ਕਿਤਾਬਾਂ ਪੜ੍ਹਨ ਦੀ ਆਦਤ ਪਾਉਣ ਅਤੇ ਲਾਇਬ੍ਰੇਰੀ ਸਰੋਤਾਂ ਦੀ ਸਹੀ ਵਰਤੋਂ ਸਮਝਾਉਣ ਲਈ ਇੱਕ ਜਾਗਰੂਕਤਾ ਸੈਸ਼ਨ ਚਲਾਇਆ ਗਿਆ। ਅਗਲੇ ਪੜਾਅ ਵਜੋਂ ਦਿਨਾਂ ਵਿੱਚ, ਵਿਸ਼ਵ ਫੋਟੋਗ੍ਰਾਫੀ ਦਿਵਸ ਦੇ ਮੌਕੇ 'ਤੇ 19 ਅਗਸਤ ਨੂੰ ਡਿਜੀਟਲ ਮਾਰਕੀਟਿੰਗ ਅਤੇ ਬ੍ਰਾਂਡਿੰਗ 'ਚ ਵਿਜ਼ੂਅਲ ਸਮੱਗਰੀ ਦੀ ਭੂਮਿਕਾ 'ਤੇ ਮਾਹਰ ਭਾਸ਼ਣ ਹੋਵੇਗਾ ਅਤੇ 20 ਅਗਸਤ ਨੂੰ ਸਦਭਾਵਨਾ ਦਿਵਸ ਮੌਕੇ ਕਾਰੋਬਾਰ ਵਿੱਚ ਮੁਨਾਫ਼ਾ ਬਨਾਮ ਨੈਤਿਕਤਾ ਵਿਸ਼ੇ 'ਤੇ ਬਹਿਸ ਮੁਕਾਬਲਾ ਕਰਵਾਇਆ ਜਾਵੇਗਾ।

# ਇੰਟਰ ਜ਼ੋਨਲ ਧਾਰਮਿਕ ਮੁਕਾਬਲੇ ਅੱਜ ਤੋਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖ ਮਿਸ਼ਨਰੀ ਕਾਲਜ ਰਜਿ. ਲੁਧਿਆਣਾ ਵੱਲੋਂ ਧਰਮ ਪ੍ਰਚਾਰ ਲਈ ਨਵੇਂ ਪ੍ਰਚਾਰਕ ਤਿਆਰ ਕਰਨ ਲਈ ਹਰ ਸਾਲ ਧਾਰਮਿਕ ਮੁਕਾਬਲੇ ਕਰਵਾਏ ਜਾਂਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਅਵਤਾਰ ਸਿੰਘ ਜ਼ੋਨਲ ਆਰਗੇਨਾਈਜ਼ਰ ਜ਼ੋਨ ਹੁਸ਼ਿਆਰਪੁਰ ਵੱਲੋਂ ਦੱਸਿਆ ਗਿਆ ਕਿ 14 ਅਗਸਤ ਤੋਂ 16 ਅਗਸਤ ਤੱਕ ਧਾਰਮਿਕ ਮੁਕਾਬਲੇ ਗੁਰਦੁਆਰਾ ਸਿੰਘ ਸਭਾ ਮਿਸ਼ਨਰੀ ਕਾਲਜ, ਸੈਕਟਰ 39, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ ਵਿਖੇ ਹੋਣਗੇ ਜਿਸ ਵਿੱਚ ਅੰਮ੍ਰਿਤਸਰ, ਕਪੂਰਥਲਾ, ਮੋਗਾ, ਫਤਿਹਗੜ੍ਹ ਸਾਹਿਬ, ਲੁਧਿਆਣਾ, ਫਿਰੋਜ਼ਪੁਰ, ਰੋਪੜ, ਮਾਨਸਾ, ਬਠਿੰਡਾ, ਬਰਨਾਲਾ, ਜਲੰਧਰ, ਹੁਸ਼ਿਆਰਪੁਰ, ਸੰਗਰੂਰ, ਪਟਿਆਲਾ, ਚੰਡੀਗੜ੍ਹ, ਦੇਹਰਾਦੂਨ ਤੋਂ ਇਲਾਵਾ ਹਰਿਆਣਾ, ਜੰਮੂ ਅਤੇ ਕਸ਼ਮੀਰ ਜ਼ੋਨ ਵਿਚਕਾਰ ਕੀਰਤਨ, ਸ਼ਬਦ ਵਿਚਾਰ, ਕਵਿਤਾ, ਕਵੀਸ਼ਰੀ, ਲੈਕਚਰ ਅਤੇ ਵਾਰਤਾਲਾਪ ਦੇ ਇੰਟਰ ਜੋਨਲ ਧਾਰਮਿਕ ਮੁਕਾਬਲੇ ਹੋਣਗੇ। ਇਨ੍ਹਾਂ ਧਾਰਮਿਕ ਮੁਕਾਬਲਿਆਂ ਵਿਚ ਭਾਗ ਲੈਣ ਲਈ ਹੁਸ਼ਿਆਰਪੁਰ ਤੋਂ ਭਾਗੀਦਾਰ ਪਹੁੰਚ ਰਹੇ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਭਾਗੀਦਾਰ ਜੰਮੂ ਵਿੱਚ ਹੋਣ ਵਾਲੇ ਕੇਂਦਰੀ ਸਮਾਗਮ ਵਿਚ ਹਿੱਸਾ ਲੈਣਗੇ।

# ਡਾ. ਇੰਦਰਪਾਲ ਨੇ ਜਗਰਾਤੇ 'ਚ ਭਰੀ ਹਾਜ਼ਰੀ



**ਛੇਹਰਟਾ, (ਮਨੋਜ ਕੁਮਾਰ)**- ਵੈਸ਼ਨੋ ਸੇਵਕ ਸਭਾ ਢੋਲੀ ਮੁਹੱਲਾ, ਸੁਲਤਾਨ ਵਿੰਡ ਗੇਟ ਵਿਚ 72ਵਾਂ ਸਾਲਾਨਾ ਜਗਰਾਤਾ ਦੇਵਾ ਬਿਮਲਾ ਤੇ ਰਾਜਨ ਦੀ ਅਗਵਾਈ ਹੇਠ ਕਰਵਾਇਆ ਗਿਆ। ਆਮ ਆਦਮੀ ਪਾਰਟੀ ਐੱਸ ਸੀ ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ ਤੇ ਵਿਸ਼ੇ ਕੰਡਾਰਾ ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਮਾਤਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਜਗਰਾਤਾ ਕਮੇਟੀ ਵੱਲੋਂ ਦੋਹਾਂ ਆਗੂਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਰਾਜੂ ਪ੍ਰਧਾਨ, ਰੋਹਿਤ, ਰਾਹੁਲ, ਕਾਲੂ ਤੇ ਮੁਹੱਲਾ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਵਿਦਿਆਰਥੀਆਂ ਲਈ ਕੌਂਸਲਿੰਗ ਸੈਸ਼ਨ

**ਭਲਲ (ਹਰਜਿੰਦਰ ਸਿੰਘ ਲੱਲ)**- ਹਾਵਰਡ ਲੇਨ ਸੀਨੀਅਰ ਸਕੂਲ, ਠੱਠਾ ਨੇ ਬੁੱਧਵਾਰ ਆਪਣੇ ਵਿਦਿਆਰਥੀਆਂ ਲਈ ਵੱਖ- ਵੱਖ ਪ੍ਰਵੇਸ਼ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਬਾਰੇ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਇੱਕ ਕਰੀਅਰ ਕੌਂਸਲਿੰਗ ਸੈਸ਼ਨ



ਦਾ ਆਯੋਜਨ ਕੀਤਾ।ਇਸ ਸੈਸ਼ਨ ਦਾ ਸੰਚਾਲਨ ਡੀ ਡੀ ਅਕੈਡਮੀ ਦੇ ਕੇਸਰ ਸਿੰਘ ਦੁਆਰਾ ਕੀਤਾ ਗਿਆ, ਜੋ ਕਿ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਆਪਣੀ ਮੁਹਾਰਤ ਅਤੇ ਸਫਲਤਾ ਲਈ ਪੰਜਾਬ ਵਿੱਚ ਇੱਕ ਮਸ਼ਹੂਰ ਸ਼ਖ਼ਸੀਅਤ ਸਨ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਆਉਣ ਵਾਲੇ ਮੌਕਿਆਂ, ਦਾਖਲੇ ਬਾਰੇ ਜਾਗਰੂਕ ਕਰਨਾ ਅਤੇ ਪ੍ਰੇਰਿਤ ਕਰਨਾ ਸੀ।ਸਕੂਲ ਦੇ ਪ੍ਰਿੰਸੀਪਲ ਅਤੇ ਮੈਨੇਜਮੈਂਟ ਵੱਲੋਂ ਆਏ ਹੋਏ ਮਹਿਮਾਨਾਂ ਦਾ ਭਰਪੂਰ ਸਵਾਗਤ ਕੀਤਾ ਗਿਆ। ਉਹਨਾਂ ਦੱਸੇ ਹੋਏ ਰਸਤਿਆਂ ਉੱਤੇ ਬੱਚਿਆਂ ਨੂੰ ਤੁਰਨ ਲਈ ਪ੍ਰੇਰਿਤ ਕੀਤਾ ਗਿਆ।

# ਸਰਕਾਰੀ ਹਾਈ ਸਕੂਲ ਝੰਜੋਟੀ ਦੇ ਖਿਡਾਰੀਆਂ ਜ਼ੋਨਲ ਟੂਰਨਾਮੈਂਟਾਂ 'ਚ ਮਾਰੀਆਂ ਮੱਲਾਂ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸਰਕਾਰੀ ਹਾਈ ਸਕੂਲ ਝੰਜੋਟੀ ਦੇ ਖਿਡਾਰੀਆਂ ਵੱਲੋਂ 71ਵੀਆਂ ਸਿੱਖਿਆ ਵਿਭਾਗ ਪੰਜਾਬ ਦੀਆਂ ਜ਼ੋਨਲ ਖੇਡਾਂ ਵਿੱਚ ਵੱਖ-ਵੱਖ ਖੇਡਾਂ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੁਜ਼ੀਸ਼ਨਾਂ ਹਾਸਲ ਕਰਨ 'ਤੇ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਸਕੂਲ ਦੀ ਮੁੱਖ ਅਧਿਆਪਕਾ ਅਮਨਦੀਪ ਕੌਰ ਬਾਜਵਾ ਅਤੇ ਸਕੂਲ ਇੰਚਾਰਜ ਮਨੀਸ਼ ਪੀਟਰ ਦੀ ਯੋਗ ਅਗਵਾਈ ਹੇਠ ਸਮੂਹ ਸਟਾਫ਼ ਦੇ ਸਹਿਯੋਗ ਨਾਲ ਸਰੀਰਕ ਸਿੱਖਿਆ ਅਧਿਆਪਕ ਅਤੇ ਕਬੱਡੀ ਕੋਚ ਪ੍ਰਦੀਪ ਸਿੰਘ ਦੀ ਸਿਖਲਾਈ ਅਧੀਨ ਵਿਦਿਅਕ ਸੈਸ਼ਨ 2026-27 ਦੌਰਾਨ ਵਿਦਿਆਰਥੀਆਂ ਨੇ ਖੇਡਾਂ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਖਿਡਾਰੀਆਂ ਨੇ ਕਬੱਡੀ ਨੈਸ਼ਨਲ ਸਟਾਈਲ ਅਤੇ ਰੱਸਾਕਸ਼ੀ ਸਮੇਤ ਵੱਖ-ਵੱਖ ਖੇਡਾਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਸਕੂਲ ਮੁਖੀ ਅਤੇ ਸਮੂਹ ਸਟਾਫ਼ ਵੱਲੋਂ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

# ਇਨੋਸੈਂਟ ਹਾਰਟਸ ਪੰਜਾਬ ਸਟੇਟ ਸੀਨੀਅਰ ਰੈਂਕਿੰਗ ਬੈਡਮਿੰਟਨ ਟੂਰਨਾਮੈਂਟ ਸ਼ੁਰੂ

**ਜਲੰਧਰ (ਨ ਜ਼ ਸ)**-ਰਾਈਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਜਲੰਧਰ ਵਿੱਚ ਚਾਰ ਰੋਜ਼ਾ ਇਨੋਸੈਂਟ ਹਾਰਟਸ ਪੰਜਾਬ ਸਟੇਟ ਸੀਨੀਅਰ ਰੈਂਕਿੰਗ ਬੈਡਮਿੰਟਨ ਟੂਰਨਾਮੈਂਟ ਦੀ ਸ਼ੁਰੂਆਤ ਹੋ ਗਈ। ਇਸ ਮੁਕਾਬਲੇ ਵਿੱਚ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਤੋਂ ਲਗਭਗ 300 ਖਿਡਾਰੀ ਹਿੱਸਾ ਲੈ ਰਹੇ ਹਨ। ਟੂਰਨਾਮੈਂਟ ਦਾ ਉਦਘਾਟਨ ਜਲੰਧਰ ਵਧੀਕ ਡਿਪਟੀ ਕਮਿਸ਼ਨਰ ਦਿਵਿਆ ਵੱਲੋਂ ਕੀਤਾ ਗਿਆ। ਇਸ ਮੌਕੇ ਇਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ ਗੈਸਟ ਆਫ਼ ਆਨਰ ਵਜੋਂ ਹਾਜ਼ਰ ਰਹੇ। ਇਸ ਚੈਂਪੀਅਨਸ਼ਿਪ ਵਿੱਚ ਜੂਨੀਅਰ ਅਤੇ ਸੀਨੀਅਰ ਵਰਗ ਦੇ ਕੁੱਲ 10 ਈਵੈਂਟ ਕਰਵਾਏ ਜਾ ਰਹੇ ਹਨ। ਇਨ੍ਹਾਂ ਵਿੱਚ ਅੰਡਰ-19 ਲੜਕਿਆਂ ਅਤੇ ਲੜਕੀਆਂ ਦੇ ਸਿੰਗਲਜ਼, ਡਬਲਜ਼ ਅਤੇ ਮਿਕਸਡ ਡਬਲਜ਼ ਤੋਂ ਇਲਾਵਾ ਸੀਨੀਅਰ ਪੁਰਸ਼ ਅਤੇ ਮਹਿਲਾ ਵਰਗ ਦੇ ਮੁਕਾਬਲੇ ਸ਼ਾਮਲ ਹਨ। ਇਸ ਮੌਕੇ ਅੰਤਰਰਾਸ਼ਟਰੀ ਬੈਡਮਿੰਟਨ ਖਿਡਾਰੀ ਜਗਸ਼ੇਰ ਸਿੰਘ ਖੰਗੂਰਾ ਨੂੰ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ, ਜਲੰਧਰ ਵੱਲੋਂ ਅੰਤਰਰਾਸ਼ਟਰੀ ਪੱਧਰ 'ਤੇ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ 31,000 ਰੁਪਏ ਦੀ ਨਕਦ ਸਨਮਾਨ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਵਧੀਕ ਡਿਪਟੀ ਕਮਿਸ਼ਨਰ ਦਿਵਿਆ (ਆਈਏਐਸ) ਨੇ





ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਖੇਡਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਚੈਂਪੀਅਨਸ਼ਿਪ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਚਾਰ ਰੋਜ਼ਾ ਮੁਕਾਬਲੇ ਵਿੱਚ ਪੰਜਾਬ ਭਰ ਦੇ ਖਿਡਾਰੀ ਵੱਖ-ਵੱਖ ਈਵੈਂਟਾਂ ਵਿੱਚ ਚੋਟੀ ਦੇ ਸਥਾਨ ਲਈ ਮੁਕਾਬਲਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨਾਮ ਵੰਡ ਸਮਾਰੋਹ 16 ਅਗਸਤ ਨੂੰ ਹੋਵੇਗਾ। ਉਨ੍ਹਾਂ ਕਿਹਾ ਕਿ ਮੁਕਾਬਲੇ ਦੇ ਜੇਤੂ ਅਤੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਅਗਲੇ ਮਹੀਨੇ ਰਾਜਸਥਾਨ ਦੇ ਭੀਲਵਾੜਾ ਵਿੱਚ ਹੋਣ ਵਾਲੀ ਨੌਰਥ ਜ਼ੋਨ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲੇਗਾ। ਇਸ ਮੌਕੇ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਅਤੇ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦੇ ਸੀਨੀਅਰ ਅਹੁਦੇਦਾਰ ਨਰੇਸ਼ ਬੁਧੀਆ, ਹਰਪ੍ਰੀਤ ਸਿੰਘ, ਧੀਰਜ ਸ਼ਰਮਾ, ਅਨਿਲ ਭੱਟੀ ਅਤੇ ਕੁਸਮ ਕੇਪੀ ਸਮੇਤ ਹੋਰ ਪਤਵੰਤੇ ਵੀ ਮੌਜੂਦ ਰਹੇ।

# ਐੱਨ ਐੱਸ ਈਵੈਂਟ ਨੇ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਐੱਨ ਐੱਸ ਈਵੈਂਟ ਵਲੋਂ ਸਾਉਣ ਦੀ ਮਹੀਨੇ ਨੂੰ ਸਮਰਪਤ ਹੋਟਲ ਰੀਜੈਂਟ ਵਿਖੇ ਤੀਆਂ ਦਾ ਤਿਉਹਾਰ ਅਮਿੱਟ ਛਾਪ ਛੱਡ ਗਿਆ। ਇਹ ਸਮਾਰੋਹ ਪ੍ਰਬੰਧਕ ਪਾਇਲ ਤੇ ਨੀਲਮ ਦੀ ਅਗਵਾਈ ਹੇਠ ਕਰਵਾਇਆ ਗਿਆ ਸੀ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪੰਜਾਬ ਮਹਿਲਾ ਕਾਂਗਰਸ ਦੀ ਵਾਈਸ ਪ੍ਰਧਾਨ ਵਿੱਦਿਆ ਗਿੱਲ ਰੀਆ, ਜਦ ਕਿ ਵਿਸ਼ੇਸ਼ ਮਹਿਮਾਨਾਂ ਵਿਚ ਨੇਲ ਸਟੂਡੀਓ ਦੀ ਐੱਮ ਡੀ ਜੋਤਸਨਾ ਸ਼ਰਮਾ, ਮੇਕਅੱਪ ਆਰਟਿਸਟ ਮੈਡ ਸੰਧੂ ਅਤੇ ਡਿਸਟ੍ਰਿਕਟ ਐਵਾਰਡੀ ਸਮਾਜ ਸੇਵਕ ਤੇ ਪੱਤਰਕਾਰ ਅਮਨਦੀਪ ਸਿੰਘ ਸ਼ਾਮਲ ਹੋਏ। ਸਮਾਰੋਹ ਦੌਰਾਨ ਔਰਤਾਂ ਦੇ ਮਨੋਰੰਜਨ ਲਈ ਵੱਖ-ਵੱਖ ਗੇਮਾਂ ਵੀ ਖਿਡਾਈਆਂ ਗਈਆਂ। ਸਮਾਰੋਹ ਵਿਚ ਜੱਜਾਂ ਦੀ ਭੂਮਿਕਾ ਆਰਤੀ ਖੰਨਾ ਤੇ ਕੋਮਲ ਮਹਿਰਾ ਨੇ ਨਿਭਾਈ। ਇਸ ਦੌਰਾਨ ਮਿਸਿਜ਼ ਤੀਜ ਕੁਇਨ ਦਾ ਖਿਤਾਬ ਪਾਇਲ, ਬੈਸਟ ਮਹਿੰਦੀ ਅਲਾਈਸ, ਬੈਸਟ ਨੇਲ ਆਰਟ ਸ਼ਿਖਾ, ਬੈਸਟ ਤੀਜ ਅਸੈੱਸਰੀਜ਼ ਪੂਜਾ, ਬੈਸਟ ਮੇਕਅੱਪ ਦਾ ਖਿਤਾਬ ਰੀਆ ਗਿੱਲ ਨੇ ਜਿੱਤਿਆ।ਪ੍ਰਬੰਧਕ ਪਾਇਲ ਤੇ ਨੀਲਮ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬੀ ਸੱਭਿਆਚਾਰ ਦੇ ਪ੍ਰਤੀਕ ਤੀਆਂ ਦੇ ਤਿਉਹਾਰ ਨੂੰ ਪੂਰੇ ਉਤਸ਼ਾਹ, ਰੌਣਕ ਅਤੇ ਰਵਾਇਤੀ ਰੰਗਾਂ ਨਾਲ ਮਨਾਇਆ ਗਿਆ।

ਔਰਤਾਂ ਤੇ ਛੋਟੇ ਬੱਚਿਆਂ ਨੇ ਵੀ ਗਿੱਧਾ, ਬੋਲੀਆਂ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਤੀਆਂ ਦੇ ਤਿਉਹਾਰ ਦਾ ਭਰਪੂਰ ਆਨੰਦ ਮਾਣਿਆ। ਇਸੇ ਦੌਰਾਨ ਕਈ ਫਿਲਮਾਂ ਤੇ ਗੀਤਾਂ ਵਿਚ ਕੰਮ ਕਰ ਚੁੱਕੇ ਅਦਾਕਾਰ



ਨੈਤਿਕ ਅਤੇ ਸਮਰਿਧੀ ਨੇ ਪੰਜਾਬੀ ਗੀਤ 'ਰੀਲ' 'ਤੇ ਸ਼ਾਨਦਾਰ ਪੇਸ਼ਕਾਰੀ ਨਾਲ ਦਰਸ਼ਕਾਂ ਤੋਂ ਤਾੜੀਆਂ ਬਟੋਰੀਆਂ। ਇਸ ਤੋਂ ਇਲਾਵਾ ਬੈਸਟ ਟ੍ਰਡੀਸ਼ਨਲ ਆਊਟਫਿੱਟ, ਬੈਸਟ ਗਰੈਸਫੁੱਲ ਲੇਡੀ, ਬੈਸਟ ਜਿਊਲਰੀ, ਮਿਸ ਸਾਵਨ, ਮਿਸਿਜ਼ ਸਾਵਨ ਫਸਟ ਐਂਡ ਸੈਕਿੰਡ ਰਨਰਅਪ ਅਤੇ ਬੈਸਟ ਰੈਂਪ ਤੋਂ ਇਲਾਵਾ ਕਈ ਟਾਈਟਲ ਕੱਢੇ ਗਏ। ਜੇਤੂਆਂ ਨੂੰ ਵਿਸ਼ੇਸ਼ ਮਹਿਮਾਨਾਂ ਅਤੇ ਪ੍ਰਬੰਧਕਾਂ ਵਲੋਂ ਸਨਮਾਨਤ ਕੀਤਾ ਗਿਆ।

# ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦਾ ਜਨਮ ਦਿਹਾੜਾ ਅੱਜ



**ਮੋਹਾਲੀ, (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਸੱਚਖੰਡ ਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦਾ ਜਨਮ ਦਿਹਾੜਾ 14 ਅਗਸਤ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁ: ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਜਨਮ ਦਿਹਾੜਾ ਦੇ ਸਬੰਧ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜੱਥੇ, ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਇਸ ਸਮਾਗਮ ਵਿੱਚ ਸੰਤ ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲੇ ਅਤੇ ਹੋਰ ਕਈ ਮਹਾਪੁਰਸ਼ ਆ ਕੇ ਸੰਗਤਾਂ ਦੇ ਦਰਸ਼ਨ ਕਰਨਗੇ। ਕਈ ਤਰ੍ਹਾਂ ਦੇ ਮਿਸ਼ਠਾਨਾ ਅਤੇ ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ।

# ਸ਼ਬਦ ਅਰੋੜਾ ਨੇ ਮਾਸਟਰ ਚੈਂਪਸ-2026 ਦਾ ਖਿਤਾਬ ਜਿੱਤਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮਜੀਠਾ ਰੋਡ ਬਾਈਪਾਸ ਦੇ ਹੋਣਹਾਰ ਵਿਦਿਆਰਥੀ ਸ਼ਬਦ ਅਰੋੜਾ ਨੇ ਪੀ.ਟੀ.ਸੀ ਪੰਜਾਬੀ ਦੇ ਪ੍ਰਸਿੱਧ ਸੰਗੀਤ ਰਿਆਇਲਟੀ ਸ਼ੋਅ ਵੌਇਸ ਆਫ ਪੰਜਾਬ ਮਾਸਟਰ ਚੈਂਪਸ- 2026 ਦਾ ਖਿਤਾਬ ਜਿੱਤ



ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਹਜ਼ਾਰਾਂ ਪ੍ਰਤੀਯੋਗੀਆਂ ਵਿਚੋਂ ਟਾਪ-20 ਵਿਚ ਚੁਣੇ ਜਾਣ ਤੋਂ ਬਾਅਦ ਵੱਖ-ਵੱਖ ਮੁਸ਼ਕਲ ਰਾਊਂਡਜ਼ ਨੂੰ ਪਾਰ ਕਰਦਿਆਂ ਸ਼ਬਦ ਅਰੋੜਾ ਨੇ ਟਾਪ-3 ਵਿਚ ਜਗ੍ਹਾ ਬਣਾਈ ਅਤੇ ਆਖਰਕਾਰ ਸ਼ੋਅ ਦਾ ਜੇਤੂ ਬਣਨ ਦਾ ਮਾਣ ਹਾਸਲ ਕੀਤਾ।

ਇਸ ਪ੍ਰਾਪਤੀ ਸਦਕਾ ਉਸ ਨੂੰ ਸ਼ੋਅ ਦੇ ਪ੍ਰਸਿੱਧ ਜੱਜਾਂ ਅਤੇ ਪੀ.ਟੀ.ਸੀ ਇੰਟਰਟੇਨਮੈਂਟ ਚੈਨਲਸ ਦੇ ਸੀ.ਈ.ਓ ਰਾਜੀ ਐਮ.ਸ਼ਿੰਦੇ ਦੀ ਅਗਵਾਈ ਹੇਠ ਇੱਕ ਸੰਗੀਤ ਵੀਡੀਓ ਵਿਚ ਲਾਂਚ ਹੋਣ ਦਾ ਮੌਕਾ ਵੀ ਮਿਲੇਗਾ। ਮਹਿਜ਼ ਤਿੰਨ ਸਾਲ ਦੀ ਉਮਰ ਤੋਂ ਹੀ ਗਾਇਕੀ ਸਿਖ ਰਹੇ ਸ਼ਬਦ ਅਰੋੜਾ ਦੂਰਦਰਸ਼ਨ ਰਿਆਇਲਟੀ ਸ਼ੋਅ ਦੇ ਨਾਲ-ਨਾਲ ਪੰਜਾਬ ਨਾਟਸ਼ਾਲਾ, ਵਿਰਸਾ ਵਿਹਾਰ ਅਤੇ ਇੰਡੀਅਨ ਅਕੈਡਮੀ ਆਫ ਫਾਇਨ ਆਰਟਸ ਸਮੇਤ ਕਈ ਪ੍ਰਮੁੱਖ ਮੰਚਾਂ ਤੇ ਆਪਣੇ ਕਲਾ ਦੇ ਜ਼ੌਹਰ ਦਿਖਾ ਚੁੱਕਾ ਹੈ। ਸ਼ਬਦ ਅਰੋੜਾ ਨੂੰ ਚੀਫ਼ ਖ਼ਾਲਸਾ ਦੀਵਾਨ ਵੱਲੋਂ ਵੀ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਜਾ ਚੁੱਕਾ ਹੈ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਸਮੂਹ ਅਹੁਦੇਦਾਰਾਂ ਨੇ ਸ਼ਬਦ ਅਰੋੜਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਉਸ ਦੀ ਮਿਹਨਤ ਲਗਨ ਅਤੇ ਸੰਗੀਤ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ। ਸਕੂਲ ਦੇ ਮੈਂਬਰ ਇੰਚਾਰਜ ਅਤੇ ਚੀਫ਼ ਖ਼ਾਲਸਾ ਦੀਵਾਨ ਸਰਪ੍ਰਸਤ ਰਾਜਮਹਿੰਦਰ ਸਿੰਘ ਮਜੀਠਾ, ਸਕੂਲ ਦੇ ਮੈਂਬਰ ਇੰਚਾਰਜ ਅਤੇ ਚੀਫ਼ ਖ਼ਾਲਸਾ ਦੀਵਾਨ ਦੇ ਜਾਇੰਟ ਸਕੱਤਰ ਇੰਜੀ. ਜਸਪਾਲ ਸਿੰਘ, ਸਕੂਲ ਮੈਂਬਰਜ਼ ਇੰਚਾਰਜ ਆਦਰਸ਼ਪਿੰਦਰ ਸਿੰਘ ਮਾਨ ਅਤੇ ਮਨਮੋਹਨ ਸਿੰਘ ਅਤੇ ਪ੍ਰਿੰਸੀਪਲ ਸ੍ਰੀਮਤੀ ਮੀਤੂ ਮਿਨੋਚਾ ਨੇ ਸ਼ਬਦ ਅਰੋੜਾ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

# ਬੱਲਸਰਾਂ 'ਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)** ਪਿੰਡ ਬੱਲਸਰਾਂ ਦੇ ਗੁਰਦੁਆਰਾ ਬਾਬਾ ਸੋਢੀ ਪਾਤਸ਼ਾਹ ਵਿਖੇ ਸਿਵਲ ਸਰਜਨ ਡਾਕਟਰ ਰਸ਼ਮੀ ਵਿੱਜ ਅਤੇ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਨੀਰਜ ਭਾਟੀਆ ਵੱਲੋਂ ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਡਾਕਟਰ ਕੁਲਦੀਪ ਸਿੰਘ ਤੇ ਡਾਕਟਰ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਇਸ ਕੈਂਪ ਦੌਰਾਨ 180 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ, ਜਿਨ੍ਹਾਂ ਨੂੰ ਅੱਖਾਂ ਵਿੱਚ ਪਾਉਣ ਲਈ ਦਾਰੂ ਅਤੇ ਨਿਗ੍ਹਾ ਦੀਆਂ ਐਨਕਾਂ ਮੁਫ਼ਤ ਦਿੱਤੀਆਂ ਗਈਆਂ। 10 ਮਰੀਜ਼ਾਂ ਦੇ ਫ੍ਰੀ ਅਪਰੇਸ਼ਨ ਕਰਨ ਲਈ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰ ਵਿੱਚ ਰੈਫਰ ਕੀਤਾ ਗਿਆ। ਇਸ ਮੌਕੇ ਉਹਨਾ ਨਾਲ ਕਮਿਊਨਿਟੀ ਹੈੱਲਥ ਅਫਸਰ ਡਾਕਟਰ ਪਲਕ ਗੁਪਤਾ, ਏਨਮ ਜਗਜੀਤ ਕੌਰ, ਕੈਲਾਸ਼ ਰਾਣੀ, ਹਰਜਿੰਦਰ ਕੌਰ, ਪਰਮਜੀਤ ਕੌਰ (ਆਸ਼ਾ ਵਰਕਰ) ਅਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਪੰਧੇਰ ਕਾਲਜ 'ਚ ਤੀਆਂ ਦਾ ਮੇਲਾ ਧੂਮਧਾਮ ਨਾਲ ਮਨਾਇਆ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਸ੍ਰੀ ਗੁਰੂ ਰਾਮਦਾਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਪੰਧੇਰ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਸਮਰਪਤ ਤੀਆਂ ਦਾ ਮੇਲਾ-2026 ਬੜੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਚੇਅਰਪਰਸਨ ਹਰਜਿੰਦਰਪਾਲ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਦੀ ਅਗਵਾਈ ਅਤੇ ਗੁਰੂ ਸਾਗਰ ਪਬਲਿਕ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਆਨੰਦਜੀਤ ਕੌਰ ਦੇ ਪ੍ਰਬੰਧਾਂ ਹੇਠ ਹੋਏ ਇਸ ਸਮਾਗਮ ਵਿੱਚ ਵੱਖ-ਵੱਖ ਕਾਲਜਾਂ ਅਤੇ ਸਕੂਲਾਂ ਦੇ ਵਿਦਿਆਰਥੀਆਂ ਅਤੇ ਸਟਾਫ਼ ਨੇ ਭਰਵੇਂ ਉਤਸ਼ਾਹ ਨਾਲ



ਸ਼ਿਰਕਤ ਕੀਤੀ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਅਮਨਦੀਪ ਕੌਰ ਧਾਲੀਵਾਲ, ਅਜਨਾਲਾ ਨੇ ਸ਼ਿਰਕਤ ਕੀਤੀ। ਵਿਸ਼ੇਸ਼ ਮਹਿਮਾਨ ਵਜੋਂ ਪ੍ਰਸਿੱਧ ਲੋਕ ਗਾਇਕਾ ਗਲੋਰੀ ਬਾਵਾ ਅਤੇ ਡਾ. ਭਾਰਤੀ, ਸਿਵਲ ਸਰਜਨ ਤਰਨ ਤਾਰਨ, ਹਾਜ਼ਰ ਹੋਏ।

ਮੁੱਖ ਮਹਿਮਾਨ ਦੇ ਨਾਲ ਗੈਸਟ ਆਫ਼ ਆਨਰ ਵਜੋਂ ਕੈਪਟਨ ਸਕੂਲ ਦੇ ਗੁਰਦੀਪ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਸਮਾਗਮ ਵਿੱਚ ਪ੍ਰਿੰਸੀਪਲ ਚੈਰੀ ਭਾਟੀਆ (ਕੈਪਟਨ ਸਕੂਲ), ਡਾ. ਮਿਰਨਾਲ ਗੁਪਤਾ, ਪ੍ਰਿੰਸੀਪਲ ਐਸ.ਡੀ. ਕਾਲਜ ਐਫ.ਜੀ.ਸੀ., ਵਰਿੰਦਰ ਕੌਰ, ਪ੍ਰਿੰਸੀਪਲ ਐਸ.ਡੀ. ਸਕੂਲ, ਜਸਮੀਤ ਕੌਰ, ਪ੍ਰਿੰਸੀਪਲ ਹਾਸ਼ਮ ਸ਼ਾਹ ਸਕੂਲ, ਅਤੇ ਰਾਜਬੀਰ ਕੌਰ ਗਰੇਵਾਲ, ਖ਼ਾਲਸਾ ਇੰਟਰਨੈਸ਼ਨਲ ਪਬਲਿਕ ਸਕੂਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਗਰੁੱਪ ਦੀਆਂ ਹੋਰ ਸੰਸਥਾਵਾਂ ਵੱਲੋਂ ਡਾ. ਮੀਨੂ ਚੌਧਰੀ, ਪ੍ਰਿੰਸੀਪਲ ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ, ਡਾ. ਅਨਮੋਲਦੀਪ ਕੌਰ, ਪ੍ਰਿੰਸੀਪਲ ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ, ਡਾ. ਸੰਦੀਪ ਜੈਸਵਾਲ, ਪ੍ਰਿੰਸੀਪਲ ਗੁਰੂ ਰਾਮਦਾਸ ਆਯੁਰਵੈਦਿਕ ਕਾਲਜ ਅਤੇ ਮੀਨਾਕਸ਼ੀ ਮਹਿਤਾ, ਪ੍ਰਿੰਸੀਪਲ ਗੁਰੂ ਸਾਗਰ ਪਬਲਿਕ ਸਕੂਲ, ਪੰਧੇਰ, ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਤੋਂ ਇਲਾਵਾ ਹਰਮਨਪ੍ਰੀਤ ਕੌਰ, ਨੇਹਾ, ਹਰਸਿਮਰਨਜੀਤ ਕੌਰ, ਸੁਖਮਨੀ ਗਿੱਲ, ਐਡਵੋਕੇਟ ਮਨਦੀਪ ਸਿੰਘ ਅਤੇ ਜਗਦੀਪ ਕੌਰ ਆਦਿ ਵੀ ਹਾਜ਼ਰ ਸਨ। ਕਿਰਨਦੀਪ ਕੌਰ ਅਤੇ ਮਨਦੀਪ ਕੌਰ ਨੇ ਜੱਜ ਵਜੋਂ ਭੂਮਿਕਾ ਨਿਭਾਈ।

# ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਬਾਰੇ ਜਾਗਰੂਕਤਾ ਕੈਂਪ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਐਗਰੀਕਲਚਰ ਯੂਨੀਵਰਸਿਟੀ (ਪੀ ਏ ਯੂ), ਲੁਧਿਆਣਾ ਦੇ ਅਧੀਨ ਕ੍ਰਿਸ਼ੀ ਵਿਗਿਆਨ ਕੇਂਦਰ (ਕੇ ਵੀ ਕੇ), ਅੰਮ੍ਰਿਤਸਰ ਵੱਲੋਂ ਪੀ ਏ ਯੂ ਦੇ ਡਾਇਰੈਕਟੋਰੇਟ ਆਫ਼ ਐਕਸਟੈਂਸ਼ਨ ਐਜੂਕੇਸ਼ਨ ਲੁਧਿਆਣਾ, ਆਈ ਸੀ ਏ ਆਰ-ਅਟਾਰੀ ਜ਼ੋਨ ਅਤੇ ਕਲੀਨ ਏਅਰ ਪੰਜਾਬ ਦੇ ਸਹਿਯੋਗ ਨਾਲ ਪਿੰਡ ਮਹੇਲਾਂਵਾਲ ਵਿਖੇ ਫਸਲਾਂ ਦੀ ਰਹਿੰਦ-ਖੂੰਹਦ ਦੇ ਵਿਗਿਆਨਕ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਐਸੋਸੀਏਟ ਡਾਇਰੈਕਟਰ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤਾਂ ਵਿੱਚੋਂ ਬਾਹਰ ਕੱਢਣ ਜਾਂ ਸਾੜਨ ਦੀ ਬਜਾਏ ਇਸ ਨੂੰ ਮਿੱਟੀ ਵਿੱਚ ਹੀ ਮਿਲਾਉਣਾ ਚਾਹੀਦਾ ਹੈ। ਇਸ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਸਿਹਤ ਵਿੱਚ ਸੁਧਾਰ ਹੁੰਦਾ ਹੈ ਅਤੇ ਵਾਤਾਵਰਣ ਦੀ ਸੰਭਾਲ ਵਿੱਚ ਵੀ ਮਦਦ ਮਿਲਦੀ ਹੈ। ਕੇ ਵੀ ਕੇ ਦੀ ਟੀਮ ਨੇ ਕਿਸਾਨਾਂ ਨੂੰ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਵਾਲੀਆਂ ਵੱਖ-ਵੱਖ ਮਸ਼ੀਨਾਂ ਬਾਰੇ ਜਾਣਕਾਰੀ ਦਿੱਤੀ। ਸਬਜੈਕਟ ਮੈਟਰ ਸਪੈਸ਼ਲਿਸਟ ਡਾ. ਰਮਿੰਦਰ ਕੌਰ ਨੇ ਸਮਾਰਟ ਸੀਡਰ, ਸਰਫੇਸ ਸੀਡਰ ਅਤੇ ਹੈਪੀ ਸੀਡਰ ਵਰਗੀਆਂ ਮਸ਼ੀਨਾਂ ਦੀ ਵਰਤੋਂ ਅਤੇ ਝੋਨੇ ਦੀ ਪਰਾਲੀ ਦੇ ਸਹੀ ਪ੍ਰਬੰਧਨ



ਵਿੱਚ ਇਨ੍ਹਾਂ ਦੀ ਭੂਮਿਕਾ ਬਾਰੇ ਕਿਸਾਨਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਅਤੇ ਖੇਤੀਬਾੜੀ ਦੀਆਂ ਵੱਖ-ਵੱਖ ਤਕਨੀਕਾਂ ਨਾਲ ਸਬੰਧਤ ਸਾਹਿਤ ਵੀ ਵੰਡਿਆ ਗਿਆ। ਕੈਂਪ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਹਿੱਸਾ ਲਿਆ। ਅਗਾਂਹਵਧੂ ਕਿਸਾਨਾਂ ਇੰਦਰਜੀਤ ਸਿੰਘ, ਹਰਦੀਪ ਸਿੰਘ, ਦਲਜੀਤ ਸਿੰਘ, ਸੁਖਵਿੰਦਰ ਸਿੰਘ ਅਤੇ ਵਰਿੰਦਰ ਸਿੰਘ ਸਮੇਤ ਹੋਰ ਕਿਸਾਨਾਂ ਨੇ ਪਰਾਲੀ ਦੀ ਸੰਭਾਲ ਅਤੇ ਪ੍ਰਬੰਧਨ ਸਬੰਧੀ ਆਪਣੇ ਤਜਰਬੇ ਸਾਂਝੇ ਕੀਤੇ।

# ਰੱਖੜ ਪੁੰਨਿਆ ਮੌਕੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ



**ਬਿਆਸ (ਪਰਮਜੀਤ ਸਿੰਘ ਰੱਖੜਾ)** ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ, ਵਿਧਾਇਕ ਬਟਾਲਾ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਅਤੇ ਐੱਸ.ਡੀ ਐੱਮ ਬਾਬਾ ਬਕਾਲਾ ਸਾਹਿਬ ਜਸ਼ਨਜੀਤ ਸਿੰਘ ਵੱਲੋਂ ਆਈ ਟੀ ਆਈ ਬਾਬਾ ਬਕਾਲਾ ਸਾਹਿਬ ਅਤੇ ਦਾਣਾ ਮੰਡੀ ਰਈਆ ਦਾ ਦੌਰਾ ਕਰਕੇ 28 ਅਗਸਤ ਨੂੰ ਰੱਖੜ ਪੁੰਨਿਆ ਦੇ ਪਾਵਨ ਮੌਕੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਦੱਸਿਆ ਕਿ 28 ਅਗਸਤ ਨੂੰ ਰੱਖੜ ਪੁੰਨਿਆ ਦੇ ਪਾਵਨ ਮੌਕੇ ਪੰਜਾਬ ਸਰਕਾਰ ਵੱਲੋਂ ਆਈ ਟੀ ਆਈ ਬਾਬਾ ਬਕਾਲਾ ਸਾਹਿਬ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ। ਸਮਾਗਮ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਮੇਤ ਹੋਰ ਕੈਬਨਿਟ ਮੰਤਰੀ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਸ਼ਾਮਲ ਹੋਣਗੀਆਂ।

ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਮੌਕੇ 'ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰਬੰਧਾਂ ਸੰਬੰਧੀ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਨੂੰ ਸਮਾਂ ਰਹਿੰਦਿਆਂ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾ ਕਿਹਾ ਕਿ ਸਮਾਗਮ ਦੌਰਾਨ ਸੰਗਤਾਂ ਦੀ ਆਵਾਜਾਈ, ਪਾਰਕਿੰਗ, ਟ੍ਰੈਫਿਕ ਪ੍ਰਬੰਧਨ, ਸੁਰੱਖਿਆ, ਪੀਣ ਵਾਲੇ ਪਾਣੀ, ਸਾਫ਼-ਸਫ਼ਾਈ, ਬਿਜਲੀ, ਮੈਡੀਕਲ ਸਹੂਲਤਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਇਆ ਜਾਵੇ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੀ ਜ਼ੋਨ ਤਰਸਿੱਕਾ ਦਾ ਸੈਦੋਲੇਹਲ 'ਚ ਡੈਲੀਗੇਟ ਅਜਲਾਸ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਜਥੇਬੰਦਕ ਚੋਣਾਂ ਦੇ ਚਲਦੇ ਜ਼ੋਨ ਤਰਸਿੱਕਾ ਦੀ ਪਿੰਡ ਪੱਧਰੀ ਚੋਣ ਪ੍ਰਕਿਰਿਆ ਪੂਰੀ ਕਰਕੇ ਪਿੰਡ ਸੈਦੋਲੇਹਲ ਵਿੱਚ ਸੂਬਾ ਆਗੂ ਸਰਵਣ ਸਿੰਘ ਪੰਧੇਰ, ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਵਿੱਚ ਜ਼ੋਨ ਦਾ ਡੈਲੀਗੇਟ ਇਜਲਾਸ ਸੱਦ ਕੇ ਔਰਤਾਂ ਦੀ 11 ਮੈਂਬਰੀ ਅਤੇ ਮਰਦਾਂ ਦੀ 18 ਮੈਂਬਰੀ ਇਕਾਈ ਦਾ ਪੁਨਰਗਠਨ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਦੱਸਿਆ ਕਿ 21 ਪਿੰਡਾਂ ਤੋਂ ਇਜਲਾਸ ਵਿੱਚ ਪਹੁੰਚੇ ਡੈਲੀਗੇਟਾਂ ਵੱਲੋਂ ਹਾਜ਼ਰੀ ਭਰ ਕੇ ਸਰਬ ਸੰਮਤੀ ਨਾਲ ਦੋਨੋਂ ਕਮੇਟੀਆਂ ਬਣਾਉਣ ਦਾ ਫੈਸਲਾ ਕੀਤਾ ਗਿਆ। ਉਹਨਾ ਦੱਸਿਆ ਕਿ ਬੀਬੀਆਂ ਵੱਲੋਂ ਜ਼ੋਨ ਪ੍ਰਧਾਨ ਕੁਲਵਿੰਦਰ ਕੌਰ ਕੋਟ ਖਹਿਰਾ, ਜ਼ੋਨ ਸਕੱਤਰ ਹਰਪ੍ਰੀਤ ਕੌਰ ਤਰਸਿੱਕਾ, ਜ਼ੋਨ ਆਗੂ ਪਰਮਜੀਤ ਕੌਰ ਸਾਧਪੁਰ, ਗੁਰਮੀਤ ਕੌਰ ਚੋਗਾਵਾਂ, ਬਲਜੀਤ ਕੌਰ ਚਾਟੀਵਿੰਡ, ਦਲਜੀਤ ਕੌਰ ਸੈਦੋਲੇਹਲ, ਬਲਬੀਰ ਕੌਰ ਭੀਲੋਵਾਲ, ਮਨਜੀਤ ਕੌਰ ਭੱਟੀਕੇ, ਕੁਲਵਿੰਦਰ ਕੌਰ ਸਾਧਪੁਰ, ਮਨਜੀਤ ਕੌਰ ਤਾਹਰਪੁਰ, ਜਸਬੀਰ ਕੌਰ ਬੁਲਾਰਾ ਦੀ ਚੋਣ ਬਤੌਰ ਜ਼ੋਨ ਆਗੂ ਕੀਤੀ ਗਈ। ਇਸੇ ਤਰ੍ਹਾਂ ਮਰਦਾਂ ਦੀ 19 ਮੈਂਬਰੀ ਕਮੇਟੀ ਵਿੱਚ ਪ੍ਰਧਾਨ ਅਤੇ ਖ਼ਜ਼ਾਨਚੀ ਸੁਖਦੇਵ ਸਿੰਘ ਚਾਟੀਵਿੰਡ, ਜ਼ੋਨ ਸਕੱਤਰ ਗੁਰਭੇਜ ਸਿੰਘ ਭੀਲੋਵਾਲ, ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਚਾਟੀਵਿੰਡ, ਸਹਾਇਕ ਖਜਾਨਚੀ ਤਰਲੋਕ ਸਿੰਘ ਤਾਹਰਪੁਰ, ਪ੍ਰੈਸ ਸਕੱਤਰ ਹਰਦਿਆਲ ਸਿੰਘ ਕੋਟ ਖਹਿਰਾ, ਮੀਤ ਪ੍ਰਧਾਨ ਸੁਵਿੰਦਰ ਸਿੰਘ ਭੱਟੀਕੇ, ਮੀਤ ਪ੍ਰਧਾਨ ਅਮਰੀਕ ਸਿੰਘ ਬੁਲਾਰਾ, ਮੀਤ ਸਕੱਤਰ ਸ਼ੇਰ ਸਿੰਘ ਭੀਲੋਵਾਲ, ਮੀਤ ਸਕੱਤਰ ਗੁਰਵੇਲ ਸਿੰਘ ਚਾਟੀਵਿੰਡ, ਸੰਗਠਨ ਸਕੱਤਰ ਸੁਖਰਾਜ ਸਿੰਘ ਸਾਧਪੁਰ,

**● ਔਰਤਾਂ ਅਤੇ ਮਰਦਾਂ ਦੀਆਂ ਜ਼ੋਨ ਇਕਾਈਆਂ ਦਾ ਗਠਨ**

ਮੈਂਬਰ ਜਸਵੰਤ ਸਿੰਘ ਸੰਗਰਾਏਂ, ਬਲਵਿੰਦਰ ਸਿੰਘ ਸੰਗਰਾਏਂ, ਬਲਜੀਤ ਸਿੰਘ ਤਰਸਿੱਕਾ, ਜਸਪਾਲ ਸਿੰਘ ਤਰਸਿੱਕਾ, ਸ਼ਮਸ਼ੇਰ ਸਿੰਘ ਭੋਏ, ਬਲਬੀਰ ਸਿੰਘ ਭੋਏ, ਕਰਮਜੀਤ ਸਿੰਘ ਚੁਗਾਵਾਂ, ਹਰਜਿੰਦਰ ਸਿੰਘ ਕੋਟ ਖਹਿਰਾ, ਕੰਵਰਦਲੀਪ ਸੈਦੋਲੇਹਲ ਸਮੇਤ ਜ਼ੋਨ ਇਕਾਈ ਦਾ ਗਠਨ ਕੀਤਾ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਚੁਣੀਆਂ ਹੋਈਆਂ ਇਕਾਈਆਂ ਇਲਾਕੇ ਵਿੱਚ ਨਿਰਪੱਖ ਅਤੇ ਪਾਰਦਰਸ਼ੀ ਤਰੀਕੇ ਨਾਲ ਕਿਸਾਨਾਂ ਮਜ਼ਦੂਰਾਂ ਅਤੇ ਆਮ ਲੋਕਾਂ ਦੇ ਹੱਕ ਵਿੱਚ ਕੰਮ ਕਰਨਗੀਆਂ। ਉਹਨਾ ਕਿਹਾ ਕਿ ਅੱਜ ਭਾਰਤ ਅਮਰੀਕਾ ਦਰਮਿਆਨ ਫ੍ਰੀ ਟ੍ਰੇਡ ਸਮਝੌਤਿਆਂ ਰਾਹੀਂ ਨਾ ਸਿਰਫ ਦੇਸ਼ ਦੀ ਫਸਲੀ ਪੈਦਾਵਾਰ ਨੂੰ ਮਾਰ ਪਵੇਗੀ ਬਲਕਿ ਪੂਰੇ ਭਾਰਤ ਦੇ ਹਰ



ਸੈਕਟਰ ਦੀ ਆਰਥਿਕਤਾ ਦਾ ਨੁਕਸਾਨ ਹੋਣ ਜਾ ਰਿਹਾ ਹੈ। ਉਹਨਾ ਕਿਹਾ ਕਿ ਮਜ਼ਦੂਰਾਂ ਨੂੰ ਮਨਰੇਗਾ ਸਕੀਮ ਵਿੱਚੋਂ ਜੋ ਰੁਜ਼ਗਾਰ ਮਿਲਦਾ ਸੀ, ਨੂੰ ਵੀ ਖਤਮ ਕਰ ਦਿੱਤਾ ਗਿਆ ਹੈ ਅਤੇ ਵਾਧੂ ਆਰਥਿਕ ਬੋਝ ਸੂਬਿਆਂ ਦੇ ਸਿਰ ਪਾਇਆ ਜਾ ਰਿਹਾ ਹੈ। ਉਹਨਾ ਕਿਹਾ ਕਿ ਕਿਸਾਨ ਮਜ਼ਦੂਰ ਅਤੇ ਛੋਟੇ ਵਪਾਰੀਆਂ ਨੂੰ ਬਿਜਲੀ ਸੋਧ ਬਿੱਲ 2025, ਬੀਜ ਬਿੱਲ, ਮਨਰੇਗਾ ਖ਼ਤਮ ਕਰਕੇ ਲਿਆਂਦੇ ਵੀ.ਬੀ. ਜੀ ਰਾਮ ਜੀ ਕਨੂੰਨ, 4 ਕਿਰਤ ਕੋਡ ਰੱਦ ਕਰਵਾਉਣ ਲਈ ਵੱਡੇ ਸੰਘਰਸ਼ ਦੀ ਲੋੜ ਹੈ। ਆਗੂਆਂ ਨੇ ਦੱਸਿਆ ਕਿ ਇਹਨਾਂ ਉਪਰੋਕਤ ਮੁੱਦਿਆਂ ਤੋਂ ਇਲਾਵਾ ਕਿਸਾਨ ਮਜ਼ਦੂਰ ਅਤੇ ਔਰਤ ਵਰਗ ਦੀ ਲਾਮਬੰਦੀ ਕਰਕੇ ਕਰਜ਼ੇ ਨਾਲ ਜੁੜੀਆਂ ਮੰਗਾਂ ਜਿਵੇਂ ਕਿਸਾਨਾਂ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਖਤਮ ਕਰਨ, ਬਿਜਲੀ ਬਿੱਲ (ਜਿਸ ਰਾਹੀਂ ਪ੍ਰੀਪੇਡ ਮੀਟਰ ਲਗਾਏ ਜਾ ਰਹੇ ਹਨ), ਬੀਜ ਬਿੱਲ, ਕਿਰਤ ਕੋਡ ਆਦਿ ਤੁਗਲਕੀ ਫ਼ਰਮਾਨ ਵਾਪਸ ਕਰਵਾਉਣ ਲਈ, ਮਹਿੰਗਾਈ ਵਧਾਉਣ ਦੇ ਸਾਰੇ ਕਦਮ ਰੋਕਣ, ਤੇਲ, ਗੈਸ ਤੇ ਹੋਰਨਾਂ ਕੀਮਤਾਂ 'ਚ ਕੀਤੇ ਵਾਧੇ ਦੀ ਵਾਪਸੀ ਲਈ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਉਹਨਾ ਲੋਕਾਂ ਨੂੰ ਸਿਆਸੀ ਪਾਰਟੀਆਂ ਦੇ ਚੁੰਗਲ ਵਿੱਚੋਂ ਨਿਕਲ ਕੇ ਜਥੇਬੰਦਕ ਢਾਂਚੇ ਮਜ਼ਬੂਤ ਕਰਨ ਦੀ ਅਪੀਲ ਕਰਦੇ ਹੋਏ ਲੀਡਰਾਂ ਪਿੱਛੇ ਲੱਗ ਕੇ ਭਰਾ ਮਾਰੂ ਨੀਤੀਆਂ ਨੂੰ ਪਹਿਚਾਨਣ ਲਈ ਸੁਚੇਤ ਕੀਤਾ। ਇਸ ਮੌਕੇ ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਰੁਮਾਣਾ ਚੱਕ, ਜੋਨ ਟਾਂਗਰਾ ਤੋਂ ਰੁਪਿੰਦਰ ਸਿੰਘ ਖੇਲਾ, ਬਲਜਿੰਦਰ ਸਿੰਘ ਮਾਲੋਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

# ਭਗਵਾਨ ਸ੍ਰੀ ਰਾਮ ਦੇ ਨਾਂਅ 'ਤੇ ਪ੍ਰਵੇਸ਼ ਦੁਆਰ ਬਣਾਉਣ ਸਬੰਧੀ ਮੰਗ ਪੱਤਰ ਦਿੱਤਾ



**ਧਾਰੀਵਾਲ (ਮਨਦੀਪ ਵਿੱਕੀ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਵਨੀਤ ਵਿੱਜ ਦੀ ਅਗਵਾਈ ਹੇਠ ਸ਼ਹਿਰ ਧਾਰੀਵਾਲ ਦੀਆਂ ਵੱਖ ਵੱਖ ਧਾਰਮਿਕ ਸੰਸਥਾਵਾਂ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਆਪ ਪਾਰਟੀ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੂੰ ਧਾਰੀਵਾਲ ਸ਼ਹਿਰ ਦੇ ਦੋਵੇਂ ਪਾਸੇ ਭਗਵਾਨ ਸ੍ਰੀ ਰਾਮ ਜੀ ਦੇ ਨਾਂਅ 'ਤੇ ਇੱਕ ਸ਼ਾਨਦਾਰ ਪ੍ਰਵੇਸ਼ ਦੁਆਰ ਬਣਾਉਣ ਲਈ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਮਾਹਲ ਨੇ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਇਹ ਜਲਦ ਮਨਜ਼ੂਰ ਕਰਵਾ ਕੇ ਦਿੱਤਾ ਜਾਵੇਗਾ। ਇਸ ਮੌਕੇ ਸ੍ਰੀ ਸੰਕਟਮੋਚਨ ਸੇਵਾ ਸੋਸਾਇਟੀ, ਸ੍ਰੀ ਰਘੂਨਾਥ ਮੰਦਰ ਟਰੱਸਟ ਧਾਰੀਵਾਲ, ਹਿੰਦੂ ਵੈਲਫੇਅਰ ਸੋਸਾਇਟੀ ਧਾਰੀਵਾਲ, ਪਰਸੂਰਾਮ ਮੰਦਰ ਧਾਰੀਵਾਲ ਆਦਿ ਸੰਸਥਾਵਾਂ ਦੇ ਅਹੁਦੇਦਾਰ ਤੇ ਮੈਂਬਰਾਂ ਤੋਂ ਇਲਾਵਾ ਯੁਵਾ ਸ਼ਕਤੀ ਸੇਵਾ ਸੋਸਾਇਟੀ ਧਾਰੀਵਾਲ ਦੀ ਟੀਮ ਅਤੇ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮੌਜੂਦ ਸਨ।

# ਕੀੜੀ ਦੀ ਚਾਲ

ਕੇਂਦਰੀ ਸੂਚਨਾ ਕਮਿਸ਼ਨ (ਸੀ ਆਈ ਸੀ) ਕੋਲ 40,000 ਤੋਂ ਵੱਧ ਸੂਚਨਾ ਅਧਿਕਾਰ (ਆਰ ਟੀ ਆਈ) ਮਾਮਲੇ ਪੈਂਡਿੰਗ ਹਨ, ਭਾਵੇਂ ਕਿ ਕਮਿਸ਼ਨ ਆਪਣੇ ਪੂਰੇ ਮਨਜ਼ੂਰਸ਼ੁਦਾ ਸਟਾਫ ਨਾਲ ਕੰਮ ਕਰ ਰਿਹਾ ਹੈ। ਸੀ ਆਈ ਸੀ ਦੀ ਅਗਵਾਈ ਮੁੱਖ ਸੂਚਨਾ ਕਮਿਸ਼ਨਰ ਰਾਜ ਕੁਮਾਰ ਗੋਇਲ ਕਰਦੇ ਹਨ, ਜਿਨ੍ਹਾ ਨੇ ਦਸੰਬਰ 2025 ਵਿੱਚ ਅਹੁਦਾ ਸੰਭਾਲਿਆ ਸੀ। ਕਮਿਸ਼ਨ ਕੋਲ 10 ਸੂਚਨਾ ਕਮਿਸ਼ਨਰ ਹਨ।

ਸੀ ਆਈ ਸੀ ਪੋਰਟਲ ਮੁਤਾਬਕ 12 ਅਗਸਤ ਤੱਕ ਕਮਿਸ਼ਨ ਕੋਲ 3,733 ਸ਼ਿਕਾਇਤਾਂ ਅਤੇ 36,350 ਅਪੀਲਾਂ ਪੈਂਡਿੰਗ ਸਨ, ਜਿਸ ਨਾਲ ਬਕਾਇਆ ਮਾਮਲਿਆਂ ਦੀ ਕੁੱਲ ਗਿਣਤੀ 40,083 ਹੋ ਗਈ ਹੈ। ਇਨ੍ਹਾਂ ਪੈਂਡਿੰਗ ਮਾਮਲਿਆਂ ਵਿੱਚੋਂ ਇਕੱਲੇ ਗੋਇਲ ਕੋਲ 5,317 ਮਾਮਲੇ ਹਨ, ਜਿਨ੍ਹਾਂ ਵਿੱਚ 522 ਸ਼ਿਕਾਇਤਾਂ ਅਤੇ 4,795 ਅਪੀਲਾਂ ਹਨ।

ਸੀ ਆਈ ਸੀ ਦੀ ਮਾਸਿਕ ਪ੍ਰਗਤੀ ਰਿਪੋਰਟ ਮੁਤਾਬਕ ਅਗਸਤ ਵਿੱਚ ਹੁਣ ਤੱਕ ਸਿਰਫ ਦੋ ਸੂਚਨਾ ਕਮਿਸ਼ਨਰਾਂ ਨੇ ਤਿੰਨ ਅਪੀਲਾਂ ਦਾ ਨਿਪਟਾਰਾ ਕੀਤਾ ਹੈ, ਜਦੋਂ ਕਿ ਬਾਕੀ ਕਮਿਸ਼ਨਰਾਂ ਨੇ ਆਰ ਟੀ ਆਈ ਅਪੀਲਾਂ ਦੇ ਨਿਪਟਾਰੇ ਵਿੱਚ ਕੋਈ ਪ੍ਰਗਤੀ ਦਰਜ ਨਹੀਂ ਕੀਤੀ।

ਇਨ੍ਹਾਂ ਅਪੀਲਾਂ ਦਾ ਨਿਪਟਾਰਾ ਸੂਚਨਾ ਕਮਿਸ਼ਨਰ ਵਿਨੋਦ ਕੁਮਾਰ ਤਿਵਾੜੀ ਅਤੇ ਸਵਾਗਤ ਦਾਸ ਨੇ ਕੀਤਾ, ਜਿਸ ਵਿੱਚ ਤਿਵਾੜੀ ਨੇ ਇੱਕ ਅਤੇ ਦਾਸ ਨੇ ਦੋ ਕੇਸ ਸੰਭਾਲੇ। ਇਸ ਸਾਲ ਜਨਵਰੀ ਤੋਂ ਜੁਲਾਈ ਦੇ ਵਿਚਕਾਰ ਗੋਇਲ ਨੇ ਉਨ੍ਹਾਂ ਨੂੰ ਸੌਂਪੀਆਂ ਗਈਆਂ 2,541 ਅਪੀਲਾਂ ਵਿੱਚੋਂ 1,180 ਦਾ ਨਿਪਟਾਰਾ ਕੀਤਾ। ਉਨ੍ਹਾ ਦੀ ਔਸਤ ਨਿਪਟਾਰੇ ਦੀ ਦਰ 46 ਫੀਸਦੀ ਸੀ। ਅਗਸਤ ਵਿੱਚ ਹੁਣ ਤੱਕ ਗੋਇਲ ਕੋਲ ਨਾ ਤਾਂ ਕੋਈ ਅਪੀਲ ਦਾਇਰ ਕੀਤੀ ਗਈ ਹੈ ਅਤੇ ਨਾ ਹੀ ਉਨ੍ਹਾ ਨੇ ਕਿਸੇ ਅਪੀਲ ਦਾ ਨਿਪਟਾਰਾ ਕੀਤਾ ਹੈ।

ਇਸ ਦੌਰਾਨ ਅੱਠ ਹੋਰ ਸੂਚਨਾ ਕਮਿਸ਼ਨਰਾਂ-ਆਨੰਦੀ ਰਾਮਲਿੰਗਮ, ਸੁਰਿੰਦਰ ਸਿੰਘ ਮੀਣਾ, ਆਸ਼ੂਤੋਸ਼ ਚਤੁਰਵੇਦੀ, ਸੁਧਾ ਰਾਣੀ ਰੇਲਾਂਗੀ, ਪੀ ਆਰ ਰਮੇਸ਼, ਖ਼ੁਸ਼ਵੰਤ ਸਿੰਘ ਸੇਠੀ, ਜਯਾ ਵਰਮਾ ਸਿਨਹਾ ਅਤੇ ਸੰਜੀਵ ਕੁਮਾਰ ਜਿੰਦਲ ਨੇ ਵੀ ਅਗਸਤ ਦੇ 12 ਦਿਨਾਂ ਬਾਅਦ ਵੀ ਕੋਈ ਕੇਸ ਦਰਜ ਜਾਂ ਨਿਪਟਾਰਾ ਕੀਤੇ ਜਾਣ ਦੀ ਰਿਪੋਰਟ ਨਹੀਂ ਕੀਤੀ । ਪੋਰਟਲ ਮੁਤਾਬਕ ਇਸ ਸਾਲ ਅਗਸਤ ਤੱਕ ਸੀ ਆਈ ਸੀ ਨੂੰ 20,163 ਅਪੀਲਾਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ ਸਿਰਫ 11,903 ਦਾ ਨਿਪਟਾਰਾ ਕੀਤਾ ਗਿਆ ਹੈ।

ਸੂਚਨਾ ਕਮਿਸ਼ਨ ਦੀ ਕਾਰਕਰਦਗੀ ਤੋਂ ਤਾਂ ਇਹੀ ਜਾਪਦਾ ਹੈ ਕਿ ਮੌਜੂਦਾ ਸੂਚਨਾ ਕਮਿਸ਼ਨਰ ਜਾਣਬੁੱਝ ਕੇ ਆਰ ਟੀ ਆਈ ਉਪਭੋਗਤਾਵਾਂ ਨੂੰ ਨਿਰਾਸ਼ ਕਰਨ ਅਤੇ ਉਨ੍ਹਾਂ ਦੇ ਜਾਣਨ ਦੇ ਅਧਿਕਾਰ ਨੂੰ ਖਤਮ ਕਰਨ ਲਈ ਹੌਲੀ ਰਫਤਾਰ ਨਾਲ ਕੰਮ ਕਰ ਰਹੇ ਹਨ? ਸੀ ਆਈ ਸੀ ਵਿੱਚ ਕੇਸਾਂ ਦਾ ਇੱਕ ਵੱਡਾ ਬੈਕਲਾਗ ਹੈ। ਕਮਿਸ਼ਨ ਵਿੱਚ ਵੱਡੇ ਸੁਧਾਰਾਂ ਦੀ ਲੋੜ ਹੈ, ਜਿਸ ਵਿੱਚ ਮੁੱਖ ਸੂਚਨਾ ਕਮਿਸ਼ਨਰ ਵੱਲੋਂ ਸ਼ਨੀਵਾਰ ਨੂੰ ਕੰਮ ਕਰਵਾਉਣਾ ਸ਼ਾਮਲ ਹੈ।

## ਖਤਰਾ ਪਾਰਟੀ ?

ਦੋ ਦਸੰਬਰ ਨੂੰ ਸੁਣਦਿਆਂ 'ਹੁਕਮਰਾਨੇ',
ਸ਼ਹਿ ਭਾਜਪਾ ਦੀ ਕਹਿ ਕੇ ਭੰਡਿਆ ਸੀ।
'ਹਾਂਜੀ-ਹਾਂਜੀ' ਸੀ ਕਿਹਾ ਫਸੀਲ ਮੋਹਰੇ,
ਮਗਰੋਂ ਮੁੱਕਰ ਕੇ ਛੇਤੀ ਹੀ ਖੰਡਿਆ ਸੀ।
ਲਾ ਕੇ ਤੋਹਮਤਾਂ ਲਾਹੇ ਸੀ ਪਦਵੀਆਂ ਤੋਂ,
'ਜਥੇਦਾਰ ਸਾਹਿਬਾਨਾਂ' ਨੂੰ ਦੰਡਿਆ ਸੀ।
ਗੱਠ-ਜੋੜ ਲਈ 'ਹਾਬੜਿਆ' ਫੇਰ ਦੇਖੋ,
ਚੇਤਾ ਭੁੱਲ ਗਿਆ ਪੰਥ ਨੇ ਚੰਡਿਆ ਸੀ।
ਰਿਸ਼ਤਾ 'ਪਹਿਲੀਆਂ' ਵੇਲੇ ਦਾ ਹੋਰ ਸੀਗਾ,
ਬਦਲੀ ਹੋਈ ਹੁਣ ਭਾਈ ਸਿਨਿਆਰਟੀ ਐ।
ਬਾਦਲ ਦਲ 'ਤੇ ਪੰਜਾਬ ਸਿੰਹੁ ਹੱਸਦਾ ਏ,
ਇਹ ਖੇਤਰੀ ਨਹੀਂ 'ਖਤਰਾ ਪਾਰਟੀ' ਐ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਮਨੁੱਖਤਾ ਨੂੰ ਗੋਲੇ-ਬਰੂਦ ਦੀ ਨਹੀਂ, ਰੋਟੀ ਦੀ ਲੋੜ

ਭਾਰਤ ਸਮੇਤ ਦੁਨੀਆ ਭਰ ਵਿੱਚ ਅੱਜ ਅਜਿਹਾ ਮਾਹੌਲ ਸਿਰਜ ਚੁੱਕਿਆ ਹੈ, ਜਿਸ ਦੀ ਸ਼ਾਇਦ ਕੁਝ ਸਾਲ ਪਹਿਲਾਂ ਤੱਕ ਅਸੀਂ ਕਲਪਨਾ ਵੀ ਨਹੀਂ ਕੀਤੀ ਹੋਵੇਗੀ। ਪਿਛਲੇ ਲਗਭਗ ਡੇਢ ਦਹਾਕੇ ਦੌਰਾਨ ਦੇਸ਼-ਦੁਨੀਆ ਵਿੱਚ ਜਿੰਨੀ ਉਥਲ-ਪੁਥਲ ਹੋਈ ਹੈ, ਉਸ ਨੂੰ ਵੇਖਦਿਆਂ ਇਹ ਅੰਦਾਜ਼ਾ ਲਗਾਉਣਾ ਮੁਸ਼ਕਲ ਨਹੀਂ ਕਿ ਜੇਕਰ ਹਾਲਾਤ ਇਸੇ ਤਰ੍ਹਾਂ ਚੱਲਦੇ ਰਹੇ ਤਾਂ ਆਉਣ ਵਾਲਾ ਸਮਾਂ ਹੋਰ ਵੀ ਚੁਣੌਤੀਪੂਰਨ ਹੋ ਸਕਦਾ ਹੈ।

ਅਸੀਂ ਆਪਣੇ ਸਮਿਆਂ ਦੌਰਾਨ ਕਈ ਮੁਲਕਾਂ ਵਿੱਚ ਜੰਗਾਂ ਲੱਗਦੀਆਂ ਵੇਖੀਆਂ ਹਨ। ਕਈ ਦੇਸ਼ਾਂ ਵਿੱਚ ਸਰਕਾਰਾਂ ਬਦਲਦੀਆਂ, ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਸੱਤਾ ਤੋਂ ਲਾਂਭੇ ਹੁੰਦੇ ਅਤੇ ਲੋਕਾਂ ਦੇ ਹੱਥੋਂ ਰੋਟੀ, ਰੁਜ਼ਗਾਰ ਅਤੇ ਸਿੱਖਿਆ ਦੇ ਮੌਕੇ ਖੋਹੇ ਜਾਂਦੇ ਵੀ ਵੇਖੇ ਹਨ, ਪਰ ਸਵਾਲ ਇਹ ਹੈ ਕਿ ਇਸ ਸਾਰੀ ਉਥਲ-ਪੁਥਲ ਦਾ ਅਸਲ ਖਮਿਆਜ਼ਾ ਕੌਣ ਭੁਗਤਦਾ ਹੈ? ਜਵਾਬ ਸਾਫ਼ ਹੈ- ਆਮ ਲੋਕ।

ਪਿਛਲੇ ਦੋ-ਤਿੰਨ ਸਾਲਾਂ ਤੋਂ ਫਲਸਤੀਨ ਅਤੇ ਇਜ਼ਰਾਈਲ ਵਿਚਾਲੇ ਚੱਲ ਰਹੇ ਸੰਘਰਸ਼ ਨੇ ਪੂਰੀ ਦੁਨੀਆ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ। ਉੱਥੇ ਵੱਡੀ ਗਿਣਤੀ ਵਿੱਚ ਬੇਗੁਨਾਹ ਲੋਕ, ਜਿਨ੍ਹਾਂ ਵਿੱਚ ਬੱਚੇ ਅਤੇ ਔਰਤਾਂ ਵੀ ਸ਼ਾਮਲ ਹਨ, ਜੰਗ ਦੀ ਭੇਟ ਚੜ੍ਹ ਰਹੇ ਹਨ। ਹਰ ਪਾਸੇ ਗੋਲੇ-ਬਾਰੂਦ, ਬੰਬਾਂ ਦੇ ਧਮਾਕੇ, ਢਹਿ ਚੁੱਕੀਆਂ ਇਮਾਰਤਾਂ, ਸਕੂਲ ਅਤੇ ਹਸਪਤਾਲ ਨਜ਼ਰ ਆਉਂਦੇ ਹਨ, ਪਰ ਇਸ ਤਬਾਹੀ ਦੇ ਵਿਚਕਾਰ ਸਭ ਤੋਂ ਵੱਡੀ ਕਮੀ ਰੋਟੀ ਦੀ ਹੈ।

ਜਿੱਥੇ ਬੋਰੀਆਂ, ਬਸਤਿਆਂ ਅਤੇ ਵੱਡੇ-ਵੱਡੇ ਟਰੱਕਾਂ ਵਿੱਚ ਖਾਣ-ਪੀਣ ਦੀਆਂ ਵਸਤਾਂ ਪਹੁੰਚਣੀਆਂ ਚਾਹੀਦੀਆਂ ਹਨ, ਉੱਥੇ ਹਥਿਆਰ ਅਤੇ ਗੋਲਾ-ਬਾਰੂਦ ਪਹੁੰਚ ਰਿਹਾ ਹੈ। ਸਵਾਲ ਇਹ ਹੈ ਕਿ ਕੀ ਇਨਸਾਨ ਗੋਲੇ-ਬਾਰੂਦ ਖਾ ਕੇ ਜਿਉਂਦਾ ਰਹਿ ਸਕਦਾ ਹੈ? ਜਿਸ ਮਨੁੱਖ ਨੂੰ ਆਲੂ, ਗੰਢੇ, ਦਾਲਾਂ, ਅਨਾਜ, ਸਬਜ਼ੀਆਂ ਅਤੇ ਰੋਟੀ ਦੀ ਲੋੜ ਹੈ, ਜੇਕਰ ਉਸ ਦੇ ਪੱਲੇ ਹਥਿਆਰ ਪਾ ਦਿੱਤੇ ਜਾਣ ਤਾਂ ਉਸ ਦੀ ਜ਼ਿੰਦਗੀ ਕਿਵੇਂ ਬਦਲੇਗੀ?

ਅਸਲ ਵਿੱਚ ਅੱਜ ਸਾਡੇ ਸਮਾਜ ਅਤੇ ਦੁਨੀਆ ਵਿੱਚ ਕੁਝ ਅਜਿਹਾ ਹੀ ਹੋ ਰਿਹਾ ਹੈ। ਦੁਨੀਆ ਦੇ ਬਹੁਤ ਘੱਟ ਮੁਲਕ ਹੋਣਗੇ, ਜਿੱਥੇ ਕਿਸੇ ਨਾ ਕਿਸੇ ਰੂਪ ਵਿੱਚ ਨਫ਼ਰਤ, ਵੰਡ ਜਾਂ ਹਿੰਸਾ ਦੀ ਅੱਗ ਨਾ ਫੈਲੀ ਹੋਵੇ। ਵਿਸ਼ਵ ਦੀਆਂ ਵੱਡੀਆਂ ਤਾਕਤਾਂ ਅਮਨ-ਸ਼ਾਂਤੀ ਦੀਆਂ ਗੱਲਾਂ ਤਾਂ ਕਰਦੀਆਂ ਹਨ, ਪਰ ਉਨ੍ਹਾਂ ਦੀਆਂ ਨੀਤੀਆਂ ਅਤੇ ਕਾਰਵਾਈਆਂ ਅਕਸਰ ਇਸ ਦੇ ਉਲਟ ਤਸਵੀਰ ਪੇਸ਼ ਕਰਦੀਆਂ ਹਨ।


ਗੁਰਪ੍ਰੀਤ ਲਾਹੌਰੀ

ਇਹ ਸਵਾਲ ਵੀ ਵਾਰ-ਵਾਰ ਉਠਦਾ ਹੈ ਕਿ ਜੰਗਾਂ ਦੇ ਪਿੱਛੇ ਅਸਲ ਕਾਰਨ ਕੀ ਹੁੰਦੇ ਹਨ? ਕੀ ਸੱਚਮੁੱਚ ਸਿਰਫ਼ ਸਰਹੱਦਾਂ, ਵਿਚਾਰਧਾਰਾਵਾਂ ਜਾਂ ਸੁਰੱਖਿਆ ਹੀ ਇਸ ਦਾ ਕਾਰਨ ਹੁੰਦੀ ਹੈ ਜਾਂ ਫਿਰ ਇਸ ਦੇ ਪਿੱਛੇ ਤੇਲ, ਖਣਿਜ ਪਦਾਰਥ, ਕੁਦਰਤੀ ਸਰੋਤ, ਵਪਾਰਕ ਹਿੱਤ ਅਤੇ ਹਥਿਆਰਾਂ ਦਾ ਬਾਜ਼ਾਰ ਵੀ ਵੱਡੀ ਭੂਮਿਕਾ ਨਿਭਾਉਂਦਾ ਹੈ?

ਦੁਨੀਆ ਦੇ ਕਈ ਹਿੱਸਿਆਂ ਵਿੱਚ ਇਹ ਦੋਸ਼ ਲੱਗਦੇ ਰਹੇ ਹਨ ਕਿ ਕੁਦਰਤੀ ਸਰੋਤਾਂ ਨਾਲ ਭਰਪੂਰ ਖੇਤਰਾਂ ਵਿੱਚ ਚੱਲ ਰਹੇ ਸੰਘਰਸ਼ਾਂ ਦੇ ਪਿੱਛੇ ਵੱਡੇ ਆਰਥਿਕ ਹਿੱਤ ਵੀ ਕੰਮ ਕਰਦੇ ਹਨ। ਜਦੋਂ ਕਿਸੇ ਮੁਲਕ ਵਿੱਚ ਜੰਗ ਲੱਗਦੀ ਹੈ ਤਾਂ ਆਮ ਲੋਕ ਮਰਦੇ ਹਨ, ਘਰ ਤਬਾਹ ਹੁੰਦੇ ਹਨ, ਬੱਚਿਆਂ ਦੀ ਪੜ੍ਹਾਈ ਰੁਕਦੀ ਹੈ, ਹਸਪਤਾਲ ਬੰਦ ਹੁੰਦੇ ਹਨ ਅਤੇ ਰੁਜ਼ਗਾਰ ਦੇ ਮੌਕੇ ਖ਼ਤਮ ਹੋ ਜਾਂਦੇ ਹਨ, ਪਰ ਹਥਿਆਰ ਬਣਾਉਣ ਅਤੇ ਵੇਚਣ ਵਾਲੀਆਂ ਕੰਪਨੀਆਂ ਲਈ ਇਹੀ ਜੰਗ ਇੱਕ ਵੱਡਾ ਬਾਜ਼ਾਰ ਬਣ ਜਾਂਦੀ ਹੈ।

ਨੌਜਵਾਨਾਂ ਦੇ ਹੱਥਾਂ ਵਿੱਚ ਕਿਤਾਬ, ਕਲਮ ਅਤੇ ਰੁਜ਼ਗਾਰ ਦੀ ਥਾਂ ਜਦੋਂ ਬੰਦੂਕ ਫੜਾ ਦਿੱਤੀ ਜਾਂਦੀ ਹੈ ਤਾਂ ਕਿਸੇ ਵੀ ਮੁਲਕ ਦਾ ਭਵਿੱਖ ਹਨੇਰੇ ਵੱਲ ਚਲਾ ਜਾਂਦਾ ਹੈ। ਨੌਜਵਾਨਾਂ ਦੇ ਮਨਾਂ ਵਿੱਚ ਨਫ਼ਰਤ ਭਰ ਕੇ ਉਨ੍ਹਾਂ ਨੂੰ ਆਪਣੇ ਹੀ ਲੋਕਾਂ ਵਿਰੁੱਧ ਖੜ੍ਹਾ ਕਰ ਦੇਣਾ ਮਨੁੱਖਤਾ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਬੰਦੂਕ ਕਿਸੇ ਸਮੱਸਿਆ ਦਾ ਸਥਾਈ ਹੱਲ ਨਹੀਂ ਦੇ ਸਕਦੀ। ਉਹ ਸਿਰਫ਼ ਇੱਕ ਹੋਰ ਮੌਤ, ਇੱਕ ਹੋਰ ਜ਼ਖ਼ਮ ਅਤੇ ਇੱਕ ਹੋਰ ਪਰਿਵਾਰ ਦੀ ਤਬਾਹੀ ਲਿਆ ਸਕਦੀ ਹੈ।

ਭਾਰਤ ਅਤੇ ਪਾਕਿਸਤਾਨ ਵਿਚਾਲੇ ਪਿਛਲੇ ਸਾਲ ਹੋਏ ਸੈਨਿਕ ਟਕਰਾਅ ਨੇ ਵੀ ਦੋਵਾਂ ਦੇਸ਼ਾਂ ਦੇ ਆਮ ਲੋਕਾਂ ਵਿੱਚ ਤਣਾਅ ਵਧਾਇਆ। ਭਾਵੇਂ ਇਹ ਟਕਰਾਅ ਬਹੁਤ ਲੰਮਾ ਨਹੀਂ ਚੱਲਿਆ, ਪਰ ਇਸ ਨੇ ਲੋਕਾਂ ਦੇ ਮਨਾਂ ਵਿੱਚ ਨਫ਼ਰਤ ਅਤੇ ਬੇਭਰੋਸਗੀ ਦੀਆਂ ਕੰਧਾਂ ਹੋਰ ਉੱਚੀਆਂ ਕਰ ਦਿੱਤੀਆਂ। ਜੰਗ ਖ਼ਤਮ ਹੋ ਜਾਣ ਤੋਂ ਬਾਅਦ ਵੀ ਉਸ ਦਾ ਅਸਰ ਲੋਕਾਂ ਦੇ ਮਨਾਂ ਵਿੱਚ ਲੰਮੇ ਸਮੇਂ ਤੱਕ ਰਹਿੰਦਾ ਹੈ।

ਲੋਕਾਂ ਨੂੰ ਅਕਸਰ ਇਹ ਪਤਾ ਵੀ ਨਹੀਂ ਹੁੰਦਾ ਕਿ ਜੰਗਾਂ ਦੀ ਅਸਲ ਜੜ੍ਹ ਕੀ ਹੈ। ਉਨ੍ਹਾਂ ਨੂੰ ਸਿਰਫ਼ ਇਹ ਦੱਸਿਆ ਜਾਂਦਾ ਹੈ ਕਿ ਦੁਸ਼ਮਣ ਕੌਣ ਹੈ ਅਤੇ ਉਸ ਨਾਲ ਲੜਨਾ ਕਿਉਂ ਜ਼ਰੂਰੀ ਹੈ, ਪਰ ਜੇਕਰ ਅਸੀਂ ਜੰਗਾਂ ਦੇ ਪਿਛੋਕੜ ਵੱਲ ਝਾਤ ਮਾਰੀਏ ਤਾਂ ਕਈ ਵਾਰ ਸਿਆਸੀ ਸੱਤਾ, ਆਰਥਿਕ ਹਿੱਤ, ਸਰੋਤਾਂ 'ਤੇ ਕਬਜ਼ਾ ਅਤੇ ਵੋਟਾਂ ਦੀ ਰਾਜਨੀਤੀ ਵਰਗੇ ਕਾਰਕ ਵੀ ਸਾਹਮਣੇ ਆਉਂਦੇ ਹਨ।

ਹਾਕਮਾਂ ਨੂੰ ਅਕਸਰ ਸੱਤਾ ਦੀ ਭੁੱਖ ਹੁੰਦੀ ਹੈ ਅਤੇ ਸੱਤਾ ਹਾਸਲ ਕਰਨ ਲਈ ਉਹ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡਦੇ ਹਨ। ਚੋਣਾਂ ਦੇ ਸਮੇਂ ਨਫ਼ਰਤ ਅਤੇ ਡਰ ਨੂੰ ਹਵਾ ਦੇਣਾ ਸਭ ਤੋਂ ਆਸਾਨ ਰਾਜਨੀਤਕ ਹਥਿਆਰ ਬਣ ਜਾਂਦਾ ਹੈ। ਜੇਕਰ ਇਸ ਦੇ ਨਤੀਜੇ ਵਜੋਂ ਸੈਂਕੜੇ ਜਾਂ ਹਜ਼ਾਰਾਂ ਲੋਕ ਮਰ ਵੀ ਜਾਣ ਤਾਂ ਸੱਤਾ ਦੇ ਖਿਡਾਰੀਆਂ ਲਈ ਕਈ ਵਾਰ ਇਹ ਸਿਰਫ਼ ਇੱਕ ਅੰਕੜਾ ਬਣ ਕੇ ਰਹਿ ਜਾਂਦਾ ਹੈ।

ਇਸ ਦੇ ਉਲਟ, ਅੱਜ ਦੀ ਨਵੀਂ ਪੀੜ੍ਹੀ, ਖ਼ਾਸ ਕਰਕੇ ਜੈੱਨ-ਜ਼ੀ, ਕਈ ਦੇਸ਼ਾਂ ਵਿੱਚ ਰਵਾਇਤੀ ਰਾਜਨੀਤੀ ਅਤੇ ਭ੍ਰਿਸ਼ਟਾਚਾਰ ਵਿਰੁੱਧ ਆਵਾਜ਼ ਉਠਾਉਂਦੀ ਨਜ਼ਰ ਆ ਰਹੀ ਹੈ। ਨੇਪਾਲ, ਬੰਗਲਾਦੇਸ਼, ਸ੍ਰੀਲੰਕਾ ਅਤੇ ਹੋਰ ਦੇਸ਼ਾਂ ਵਿੱਚ ਨੌਜਵਾਨਾਂ ਦੀਆਂ ਲਹਿਰਾਂ ਨੇ ਇਹ ਸਵਾਲ ਖੜ੍ਹਾ ਕੀਤਾ ਹੈ ਕਿ ਕੀ ਸਿਰਫ਼ ਸੱਤਾ ਬਦਲਣਾ ਹੀ ਕਾਫ਼ੀ ਹੈ ਜਾਂ ਸਿਸਟਮ ਨੂੰ ਵੀ ਬਦਲਣ ਦੀ ਲੋੜ ਹੈ?

ਅੱਜ ਦਾ ਪੜ੍ਹਿਆ-ਲਿਖਿਆ ਨੌਜਵਾਨ ਇਹ ਸਮਝਣਾ ਚਾਹੁੰਦਾ ਹੈ ਕਿ ਲੋਕਤੰਤਰ ਕਿਵੇਂ ਕੰਮ ਕਰਦਾ ਹੈ, ਸੰਸਥਾਵਾਂ ਨੂੰ ਕਿਵੇਂ ਮਜ਼ਬੂਤ ਕੀਤਾ ਜਾ ਸਕਦਾ ਹੈ, ਭ੍ਰਿਸ਼ਟਾਚਾਰ ਨੂੰ ਕਿਵੇਂ ਖ਼ਤਮ ਕੀਤਾ ਜਾ ਸਕਦਾ ਹੈ ਅਤੇ ਸਿੱਖਿਆ, ਸਿਹਤ ਅਤੇ ਰੁਜ਼ਗਾਰ ਦੇ ਖੇਤਰ ਵਿੱਚ ਕਿਵੇਂ ਸੁਧਾਰ ਕੀਤਾ ਜਾ ਸਕਦਾ ਹੈ। ਇਹ ਨੌਜਵਾਨ ਜਾਣਦਾ ਹੈ ਕਿ ਕਿਸੇ ਵੀ ਮੁਲਕ ਦੀ ਅਸਲ ਤਾਕਤ ਉਸ ਦੇ ਹਥਿਆਰਾਂ ਵਿੱਚ ਨਹੀਂ, ਸਗੋਂ ਉਸ ਦੀ ਸਿੱਖਿਆ, ਸਿਹਤ, ਅਰਥ ਵਿਵਸਥਾ ਅਤੇ ਮਨੁੱਖੀ ਸਰੋਤ ਵਿੱਚ ਹੁੰਦੀ ਹੈ।

ਹੁਣ ਮੁੱਦੇ 'ਤੇ ਵਾਪਸ ਆਉਂਦੇ ਹਾਂ। ਭਾਰਤ ਅਤੇ ਪਾਕਿਸਤਾਨ ਵਿਚਾਲੇ ਬਣੀ ਤਲਖੀ ਕਾਰਨ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਲੈ ਕੇ ਵੀ ਸਵਾਲ ਖੜ੍ਹੇ ਹੁੰਦੇ ਰਹੇ ਹਨ। ਸੁਰੱਖਿਆ ਕਿਸੇ ਵੀ ਦੇਸ਼ ਲਈ ਸਭ ਤੋਂ ਅਹਿਮ ਮਾਮਲਾ ਹੈ ਅਤੇ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ, ਪਰ ਸਵਾਲ ਇਹ ਹੈ ਕਿ ਜੇਕਰ ਸਰਹੱਦਾਂ ਪਾਰ ਗੋਲੇ-ਬਾਰੂਦ ਅਤੇ ਬੰਬਾਂ ਦੀ ਆਵਾਜਾਈ ਹੋ ਸਕਦੀ ਹੈ ਤਾਂ ਆਮ ਲੋਕਾਂ ਵਿਚਕਾਰ ਆਲੂ, ਗੰਢੇ, ਦਾਲਾਂ, ਅਨਾਜ ਅਤੇ ਪਿਆਰ ਦੀ ਆਵਾਜਾਈ ਕਿਉਂ ਨਹੀਂ ਹੋ ਸਕਦੀ?

ਜੇਕਰ ਦੋਵਾਂ ਦੇਸ਼ਾਂ ਦੇ ਆਮ ਲੋਕ ਇੱਕ-ਦੂਜੇ ਨਾਲ ਵਪਾਰ ਕਰ ਸਕਣ, ਇੱਕ-ਦੂਜੇ ਦੇ ਸੁੱਖ-ਦੁੱਖ ਵਿੱਚ ਸ਼ਾਮਲ ਹੋ ਸਕਣ ਅਤੇ ਧਾਰਮਿਕ ਤੇ ਸੱਭਿਆਚਾਰਕ ਸਾਂਝ ਵਧਾ ਸਕਣ ਤਾਂ ਕੀ ਇਸ ਨਾਲ ਨਫ਼ਰਤ ਘੱਟ ਨਹੀਂ ਹੋਵੇਗੀ?

ਅਸਲ ਵਿੱਚ ਦੁਨੀਆ ਨੂੰ ਅੱਜ ਗੋਲੇ-ਬਾਰੂਦ ਨਾਲੋਂ ਵੱਧ ਰੋਟੀ ਦੀ ਲੋੜ ਹੈ। ਲੋਕਾਂ ਨੂੰ ਬੰਦੂਕਾਂ ਨਾਲੋਂ ਵੱਧ ਸਕੂਲਾਂ ਦੀ ਲੋੜ ਹੈ। ਹਥਿਆਰਾਂ ਦੀਆਂ ਫੈਕਟਰੀਆਂ ਨਾਲੋਂ ਵੱਧ ਹਸਪਤਾਲਾਂ ਦੀ ਲੋੜ ਹੈ। ਜੰਗੀ ਜਹਾਜ਼ਾਂ ਨਾਲੋਂ ਵੱਧ ਰੁਜ਼ਗਾਰ ਦੇ ਮੌਕਿਆਂ ਦੀ ਲੋੜ ਹੈ।

ਜੇਕਰ ਮਹਿੰਗਾਈ ਵਧਦੀ ਰਹੀ, ਮੁਲਕਾਂ 'ਤੇ ਕਰਜ਼ਾ ਚੜ੍ਹਦਾ ਰਿਹਾ ਅਤੇ ਹਥਿਆਰਾਂ 'ਤੇ ਖਰਬਾਂ ਰੁਪਏ ਖਰਚ ਹੁੰਦੇ ਰਹੇ ਤਾਂ ਆਮ ਆਦਮੀ ਦਾ ਲੱਕ ਹੋਰ ਟੁੱਟੇਗਾ। ਸਰਕਾਰੀ ਖ਼ਰਚੇ ਵਧਣਗੇ, ਲੋਕਾਂ 'ਤੇ ਟੈਕਸਾਂ ਦਾ ਬੋਝ ਵਧੇਗਾ ਅਤੇ ਵਿਕਾਸ ਦੇ ਨਾਮ 'ਤੇ ਕੀਤੇ ਜਾਣ ਵਾਲੇ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿਚਕਾਰ ਫ਼ਰਕ ਹੋਰ ਵੱਡਾ ਹੋ ਸਕਦਾ ਹੈ।

ਇਸ ਲਈ ਅੱਜ ਸਵਾਲ ਸਿਰਫ਼ ਭਾਰਤ ਜਾਂ ਪਾਕਿਸਤਾਨ ਦਾ ਨਹੀਂ, ਸਗੋਂ ਪੂਰੀ ਮਨੁੱਖਤਾ ਦਾ ਹੈ। ਜੇਕਰ ਨਫ਼ਰਤ ਦੀ ਅੱਗ ਵਿੱਚ ਗੋਲੇ-ਬਾਰੂਦ ਵੰਡੇ ਜਾ ਸਕਦੇ ਹਨ ਤਾਂ ਭੁੱਖੇ ਢਿੱਡ ਭਰਨ ਲਈ ਅਨਾਜ ਕਿਉਂ ਨਹੀਂ ਵੰਡਿਆ ਜਾ ਸਕਦਾ? ਜੇਕਰ ਜੰਗ ਲਈ ਸਰਹੱਦਾਂ ਖੋਲ੍ਹੀਆਂ ਜਾ ਸਕਦੀਆਂ ਹਨ ਤਾਂ ਅਮਨ ਲਈ ਦਿਲਾਂ ਦੇ ਦਰਵਾਜ਼ੇ ਕਿਉਂ ਨਹੀਂ ਖੋਲ੍ਹੇ ਜਾ ਸਕਦੇ?

ਅਸੀਂ ਕਿਸ ਦੇ ਦੁਸ਼ਮਣ ਹਾਂ- ਇੱਕ-ਦੂਜੇ ਦੇ ਜਾਂ ਆਪਣੇ ਹੀ ਭਵਿੱਖ ਦੇ? ਜਵਾਬ ਸ਼ਾਇਦ ਸਾਡੇ ਸਾਰਿਆਂ ਕੋਲ ਹੈ। ਨਫ਼ਰਤ ਦੀ ਅੱਗ ਕਿਸੇ ਇੱਕ ਘਰ ਨੂੰ ਨਹੀਂ ਸਾੜਦੀ; ਇਹ ਪੂਰੇ ਸਮਾਜ ਨੂੰ ਰਾਖ ਕਰ ਦਿੰਦੀ ਹੈ। ਇਸ ਲਈ ਅੱਜ ਲੋੜ ਹੈ ਕਿ ਗੋਲੇ-ਬਾਰੂਦ ਦੀ ਥਾਂ ਕਿਤਾਬਾਂ, ਬੰਦੂਕਾਂ ਦੀ ਥਾਂ ਰੁਜ਼ਗਾਰ, ਜੰਗ ਦੀ ਥਾਂ ਗੱਲਬਾਤ ਅਤੇ ਨਫ਼ਰਤ ਦੀ ਥਾਂ ਮਨੁੱਖਤਾ ਨੂੰ ਤਰਜੀਹ ਦਿੱਤੀ ਜਾਵੇ।

# ਸੰਪਰਕ : 95698-20314

# ਹੀਲਿੰਗ ਡਸਟ (ਚੰਗਿਆਈ ਵਾਲੀ ਧੂੜ)

ਅਸੀਂ ਧੂੜ ਨੂੰ ਅਕਸਰ ਗੰਦਗੀ ਸਮਝਦੇ ਹਾਂ । ਘਰ ਦੀਆਂ ਸੈਲਫਾਂ, ਖਿੜਕੀਆਂ ਜਾਂ ਪੁਰਾਣੀਆਂ ਤਸਵੀਰਾਂ ਉੱਤੇ ਜੰਮੀ ਧੂੜ ਨੂੰ ਅਸੀਂ ਸਾਫ਼ ਕਰਨ ਦੀ ਕੋਸ਼ਿਸ਼ ਕਰਦੇ ਹਾਂ, ਪਰ ਜੇ ਅਸੀਂ ਧੂੜ ਨੂੰ ਡੂੰਘਾਈ ਨਾਲ ਵੇਖੀਏ ਤਾਂ ਇਹ ਸਿਰਫ਼ ਮਿੱਟੀ ਦੇ ਕਣ ਨਹੀਂ, ਸਗੋਂ ਕੁਦਰਤ, ਬ੍ਰਹਿਮੰਡ ਅਤੇ ਜੀਵਨ ਦੀ ਇੱਕ ਅਦਭੁੱਤ ਕਹਾਣੀ ਹੈ।

ਧੂੜ ਪਹਾੜਾਂ ਦੇ ਟੁਕੜਿਆਂ, ਰੁੱਖਾਂ ਦੇ ਅਵਸ਼ੇਸ਼ਾਂ, ਸਮੁੰਦਰਾਂ ਦੀਆਂ ਲਹਿਰਾਂ ਅਤੇ ਅਰਬਾਂ ਸਾਲ ਪਹਿਲਾਂ ਫਟੇ ਤਾਰਿਆਂ ਦੇ ਕਣਾਂ ਤੋਂ ਬਣੀ ਹੁੰਦੀ ਹੈ। ਵਿਗਿਆਨ ਸਾਨੂੰ ਦੱਸਦਾ ਹੈ ਕਿ ਸਾਡੇ ਸਰੀਰ ਦੇ ਤੱਤ ਵੀ ਕਦੇ ਨਾ ਕਦੇ ਤਾਰਿਆਂ ਦਾ ਹਿੱਸਾ ਰਹੇ ਹਨ । ਇਸ ਅਰਥ ਵਿੱਚ ਅਸੀਂ ਸਾਰੇ ਸਟਾਰਡਸਟ ਹਾਂ—ਤਾਰਿਆਂ ਦੀ ਧੂੜ।

ਹੋਲਿਸਟਿਕ ਮਨੋਵਿਗਿਆਨ ਦੇ ਅਨੁਸਾਰ ਮਨੁੱਖ ਸਿਰਫ਼ ਸਰੀਰ ਜਾਂ ਮਨ ਨਹੀਂ, ਉਹ ਸਰੀਰ, ਮਨ, ਭਾਵਨਾਵਾਂ, ਆਤਮਾ ਅਤੇ ਕੁਦਰਤ ਦਾ ਇੱਕ ਜੀਵੰਤ ਮੇਲ ਹੈ। ਧੂੜ ਇਸ ਗਹਿਰੇ ਸੰਬੰਧ ਦੀ ਯਾਦ ਦਿਵਾਉਂਦੀ ਹੈ।

**ਵੱਖਰੇਪਣ ਦਾ ਭਰਮ ਅਤੇ ਜੁੜਾਅ ਦੀ ਸੱਚਾਈ**

ਅੱਜ ਦੇ ਸਮੇਂ ਵਿੱਚ ਬਹੁਤ ਸਾਰੇ ਲੋਕ ਇਕੱਲੇਪਣ, ਚਿੰਤਾ ਅਤੇ ਅੰਦਰੂਨੀ ਖਾਲੀਪਣ ਨਾਲ ਜੂਝ ਰਹੇ ਹਨ। ਇਸ ਦਾ ਇੱਕ ਵੱਡਾ ਕਾਰਨ ਇਹ ਹੈ ਕਿ ਅਸੀਂ ਆਪਣੇ ਆਪ ਨੂੰ ਕੁਦਰਤ ਅਤੇ ਇੱਕ-ਦੂਜੇ ਤੋਂ ਵੱਖਰਾ ਸਮਝਣ ਲੱਗ ਪਏ ਹਾਂ।

ਧੂੜ ਸਾਨੂੰ ਇੱਕ ਹੋਰ ਸੱਚਾਈ ਦੱਸਦੀ ਹੈ। ਧੂੜ ਦਾ ਹਰ ਕਣ ਕਿਸੇ ਨਾ ਕਿਸੇ ਵੱਡੇ ਸਰੋਤ ਨਾਲ ਜੁੜਿਆ ਹੁੰਦਾ ਹੈ। ਉਹ ਕਦੇ ਪਹਾੜ ਦਾ ਹਿੱਸਾ ਸੀ, ਕਦੇ ਕਿਸੇ ਰੁੱਖ ਦਾ, ਕਦੇ ਕਿਸੇ ਜੀਵ ਦਾ। ਉਸੇ ਤਰ੍ਹਾਂ ਅਸੀਂ ਵੀ ਇੱਕ-ਦੂਜੇ ਨਾਲ ਅਤੇ ਪੂਰੇ ਬ੍ਰਹਿਮੰਡ ਨਾਲ ਜੁੜੇ ਹੋਏ ਹਾਂ।


ਡਾ. ਪਰਦੀਪ ਨਾਂਗਲੂ

ਜਦੋਂ ਮਨੁੱਖ ਇਸ ਜੁੜਾਅ ਨੂੰ ਮਹਿਸੂਸ ਕਰਦਾ ਹੈ ਤਾਂ ਉਸ ਦੇ ਅੰਦਰ ਪੈਦਾ ਹੋਈ ਇਕੱਲੇਪਣ ਦੀ ਭਾਵਨਾ ਘਟਣ ਲੱਗਦੀ ਹੈ। ਉਸ ਨੂੰ ਅਹਿਸਾਸ ਹੁੰਦਾ ਹੈ ਕਿ ਉਹ ਇਸ ਵਿਸ਼ਾਲ ਸ੍ਰਿਸ਼ਟੀ ਦਾ ਇੱਕ ਮਹੱਤਵਪੂਰਨ ਹਿੱਸਾ ਹੈ।

**ਧੂੜ ਅਤੇ ਬਦਲਾਅ ਦੀ ਮਨੋਵਿਗਿਆਨ**

ਕੁਦਰਤ ਵਿੱਚ ਕੁਝ ਵੀ ਸਥਿਰ ਨਹੀਂ। ਪੱਤਾ ਡਿੱਗਦਾ ਹੈ ਅਤੇ ਮਿੱਟੀ ਬਣ ਜਾਂਦਾ ਹੈ। ਮਿੱਟੀ ਤੋਂ ਨਵਾਂ ਪੌਦਾ ਜਨਮ ਲੈਂਦਾ ਹੈ। ਮੌਤ ਤੋਂ ਜੀਵਨ ਅਤੇ ਜੀਵਨ ਤੋਂ ਨਵੀਂ ਰਚਨਾ ਦਾ ਇਹ ਚੱਕਰ ਲਗਾਤਾਰ ਚਲਦਾ ਰਹਿੰਦਾ ਹੈ।

ਮਨੁੱਖੀ ਜੀਵਨ ਵੀ ਇਸੇ ਨਿਯਮ ਦੇ ਅਧੀਨ ਹੈ। ਦੁੱਖ, ਨੁਕਸਾਨ, ਅਸਫਲਤਾ ਅਤੇ ਟੁੱਟੇ ਹੋਏ ਰਿਸ਼ਤੇ ਸਾਨੂੰ ਖਤਮ ਕਰਨ ਲਈ ਨਹੀਂ ਆਉਂਦੇ। ਬਹੁਤ ਵਾਰ ਇਹ ਸਾਡੇ ਅੰਦਰ ਨਵੀਂ ਸਮਝ, ਨਵੀਂ ਤਾਕਤ ਅਤੇ ਨਵੀਂ ਸੂਝ ਪੈਦਾ ਕਰਦੇ ਹਨ।

ਹੋਲਿਸਟਿਕ ਮਨੋਵਿਗਿਆਨ ਇਸ ਪ੍ਰਕਿਰਿਆ ਨੂੰ ਰੂਪਾਂਤਰਣ ਕਹਿੰਦਾ ਹੈ। ਚੰਗਿਆਈ ਦਾ ਅਰਥ ਦਰਦ ਨੂੰ ਮਿਟਾਉਣਾ ਨਹੀਂ, ਸਗੋਂ ਉਸ ਨੂੰ ਗਿਆਨ ਅਤੇ ਸੂਝ ਵਿੱਚ ਬਦਲਣਾ ਹੈ।ਧੂੜ ਇਸ ਗੱਲ ਦੀ ਪ੍ਰਤੀਕ ਹੈ ਕਿ ਕੁਝ ਵੀ ਨਸ਼ਟ ਨਹੀਂ ਹੁੰਦਾ; ਸਭ ਕੁਝ ਸਿਰਫ਼ ਆਪਣਾ ਰੂਪ ਬਦਲਦਾ ਹੈ।

**ਸ਼ਾਂਤੀ ਅਤੇ ਠਹਿਰਾਅ ਦੀ ਚੰਗਿਆਈ**

ਅੱਜ ਦੀ ਦੁਨੀਆ ਵਿੱਚ ਹਰ ਕੋਈ ਦੌੜ ਰਿਹਾ ਹੈ। ਮਨੁੱਖ ਕੋਲ ਸੋਚਣ, ਮਹਿਸੂਸ ਕਰਨ ਜਾਂ ਆਪਣੇ ਅੰਦਰ ਝਾਤ ਮਾਰਨ ਲਈ ਸਮਾਂ ਘੱਟ ਰਹਿ ਗਿਆ ਹੈ।ਧੂੜ ਸਾਨੂੰ ਠਹਿਰਨਾ ਸਿਖਾਉਂਦੀ ਹੈ। ਉਹ ਹੌਲੀ-ਹੌਲੀ ਬੈਠਦੀ ਹੈ। ਉਸ ਵਿੱਚ ਕੋਈ ਕਾਹਲੀ ਨਹੀਂ, ਕੋਈ ਬੇਚੈਨੀ ਨਹੀਂ।

ਜਦੋਂ ਅਸੀਂ ਕੁਝ ਪਲ ਚੁੱਪਚਾਪ ਬੈਠਦੇ ਹਾਂ, ਕੁਦਰਤ ਨਾਲ ਜੁੜਦੇ ਹਾਂ, ਧਿਆਨ ਕਰਦੇ ਹਾਂ ਜਾਂ ਆਪਣੇ ਅੰਦਰ ਦੀ ਆਵਾਜ਼ ਸੁਣਦੇ ਹਾਂ, ਤਾਂ ਸਾਡਾ ਮਨ ਹੌਲੀ-ਹੌਲੀ ਸ਼ਾਂਤ ਹੋਣ ਲੱਗਦਾ ਹੈ। ਅੰਦਰਲੇ ਜ਼ਖ਼ਮਾਂ ਨੂੰ ਭਰਨ ਲਈ ਇਹ ਸ਼ਾਂਤੀ ਬਹੁਤ ਜ਼ਰੂਰੀ ਹੈ।

ਕਈ ਵਾਰ ਚੰਗਿਆਈ ਕਿਸੇ ਵੱਡੇ ਉਪਦੇਸ਼ ਜਾਂ ਚਮਤਕਾਰ ਰਾਹੀਂ ਨਹੀਂ ਆਉਂਦੀ; ਉਹ ਧੂੜ ਵਾਂਗ ਹੌਲੀ-ਹੌਲੀ ਸਾਡੇ ਅੰਦਰ ਉਤਰਦੀ ਹੈ।

**ਕੁਦਰਤ ਨਾਲ ਸੰਬੰਧ ਅਤੇ ਸਿਹਤ**

ਹੋਲਿਸਟਿਕ ਸਿਹਤ ਦਾ ਇੱਕ ਮਹੱਤਵਪੂਰਨ ਸਿਧਾਂਤ ਹੈ ਕਿ ਮਨੁੱਖ ਦੀ ਸਿਹਤ ਕੁਦਰਤ ਦੀ ਸਿਹਤ ਨਾਲ ਜੁੜੀ ਹੋਈ ਹੈ।

ਜਿਸ ਹਵਾ ਨੂੰ ਅਸੀਂ ਸਾਹਾਂ ਵਿੱਚ ਲੈਂਦੇ ਹਾਂ, ਜਿਸ ਪਾਣੀ ਨੂੰ ਪੀਂਦੇ ਹਾਂ ਅਤੇ ਜਿਸ ਮਿੱਟੀ ਉੱਤੇ ਤੁਰਦੇ ਹਾਂ, ਉਹ ਸਾਰੇ ਸਾਡੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਪ੍ਰਭਾਵਤ ਕਰਦੇ ਹਨ।

ਹਰ ਸਾਹ ਦੇ ਨਾਲ ਅਸੀਂ ਦੁਨੀਆ ਦੇ ਅਣਗਿਣਤ ਕਣਾਂ ਨੂੰ ਆਪਣੇ ਅੰਦਰ ਲੈਂਦੇ ਹਾਂ ਅਤੇ ਹਰ ਸਾਹ ਛੱਡਣ ਨਾਲ ਆਪਣੇ ਆਪ ਦਾ ਇੱਕ ਹਿੱਸਾ ਦੁਨੀਆ ਨੂੰ ਵਾਪਸ ਕਰਦੇ ਹਾਂ। ਇਹ ਲਗਾਤਾਰ ਚੱਲਣ ਵਾਲਾ ਆਦਾਨ-ਪ੍ਰਦਾਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਅਸੀਂ ਕੁਦਰਤ ਤੋਂ ਵੱਖਰੇ ਨਹੀਂ ਹਾਂ।

**ਅੰਤਮ ਵਿਚਾਰ**

ਹੀਲਿੰਗ ਡਸਟ ਸਾਨੂੰ ਇਹ ਸਿਖਾਉਂਦੀ ਹੈ ਕਿ ਜੀਵਨ ਦਾ ਮੂਲ ਸੱਚ ਜੁੜਾਅ, ਬਦਲਾਅ ਅਤੇ ਏਕਤਾ ਹੈ। ਅਸੀਂ ਸਾਰੇ ਉਸੇ ਮਿੱਟੀ, ਉਸੇ ਧੂੜ ਅਤੇ ਉਸੇ ਬ੍ਰਹਿਮੰਡ ਦੇ ਕਣਾਂ ਤੋਂ ਬਣੇ ਹਾਂ।

ਜਦੋਂ ਅਸੀਂ ਇਸ ਸੱਚਾਈ ਨੂੰ ਸਮਝ ਲੈਂਦੇ ਹਾਂ ਤਾਂ ਸਾਡੇ ਅੰਦਰ ਡਰ ਦੀ ਥਾਂ ਵਿਸ਼ਵਾਸ, ਇਕੱਲੇਪਣ ਦੀ ਥਾਂ ਜੁੜਾਅ ਅਤੇ ਬੇਚੈਨੀ ਦੀ ਥਾਂ ਸ਼ਾਂਤੀ ਜਨਮ ਲੈਣ ਲੱਗਦੀ ਹੈ।

ਧੂੜ ਸਾਨੂੰ ਇਹ ਯਾਦ ਦਿਵਾਉਂਦੀ ਹੈ ਕਿ ਅਸੀਂ ਇਸ ਸੰਸਾਰ ਦੇ ਦਰਸ਼ਕ ਨਹੀਂ, ਸਗੋਂ ਇਸ ਦੀ ਜੀਵੰਤ ਕਹਾਣੀ ਦਾ ਹਿੱਸਾ ਹਾਂ।

ਅਤੇ ਸ਼ਾਇਦ ਧੂੜ ਦੀ ਸਭ ਤੋਂ ਵੱਡੀ ਸਿੱਖਿਆ ਇਹੀ ਹੈ—

ਅਸੀਂ ਕਦੇ ਵੀ ਤਾਰਿਆਂ ਤੋਂ ਵੱਖਰੇ ਨਹੀਂ ਹੋਏ;

ਅਸੀਂ ਸਿਰਫ਼ ਕੁਝ ਸਮੇਂ ਲਈ ਮਨੁੱਖੀ ਰੂਪ ਵਿੱਚ ਢਲ ਗਏ ਹਾਂ।

ਇੱਕ ਦਿਨ ਇਹ ਹੀਲਿੰਗ ਡਸਟ ਸਾਨੂੰ ਫਿਰ ਆਪਣੇ ਅਸਲੀ ਘਰ ਦੀ ਯਾਦ ਦਿਵਾਏਗੀ।

# ਜਦੋਂ ਲੋਕ ਰੋਹ ਨੇ ਸਰਕਾਰ ਝੁਕਾਈ

1979-80 ਵਿੱਚ ਪ੍ਰਕਾਸ਼ ਸਿੰਘ ਬਾਦਲ ਦੇ ਰਾਜ ਸਮੇਂ ਤਰਨ ਤਾਰਨ ਪੁਲਸ ਦੀ ਹਿਰਾਸਤ ਵਿੱਚ ਢੋਟੀਆਂ ਪਿੰਡ ਦੇ ਦੋ ਸਕੇ ਭਰਾਵਾਂ ਦੇ ਕਤਲ ਦੇ ਘਟਨਾਕਰਮ ਦਾ ਮੈਂ ਗਵਾਹ ਹਾਂ। ਤੁਸੀਂ ਸੋਚੋਗੇ ਕਿ ਮੈਂ ਇਹ ਵੱਡਾ ਪੰਗਾ ਕਿਉਂ ਤੇ ਕਿਵੇਂ ਲਿਆ। ਅਸਲ ਵਿੱਚ ਮੈਂ ਉਦੋਂ ਪੱਟੀ ਸਰਕਾਰੀ ਕਾਲਜ ਤੋਂ ਬੀ. ਏ ਕਰ ਲਈ ਸੀ ਤੇ ਘਰ-ਬਾਰ ਛੱਡ ਕੇ ਵਿਦਿਆਰਥੀ ਲਹਿਰ ਵਿੱਚ ਕੁੱਦ ਪਿਆ ਸਾਂ। ਫਰੀਡਮ ਫਾਈਟਰ ਪਰਵਾਰ ਵਿੱਚੋਂ ਹਾਂ ਤੇ ਦਸਵੀਂ ਜਮਾਤ ਤੋਂ ਹੀ ਪੂਰਾ ਸਰਗਰਮ ਸਾਂ। ਆਮ ਲੋਕਾਂ ਦੇ ਦੁੱਖ-ਦਰਦ ਵਿੱਚ ਵੀ ਬਿਨ ਬੁਲਾਇਆ ਹੀ ਜਾ ਸ਼ਾਮਲ ਹੁੰਦਾ ਸਾਂ। ਘਟਨਾ ਵੇਲੇ ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ ਐੱਸ ਐੱਫ ਆਈ ਦਾ ਜਿਲਾ ਅੰਮ੍ਰਿਤਸਰ ਦਾ ਸਕੱਤਰ ਸਾਂ ਤੇ ਨੌਜਵਾਨ ਸਭਾ ਪੰਜਾਬ ਦਾ ਵੀ ਜ਼ਿਲ੍ਹਾ ਮੀਤ ਸਕੱਤਰ ਸਾਂ। ਇਸ ਘਟਨਾ ਮਗਰੋਂ ਮੈਂ ਐੱਸ ਐੱਫ ਆਈ ਦਾ ਪੰਜਾਬ ਚੰਡੀਗੜ੍ਹ ਦਾ ਪੰਜ ਸਾਲ ਪ੍ਰਧਾਨ /ਸਕੱਤਰ ਵੀ ਰਿਹਾਂ।

ਹੋਇਆ ਇੰਜ ਸੀ ਕਿ ਤਰਨ ਤਾਰਨ ਸਿਟੀ ਥਾਣੇ ਦੀ ਪੁਲਸ ਵੱਲੋਂ ਢੋਟੀਆਂ ਪਿੰਡ ਦੇ ਦੋ ਭਰਾ ਕਿਸੇ ਕੇਸ ਵਿੱਚ ਫੜ ਕੇ ਥਾਣੇ ਲਿਆਂਦੇ ਗਏ। ਪੁਲਸ ਦੇ ਕੁੱਟਦਿਆਂ ਇੱਕ ਮਰ ਗਿਆ ਤੇ ਦੂਜੇ ਭਰਾ ਨੂੰ ਪੁਲਸ ਨੇ ਸਬੂਤ ਮਿਟਾਉਣ ਦੀ ਖਾਤਰ ਮਾਰ ਕੇ ਲਾਸ਼ਾਂ ਪਤਾ ਨਹੀਂ ਕਿੱਧਰ ਗਾਇਬ ਕਰ ਦਿੱਤੀਆਂ। ਹਵਾਲਾਤ ਵਿੱਚ ਬੰਦ ਮੌਕੇ ਦੇ ਗਵਾਹਾਂ ਵਰਗੇ ਲੋਕਾਂ ਨੂੰ ਲਾਲਚ ਅਤੇ ਡਰ ਦੇ ਕੇ ਭਜਾ ਦਿੱਤਾ ਕਿ ਕਿਤੇ ਗੱਲ ਨਾ ਕਰਿਓ, ਪਰ ਉਹਨਾਂ ਵਿੱਚੋਂ ਇੱਕ ਬੰਦੇ ਨੇ ਮਹੀਨੇ ਕੁ ਬਾਅਦ ਢੋਟੀਆਂ ਪਿੰਡ ਨੂੰ ਬੇਨਾਮੀ ਚਿੱਠੀ ਪਾ ਕੇ ਦੱਸ ਦਿੱਤਾ ਕਿ ਤੁਹਾਡੇ ਪਿੰਡ ਦੇ ਮੁੰਡੇ ਪੁਲਸ ਨੇ ਮੇਰੇ ਸਾਹਮਣੇ ਮਾਰੇ। ਪੁਲਸ ਘਰਦਿਆਂ ਨੂੰ ਕਹੀ ਜਾਂਦੀ ਸੀ ਕਿ ਅਸੀਂ ਤਾਂ ਫੜੇ ਹੀ ਨਹੀਂ, ਸਾਨੂੰ ਨਹੀਂ ਪਤਾ। ਢੋਟੀਆਂ ਪਿੰਡ ਦਾ ਸਿਆਣਾ ਸਰਪੰਚ ਸੁਰਜੀਤ ਸਿੰਘ ਜੋ ਉਸ ਵੇਲੇ ਅਕਾਲੀ ਲੀਡਰ ਵੀ ਸੀ ਅਤੇ ਇੱਕ ਕਾਂਗਰਸੀ ਸਾਬਕਾ ਸਰਪੰਚ ਕਰਤਾਰ ਸਿੰਘ, ਦੋਹਾਂ ਦੀ ਅਗਵਾਈ ਵਿੱਚ ਪਿੰਡ ਦੇ ਲੋਕ ਔਰਤਾਂ-ਬੰਦਿਆਂ ਦੀਆਂ ਟਰਾਲੀਆਂ ਭਰ ਕੇ ਤਰਨ ਤਾਰਨ ਸ਼ਹਿਰ ਵਿੱਚ ਕਦੀ ਥਾਣੇ ਅਤੇ ਕਦੀ ਡੀ ਐਸ ਪੀ ਦਫਤਰ ਨਾਅਰੇ ਮਾਰਦੇ ਹੋਏ ਗੇੜੇ ਕੱਢ ਰਹੇ ਸਨ। ਢੋਟੀਆਂ ਪਿੰਡ ਵਾਲਿਆਂ ਨੂੰ ਅਸੀਂ ਨਹੀਂ ਸਾਂ ਜਾਣਦੇ, ਪਰ ਮੈਂ ਬਲਦੇਵ ਸਿੰਘ ਦੇਊ ਨੌਜਵਾਨ ਸਭਾ ਪੰਜਾਬ ਦਾ ਜ਼ਿਲ੍ਹਾ ਅੰਮ੍ਰਿਤਸਰ ਦਾ ਪ੍ਰਧਾਨ ਅਤੇ ਅਰੂੜ ਸਿੰਘ ਗਿੱਲ ਦੀਨਪੁਰ, ਜੋ ਐੱਸ ਐੱਫ ਆਈ ਦਾ ਮੇਰੇ ਨਾਲ ਆਗੂ ਸੀ, ਪਿੰਡ ਵਾਲਿਆਂ ਨਾਲ ਅਸੀਂ ਹੋ ਤੁਰੇ। ਜਦ ਪੁਲਸ ਕਤਲਾਂ ਤੋਂ ਮੁੱਕਰ ਗਈ, ਅਣਜਾਣ ਬਣ ਗਈ ਤਾਂ ਸਿਟੀ ਥਾਣੇ ਦੇ ਅੰਦਰ ਹੀ ਧਰਨਾ ਮਾਰ ਦਿੱਤਾ ਗਿਆ, ਜੋ ਸਾਰੀ ਰਾਤ ਚੱਲਿਆ। ਪੁਲਸ ਨੇ ਧਰਨਾ ਉਠਾਉਣ ਲਈ ਬੜੇ ਪਾਪੜ ਵੇਲੇ। ਆਪਣੇ ਹਥਿਆਰਾਂ ਦੀ ਸੁਰੱਖਿਆ ਬਾਰੇ ਵੀ ਕਿਹਾ, ਪਰ ਅਸਾਂ ਕਿਹਾ ਕਿ ਅੱਜ ਤੁਹਾਡੇ ਥਾਣੇ ਅਤੇ ਹਥਿਆਰਾਂ ਦੀ ਰਾਖੀ ਕਰਨੀ ਸਾਡਾ ਜ਼ਿੰਮਾ ਹੈ, ਅਸੀਂ ਪੁਰਅਮਨ ਬੈਠੇ ਹਾਂ। ਸਵੇਰ ਨੂੰ ਸੈਂਕੜੇ ਹੋਰ ਲੋਕਾਂ ਨੇ ਆਪਮੁਹਾਰੇ ਹੀ ਸਾਡਾ ਸਾਥ ਦਿੱਤਾ। ਅਸੀਂ ਸਿਟੀ ਥਾਣਾ ਤਰਨ ਤਾਰਨ ਦਾ ਅਣਮਿਥੇ ਸਮੇਂ ਲਈ ਪੁਰਅਮਨ ਘਿਰਾਓ ਦਾ ਐਲਾਨ ਕੀਤਾ। ਮੇਰੀ ਉਮਰ ਉਦੋਂ 20 ਸਾਲ ਸੀ, ਪਰ ਪੁਲਸ ਨਾਲ ਭਿੜਨ ਅਤੇ ਸਿੱਝਣ ਦਾ ਤਜਰਬਾ ਅਤੇ ਜਜ਼ਬਾ ਵਾਹਵਾ ਸੀ। ਅਗਲਾ ਪੂਰਾ ਦਿਨ ਸ਼ਾਮ ਤੱਕ ਧਰਨਾ ਚੱਲਿਆ। ਇਸ ਦੌਰਾਨ ਕਈ ਆਗੂਆਂ ਗੁਰਿੰਦਰ ਸਿੰਘ ਕੈਰੋਂ, ਪ੍ਰੇਮ ਸਿੰਘ ਲਾਲਪੁਰਾ, ਮੇਜਰ ਸਿੰਘ ਉਬੋਕੇ ਨੇ ਆਪ ਆਣ ਕੇ ਸਾਡੇ ਸੰਘਰਸ਼ ਨਾਲ ਹਮਦਰਦੀ ਪ੍ਰਗਟ ਕੀਤੀ। ਪੁਲਸ ਵੱਲੋਂ ਧਰਨਾ ਖਦੇੜਨ ਲਈ ਕੀਤੀਆਂ ਕੋਸ਼ਿਸ਼ਾਂ ਦੀ ਕਹਾਣੀ ਲੰਮੀ ਹੈ। ਇਸ ਦੀ ਸਿਖਰ ਸੀ ਕਿ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ


ਡਾ. ਸੁਰਿੰਦਰ ਮੰਡ (ਪ੍ਰੋਫੈਸਰ)

ਜਗਦੇਵ ਸਿੰਘ ਤਲਵੰਡੀ ਉੱਥੇ ਆ ਗਿਆ। ਪਹਿਲਾਂ ਅੰਦਰ ਪੁਲਸ ਨਾਲ ਗੱਲ ਕੀਤੀ ਤੇ ਬਾਹਰ ਆ ਕੇ ਮਾਈਕ ਫੜ ਕੇ ਸਾਨੂੰ ਹਦਾਇਤਾਂ ਦੇਣ ਲੱਗਾ। ਉਸ ਦੀਆਂ ਗੱਲਾਂ ਦਾ ਨਿਚੋੜ ਸੀ ਕਿ ਮੈਂ ਅਕਾਲੀ ਦਲ ਦਾ ਪ੍ਰਧਾਨ ਹਾਂ। ਵੇਖੋ, ਮੈਨੂੰ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਭੇਜਿਆ ਹੈ। ਸਰਕਾਰ ਆਪਣੀ ਆਂ, ਨਿਆਂ ਹੋਊਗਾ। ਪੜਤਾਲ ਹੋਊਗੀ। ਤੁਸੀਂ ਧਰਨਾ ਖਤਮ ਕਰਕੇ ਘਰਾਂ ਨੂੰ ਜਾਓ। ਜਦ ਮੈਂ ਖੁਦ ਹੀ ਆ ਗਿਆ ਤਾਂ ਤੁਹਾਨੂੰ ਫਿਕਰ ਕਾਹਦਾ। ਏਨਾ ਆਖ ਕੇ ਉਸ ਨੇ ਢੋਟੀਆਂ ਪਿੰਡ ਦੇ ਅਕਾਲੀ ਸਰਪੰਚ ਸੁਰਜੀਤ ਸਿੰਘ ਨੂੰ ਮਾਈਕ ਫੜਾਇਆ ਤਾਂ ਕਿ ਉਹ ਧਰਨਾ ਖਤਮ ਕਰਨ ਦਾ ਐਲਾਨ ਕਰ ਦੇਵੇ। ਨਾਲੇ ਪ੍ਰਧਾਨ ਦੀ ਆਪਣੀ ਪਾਰਟੀ ਦਾ ਬੰਦਾ ਹੀ ਤਾਂ ਸੀ ਸੁਰਜੀਤ ਸਿੰਘ, ਪਰ ਦਲੇਰ ਸਰਪੰਚ ਸੁਰਜੀਤ ਸਿੰਘ ਬੋਲਿਆ-ਸਾਡੇ ਪਿੰਡ ਨਾਲ ਧੱਕਾ ਹੋਇਆ ਹੈ। ਬੜੇ ਲੀਡਰ ਅਤੇ ਹਜ਼ਾਰਾਂ ਲੋਕ ਸਾਡੀ ਮਦਦ ਲਈ ਆਏ ਹਨ। ਸਭ ਦਾ ਧੰਨਵਾਦ। ਤਲਵੰਡੀ ਸਾਹਿਬ ਤੁਹਾਡਾ ਵੀ ਬਹੁਤ ਧੰਨਵਾਦ ਹੈ, ਪਰ ਜਿੱਥੋਂ ਤੱਕ ਥਾਣੇ ਦਾ ਘਿਰਾਓ ਅਤੇ ਧਰਨਾ ਚੁੱਕਣਾ ਕਿ ਨਹੀਂ ਚੁੱਕਣਾ ਇਹ ਸਵਾਲ ਹੈ, ਸਰਪੰਚ ਨੇ ਸਾਡੇ ਵੱਲ ਇਸ਼ਾਰਾ ਕਰਕੇ ਕਿਹਾ ਕਿ ਆਹ ਮੁੰਡੇ ਰਾਤ ਦੇ ਸਾਡੇ ਨਾਲ ਨੇ। ਇਹਨਾਂ ਸਾਡੀ ਸਹੀ ਅਗਵਾਈ ਕੀਤੀ ਹੈ। ਅਸੀਂ ਉਹੀ ਕਰਾਂਗੇ, ਜੋ ਸਾਨੂੰ ਇਹ ਲਾਈਨ ਦੇਣਗੇ। ਏਨਾ ਆਖ ਕੇ ਢੋਟੀਆਂ ਪਿੰਡ ਦੇ ਸਰਪੰਚ ਸੁਰਜੀਤ ਸਿੰਘ ਨੇ ਮਾਈਕ ਮੇਰੇ ਹੱਥ ਫੜਾ ਦਿੱਤਾ। ਜਗਦੇਵ ਸਿੰਘ ਤਲਵੰਡੀ ਸੁਣ ਕੇ ਹੈਰਾਨ ਹੋਇਆ। ਉਹ ਮੇਰੇ ਕੋਲ ਖੜਾ ਸੀ। ਮੇਰੀ ਉਮਰ ਉਦੋਂ 20 ਸਾਲ ਸੀ। ਉਹ ਮੈਨੂੰ ਘੂਰ-ਘੂਰ ਕੇ ਵੇਖਣ ਲੱਗਾ। ਮੈਂ ਕਿਹਾ ਕਿ ਦੋਵੇਂ ਭਰਾ ਪੁਲਸ ਨੇ ਕਤਲ ਕਰ ਦਿੱਤੇ ਨੇ, ਪਰ ਪੁਲਸ ਮੰਨਦੀ ਨਹੀਂ। ਅਸੀਂ ਥਾਣੇ ਦਾ ਘਿਰਾਓ ਉਦੋਂ ਤੱਕ ਨਹੀਂ ਛੱਡਣਾ, ਜਦ ਤੱਕ ਦੋਸ਼ੀ ਪੁਲਸ ਵਾਲਿਆਂ ਵਿਰੁੱਧ ਪਰਚਾ ਨਹੀਂ ਹੁੰਦਾ। ਅਸੀਂ ਅੱਜ ਰਾਤ ਵੀ ਥਾਣੇ ਦੇ ਅੰਦਰ-ਬਾਹਰ ਘਿਰਾਓ ਇਸੇ ਤਰ੍ਹਾਂ ਜਾਰੀ ਰੱਖਾਂਗੇ। ਕੱਲ੍ਹ ਨੂੰ ਅਸੀਂ ਤਰਨ ਤਾਰਨ ਸ਼ਹਿਰ ਬੰਦ ਕਰਨ ਦਾ ਸੱਦਾ ਦਿੰਦੇ ਹਾਂ। ਪਿੰਡਾਂ ਦੀਆਂ ਨੌਜਵਾਨ ਸਭਾਵਾਂ ਅਤੇ ਕਾਲਜਾਂ -ਸਕੂਲਾਂ ਨੂੰ ਤਰਨ ਤਾਰਨ ਆਉਣ ਦੇ ਸੁਨੇਹੇ ਭੇਜ ਦਿੱਤੇ ਹਨ। ਸਾਡਾ ਪੁਰਅਮਨ ਘਿਰਾਓ ਜਾਰੀ ਰਹੇਗਾ। ਹਜ਼ਾਰਾਂ ਦੀ ਭੀੜ ਨੇ ਜੈਕਾਰੇ ਛੱਡ ਕੇ ਮੇਰੀ ਗੱਲ ਦਾ ਸਮਰਥਨ ਕੀਤਾ। ਤਲਵੰਡੀ ਬੜਾ ਛਿੱਥਾ ਪਿਆ ਅਤੇ ਗੁੱਸੇ ਵਿਚ ਛੇਤੀ ਨਾਲ ਖਿਸਕ ਗਿਆ। ਜੋਸ਼ੀਲੇ ਭਾਸ਼ਣ ਫਿਰ ਸ਼ੁਰੂ ਹੋ ਗਏ। ਸ਼ਾਮ ਹੋ ਚੁੱਕੀ ਸੀ। ਬਾਦਲ ਸਰਕਾਰ ਅਤੇ ਪੁਲਸ ਨੂੰ ਭਾਜੜਾਂ ਪੈ ਗਈਆਂ ।

ਇਕ ਘੰਟੇ ਬਾਅਦ ਐੱਸ.ਪੀ ਵਿਰਦੀ ਜੋ ਬਾਅਦ ਵਿੱਚ ਪੰਜਾਬ ਦਾ ਡੀ.ਜੀ.ਪੀ ਵੀ ਬਣਿਆ, ਆਇਆ, ਐਸ.ਪੀ ਵਿਰਦੀ ਪਹਿਲਾਂ ਦਫਤਰ ਦੇ ਅੰਦਰ ਗਿਆ। ਥੋੜ੍ਹੇ ਕੁ ਚਿਰ ਬਾਅਦ ਬਾਹਰ ਆ ਕੇ ਮਾਈਕ ਫੜ ਕੇ ਬੋਲਿਆ ਕਿ ਅਸੀਂ ਐੱਸ ਐੱਚ ਓ ਸਮੇਤ ਸੱਤ ਪੁਲਸ ਮੁਲਾਜ਼ਮਾਂ 'ਤੇ ਲਾਪਤਾ ਬੰਦਿਆਂ ਦੇ ਕਤਲਾਂ ਦਾ ਪਰਚਾ ਦਰਜ ਕਰਨ ਦਾ ਫੈਸਲਾ ਕੀਤਾ ਹੈ। ਉਹਨਾਂ ਦੀਆਂ ਬੈਲਟਾਂ ਲਾਹ ਦਿੱਤੀਆਂ ਹਨ। ਇਨਸਾਫ ਮਿਲੇਗਾ। ਹਜ਼ਾਰਾਂ ਲੋਕਾਂ ਨੇ ਜਿੱਤ ਤੇ ਜੈਕਾਰੇ ਛੱਡੇ ਤੇ ਸਾਨੂੰ ਘੁੱਟ-ਘੁੱਟ ਜੱਫੀਆਂ ਪਾਈਆਂ । ਥੋੜ੍ਹੇ ਦਿਨਾਂ ਬਾਅਦ ਮੇਰਾ 'ਲੋਕ ਲਹਿਰ' ਅਖਬਾਰ ਵਿੱਚ ਇਸ ਬਾਰੇ ਇੱਕ ਵੱਡਾ ਲੇਖ ਛਪਿਆ। ਲੇਖ ਦਾ ਸਿਰਲੇਖ ਸੀ, 'ਦੋ ਹੋਰ ਮਾਵਾਂ ਦੇ ਲਾਲ ਪੁਲਸੀ ਭੇੜੀਆਂ ਦੀ ਬਲੀ, ਤਰਨ ਤਾਰਨ ਦੀ ਧਰਤੀ ਲੋਕ ਰੋਹ ਨਾਲ ਗੂੰਜ ਉੱਠੀ।' ਅੱਜ ਇਸ ਘਟਨਾ ਨੂੰ 46 ਸਾਲ ਹੋਗੇ। ਹੋਰ ਸਭ ਕਿਸਮ ਦੀ ਕਤਲੋਗਾਰਦ ਇਸ ਤੋਂ ਬਾਅਦ ਸ਼ੁਰੂ ਹੋਈ ਸੀ।

## ਪਾਠਕ-ਸੱਥ

### ਗੰਦੇ ਤੇ ਜ਼ਹਿਰੀਲੇ ਪਾਣੀ ਦੀ ਸਮੱਸਿਆ

ਮਨੁੱਖੀ ਹੋਂਦ ਲਈ ਪਾਣੀ ਦੀ ਜ਼ਰੂਰਤ ਤੇ ਸਫ਼ਾਈ ਲਾਜ਼ਮੀ ਹੈ। ਇਸ ਤੋਂ ਬਿਨਾਂ ਜੀਵਨ ਨਹੀਂ ਚਿਤਵਿਆ ਜਾ ਸਕਦਾ। ਗੁਰਬਾਣੀ ਵਿੱਚ ਪਾਣੀ ਨੂੰ ਪਿਤਾ ਦਾ ਦਰਜਾ ਦਿੱਤਾ ਗਿਆ ਹੈ। ਅੱਜ ਦੇਸ਼ ਅੰਦਰ ਪਾਣੀ ਦਾ ਸੰਕਟ ਬੁਰੀ ਤਰ੍ਹਾਂ ਵਧਦਾ ਜਾ ਰਿਹਾ ਹੈ, ਪਰ ਅਸੀਂ ਅਣਚਾਹੀ ਵਸਤੂ ਸਮਝ ਕੇ ਪਾਣੀ ਨੂੰ ਮਲੀਨ ਕਰ ਰਹੇ ਹਾਂ।ਕਈ ਸੂਬਿਆਂ 'ਚ ਨਦੀਆਂ ਦਾ ਪਾਣੀ ਬਹੁਤ ਜ਼ਹਿਰੀਲਾ ਹੋ ਚੁੱਕਿਆ ਹੈ। ਇੱਥੋਂ ਤੱਕ ਕਿ ਉਹ ਪੰਛੀਆਂ ਤੇ ਜੀਵ ਜੰਤੂਆਂ ਲਈ ਵੀ ਪੀਣ ਯੋਗ ਨਹੀਂ ਰਿਹਾ। ਫੈਕਟਰੀਆਂ ਦੀ ਰਹਿੰਦ-ਖੂੰਹਦ, ਸੀਵਰੇਜ ਦਾ ਪਾਣੀ, ਇਥੋਂ ਤੱਕ ਕਿ ਜੋ ਫ਼ੈਕਟਰੀਆਂ ਦਾ ਜ਼ਹਿਰੀਲਾ ਵੇਸਟ ਨਦੀਆਂ, ਨਾਲਿਆਂ 'ਚ ਸੁੱਟਿਆ ਜਾ ਰਿਹਾ ਹੈ, ਜਿਸ ਕਰਕੇ ਨਦੀਆਂ ਦੇ ਪ੍ਰਦੂਸ਼ਣ ਕਾਰਨ ਵਾਤਾਵਰਨ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਇਸ ਵਾਰ ਮਾਹਰ ਵੀ ਦੱਸ ਰਹੇ ਹਨ ਕਿ ਬਾਰਸ਼ਾਂ ਘੱਟ ਹੋਣ ਕਾਰਨ ਕਈ ਸੂਬਿਆਂ ਵਿੱਚ ਸੋਕੇ ਵਰਗੀ ਸਥਿਤੀ ਵੀ ਪੈਦਾ ਹੋ ਸਕਦੀ ਹੈ ਜਾਂ ਕਈ ਥਾਵਾਂ 'ਤੇ ਹੜ੍ਹ ਵੀ ਆ ਸਕਦੇ ਹਨ। ਇਸ ਸਥਿਤੀ ਨੂੰ 'ਅਲ ਨੀਨੋ' ਕਿਹਾ ਜਾਂਦਾ ਹੈ। ਜਿਸ ਕਰਕੇ ਸਮੁੰਦਰ ਦਾ ਪਾਣੀ ਆਮ ਨਾਲੋਂ ਜਿਆਦਾ ਗਰਮ ਹੁੰਦਾ ਹੈ । ਭਾਰਤ ਵਿੱਚ ਮਾਨਸੂਨ ਕਮਜ਼ੋਰ ਹੋ ਸਕਦਾ ਹੈ। ਪਿੱਛੇ ਜਿਹੇ ਇੰਦੋਰ ਸ਼ਹਿਰ ਸੁਰਖੀਆਂ ਵਿੱਚ ਰਿਹਾ ।ਉੱਥੇ ਸੀਵਰੇਜ ਦਾ ਪਾਣੀ ਪੀਣ ਵਾਲੇ ਪਾਣੀ ਵਿੱਚ ਮਿਲਣ ਕਰਕੇ ਕਈ ਮੌਤਾਂ ਵੀ ਹੋਈਆਂ ਤੇ ਸੈਂਕੜੇ ਲੋਕ ਹਸਪਤਾਲ ਭਰਤੀ ਹੋ ਗਏ। ਕਈ ਸੂਬਿਆਂ ਦੇ ਕੁਦਰਤੀ ਸਰੋਤਾਂ 'ਚ ਸੀਵਰੇਜ ਦਾ ਪਾਣੀ ਏਨੀ ਲਾਪਰਵਾਹੀ ਨਾਲ ਸੁੱਟਿਆ ਜਾਂਦਾ ਹੈ ਕਿ ਸਰੇਆਮ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਜਾਂਦੀਆਂ ਹਨ। ਹਾਲਾਂਕਿ ਪੰਜਾਬ ਵਿੱਚ ਵੀ ਬੁੱਢਾ ਨਾਲਾ ਹਮੇਸ਼ਾ ਸੁਰਖੀਆਂ ਵਿੱਚ ਰਿਹਾ ਹੈ। ਸਤਲੁਜ, ਬਿਆਸ ਵਿੱਚ ਪਿੱਛੇ ਜਿਹੇ ਫੈਕਟਰੀਆਂ ਦੀ ਰਹਿੰਦ-ਖੂੰਹਦ ਸੁੱਟਣ ਕਾਰਨ ਸੈਂਕੜੇ ਜੰਗਲੀ ਜੀਵ ਪ੍ਰਭਾਵਤ ਹੋਏ ਸਨ। ਸਮਾਜਿਕ ,ਧਾਰਮਿਕ ਸੰਸਥਾਵਾਂ ਵੱਲੋਂ ਸਮੇਂ-ਸਮੇਂ 'ਤੇ ਆਵਾਜ਼ ਉਠਾਈ ਤਾਂ ਜਾਂਦੀ ਹੈ, ਜਿਸ ਨਾਲ ਸਰਕਾਰਾਂ ਹਰਕਤ ਵਿੱਚ ਵੀ ਆਉਂਦੀਆਂ ਹਨ, ਪਰ ਆਖ਼ਿਰ 'ਚ ਮਾਮਲਾ ਮੁੜ ਅਣਗੌਲਿਆ ਹੋ ਕੇ ਰਹਿ ਜਾਂਦਾ ਹੈ ।ਪ੍ਰਦੂਸ਼ਣ ਵਿਭਾਗ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਨਦੀਆਂ-ਨਾਲਿਆਂ ਵਿੱਚ ਗੰਦਗੀ ਸੁੱਟਣ 'ਤੇ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਅਜਿਹੇ ਯਤਨਾਂ ਨਾਲ ਹੀ ਦੇਸ਼ ਦੇ ਅੰਦਰ ਗੰਦੇ ਤੇ ਜ਼ਹਿਰੀਲੇ ਪਾਣੀ ਦੀ ਸਮੱਸਿਆ ਤੋਂ ਬਚਿਆ ਜਾ ਸਕਦਾ ਹੈ।

-ਸੰਜੀਵ ਸਿੰਘ ਸੈਣੀ, ਮੋਹਾਲੀ,7888-966168

# ਮੋਦੀ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਖ਼ਿਲਾਫ਼ 1 ਸਤੰਬਰ ਨੂੰ ਪੁੱਜੋ ਦਿੱਲੀ : ਜਗਸੀਰ ਖੋਸਾ

## ਸੀ ਪੀ ਆਈ ਵੱਲੋਂ ਪਦ ਯਾਤਰਾ ਤਹਿਤ ਸਲੀਣਾ ਤੇ ਦੌਲਤਪੁਰਾ ਉੱਚਾ 'ਚ ਮੀਟਿੰਗਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 6 ਅਗਸਤ ਤੋਂ 15 ਅਗਸਤ ਤੱਕ ਕੀਤੀ ਜਾ ਰਹੀ ਪਦ ਯਾਤਰਾ ਤਹਿਤ ਬਲਾਕ ਮੋਗਾ-2 ਵੱਲੋਂ ਪਿੰਡ ਸਲੀਣਾ ਤੇ ਦੌਲਤਪੁਰਾ ਉੱਚਾ ਵਿੱਚ ਜਨ ਸੰਪਰਕ ਮੁਹਿੰਮ ਚਲਾਉਂਦਿਆਂ ਮੀਟਿੰਗਾਂ ਕੀਤੀਆਂ ਗਈਆਂ।ਇਨ੍ਹਾਂ ਮੀਟਿੰਗਾਂ ਨੂੰ ਸੀ.ਪੀ.ਆਈ. ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ, ਬਲਾਕ ਸਕੱਤਰ ਕਾਮਰੇਡ ਸ਼ੇਰ ਸਿੰਘ ਦੌਲਤਪੁਰਾ ਅਤੇ ਬਲਾਕ ਸਹਾਇਕ ਸਕੱਤਰ ਕਾਮਰੇਡ ਜਗਸੀਰ ਸਿੰਘ ਖੋਸਾ ਨੇ ਸੰਬੋਧਨ ਕੀਤਾ।ਆਗੂਆਂ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਨੀਤੀਆਂ ਦਾ ਸਭ ਤੋਂ ਵੱਧ ਬੋਝ ਦੇਸ਼ ਦੇ ਮਜ਼ਦੂਰਾਂ, ਕਿਸਾਨਾਂ, ਖੇਤ ਮਜ਼ਦੂਰਾਂ, ਛੋਟੇ ਦੁਕਾਨਦਾਰਾਂ ਤੇ ਆਮ ਲੋਕਾਂ ਨੂੰ ਝੱਲਣਾ ਪੈ ਰਿਹਾ ਹੈ। ਮਹਿੰਗਾਈ ਲਗਾਤਾਰ ਲੋਕਾਂ ਦੀ ਖਰੀਦ ਸ਼ਕਤੀ ਨੂੰ ਪ੍ਰਭਾਵਿਤ ਕਰ ਰਹੀ ਹੈ, ਜਦਕਿ ਰੁਜ਼ਗਾਰ ਦੇ ਮੌਕੇ ਘਟ ਰਹੇ ਹਨ ਅਤੇ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਇੱਕ ਗੰਭੀਰ ਸਮੱਸਿਆ ਬਣੀ ਹੋਈ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਅਦਾਰਿਆਂ ਅਤੇ ਜਨਤਕ ਖੇਤਰ ਦੇ ਅਦਾਰਿਆਂ ਦੇ ਨਿੱਜੀਕਰਨ ਨੂੰ ਉਤਸ਼ਾਹਿਤ ਕਰਨ ਨਾਲ ਦੇਸ਼ ਦੀ ਜਨਤਾ ਦੀ ਮਿਹਨਤ ਨਾਲ ਖੜ੍ਹੇ ਕੀਤੇ ਸਰਕਾਰੀ ਸਰੋਤ ਕੁਝ ਵੱਡੇ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਕੇਂਦਰਿਤ ਹੋ ਰਹੇ ਹਨ।ਮਜ਼ਦੂਰਾਂ ਦੇ ਹੱਕਾਂ ਦੀ ਰੱਖਿਆ ਕਰਨ ਵਾਲੇ ਕਾਨੂੰਨਾਂ ਨੂੰ ਕਮਜ਼ੋਰ ਕਰਨ ਅਤੇ ਠੇਕਾ ਪ੍ਰਣਾਲੀ ਨੂੰ ਵਧਾਉਣ ਨਾਲ ਮਜ਼ਦੂਰ ਵਰਗ ਦੀਆਂ ਮੁਸ਼ਕਲਾਂ ਹੋਰ ਵਧੀਆਂ ਹਨ।ਆਗੂਆਂ ਨੇ ਕਿਹਾ ਕਿ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਆਰਥਿਕ ਹਾਲਤ ਵੀ ਚਿੰਤਾਜਨਕ ਹੈ। ਖੇਤੀਬਾੜੀ ਵਿੱਚ ਵਧ ਰਹੀ ਲਾਗਤ, ਕਰਜ਼ੇ ਤੇ ਆਮਦਨ ਨਾਲ ਜੁੜੀਆਂ ਸਮੱਸਿਆਵਾਂ ਕਾਰਨ ਪੇਂਡੂ ਅਰਥਚਾਰਾ ਦਬਾਅ ਹੇਠ ਹੈ।ਮਨਰੇਗਾ ਵਰਗੀਆਂ ਰੁਜ਼ਗਾਰ ਯੋਜਨਾਵਾਂ ਵਿੱਚ ਲੋੜ ਅਨੁਸਾਰ ਕੰਮ, ਸਮੇਂ ਸਿਰ ਮਜ਼ਦੂਰੀ ਤੇ ਵਾਜਬ ਦਿਹਾੜੀ ਯਕੀਨੀ ਬਣਾਉਣ ਦੀ ਬਜਾਏ ਮਜ਼ਦੂਰਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਾਮਰੇਡ ਕੁਲਦੀਪ ਭੋਲਾ ਨੇ ਕਿਹਾ ਕਿ ਦੇਸ਼ ਦੀ ਜਮਹੂਰੀ ਤੇ ਧਰਮ ਨਿਰਪੱਖ ਵਿਵਸਥਾ ਨੂੰ ਮਜ਼ਬੂਤ ਕਰਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਧਰਮ, ਜਾਤ ਤੇ ਹੋਰ ਭਾਵਨਾਤਮਕ ਮੁੱਦਿਆਂ 'ਤੇ ਵੰਡਣ ਦੀ ਬਜਾਏ ਸਰਕਾਰ ਨੂੰ ਰੁਜ਼ਗਾਰ, ਮਹਿੰਗਾਈ, ਸਿੱਖਿਆ, ਸਿਹਤ, ਕਿਸਾਨੀ ਅਤੇ ਮਜ਼ਦੂਰਾਂ ਦੇ ਹੱਕਾਂ ਵਰਗੇ ਅਸਲ ਮੁੱਦਿਆਂ 'ਤੇ ਧਿਆਨ ਦੇਣਾ ਚਾਹੀਦਾ ਹੈ।ਕਾਮਰੇਡ ਸ਼ੇਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਪਦ ਯਾਤਰਾ ਦਾ ਮਕਸਦ ਪਿੰਡ-ਪਿੰਡ ਜਾ ਕੇ ਆਮ ਲੋਕਾਂ ਨਾਲ ਸਿੱਧਾ ਸੰਪਰਕ ਕਰਨਾ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਜਨਮਤ ਤਿਆਰ ਕਰਨਾ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਅਤੇ ਕਿਸਾਨਾਂ ਦੀ ਏਕਤਾ ਨੂੰ ਮਜ਼ਬੂਤ ਕਰਕੇ ਹੀ ਲੋਕ ਪੱਖੀ ਨੀਤੀਆਂ ਲਈ ਸਰਕਾਰ 'ਤੇ ਦਬਾਅ ਬਣਾਇਆ ਜਾ ਸਕਦਾ ਹੈ।ਕਾਮਰੇਡ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਨੌਜਵਾਨਾਂ ਲਈ ਪੱਕੇ ਰੁਜ਼ਗਾਰ, ਮਜ਼ਦੂਰਾਂ ਲਈ ਘੱਟੋ-ਘੱਟ ਉਜਰਤ, ਕਿਸਾਨਾਂ ਲਈ ਲਾਹੇਵੰਦ ਭਾਅ ਤੇ ਆਮ ਲੋਕਾਂ ਲਈ ਸਸਤੀ ਸਿੱਖਿਆ ਤੇ ਸਿਹਤ ਸਹੂਲਤਾਂ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੇ ਹੱਕਾਂ ਤੇ ਮੰਗਾਂ ਲਈ ਜਥੇਬੰਦ ਹੋ ਕੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਇਨ੍ਹਾਂ ਨੀਤੀਆਂ ਵਿਰੁੱਧ 1 ਸਤੰਬਰ ਨੂੰ ਸੀ.ਪੀ.ਆਈ. ਵੱਲੋਂ ਰਾਮ ਲੀਲ੍ਹਾ ਗਰਾਊਂਡ ਵਿੱਚ ਪਹੁੰਚਣ ਦਾ ਸੱਦਾ ਦਿੱਤਾ।ਇਸ ਮੌਕੇ ਪਾਰਟੀ ਦੇ ਸਥਾਨਕ ਆਗੂ, ਵਰਕਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਜਿੱਥੋਂ ਪੜ੍ਹਿਆ, ਉਥੋਂ ਦਾ ਬਣ ਗਿਆ 'ਪ੍ਰਿੰਸੀਪਲ'

## *ਸਰਕਾਰੀ ਆਈ ਟੀ ਆਈ 'ਚ ਮਦਨ ਲਾਲ ਨੇ ਪ੍ਰਿੰਸੀਪਲ ਵਜੋਂ ਸੰਭਾਲਿਆ ਅਹੁਦਾ*



**ਫ਼ਾਜ਼ਿਲਕਾ (ਪਰਮਜੀਤ ਢਾਬਾਂ)**-ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ.) ਫਾਜ਼ਿਲਕਾ ਵਿਖੇ ਸ੍ਰੀ ਮਦਨ ਲਾਲ ਨੇ ਬਤੌਰ ਪ੍ਰਿੰਸੀਪਲ ਆਪਣਾ ਅਹੁਦਾ ਸੰਭਾਲ ਲਿਆ ਹੈ।ਅਹੁਦਾ ਸੰਭਾਲਣ ਉਪਰੰਤ ਸੰਸਥਾ ਦੇ ਸਮੂਹ ਸਟਾਫ਼ ਵੱਲੋਂ ਨਵਨਿਯੁਕਤ ਪ੍ਰਿੰਸੀਪਲ ਮਦਨ ਲਾਲ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਇਸੇ ਹੀ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਵਿੱਚ ਮੋਟਰ ਮਕੈਨਿਕ ਟਰੇਡ ਦਾ ਕੋਰਸ ਕਰਨ ਵਾਲੇ ਨਵ ਨਿਯੁਕਤ ਪ੍ਰਿੰਸੀਪਲ ਸ੍ਰੀ ਮਦਨ ਲਾਲ ਨੇ ਆਪਣੇ ਉਸ ਵਕਤ ਤੇ ਗੁਰੂ ਸ੍ਰੀ ਦੇਸ ਰਾਜ ਜੀ ਨੂੰ ਬੁਲਾ ਕੇ ਉਸ ਦਾ ਆਸ਼ੀਰਵਾਦ ਲੈ ਕੇ ਆਪਣਾ ਅਹੁਦਾ ਸੰਭਾਲਿਆ ਹੈ।ਇਸ ਮੌਕੇ ਉਨ੍ਹਾਂ ਨਾਲ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਆਗੂ ਸ੍ਰੀ ਹਰੀਸ਼ ਕੰਬੋਜ ਤੇ ਹਰਭਜਨ ਖੁੰਗਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਕਿਹਾ ਕਿ ਸਰਕਾਰੀ ਆਈ.ਟੀ.ਆਈ. ਫਾਜ਼ਿਲਕਾ ਵਿਖੇ ਵਿਦਿਆਰਥੀਆਂ ਨੂੰ ਮਿਆਰੀ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਪ੍ਰਦਾਨ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ।

ਉਨ੍ਹਾਂ ਕਿਹਾ ਕਿ ਸੰਸਥਾ ਦੀ ਤਰੱਕੀ ਲਈ ਪ੍ਰਿੰਸੀਪਲ, ਇੰਸਟ੍ਰਕਟਰਾਂ ਤੇ ਸਮੂਹ ਸਟਾਫ਼ ਵਿਚਕਾਰ ਆਪਸੀ ਸਹਿਯੋਗ, ਸਾਂਝ ਤੇ ਸਕਾਰਾਤਮਕ ਸੋਚ ਬਹੁਤ ਜ਼ਰੂਰੀ ਹੈ।ਉਨ੍ਹਾਂ ਸਮੂਹ ਸਟਾਫ਼ ਨੂੰ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਆਪਣੇ ਫਰਜ਼ ਨਿਭਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਦਿਆਰਥੀਆਂ ਦੀ ਹਾਜ਼ਰੀ, ਅਨੁਸ਼ਾਸਨ, ਪ੍ਰੈਕਟੀਕਲ ਸਿਖਲਾਈ ਤੇ ਰੋਜ਼ਗਾਰ ਯੋਗ ਹੁਨਰਾਂ ਨੂੰ ਹੋਰ ਮਜ਼ਬੂਤ ਕਰਨ ਲਈ ਸਾਂਝੇ ਯਤਨਾਂ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਮੌਕੇ ਸਮੂਹ ਸਟਾਫ਼ ਵੱਲੋਂ ਪ੍ਰਿੰਸੀਪਲ ਨੂੰ ਭਰੋਸਾ ਦਿਵਾਇਆ ਗਿਆ ਕਿ ਸੰਸਥਾ ਦੀ ਬਿਹਤਰੀ ਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

# ਅਮਨ ਅਰੋੜਾ ਵੱਲੋਂ 29 ਪਿੰਡਾਂ 'ਚ 12.60 ਕਰੋੜ ਦੇ ਵਿਕਾਸ ਕਾਰਜ ਸ਼ੁਰੂ



**ਸੁਨਾਮ/ਸੰਗਰੂਰ (ਅਸ਼ੋਕ ਬਾਂਸਲ, ਹਾਕਮ ਭਾਟੀ/ਪ੍ਰਵੀਨ ਸਿੰਘ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਸੁਨਾਮ ਹਲਕੇ ਦੇ ਪਿੰਡ ਨਾਗਰਾ ਸਮੇਤ 29 ਪਿੰਡਾਂ ਵਿੱਚ 12.60 ਕਰੋੜ ਰੁਪਏ ਦੀ ਲਾਗਤ ਵਾਲੇ 54 ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਉਨ੍ਹਾਂ ਨੇ ਪਿੰਡ ਨਾਗਰਾ ਵਿਖੇ 2.05 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਅਹਿਮ ਜਲ ਸਪਲਾਈ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ।ਇਸ ਪ੍ਰੋਜੈਕਟ ਨਾਲ ਪਿੰਡ ਦੇ 758 ਘਰਾਂ ਨੂੰ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਹੋਵੇਗਾ।ਵਿਕਾਸ ਕਾਰਜਾਂ ਦੀ ਸ਼ੁਰੂਆਤ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੁਨਾਮ ਹਲਕੇ ਦੇ ਲੋਕਾਂ ਨੇ ਜੋ ਭਰੋਸਾ ਅਤੇ ਪਿਆਰ ਦਿੱਤਾ ਹੈ, ਉਸ ਨੂੰ ਵਿਕਾਸ ਕਾਰਜਾਂ ਰਾਹੀਂ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ ਤੇ ਹਲਕੇ ਦੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ।ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪਿੰਡ ਨਾਗਰਾ ਵਿਖੇ 2 ਕਰੋੜ 5 ਲੱਖ ਰੁਪਏ ਦੀ ਲਾਗਤ ਨਾਲ ਜਲ ਸਪਲਾਈ ਪ੍ਰੋਜੈਕਟ ਦਾ ਕੰਮ ਸ਼ੁਰੂ ਕੀਤਾ ਗਿਆ ਹੈ।ਇਸ ਪ੍ਰੋਜੈਕਟ ਤਹਿਤ ਕਰੀਬ 17 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਈ ਜਾਵੇਗੀ ਤੇ 1.50 ਲੱਖ ਲੀਟਰ ਸਮਰੱਥਾ ਵਾਲੀ ਓਵਰਹੈੱਡ ਵਾਟਰ ਟੈਂਕੀ ਦਾ ਨਿਰਮਾਣ ਕੀਤਾ ਜਾਵੇਗਾ।ਇਸ ਨਾਲ ਪਿੰਡ ਦੇ 758 ਘਰਾਂ ਨੂੰ ਸਾਫ਼ ਤੇ ਮਿਆਰੀ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ।ਉਨ੍ਹਾਂ ਕਿਹਾ ਕਿ ਸਾਫ਼ ਪੀਣ ਵਾਲਾ ਪਾਣੀ ਹਰ ਨਾਗਰਿਕ ਦਾ ਬੁਨਿਆਦੀ ਹੱਕ ਹੈ ਅਤੇ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸੁਨਾਮ ਹਲਕੇ ਦੇ 29 ਪਿੰਡਾਂ ਵਿੱਚ ਕੁੱਲ 12.60 ਕਰੋੜ ਰੁਪਏ ਦੀ ਲਾਗਤ ਨਾਲ 54 ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਇਨ੍ਹਾਂ ਵਿੱਚ ਜਲ ਸਪਲਾਈ ਪ੍ਰੋਜੈਕਟਾਂ ਤੋਂ ਇਲਾਵਾ ਖੇਡ ਮੈਦਾਨਾਂ ਦਾ ਵਿਕਾਸ, ਛੱਪੜਾਂ ਅਤੇ ਟੋਭਿਆਂ ਦੀ ਸੁਧਾਈ, ਧਰਮਸ਼ਾਲਾਵਾਂ ਦੀ ਉਸਾਰੀ ਅਤੇ ਗਲੀਆਂ-ਨਾਲੀਆਂ ਨੂੰ ਪੱਕਾ ਕਰਨ ਸਮੇਤ ਹੋਰ ਲੋੜੀਂਦੇ ਵਿਕਾਸ ਕਾਰਜ ਸ਼ਾਮਲ ਹਨ।ਪਿੰਡ ਕਮੋਮਾਜਰਾ ਖੁਰਦ ਦੇ ਪੰਚਾਇਤ ਘਰ ਵਿਖੇ ਹੋਏ ਸਮਾਗਮ ਵਿਚ 07 ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਸਬੰਧੀ ਗਰਾਂਟ ਦਿੱਤੀ ਗਈ।ਪਿੰਡ ਸੋਹੀਆਂ ਵਿਖੇ ਗੰਦੇ ਪਾਣੀ ਦੀ ਨਿਕਾਸੀ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ।ਪਿੰਡ ਦੁੱਗਾਂ ਵਿਖੇ ਨਵੇਂ ਬਣੇ ਸਟੇਡੀਅਮ ਦਾ ਉਦਘਾਟਨ ਕੀਤਾ ਗਿਆ।ਪਿੰਡ ਕੁੰਨਰਾਂ ਦੇ ਪੰਚਾਇਤ ਘਰ ਵਿਖੇ ਹੋਏ ਸਮਾਗਮ ਵਿੱਚ 10 ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਦੀ ਗਰਾਂਟ ਦਿੱਤੀ ਗਈ।ਸ੍ਰੀ ਅਰੋੜਾ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਚੋਣ ਲੋਕਾਂ ਦੀਆਂ ਲੋੜਾਂ ਤੇ ਸਥਾਨਕ ਤਰਜੀਹਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾ ਰਹੀ ਹੈ।ਉਨ੍ਹਾਂ ਅਧਿਕਾਰੀਆਂ ਤੇ ਸਬੰਧਤ ਵਿਭਾਗਾਂ ਨੂੰ ਵਿਕਾਸ ਕਾਰਜਾਂ ਦੀ ਗੁਣਵੱਤਾ ਯਕੀਨੀ ਬਣਾਉਣ ਤੇ ਨਿਰਧਾਰਤ ਸਮੇਂ ਅੰਦਰ ਕੰਮ ਮੁਕੰਮਲ ਕਰਨ ਲਈ ਵੀ ਹਦਾਇਤਾਂ ਦਿੱਤੀਆਂ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਤੇ ਸ਼ਹਿਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਤੇ ਲੋਕਾਂ ਨੂੰ ਬਿਹਤਰ ਜੀਵਨ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਸੁਨਾਮ ਹਲਕੇ ਵਿੱਚ ਚੱਲ ਰਹੇ ਤੇ ਸ਼ੁਰੂ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣ ਲਈ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੇ ਜੋ ਭਰੋਸਾ ਉਨ੍ਹਾਂ 'ਤੇ ਪ੍ਰਗਟਾਇਆ ਹੈ, ਉਹ ਉਸ ਭਰੋਸੇ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਕੰਮ ਕਰ ਰਹੇ ਹਨ।ਪੰਜਾਬ ਸਰਕਾਰ ਵੱਲੋਂ ਹਲਕੇ ਦੇ ਬਾਕੀ ਰਹਿੰਦੇ ਵਿਕਾਸ ਕਾਰਜਾਂ ਨੂੰ ਵੀ ਤਰਜੀਹ ਦੇ ਆਧਾਰ 'ਤੇ ਮੁਕੰਮਲ ਕਰਵਾਇਆ ਜਾਵੇਗਾ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਕੁਲਵਿੰਦਰ ਸਿੰਘ ਸਰਪੰਚ ਪਿੰਡ ਨਾਗਰਾ, ਅਮਨਦੀਪ ਸਿੰਘ ਸਰਪੰਚ ਪਿੰਡ ਕਮੋਮਾਜਰਾ ਖੁਰਦ, ਜਸ਼ਨਪ੍ਰੀਤ ਸਿੰਘ ਸਰਪੰਚ ਸੋਹੀਆ, ਕੁਲਦੀਪ ਸਿੰਘ ਸਰਪੰਚ ਪਿੰਡ ਦੁੱਗਾਂ, ਵਿੱਕੀ ਸਰਪੰਚ ਪਿੰਡ ਕੁੰਨਰਾਂ, ਰੁਪਿੰਦਰ ਕੌਰ ਸਰਪੰਚ, ਅਮਨਦੀਪ ਸਿੰਘ, ਬਲਵਿੰਦਰ ਸਿੰਘ ਸਾਬਕਾ ਸਰਪੰਚ, ਹਰਮੇਸ਼ ਸਿੰਘ ਬਲਾਕ ਸੰਮਤੀ ਮੈਂਬਰ, ਵੱਖ-ਵੱਖ ਅਹੁਦੇਦਾਰ ਤੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਹਾਜ਼ਰ ਸਨ।

## ਕਾਤਰਾਂ

### ਨੌਜਵਾਨ ਨੇ ਫਾਹਾ ਲਾ ਕੇ ਕੀਤੀ ਖੁਦਕੁਸ਼ੀ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਲੰਘੀ ਦੇਰ ਰਾਤ ਨੇੜਲੇ ਪਿੰਡ ਧੰਦੀਵਾਲ ਦੇ 19 ਸਾਲਾ ਨੌਜਵਾਨ ਨੇ ਸਥਾਨਕ ਰਾਮਬਾਗ ਨੇੜੇ ਨਿਰਮਾਣ ਅਧੀਨ ਇੱਕ ਕੰਪਲੈਕਸ ਵਿੱਚ ਰਾਈਡਿੰਗ ਮਸ਼ੀਨ ਦੀ ਹੁੱਕ ਨਾਲ ਫਾਹਾ ਲਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ।ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਗੁਰਚਰਨ ਸਿੰਘ ਰਾਈਡਿੰਗ ਮਸ਼ੀਨ ਚਲਾਉਂਦਾ ਸੀ ਤੇ ਇੱਕ ਗਰੀਬ ਪਰਿਵਾਰ ਨਾਲ ਸਬੰਧਤ ਸੀ।ਦੱਸਿਆ ਜਾਂਦਾ ਹੈ ਕਿ ਕਰੀਬ ਤਿੰਨ-ਚਾਰ ਮਹੀਨੇ ਪਹਿਲਾਂ ਉਸ ਦੇ ਪਿਤਾ ਦੀ ਕੈਂਸਰ ਦੀ ਬਿਮਾਰੀ ਕਾਰਨ ਮੌਤ ਹੋ ਗਈ ਸੀ, ਜਿਸ ਤੋਂ ਬਾਅਦ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ। ਥਾਣਾ ਸਿਟੀ ਧੂਰੀ ਦੇ ਤਫ਼ਤੀਸ਼ੀ ਅਧਿਕਾਰੀ ਸਹਾਇਕ ਥਾਣੇਦਾਰ ਰਣਜੀਤ ਸਿੰਘ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਮ੍ਰਿਤਕ ਦੇ ਦਾਦਾ ਬਲਦੇਵ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਬੀਐੱਨਐੱਸਐੱਸ ਦੀ ਧਾਰਾ 194 ਤਹਿਤ ਕਾਰਵਾਈ ਕੀਤੀ ਗਈ ਹੈ।ਪੁਲਸ ਵੱਲੋਂ ਪੋਸਟਮਾਰਟਮ ਕਰਵਾਉਣ ਉਪਰੰਤ ਮ੍ਰਿਤਕ ਦੀ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਗਈ।

### ਚੰਨੀ ਦੀ ਈਸੜੂ ਆਮਦ ਨੂੰ ਲੈ ਕੇ ਲੋਕਾਂ 'ਚ ਭਾਰੀ ਉਤਸ਼ਾਹ : ਗਿੱਲ ਬੇਰ ਕਲਾਂ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ 15 ਅਗਸਤ ਨੂੰ ਈਸੜੂ ਵਿਖੇ ਕਾਂਗਰਸ ਪਾਰਟੀ ਦੀ ਹੋਣ ਵਾਲੀ ਇਤਿਹਾਸਕ ਰੈਲੀ ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਪਹੁੰਚ ਰਹੇ ਹਨ, ਉਨ੍ਹਾਂ ਦੀ ਆਮਦ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਤੇ ਲੋਕ ਆਪ ਮੁਹਾਰੇ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਾਲੇ ਕਾਰਨਾਮੇ ਤੇ ਕਰੋੜਾਂ ਅਰਬਾਂ ਦੀਆਂ ਬਣਾਈਆਂ ਜਾਇਦਾਦਾਂ ਅਤੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਤੇ ਮੰਤਰੀਆਂ ਵੱਲੋਂ ਕਰੋੜਾਂ ਰੁਪਏ ਦੀਆਂ ਬਣਾਈਆਂ ਜਾ ਰਹੀਆਂ ਆਲੀਸ਼ਾਨ ਕੋਠੀਆਂ ਬਾਰੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਖੁਲਾਸੇ ਕਰਨਗੇ ਕਿ ਆਮ ਆਦਮੀ ਪਾਰਟੀ ਵਾਲੇ ਆਮ ਤੋਂ ਖਾਸ ਕਿਵੇਂ ਬਣੇ।

### ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਸਬੰਧੀ ਫੁੱਲ ਡਰੈੱਸ ਰਿਹਰਸਲ

**ਸੰਗਰੂਰ (ਪ੍ਰਵੀਨ ਸਿੰਘ)**-ਅਜ਼ਾਦੀ ਦਿਵਸ ਸਬੰਧੀ ਪੁਲਸ ਲਾਈਨਜ਼ ਸੰਗਰੂਰ ਵਿਖੇ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਹਾੜਾ ਸਮਾਗਮ ਮੌਕੇ ਕੈਬਨਿਟ ਮੰਤਰੀ ਸ੍ਰ ਤਰੁਨਪ੍ਰੀਤ ਸਿੰਘ ਸੌਂਦ ਮੁੱਖ ਮਹਿਮਾਨ ਵਜੋਂ ਕੌਮੀ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਨਗੇ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਨੇ ਆਜ਼ਾਦੀ ਦਿਵਸ ਸਮਾਰੋਹ ਲਈ ਪੁਲਸ ਲਾਈਨਜ਼ ਸਟੇਡੀਅਮ ਵਿਖੇ ਹੋਈ ਫੁੱਲ ਡਰੈੱਸ ਰਿਹਰਸਲ ਦਾ ਜ਼ਾਇਜ਼ਾ ਲੈਣ ਉਪਰੰਤ ਸਾਂਝੀ ਕੀਤੀ।ਉਨ੍ਹਾਂ ਇਸ ਮੌਕੇ ਕੌਮੀ ਝੰਡਾ ਚੜ੍ਹਾਇਆ ਤੇ ਪਰੇਡ ਦਾ ਨਿਰੀਖਣ ਕਰਨ ਤੋਂ ਬਾਅਦ ਮਾਰਚ ਪਾਸਟ ਤੋਂ ਸਲਾਮੀ ਲਈ।ਇਸ ਸਮੇਂ ਉਨ੍ਹਾਂ ਨਾਲ ਜ਼ਿਲ੍ਹਾ ਪੁਲਸ ਮੁਖੀ ਸ਼੍ਰੀਮਤੀ ਰਵਜੋਤ ਕੌਰ ਗਰੇਵਾਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁਖੀ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਵੀ ਹਾਜ਼ਰ ਸਨ।ਇਸ ਮੌਕੇ ਪੰਜਾਬ ਪੁਲਸ, ਪੰਜਾਬ ਹੋਮ ਗਾਰਡਜ਼, ਐੱਨ. ਸੀ. ਸੀ. ਕੈਡਿਟਾਂ, ਬੈਂਡ ਵੱਲੋਂ ਪਰੇਡ ਵਿੱਚ ਹਿੱਸਾ ਲਿਆ ਗਿਆ।

# ਪਟਵਾਰੀ 15,000 ਰੁਪਏ ਰਿਸ਼ਵਤ ਲੈਂਦਾ ਰੰਗੇ-ਹੱਥੀਂ ਕਾਬੂ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਹਲਕਾ ਭੁਰਕਾ ਤਹਿਸੀਲ ਡੇਹਲੋਂ, ਜ਼ਿਲ੍ਹਾ ਲੁਧਿਆਣਾ ਵਿਖੇ ਤਾਇਨਾਤ ਪਟਵਾਰੀ ਪੁਨੀਤ ਕੁਮਾਰ ਯਾਦਵ ਨੂੰ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਤਹਿਸੀਲ ਡੇਹਲੋਂ ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁਲਜ਼ਮ ਪਟਵਾਰੀ ਨੇ ਸ਼ਿਕਾਇਤਕਰਤਾ ਦੀ ਜ਼ਮੀਨ ਦੀ ਵੰਡ ਕਰਨ ਬਦਲੇ ਇੱਕ ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ।ਇਸ ਸਬੰਧੀ, ਮੁਲਜ਼ਮ ਪਟਵਾਰੀ ਪਹਿਲਾਂ ਹੀ ਸ਼ਿਕਾਇਤਕਰਤਾ ਤੋਂ 35,000 ਰੁਪਏ ਰਿਸ਼ਵਤ ਲੈ ਚੁੱਕਾ ਹੈ।ਸ਼ਿਕਾਇਤਕਰਤਾ ਗੈਰ-ਕਾਨੂੰਨੀ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਨਾਲ ਸੰਪਰਕ ਕੀਤਾ।ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ ਦੀ ਟੀਮ ਨੇ ਇੱਕ ਜਾਲ ਵਿਛਾਇਆ, ਜਿਸ ਦੌਰਾਨ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।ਇਸ ਸਬੰਧੀ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ ਦੇ ਥਾਣਾ ਲੁਧਿਆਣਾ ਵਿਖੇ ਕੇਸ ਦਰਜ ਕੀਤਾ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਨੱਕੋ-ਨੱਕ ਭਰੇ ਛੱਪੜ 'ਚ ਕਾਰ ਡਿੱਗਣ ਕਾਰਨ ਤਿੰਨ ਮੌਤਾਂ



**ਰਾਏਕੋਟ/ਜਗਰਾਓਂ (ਸੰਤੋਖ ਗਿੱਲ/ਅਮਿਤ ਖੰਨਾ)**-ਰਾਏਕੋਟ-ਜਗਰਾਓਂ ਰੋਡ 'ਤੇ ਪਿੰਡ ਬੱਸੀਆਂ ਨੇੜੇ ਲੰਘੀ ਰਾਤ ਕਰੀਬ ਸਵਾ ਇੱਕ ਵਜੇ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਆਮ ਆਦਮੀ ਪਾਰਟੀ ਨਾਲ ਸਬੰਧਤ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ ਕਾਰ ਵਿੱਚ ਸਵਾਰ ਦੋ ਹੋਰ ਵਿਅਕਤੀ ਵਾਲ-ਵਾਲ ਬਚ ਗਏ।ਮ੍ਰਿਤਕਾਂ ਦੀ ਪਛਾਣ ਬਲਕਾਰ ਸਿੰਘ, ਵਿਸ਼ਾਲ ਤੇ ਸੰਦੀਪ ਵਜੋਂ ਹੋਈ ਹੈ।ਮਿਲੀ ਜਾਣਕਾਰੀ ਅਨੁਸਾਰ ਤਿੰਨੋਂ ਨੌਜਵਾਨ ਆਮ ਆਦਮੀ ਪਾਰਟੀ ਨਾਲ ਜੁੜੇ ਹੋਏ ਸਨ ਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਕਰੀਬੀ ਸਾਥੀ ਦੱਸੇ ਜਾ ਰਹੇ ਹਨ।ਜਾਣਕਾਰੀ ਅਨੁਸਾਰ ਪੰਜੇ ਵਿਅਕਤੀ ਨਕੋਦਰ ਤੋਂ ਕਾਰ ਰਾਹੀਂ ਜ਼ਿਲ੍ਹਾ ਬਠਿੰਡਾ ਵੱਲ ਵਾਪਸ ਜਾ ਰਹੇ ਸਨ।ਪਿੰਡ ਬੱਸੀਆਂ ਨੇੜੇ ਇੱਕ ਮੋੜ 'ਤੇ ਤੇਜ਼ ਰਫ਼ਤਾਰ ਕਾਰ ਬੇਕਾਬੂ ਹੋ ਕੇ ਸੜਕ ਕਿਨਾਰੇ ਪਾਣੀ ਨਾਲ ਨੱਕੋ-ਨੱਕ ਭਰੇ ਛੱਪੜ ਵਿੱਚ ਜਾ ਡਿੱਗੀ।ਹਾਦਸੇ ਤੋਂ ਬਾਅਦ ਮੌਕੇ 'ਤੇ ਅਫ਼ਰਾ-ਤਫ਼ਰੀ ਮੱਚ ਗਈ।ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਸ ਤੇ ਰਾਹਤ ਟੀਮਾਂ ਮੌਕੇ 'ਤੇ ਪਹੁੰਚੀਆਂ।ਕਾਫ਼ੀ ਜੱਦੋਜਹਿਦ ਤੋਂ ਬਾਅਦ ਕਾਰ ਤੇ ਉਸ ਵਿੱਚ ਫਸੇ ਵਿਅਕਤੀਆਂ ਨੂੰ ਬਾਹਰ ਕੱਢਿਆ ਗਿਆ।ਤਿੰਨ ਵਿਅਕਤੀਆਂ ਦੀ ਮੌਤ ਹੋ ਚੁੱਕੀ ਸੀ, ਜਦਕਿ ਦੋ ਹੋਰਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ।ਪੁਲਸ ਨੇ ਮ੍ਰਿਤਕਾਂ ਦੀਆਂ ਲਾਸ਼ਾਂ ਕਬਜ਼ੇ ਵਿੱਚ ਲੈ ਕੇ ਸਰਕਾਰੀ ਹਸਪਤਾਲ ਜਗਰਾਓਂ ਵਿੱਚ ਭੇਜ ਦਿੱਤੀਆਂ ਹਨ।ਪੁਲਸ ਹਾਦਸੇ ਦੇ ਕਾਰਨਾਂ ਦੀ ਜਾਂਚ ਵਿੱਚ ਜੁੱਟ ਗਈ ਹੈ।ਮੁੱਢਲੇ ਤੌਰ 'ਤੇ ਤੇਜ਼ ਰਫ਼ਤਾਰ ਕਾਰ ਦਾ ਤਿੱਖੇ ਮੋੜ 'ਤੇ ਸੰਤੁਲਨ ਵਿਗੜਨਾ ਹੀ ਹਾਦਸੇ ਦਾ ਕਾਰਨ ਮੰਨਿਆ ਜਾ ਰਿਹਾ ਹੈ।ਹਾਲਾਂਕਿ ਅਸਲ ਕਾਰਨਾਂ ਦਾ ਪਤਾ ਪੁਲਸ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਲੱਗੇਗਾ।ਪਿੰਡ ਵਾਸੀਆਂ ਅਨੁਸਾਰ ਬੱਸੀਆਂ ਨੇੜੇ ਹਾਦਸੇ ਵਾਲਾ ਸਥਾਨ ਪਹਿਲਾਂ ਵੀ ਕਈ ਹਾਦਸਿਆਂ ਦਾ ਗਵਾਹ ਬਣ ਚੁੱਕਾ ਹੈ।ਉਨ੍ਹਾਂ ਦਾ ਦਾਅਵਾ ਹੈ ਕਿ ਖ਼ਤਰਨਾਕ ਮੋੜ ਤੇ ਸੜਕ ਕਿਨਾਰੇ ਸਥਿਤ ਛੱਪੜ ਸਬੰਧੀ ਪ੍ਰਸ਼ਾਸਨ ਨੂੰ ਪਹਿਲਾਂ ਵੀ ਜਾਣੂ ਕਰਵਾਇਆ ਗਿਆ ਸੀ, ਪਰ ਸਥਾਈ ਸੁਰੱਖਿਆ ਪ੍ਰਬੰਧ ਨਹੀਂ ਕੀਤੇ ਗਏ।ਪਿੰਡ ਵਾਸੀਆਂ ਨੇ ਮੰਗ ਕੀਤੀ ਹੈ ਕਿ ਹਾਦਸੇ ਵਾਲੀ ਥਾਂ ਦੀ ਤੁਰੰਤ ਜਾਂਚ ਕਰਵਾ ਕੇ ਲੋੜੀਂਦੇ ਚੇਤਾਵਨੀ ਬੋਰਡ, ਰਿਫ਼ਲੈਕਟਰ, ਸੜਕ ਸੁਰੱਖਿਆ ਬੈਰੀਅਰ ਤੇ ਹੋਰ ਜ਼ਰੂਰੀ ਪ੍ਰਬੰਧ ਕੀਤੇ ਜਾਣ ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਿਆ ਜਾ ਸਕੇ।ਹਾਦਸੇ ਵਿੱਚ ਤਿੰਨ ਵਿਅਕਤੀਆਂ ਦੀ ਮੌਤ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਹੈ।

# ਵਿੱਤ ਮੰਤਰੀ ਵੱਲੋਂ ਮੁਲਾਜ਼ਮਾਂ ਨੂੰ 'ਐਂਟੀ ਸਟੇਟ' ਕਹਿਣ ਦੀ ਜਥੇਬੰਦੀਆਂ ਵੱਲੋਂ ਨਿੰਦਾ

## ਚੀਮਾ ਤੁਰੰਤ ਜਨਤਕ ਤੌਰ 'ਤੇ ਮੰਗਣ ਮੁਆਫ਼ੀ : ਮੁਲਾਜ਼ਮ ਆਗੂ



**ਫ਼ਰੀਦਕੋਟ/ਜੈਤੋ (ਐਲਿਗਜੈਂਡਰ ਡਿਸੂਜ਼ਾ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680 ਸੈਕਟਰ 22-ਬੀ, ਚੰਡੀਗੜ੍ਹ) ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸੰਘਰਸ਼ਸ਼ੀਲ ਮੁਲਾਜ਼ਮਾਂ ਨੂੰ 'ਐਂਟੀ ਸਟੇਟ' ਕਹਿਣ 'ਤੇ ਸਖ਼ਤ ਰੋਸ ਪ੍ਰਗਟਾਉਂਦਿਆਂ ਇਸ ਦੀ ਭਰਪੂਰ ਨਿਖੇਧੀ ਕੀਤੀ ਹੈ।ਮੁਲਾਜ਼ਮ ਆਗੂਆਂ ਨੇ ਆਖਿਆ ਕਿ ਹਰੇਕ ਸਰਕਾਰ ਆਪਣੇ ਬਜਟ ਭਾਸ਼ਣ ਵਿੱਚ ਮੁਲਾਜ਼ਮਾਂ ਨੂੰ 'ਸਰਕਾਰੀ ਮਸ਼ੀਨਰੀ ਦੀ ਰੀੜ੍ਹ ਦੀ ਹੱਡੀ' ਕਰਾਰ ਦਿੰਦੀ ਹੈ, ਜੋ ਕਿ ਇੱਕ ਅਸਲ ਸੱਚਾਈ ਵੀ ਹੈ। ਪਰ ਜਦੋਂ ਹੁਕਮਰਾਨ ਸਰਕਾਰਾਂ ਮੁਲਾਜ਼ਮਾਂ ਦੇ ਹੱਕ ਦੇਣ ਤੋਂ ਮੁਨਕਰ ਹੋ ਜਾਣ, ਤਾਂ ਮੁਲਾਜ਼ਮਾਂ ਨੂੰ ਸੰਘਰਸ਼ਾਂ ਦੇ ਰਾਹ ਪੈਣਾ ਹੀ ਪੈਂਦਾ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦੀ ਜਿੰਨੀ ਅਣਦੇਖੀ ਹੋਈ ਹੈ, ਸ਼ਾਇਦ ਇਤਿਹਾਸ ਵਿੱਚ ਅਜਿਹਾ ਪਹਿਲੀ ਵਾਰ ਵਾਪਰਿਆ ਹੈ।ਇਸੇ ਬੁਖਲਾਹਟ ਵਿੱਚ ਆ ਕੇ ਵਿੱਤ ਮੰਤਰੀ ਮੁਲਾਜ਼ਮਾਂ 'ਤੇ 'ਐਂਟੀ ਸਟੇਟ' ਹੋਣ ਦਾ ਠੱਪਾ ਲਗਾ ਕੇ ਲੋਕਾਂ ਵਿੱਚ ਉਨ੍ਹਾਂ ਦਾ ਅਕਸ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ 2022 ਤੋਂ ਪਹਿਲਾਂ ਵਿਰੋਧੀ ਧਿਰ ਦੇ ਨੇਤਾ ਹੁੰਦਿਆਂ ਇਹੋ ਹਰਪਾਲ ਸਿੰਘ ਚੀਮਾ ਮੁਲਾਜ਼ਮਾਂ ਦੀਆਂ ਮੰਗਾਂ ਦੀ ਵਕਾਲਤ ਕਰਦੇ ਹੋਏ ਧਰਨਿਆਂ ਵਿੱਚ ਸ਼ਾਮਲ ਹੁੰਦੇ ਸਨ, ਪਰ ਅੱਜ ਸੱਤਾ ਦੇ ਹੰਕਾਰ ਵਿੱਚ ਆ ਕੇ ਮੁਲਾਜ਼ਮਾਂ ਪ੍ਰਤੀ ਕੂੜ ਪ੍ਰਚਾਰ ਕਰ ਰਹੇ ਹਨ। ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਡੀ.ਏ. (41) ਦੇ ਮਾਮਲੇ ਵਿੱਚ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਸਿੰਗਲ ਤੇ ਡਬਲ ਬੈਂਚ ਨੇ ਸਰਕਾਰ ਦੀਆਂ ਤੱਥ-ਰਹਿਤ ਦਲੀਲਾਂ ਖਾਰਜ ਕਰਦਿਆਂ ਮੁਲਾਜ਼ਮਾਂ ਦੇ ਹੱਕ ਵਿੱਚ ਇਤਿਹਾਸਕ ਫੈਸਲੇ ਦਿੱਤੇ ਹਨ।ਇਸ ਦੇ ਬਾਵਜੂਦ ਵਿੱਤ ਮੰਤਰੀ ਵੱਲੋਂ ਅਦਾਲਤ ਖ਼ਿਲਾਫ਼ ਕੀਤੀਆਂ ਟਿੱਪਣੀਆਂ ਸਿੱਧੇ ਤੌਰ 'ਤੇ 'ਅਦਾਲਤੀ ਮਾਣਹਾਨੀ' ਦਾ ਮਾਮਲਾ ਬਣਾਉਂਦੀਆਂ ਹਨ।ਆਗੂਆਂ ਨੇ ਮੰਗ ਕੀਤੀ ਹੈ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਆਪਣੇ ਇਸ ਗੈਰ-ਜ਼ਿੰਮੇਵਾਰਾਨਾ ਬਿਆਨ ਲਈ ਮੁਲਾਜ਼ਮ ਵਰਗ ਤੇ ਜਨਤਾ ਤੋਂ ਤੁਰੰਤ ਜਨਤਕ ਤੌਰ 'ਤੇ ਮੁਆਫ਼ੀ ਮੰਗਣ।

# ਮਨਿਸਟਰੀਅਲ ਕਾਮਿਆਂ ਵੱਲੋਂ ਵਿੱਤ ਮੰਤਰੀ ਦਾ ਅਰਥੀ ਫੂਕ ਮੁਜ਼ਾਹਰਾ

## 17 ਤੇ 18 ਨੂੰ ਕਲਮਛੋੜ ਹੜਤਾਲ ਤੇ 27 ਨੂੰ ਮਹਾਂਬੰਦ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ)**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਬੀਤੇ ਦਿਨੀਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਸੰਘਰਸ਼ ਕਰ ਰਹੇ ਕਾਮਿਆਂ ਨੂੰ ਐਂਟੀ ਸਟੇਟ ਕਹਿਣ ਦੇ ਰੋਸ ਵਜੋਂ ਵੀਰਵਾਰ ਪੂਰੇ ਸੂਬੇ ਵਿੱਚ ਜ਼ਿਲ੍ਹਾ ਹੈੱਡ ਕੁਆਟਰਾਂ ਦੇ ਵਿੱਤ ਮੰਤਰੀ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ।ਇਸ ਮੌਕੇ ਕਰਮਚਾਰੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨ ਸਿੰਘ, ਪੰਜਾਬ ਰਾਜ ਡੀ. ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ, ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਤੇ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਨੇ ਦੱਸਿਆ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਲੀਡਰ ਮੁਲਾਜ਼ਮਾਂ ਦੇ ਧਰਨਿਆਂ ਵਿੱਚ ਸ਼ਮੂਲੀਅਤ ਕਰਦਿਆਂ ਹੱਥਾਂ ਵਿੱਚ ਤਖ਼ਤੀਆਂ ਫੜ ਕੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਦੀ ਮੰਗ ਕਰਦੇ ਰਹੇ ਹਨ, ਪ੍ਰੰਤੂ ਹੁਣ ਹੱਕ ਮੰਗਦੇ ਜੁਝਾਰੂ ਕਰਮਚਾਰੀ ਐਂਟੀ ਸਟੇਟ ਦਿਖਣ ਲੱਗ ਪਏ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਕਰਮਚਾਰੀਆਂ ਤੇ ਪੈਨਸ਼ਨਰਾਂ ਨਾਲ ਕੀਤੀ ਗਈ ਬੇਰੁਖੀ ਦਾ ਖਾਮਿਆਜ਼ਾ ਸਰਕਾਰ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਵਿੱਚ ਭੁਗਤਣਾ ਪਵੇਗਾ।ਆਗੂਆਂ ਨੇ ਦੱਸਿਆ ਕਿ ਸਟੇਟ ਬਾਡੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਅੱਜ ਵਿੱਤ ਮੰਤਰੀ ਹਰਪਾਲ ਚੀਮਾ ਦਾ ਪੁਤਲਾ ਫੂਕਿਆ ਗਿਆ ਹੈ ਤੇ ਸਰਕਾਰ ਨੂੰ 15 ਅਗਸਤ ਤੱਕ ਦਾ ਅਲਟੀਮੇਟਮ ਦਿੱਤਾ ਗਿਆ ਹੈ, ਜੇਕਰ ਸਰਕਾਰ ਨੇ 15 ਅਗਸਤ ਤੱਕ ਕਰਮਚਾਰੀਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਨਾ ਕੀਤੀ ਤਾਂ 17 ਤੇ 18 ਅਗਸਤ ਨੂੰ ਮੁਕੰਮਲ ਕਲਮ ਛੋੜ/ਕੰਪਿਊਟਰ ਬੰਦ ਹੜਤਾਲ ਕੀਤੀ ਜਾਵੇਗੀ।ਇਸ ਤੋਂ ਇਲਾਵਾ 27 ਅਗਸਤ ਨੂੰ ਮਹਾਂਬੰਦ ਕਰਕੇ ਪੰਜਾਬ ਦੇ ਹਰੇਕ ਵਿਭਾਗ ਜਿਵੇਂ ਰੋਡਵੇਜ਼, ਜਲ ਸਪਲਾਈ, ਸਿੱਖਿਆ ਵਿਭਾਗ, ਸਿਹਤ ਵਿਭਾਗ, ਪੰਚਾਇਤ ਵਿਭਾਗ, ਨਹਿਰੀ ਵਿਭਾਗ, ਡੀ.ਸੀ. ਦਫ਼ਤਰ, ਆਬਕਾਰੀ ਵਿਭਾਗ, ਐੱਸ.ਡੀ.ਐੱਮ. ਦਫ਼ਤਰ, ਤਹਿਸੀਲ ਦਫ਼ਤਰ ਤੇ ਹੋਰ ਸਮੁੱਚੇ ਵਿਭਾਗਾਂ ਵਿੱਚ ਮੁਕੰਮਲ ਕੰਮ ਬੰਦ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੀਤਪਾਲ ਰੀਡਰ, ਬਲਰਾਜ ਰੀਡਰ, ਰਾਜੇਸ਼ ਕਪੂਰ, ਸਰਬਜੀਤ ਸਿੰਘ, ਲਵਪ੍ਰੀਤ ਸਿੰਘ, ਜਗਪ੍ਰੀਤ ਸਟੈਨੋ, ਸੁਖਜਿੰਦਰ ਸਿੰਘ, ਪਰਮਜੀਤ ਸਿੰਘ, ਓਮਪਾਲ, ਅਮਨਦੀਪ ਪਾਲ, ਗਗਨਦੀਪ ਸਿੰਘ, ਜਸਵੀਰ ਕੌਰ, ਰੁਪਾਲੀ, ਸੁਖਪਾਲ ਕੌਰ, ਸਿੱਖਿਆ ਵਿਭਾਗ ਤੋਂ ਸੰਦੀਪ ਬੱਤਰਾ, ਟਰਾਂਸਪੋਰਟ ਵਿਭਾਗ ਤੋਂ ਗੁਰਮੀਤ ਸਿੰਘ, ਬੀ.ਐਂਡ.ਆਰ. ਤੋਂ ਪਰਮਦੀਪ ਸਿੰਘ, ਪੰਚਾਇਤੀ ਰਾਜ ਵਿਭਾਗ ਤੋਂ ਜਸਪ੍ਰੀਤ ਸਿੰਘ, ਜਲ ਸਪਲਾਈ ਵਿਭਾਗ ਤੋਂ ਬਿਕਰਮ ਸਿੰਘ, ਜਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਤੋਂ ਬਲਜਿੰਦਰ ਸਿੰਘ, ਪਸ਼ੂ ਪਾਲਣ ਵਿਭਾਗ ਤੋਂ ਬਲਜਿੰਦਰ ਸਿੰਘ, ਫੂਡ ਸਪਲਾਈ ਵਿਭਾਗ ਤੋਂ ਸੁਰਿੰਦਰ ਸਿੰਘ, ਸਿੰਚਾਈ ਵਿਭਾਗ ਤੋਂ ਵੀਰ ਚੰਦ ਆਦਿ ਵੱਡੀ ਗਿਣਤੀ ਵਿੱਚ ਕਰਮਚਾਰੀ ਹਾਜ਼ਰ ਸਨ।

# ਵੱਖ-ਵੱਖ 4 ਸੜਕ ਹਾਦਸਿਆਂ ਵਿੱਚ ਦੋ ਮੌਤਾਂ ਤੇ ਦੋ ਜ਼ਖਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਬਾਗੜੀਆਂ ਵਿਖੇ,ਸਰਹਿੰਦ ਵਿਖੇ ਅਤੇ ਸਰਹਿੰਦ-ਖੰਨਾ ਜੀ.ਟੀ. ਰੋਡ 'ਤੇ ਵਾਪਰੇ ਚਾਰ ਵੱਖ-ਵੱਖ ਸੜਕ ਹਾਦਸਿਆਂ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਜਾਣ ਅਤੇ ਦੋ ਦੇ ਗੰਭੀਰ ਸੱਟਾਂ ਲੱਗਣ ਦਾ ਸਮਾਚਾਰ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਭਾਗ ਸਿੰਘ(73) ਵਾਸੀ ਪਿੰਡ ਨੰਦਪੁਰ ਕੇਸ਼ੋ ਆਪਣੇ ਭਤੀਜੇ ਗੁਰਦਾਸ ਸਿੰਘ ਦੇ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਸਨੌਰ ਤੋਂ ਵਾਪਸ ਆ ਰਿਹਾ ਸੀ ਤੇ ਜਦੋਂ ਉਹ ਪਿੰਡ ਬਾਗੜੀਆਂ ਦੀ ਦਾਣਾ ਮੰਡੀ ਨੇੜੇ ਪਹੁੰਚੇ ਤਾਂ ਇੱਕ ਤੇਜ਼ ਰਫ਼ਤਾਰ ਮੋਟਰਸਾਈਕਲ ਚਾਲਕ ਨੇ ਉਨ੍ਹਾ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤ ਜਿਸ ਕਾਰਨ ਬੁੜਕ ਕੇ ਸੜਕ 'ਤੇ ਡਿੱਗੇ ਭਾਗ ਸਿੰਘ ਦੀ ਮੌਤ ਹੋ ਗਈ।ਇੱਕ ਵੱਖਰੇ ਮਾਮਲੇ ਵਿੱਚ ਮੇਰਠ (ਉੱਤਰ ਪ੍ਰਦੇਸ਼) ਦਾ ਰਹਿਣ ਵਾਲਾ ਦੀਪਕ ਕੁਮਾਰ ਮੇਰਠ ਤੋਂ ਬਲੈਰੋ ਗੱਡੀ ਵਿੱਚ ਫੁੱਲ ਲੋਡ ਕਰਕੇ ਲੁਧਿਆਣਾ ਨੂੰ ਜਾ ਰਿਹਾ ਸੀ।ਜਦੋਂ ਉਹ ਜੀ.ਟੀ. ਰੋਡ 'ਤੇ ਸਥਿਤ ਸਰਹਿੰਦ ਦੇ ਫਲੋਟਿੰਗ ਰੈਸਟੋਰੈਂਟ ਨੇੜੇ ਪੁੱਜਾ ਤਾਂ ਉਸ ਦੇ ਅੱਗੇ ਜਾ ਰਹੇ ਇੱਕ ਜੌਨ ਡੀਅਰ ਟਰੈਕਟਰ ਦੇ ਨਾਮਾਲੂਮ ਡਰਾਈਵਰ ਨੇ ਟਰੈਕਟਰ ਨੂੰ ਇਕਦਮ ਬਰੇਕ ਲਗਾ ਦਿੱਤੀ ਜਿਸ ਕਾਰਨ ਦੀਪਕ ਕੁਮਾਰ ਦੀ ਗੱਡੀ ਉਕਤ ਟਰੈਕਟਰ ਦੇ ਪਿੱਛੇ ਜਾ ਵੱਜੀ ਤੇ ਇਸ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ ਦੀਪਕ ਕੁਮਾਰ ਦੀ ਮੌਤ ਹੋ ਗਈ।ਇੱਕ ਹੋਰ ਵੱਖਰੇ ਹਾਦਸੇ ਸਬੰਧੀ ਮਿਲੀ ਸੂਚਨਾ ਅਨੁਸਾਰ ਸਰਹਿੰਦ ਦੇ ਡਿਫੈਂਸ ਬੰਨ੍ਹ ਨਜ਼ਦੀਕ ਇੱਕ ਤੇਜ਼ ਰਫਤਾਰ ਆਈ 20 ਕਾਰ ਇੱਕ ਮੋਟਰਸਾਈਕਲ ਨੂੰ ਟੱਕਰ ਮਾਰਦੀ ਹੋਈ ਮੋਟਰਸਾਈਕਲ ਨੂੰ ਕਾਫੀ ਦੂਰ ਤੱਕ ਘੜੀਸ ਕੇ ਲੈ ਗਈ। ਜਿਸ ਕਾਰਨ ਮੋਟਰਸਾਈਕਲ ਚਲਾ ਰਹੇ ਮਦਨਜੀਤ ਸਿੰਘ ਵਾਸੀ ਪਿੰਡ ਜੱਲ੍ਹਾ ਦੇ ਸੱਟਾਂ ਲੱਗੀਆਂ।ਇੱਕ ਹੋਰ ਹਾਦਸੇ ਵਿੱਚ ਬਲਦੀਪ ਸਿੰਘ ਵਾਸੀ ਪਿੰਡ ਰਸੂਲੜਾ(ਲੁਧਿਆਣਾ) ਮੋਟਰਸਾਈਕਲ 'ਤੇ ਸਵਾਰ ਹੋ ਕੇ ਮੰਡੀ ਗੋਬਿੰਦਗੜ੍ਹ ਤੋਂ ਲੁਧਿਆਣਾ ਵੱਲ ਨੂੰ ਜਾ ਰਿਹਾ ਸੀ ਤਾਂ ਸਰਵਿਸ ਰੋਡ 'ਤੇ ਇੱਕ ਤੇਜ਼ ਰਫ਼ਤਾਰ ਐਕਟਿਵਾ ਸਕੂਟਰ ਨਾਲ ਉਸ ਦੀ ਟੱਕਰ ਹੋ ਗਈ।ਇਸ ਹਾਦਸੇ ਵਿੱਚ ਬਲਦੀਪ ਸਿੰਘ ਦੇ ਗੰਭੀਰ ਸੱਟਾਂ ਲੱਗੀਆਂ।

# ਦੇਸ਼ ਭਗਤ ਗਲੋਬਲ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਤੀਆਂ ਦੇ ਮੇਲੇ 'ਚ ਸ਼ਾਨਦਾਰ ਪੇਸ਼ਕਾਰੀ

## ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਵਿਰਾਸਤ ਨਾਲ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ : ਪ੍ਰਿੰਸੀਪਲ ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਅਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਕੋਟਕਪੂਰਾ ਰੋਡ, ਸ੍ਰੀ ਮੁਕਤਸਰ ਸਾਹਿਬ ਦੀਆਂ ਵਿਦਿਆਰਥਣਾਂ ਨੇ ਅਰਜਨ ਕੈਸਲ ਸ੍ਰੀ ਮੁਕਤਸਰ ਸਾਹਿਬ ਵਿਖੇ ਮੇਲਾ ਤੀਆਂ ਦਾ ਸਮਾਗਮ ਵਿੱਚ ਆਪਣੀ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀ ਭੰਗੜੇ ਰਾਹੀਂ ਸਭ ਦਾ ਮਨ ਮੋਹ ਲਿਆ।ਵਿਦਿਆਰਥਣਾਂ ਨੇ ਪੰਜਾਬੀ ਸੱਭਿਆਚਾਰ, ਵਿਰਸੇ ਤੇ ਤੀਆਂ ਦੀਆਂ ਰਵਾਇਤੀ ਝਲਕੀਆਂ ਨੂੰ ਭੰਗੜੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।ਉਨ੍ਹਾਂ ਦੀ ਪੇਸ਼ਕਾਰੀ ਨੂੰ ਦਰਸ਼ਕਾਂ ਵੱਲੋਂ ਭਰਪੂਰ ਸਰਾਹਨਾ ਮਿਲੀ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਆਪਣੇ ਅਮੀਰ ਪੰਜਾਬੀ ਵਿਰਾਸਤ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਭਾਰਨ ਲਈ ਸਕੂਲ ਵੱਲੋਂ ਅਜਿਹੀਆਂ ਗਤੀਵਿਧੀਆਂ ਨੂੰ ਹਮੇਸ਼ਾ ਉਤਸ਼ਾਹਿਤ ਕੀਤਾ ਜਾਂਦਾ ਹੈ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਵਿਦਿਆਰਥਣਾਂ ਦੀ ਪੇਸ਼ਕਾਰੀ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਤੇ ਕਲਾਤਮਕ ਪ੍ਰਤਿਭਾ ਦਾ ਪ੍ਰਤੀਕ ਹੈ।ਉਨ੍ਹਾਂ ਨੇ ਵਿਦਿਆਰਥਣਾਂ ਅਤੇ ਅਧਿਆਪਕਾਂ ਦੀ ਟੀਮ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ।ਉਨ੍ਹਾਂ ਵਿਦਿਆਰਥਣਾਂ ਦੀ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੰਚ ਬੱਚਿਆਂ ਵਿੱਚ ਆਤਮ-ਵਿਸ਼ਵਾਸ ਤੇ ਸੱਭਿਆਚਾਰਕ ਚੇਤਨਾ ਪੈਦਾ ਕਰਦੇ ਹਨ।ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ ਨੇ ਵੀ ਵਿਦਿਆਰਥਣਾਂ ਦੀ ਪੇਸ਼ਕਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਪੰਜਾਬੀ ਲੋਕ-ਨਾਚ ਤੇ ਲੋਕ-ਪ੍ਰੰਪਰਾਵਾਂ ਸਾਡੀ ਪਹਿਚਾਣ ਹਨ।ਉਨ੍ਹਾਂ ਨੇ ਵਿਦਿਆਰਥਣਾਂ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਦੇਸ਼ ਭਗਤ ਗਲੋਬਲ ਸਕੂਲ ਦੀਆਂ ਵਿਦਿਆਰਥਣਾਂ ਦੀ ਪੇਸ਼ਕਾਰੀ ਨੇ ਪੰਜਾਬੀ ਸੱਭਿਆਚਾਰ ਦੀ ਖੂਬਸੂਰਤੀ ਨੂੰ ਬਾਖੂਬੀ ਦਰਸਾਇਆ ਤੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ।

# ਅਮਿਤ ਸ਼ਾਹ ਦੇ ਫੌਰੀ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਦਸਮੇਸ਼ ਯੂਨੀਅਨ ਵੱਲੋਂ ਪ੍ਰਦਰਸ਼ਨ



**ਲੁਧਿਆਣਾ (ਸਤੀਸ਼ ਸਚਦੇਵਾ)**

ਲੱਖਾਂ ਵਿਦਿਆਰਥੀਆਂ ਦੇ ਹੱਕੀ ਦਿੱਲੀ ਅੰਦੋਲਨ 'ਤੇ ਕੀਤੇ ਵਹਿਸ਼ੀ ਜ਼ੁਲਮਾਂ ਦੇ ਮੁੱਖ ਜਿੰਮੇਵਾਰ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਫੌਰੀ ਅਸਤੀਫ਼ੇ ਲਈ ਦਸਮੇਸ਼ ਯੂਨੀਅਨ ਨੇ ਰੋਸ ਪ੍ਰਦਰਸ਼ਨ ਕੀਤਾ। ਇਸ ਉਪਰੰਤ ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੀ ਜ਼ਿਲ੍ਹਾ ਕਾਰਜਕਾਰੀ ਕਮੇਟੀ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਵੇਰਕਾ ਮਿਲਕ ਪਲਾਂਟ ਲੁਧਿਆਣਾ ਵਿਖੇ ਕੀਤੀ ਗਈ। ਜਿਸ ਵਿੱਚ ਵੱਖ-ਵੱਖ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਲਲਤੋਂ, ਜਥੇਦਾਰ ਗੁਰਮੇਲ ਸਿੰਘ ਢੱਟ, ਨਿਰਭੈ ਸਿੰਘ ਤਲਵੰਡੀ, ਜਸਵੰਤ ਸਿੰਘ ਮਾਨ, ਗੁਰਸੇਵਕ ਸਿੰਘ ਸੋਨੀ ਸਵੱਦੀ ਨੇ ਵਿਚਾਰ ਅਧੀਨ ਮੁੱਦਿਆਂ ਬਾਰੇ ਠੋਸ ਤੇ ਨਿੱਗਰ ਵਿਚਾਰ ਅਤੇ ਕੀਮਤੀ ਸੁਝਾਅ ਪੇਸ਼ ਕੀਤੇ। ਮੀਟਿੰਗ ਵੱਲੋਂ ਸਰਬ ਸੰਮਤੀ ਨਾਲ ਪਾਸ ਕੀਤੇ ਮਤੇ ਰਾਹੀਂ ਜੱਥੇਬੰਦੀ ਨੇ ਜ਼ੋਰਦਾਰ ਮੰਗ ਕੀਤੀ ਕਿ ਦਿੱਲੀ ਸਮੇਤ ਦੇਸ਼ ਵਿਆਪੀ ਹੱਕੀ ਵਿਦਿਆਰਥੀ ਅੰਦੋਲਨ ਦੀ ਭਖਦੀ ਮੰਗ ਮੁਤਾਬਿਕ 20 ਜੁਲਾਈ ਦੇ ਜੰਤਰ ਮੰਤਰ 'ਤੇ ਵਹਿਸ਼ੀ ਪੁਲੀਸ ਤੇ ਆਰ ਐਸ ਐਸ ਗੁੰਡਾ ਜਬਰ ਲਈ ਮੁੱਖ ਜ਼ਿੰਮੇਵਾਰ ਦੇਸ਼ ਦਾ ਗ੍ਰਹਿ ਮੰਤਰੀ ਫੌਰੀ ਤੌਰ 'ਤੇ ਅਸਤੀਫ਼ਾ ਦੇਵੇ, ਪੁਲਸੀ ਜਬਰ ਤਸ਼ੱਦਦ ਬੰਦ ਹੋਵੇ ਅਤੇ ਬਾਕੀ ਹੱਕੀ ਮੰਗਾਂ ਵੀ ਪ੍ਰਵਾਨ ਕੀਤੀਆਂ ਜਾਣ ਤਾਂ ਜੋ ਦੇਸ਼ ਦੇ ਸੰਵਿਧਾਨ ਦੀ ਰੋਸ਼ਨੀ ਵਿੱਚ ਲੱਖਾਂ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਲਈ ਨਿਆਂ ਯਕੀਨੀ ਬਣ ਸਕੇ ਅਤੇ ਦੇਸ਼ ਦੇ ਹਾਲਾਤ ਆਮ ਵਰਗੇ ਬਣ ਸਕਣ।ਦੂਜੇ ਮਤੇ ਰਾਹੀਂ ਜਥੇਬੰਦੀ ਨੇ ਦਰਜ ਕੀਤਾ ਕਿ ਬੀਤੇ ਦਿਨ ਹੀ 280 ਕਿਸਾਨ ਜਥੇਬੰਦੀਆਂ 'ਤੇ ਅਧਾਰਿਤ 'ਦੇਸ਼ ਬਚਾਓ ਮੋਰਚਾ' ਵੱਲੋਂ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਦੀ ਅਗਵਾਈ 'ਚ ਸੈਂਕੜੇ ਵਰਕਰਾਂ ਨੇ ਜੰਤਰ ਮੰਤਰ ਵਿਖੇ ਵਿਦਿਆਰਥੀ ਅੰਦੋਲਨ ਦੀ ਭਰਾਤਰੀ ਮਦਦ ਵਜੋਂ ਬੀਤੇ ਦਿਨੀ ਕੀਤੀ 2 ਰੋਜਾ ਭੁੱਖ ਹੜਤਾਲ 'ਤੇ ਤਸੱਲੀ ਪ੍ਰਗਟ ਕੀਤੀ ਅਤੇ ਐਲਾਨ ਕੀਤਾ ਕਿ 'ਦੇਸ਼ ਬਚਾਓ ਮੋਰਚਾ' ਦੇ ਪ੍ਰੋਗਰਾਮ ਤੇ ਡਿਊਟੀਆਂ ਅਨੁਸਾਰ ਰੋਜ਼ਾਨਾ ਸੂਬਾ ਵਾਰ ਕਾਫਲੇ ਵੱਧ ਚੜ੍ਹ ਕੇ ਸ਼ਾਮਲ ਹੁੰਦੇ ਰਹਿਣਗੇ।ਅੱਜ ਦੇ ਐਕਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਗੁਰਦੇਵ ਸਿੰਘ ਢੱਟ, ਲਛਮਣ ਸਿੰਘ ਸਿੱਧਵਾਂ, ਨਿਰਭੈ ਸਿੰਘ ਤਲਵੰਡੀ, ਹਰਦੇਵ ਸਿੰਘ ਤਲਵੰਡੀ, ਸੋਹਣ ਸਿੰਘ ਸਵੱਦੀ, ਕੁਲਦੀਪ ਸਿੰਘ ਸਵੱਦੀ ਉਚੇਚੇ ਤੌਰ 'ਤੇ ਸ਼ਾਮਿਲ ਹੋਏ।

# ਸ਼ਹੀਦ ਕਿਰਨਜੀਤ ਕੌਰ ਯਾਦਗਾਰੀ ਸਮਾਗਮ ਇਨਕਲਾਬੀ ਜੋਸ਼ ਨਾਲ ਮਨਾਇਆ

## ਔਰਤਾਂ ਦੀ ਮੁਕਤੀ, ਜਮਹੂਰੀ ਹੱਕਾਂ ਤੇ ਹਕੂਮਤੀ ਜਬਰ ਖਿਲਾਫ ਚੁੱਕੀ ਆਵਾਜ਼



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਸ਼ਹੀਦ ਕਿਰਨਜੀਤ ਕੌਰ ਮਹਿਲ ਕਲਾਂ ਦਾ 29ਵਾਂ ਯਾਦਗਾਰੀ ਸਮਾਗਮ ਸਮੂਹ ਯਾਦਗਾਰੀ ਕਮੇਟੀ ਦੀ ਅਗਵਾਈ ਹੇਠ ਪੂਰੇ ਇਨਕਲਾਬੀ ਜੋਸ਼ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਇਨਕਲਾਬੀ ਗਾਇਕ ਅਜਮੇਰ ਅਕਲੀਆਂ ਦੇ ਸ਼ਰਧਾਂਜਲੀ ਗੀਤ ਨਾਲ ਹੋਈ।ਇਸ ਸਮੇਂ ਸ਼ਹੀਦ ਕਿਰਨਜੀਤ ਕੌਰ, ਅਮਰੀਕੀ-ਇਜ਼ਰਾਈਲੀ ਬੰਬਾਰੀ 'ਚ ਮਾਰੀਆਂ ਗਈਆਂ 168 ਸਕੂਲੀ ਬੱਚੀਆਂ ਤੇ 14 ਅਧਿਆਪਕਾਵਾਂ ਅਤੇ ਐਕਸ਼ਨ ਕਮੇਟੀ ਦੇ ਪੰਜ ਵਿੱਛੜੇ ਆਗੂਆਂ ਨੂੰ ਸ਼ਰਧਾਂਜਲੀ ਦਿੱਤੀ ਗਈ।ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਔਰਤਾਂ ਖ਼ਿਲਾਫ਼ ਸੰਸਾਰ ਪੱਧਰੀ ਹਿੰਸਾ 'ਤੇ ਚਿੰਤਾ ਪ੍ਰਗਟਾਈ।ਮੁੱਖ ਵਕਤਾ ਤੇ ਉੱਘੀ ਪੱਤਰਕਾਰ ਰਾਖੀ ਸਹਿਗਲ ਨੇ ਔਰਤਾਂ ਦੀ ਮੁਕਤੀ ਲਈ ਨਵੇਂ ਸਮਾਜ ਦੀ ਲੋੜ, ਭਾਰਤ 'ਚ ਹਿੰਸਾ, ਅਮਰੀਕੀ-ਇਜ਼ਰਾਈਲੀ ਧਾੜਵੀਆਂ ਵੱਲੋਂ ਇਰਾਨੀ ਤੇ ਫ਼ਲਸਤੀਨੀਆਂ ਦੀ ਨਸਲਕੁਸ਼ੀ, ਮੋਦੀ ਹਕੂਮਤ ਦੀ ਚੁੱਪ ਤੇ ਚਾਰ ਕਿਰਤ ਕੋਡਾਂ ਦੀ ਨਿਖੇਧੀ ਕੀਤੀ।ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਨੇ ਜਥੇਬੰਦੀ ਵੱਲੋਂ ਸੰਘਰਸ਼ਾਂ 'ਚ ਪਾਏ ਜਾ ਰਹੇ ਯੋਗਦਾਨ ਦੀ ਚਰਚਾ ਕਰਦਿਆ ਜਥੇਬੰਦਕ ਸ਼ਕਤੀ ਨੂੰ ਹੋਰ ਮਜ਼ਬੂਤ ਬਣਾਉਣ ਦਾ ਸੱਦਾ ਦਿੱਤਾ।ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਸੂਬਾਈ ਪ੍ਰਧਾਨ ਮਨਜੀਤ ਸਿੰਘ ਧਨੇਰ, ਸੀਨੀ: ਮੀਤ ਪ੍ਰਧਾਨ ਗੁਰਦੀਪ ਰਾਮਪੁਰਾ ਨੇ ਲੈਂਡ ਪੂਲਿੰਗ ਪਾਲਿਸੀ, ਮੁਕਤ ਵਪਾਰ ਸਮਝੌਤੇ, ਖੇਤੀ/ਪੀਣ ਵਾਲੇ ਪਾਣੀ ਤੇ ਪ੍ਰਦੂਸ਼ਣ ਦਾ ਮੁੱਦਾ ਚੁੱਕਿਆ।ਯਾਦਗਾਰ ਕਮੇਟੀ ਮਹਿਲ ਕਲਾਂ ਦੇ ਨਰਾਇਣ ਦੱਤ, ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪ੍ਰਧਾਨ ਪ੍ਰੋ. ਜਗਮੋਹਣ ਸਿੰਘ ਨੇ ਬੱਬਰ ਅਕਾਲੀ ਲਹਿਰ ਦੀ ਵਿਰਾਸਤ ਨੂੰ ਉਚਿਆਉਂਦਿਆਂ ਜੇਲ੍ਹਾਂ ਵਿੱਚ ਬੰਦ ਬੁੱਧੀਜੀਵੀਆਂ, ਸਮਾਜਿਕ ਕਾਰਕੁੰਨਾਂ ਤੇ ਚਿੰਤਕਾਂ ਦਾ ਮੁੱਦਾ ਉਠਾਇਆ।ਐਡਵੋਕੇਟ ਅਮਨਦੀਪ ਕੌਰ ਨੇ ਜਮਹੂਰੀ ਹੱਕਾਂ 'ਤੇ ਹਮਲਿਆਂ ਖ਼ਿਲਾਫ਼ ਇਕਜੁੱਟਤਾ ਦੀ ਅਪੀਲ ਕੀਤੀ।ਡੀ ਟੀ ਐੱਫ ਦੇ ਜ਼ਿਲ੍ਹਾ ਪ੍ਰਧਾਨ ਰਾਜੀਵ ਕੁਮਾਰ, ਨੌਜਵਾਨ ਆਗੂਆਂ ਜਗਮੀਤ ਬੱਲਮਗੜ੍ਹ, ਹਰਪ੍ਰੀਤ ਹਰਦਾਸਪੁਰਾ ਤੇ ਤਾਨੀਆ ਨਿਹਾਲੂਵਾਲ ਨੇ ਨਸ਼ੇ, ਗੈਂਗਵਾਰ ਤੇ ਅਸ਼ਲੀਲਤਾ ਖ਼ਿਲਾਫ਼ 10 ਰੋਜ਼ਾ ਪ੍ਰਚਾਰ ਮੁਹਿੰਮ ਰਾਹੀਂ ਬਰਾਬਰਤਾ ਵਾਲੇ ਸਮਾਜ ਦਾ ਸੁਨੇਹਾ ਘਰ-ਘਰ ਪਹੁੰਚਾਉਣ ਦੀ ਗੱਲ ਕੀਤੀ।ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਹਰਕੇਸ਼ ਚੌਧਰੀ ਦੇ ਨਿਰਦੇਸ਼ਨ ਹੇਠ ਨਾਟਕ 'ਤੂੰ ਮਸ਼ਾਲ ਬਾਲ ਕੇ ਰੱਖੀਂ' ਤੇ ਮਜ਼ਦੂਰ ਏਕਤਾ ਕੇਂਦਰ ਲੁਧਿਆਣਾ ਦੇ ਬੱਚਿਆਂ ਨੇ ਰਵਿਤਾ ਦੀ ਅਗਵਾਈ ਹੇਠ ਕੋਰਿਓਗ੍ਰਾਫੀ 'ਸਲਾਮ ਨੀਂ ਜਵਾਨੀਏ' ਪੇਸ਼ ਕੀਤੀ।ਪ੍ਰਬੰਧਕਾਂ ਵੱਲੋਂ ਰਾਖ਼ੀ ਸਹਿਗਲ, ਕਵੀਸ਼ਰੀ ਜਥਾ ਰਸੂਲਪੁਰ ਤੇ ਇਨਕਲਾਬੀ ਗਾਇਕ ਅਜਮੇਰ ਅਕਲੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਗੁਰਦੇਵ ਸਿੰਘ ਮਾਂਗੇਵਾਲ ਨੇ ਮਤੇ ਪੇਸ਼ ਕਰਦਿਆਂ ਪਹਿਲਵਾਨ ਬੱਚੀਆਂ ਦੇ ਸ਼ੋਸ਼ਣ ਦੇ ਮੁਲਜ਼ਮ ਬ੍ਰਿਜ ਭੂਸ਼ਣ ਸਿੰਘ ਨੂੰ ਬਰੀ ਕਰਨ, ਜੱਜਾਂ ਦੀਆਂ ਔਰਤ ਵਿਰੋਧੀ ਟਿੱਪਣੀਆਂ, ਚੀਫ ਜਸਟਿਸ ਸੂਰਿਆ ਕਾਂਤ ਵੱਲੋਂ ਨੌਜਵਾਨਾਂ ਨੂੰ ਕਾਕਰੋਚ ਕਹਿਣ, ਪੰਜਾਬ ਸਰਕਾਰ ਵੱਲੋਂ ਸੰਘਰਸ਼ੀਲ ਤਬਕਿਆਂ 'ਤੇ ਜਬਰ, ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਵਾਰਤਾ, ਗ਼ਜ਼ਾ, ਈਰਾਨ, ਲਿਬਨਾਨ 'ਚ ਜੰਗਾਂ ਤੇ ਉਮਰ ਖ਼ਾਲਿਦ, ਸ਼ਰਜੀਲ ਇਮਾਮ ਸਮੇਤ ਸਿਆਸੀ ਕੈਦੀਆਂ, ਮਜ਼ਦੂਰ ਆਗੂਆਂ ਤੇ ਬੁੱਧੀਜੀਵੀਆਂ ਨੂੰ ਰਿਹਾਅ ਨਾ ਕਰਨ ਦੀ ਨਿਖੇਧੀ ਕੀਤੀ।ਇਸ ਮੌਕੇ ਤਰਕਸ਼ੀਲ ਆਗੂ ਰਾਜਿੰਦਰ ਭਦੌੜ, ਗੁਰਵਿੰਦਰ ਸਿੰਘ ਕਲਾਲਾ, ਜਗਰਾਜ ਸਿੰਘ ਹਰਦਾਸਪੁਰਾ, ਡਾ. ਅਮਰਜੀਤ ਸਿੰਘ ਕਾਲਸਾਂ, ਪਰਮਜੀਤ ਦਰਦੀ, ਡਾ: ਜੱਗਾ ਸਿੰਘ ਮੌੜ, ਬਿੰਦਰ ਠੀਕਰੀਵਾਲ, ਹਰਭਗਵਾਨ ਸ਼ੇਰਪੁਰ, ਡਾ: ਦਲਬਾਰ ਸਿੰਘ ਮਹਿਲ ਕਲਾਂ ਆਦਿ ਹਾਜ਼ਰ ਸਨ।

# ਮੈਡੀਕਲ ਦੁਕਾਨ ਦੇ ਜਿੰਦੇ ਤੋੜ ਕੇ ਹਜ਼ਾਰਾਂ ਰੁਪਏ ਦਾ ਸਾਮਾਨ ਤੇ ਨਕਦੀ ਚੋਰੀ



**ਭਵਾਨੀਗੜ੍ਹ (ਰਾਜ ਖੁਰਮੀ)**-ਬੀਤੀ ਰਾਤ ਚੋਰਾਂ ਨੇ ਕੌਂਸਲ ਮੈਡੀਕੋਜ਼ ਦਵਾਈਆਂ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਂਦਿਆਂ ਜਿੰਦੇ ਤੋੜ ਕੇ ਹਜ਼ਾਰਾਂ ਰੁਪਏ ਦਾ ਸਾਮਾਨ ਤੇ ਨਕਦੀ ਚੋਰੀ ਕਰ ਲਈ। ਚੋਰ ਜਾਂਦੇ ਸਮੇਂ ਦੁਕਾਨ ਅੰਦਰ ਲੱਗੇ ਸੀਸੀਟੀਵੀ ਕੈਮਰਿਆਂ ਦਾ ਡੀ.ਵੀ.ਆਰ. ਵੀ ਨਾਲ ਲੈ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕੌਂਸਲ ਮੈਡੀਕੋਜ਼ ਦੇ ਮਾਲਕ ਸੰਦੀਪ ਕੌਂਸਲ ਨੇ ਦੱਸਿਆ ਕਿ ਉਨ੍ਹਾਂ ਨੂੰ ਸਵੇਰੇ ਫੋਨ ਰਾਹੀਂ ਸੂਚਨਾ ਮਿਲੀ ਕਿ ਦੁਕਾਨ ਦੇ ਜਿੰਦੇ ਟੁੱਟੇ ਹੋਏ ਹਨ।ਜਦੋਂ ਉਹ ਮੌਕੇ 'ਤੇ ਪਹੁੰਚੇ ਤਾਂ ਦੁਕਾਨ ਦੇ ਜਿੰਦੇ ਟੁੱਟੇ ਪਏ ਸਨ ਤੇ ਸ਼ਟਰ ਵੀ ਉੱਪਰ ਕੀਤਾ ਹੋਇਆ ਸੀ।ਦੁਕਾਨ ਅੰਦਰ ਜਾ ਕੇ ਦੇਖਿਆ ਤਾਂ ਸਾਰਾ ਸਾਮਾਨ ਖਿੱਲਰਿਆ ਪਿਆ ਸੀ ਤੇ ਸੀਸੀਟੀਵੀ ਕੈਮਰਿਆਂ ਦਾ ਡੀ.ਵੀ.ਆਰ. ਵੀ ਗਾਇਬ ਸੀ। ਉਨ੍ਹਾਂ ਦੱਸਿਆ ਕਿ ਦੁਕਾਨ ਦੇ ਗੱਲੇ ਵਿੱਚ ਪਈ ਕੁਝ ਨਕਦੀ ਵੀ ਚੋਰ ਲੈ ਗਏ।ਇਸ ਮੌਕੇ ਦੁਕਾਨਦਾਰ ਸੀਤਾ ਰਾਮ ਨੇ ਕਿਹਾ ਕਿ ਇਲਾਕੇ ਵਿੱਚ ਚੋਰੀ ਦੀਆਂ ਘਟਨਾਵਾਂ ਲਗਾਤਾਰ ਵਧ ਰਹੀਆਂ ਹਨ, ਜਿਸ ਕਾਰਨ ਦੁਕਾਨਦਾਰਾਂ ਵਿੱਚ ਚਿੰਤਾ ਦਾ ਮਾਹੌਲ ਹੈ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਲਾਕੇ ਵਿੱਚ ਰਾਤ ਸਮੇਂ ਚੌਂਕੀਦਾਰ ਦਾ ਪ੍ਰਬੰਧ ਕੀਤਾ ਜਾਵੇ ਤੇ ਪੁਲਸ ਗਸ਼ਤ ਵਧਾਈ ਜਾਵੇ, ਤਾਂ ਜੋ ਚੋਰੀ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਈ ਜਾ ਸਕੇ।ਉਧਰ, ਮੌਕੇ 'ਤੇ ਪਹੁੰਚੇ ਐਸ.ਆਈ. ਤਰਸੇਮ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤੇ ਚੋਰਾਂ ਦੀ ਪਛਾਣ ਕਰਨ ਲਈ ਪੁਲਸ ਵੱਲੋਂ ਵੱਖ-ਵੱਖ ਪਹਿਲੂਆਂ ਤੋਂ ਜਾਂਚ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਚੋਰਾਂ ਨੂੰ ਜਲਦ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



**ਭੀਖੀ (ਗੁਰਿੰਦਰ ਸਿੰਘ ਔਲਖ)**-ਮਾਡਰਨ ਸੈਕੂਲਰ ਪਬਲਿਕ ਸਕੂਲ ਤੇ ਮਾਡਰਨ ਕਾਲਜ ਆਫ ਐਜੂਕੇਸ਼ਨ ਵਿਖੇ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਤੇ ਕਾਲਜ ਦੇ ਡਿਪਟੀ ਡਾਇਰੈਕਟਰ ਗੁਰਵਿੰਦਰ ਕੌਰ ਤੇ ਸੀ ਈ ਓ ਆਫ ਆਈ ਸਕੂਲ ਇਰਬਨਪ੍ਰੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਤੀਆਂ ਸਾਡੇ ਵਿਰਸੇ ਦਾ ਅਨਿੱਖੜਵਾਂ ਤਿਉਹਾਰ ਹਨ।ਸਾਉਣ ਦੇ ਮਹੀਨੇ ਕੁੜੀਆਂ ਇਕੱਤਰ ਹੋ ਕੇ ਆਪਣੇ ਮਾਪਿਆਂ ਅਤੇ ਸਹੁਰੇ ਪਰਵਾਰ ਪ੍ਰਤੀ ਵੱਖ-ਵੱਖ ਤਰੀਕੇ ਨਾਲ ਸਨੇਹ ਪ੍ਰਗਟ ਕਰਦੀਆਂ ਹਨ।ਸਕੂਲ ਪ੍ਰਬੰਧਨ ਵੱਲੋਂ ਵਿਦਿਆਰਥਣਾਂ ਵਿੱਚ ਤੀਆਂ ਪ੍ਰਤੀ ਰੁਚੀ ਵਧਾਉਣ ਦੇ ਲਈ ਮਹਿੰਦੀ, ਚੂੜੀਆਂ ਅਤੇ ਰਵਾਇਤੀ ਚੀਜ਼ਾਂ ਦੀਆਂ ਸਟਾਲਾਂ ਸਜਾਈਆਂ ਗਈਆਂ।ਵਿਦਿਆਰਥਣਾਂ ਨੇ ਪੰਜਾਬੀ ਪਹਿਰਾਵੇ ਪਾ ਕੇ ਸਮਾਗਮ ਵਿੱਚ ਸ਼ਿਰਕਤ ਕੀਤੀ।ਮੁਟਿਆਰਾਂ ਨੇ ਗਿੱਧੇ, ਡਾਂਸ ਤੇ ਕਿੱਕਲੀ ਪੀਂਘਾਂ ਝੂਟਣ ਤੋਂ ਇਲਾਵਾ ਰਵਾਇਤੀ ਬੋਲੀਆਂ ਪਾਈਆਂ। ਚਰਖਾ, ਪੱਖੀਆਂ ਅਤੇ ਫੁਲਕਾਰੀ ਕੱਢਣਾ ਆਦਿ ਸਮਾਗਮ ਦੇ ਖਿੱਚ ਦਾ ਕੇਂਦਰ ਰਹੇ।ਸਕੂਲ ਦੇ ਪ੍ਰਿੰਸੀਪਲ ਮੈਡਮ ਅਮਨਦੀਪ ਕੌਰ ਦੋਧਰੀਆ ਤੇ ਪ੍ਰਿੰਸੀਪਲ ਕਾਲਜ ਆਫ ਐਜੂਕੇਸ਼ਨ ਡਾ. ਹਰਪ੍ਰੀਤ ਕੌਰ ਨੇ ਵਿਦਿਆਰਥਣਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਤੀਆਂ ਇਸ ਖਿੱਤੇ ਦਾ ਰਵਾਇਤੀ ਅਤੇ ਪੁਰਾਤਨ ਤਿਉਹਾਰ ਹੈ, ਜੋ ਮਾਪਿਆਂ ਦਾ ਧੀਆਂ ਪ੍ਰਤੀ ਸਨੇਹ ਰੂਪ ਪ੍ਰਗਟਾਉਂਦਾ ਹੈ।

## ਅੰਤਰਰਾਸ਼ਟਰੀ ਯੁਵਾ ਦਿਵਸ ਮਨਾਇਆ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਡੀ ਏ ਵੀ ਕਾਲਜ ਫਾਰ ਵੂਮੈਨ, ਫਿਰੋਜ਼ਪੁਰ ਛਾਉਣੀ ਵਿਖੇ ਰੈੱਡ ਰਿਬਨ ਕਲੱਬ ਦੇ ਤਹਿਤ ਅੰਤਰਰਾਸ਼ਟਰੀ ਯੁਵਾ ਦਿਵਸ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਸਿਹਤਮੰਦ, ਜ਼ਿੰਮੇਵਾਰ ਤੇ ਤਰੱਕੀਸ਼ੀਲ ਸਮਾਜ ਦੇ ਨਿਰਮਾਣ ਵਿਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਵਿਦਿਆਰਥਣਾਂ ਨੂੰ ਜਾਗਰੂਕ ਕਰਨਾ ਸੀ। ਇਸ ਮੌਕੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਾਇਆ ਗਿਆ, ਜਿਸ ਦੌਰਾਨ ਨੌਜਵਾਨਾਂ ਦੀ ਭੂਮਿਕਾ ਤੇ ਜ਼ਿੰਮੇਵਾਰੀਆਂ ਬਾਰੇ ਚਾਨਣਾ ਪਾਇਆ ਗਿਆ। ਵਿਦਿਆਰਥਣਾਂ ਨੂੰ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ, ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ, ਸਕਾਰਾਤਮਕ ਸੋਚ ਵਿਕਸਿਤ ਕਰਨ ਤੇ ਸਮਾਜ ਦੇ ਵਿਕਾਸ ਵਿਚ ਸਰਗਰਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਸੀਮਾ ਅਰੋੜਾ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹਨ। ਨੌਜਵਾਨਾਂ ਨੂੰ ਆਪਣੀ ਊਰਜਾ ਅਤੇ ਪ੍ਰਤਿਭਾ ਦੀ ਸਕਾਰਾਤਮਕ ਦਿਸ਼ਾ ਵਿੱਚ ਵਰਤੋਂ ਕਰਦਿਆਂ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣਾ ਚਾਹੀਦਾ ਹੈ ਤੇ ਸਮਾਜ ਤੇ ਦੇਸ਼ ਦੇ ਵਿਕਾਸ ਵਿਚ ਆਪਣੀ ਜ਼ਿੰਮੇਵਾਰ ਭੂਮਿਕਾ ਨਿਭਾਉਣੀ ਚਾਹੀਦੀ ਹੈ।

## ਆਜ਼ਾਦੀ ਦਿਵਸ ਦੇ ਰੰਗ 'ਚ ਰੰਗਿਆ ਡੀ ਏ ਵੀ ਕਕਰਾਲਾ



**ਸਮਾਣਾ (ਇਕਬਾਲ ਸਿੰਘ ਬੱਲ)**-ਡੀ ਏ ਵੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਵਿਖੇ ਆਜ਼ਾਦੀ ਦਿਵਸ ਦੇ ਮੱਦੇਨਜ਼ਰ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਦੇਸ਼ ਭਗਤੀ ਤੇ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਤ ਕਰਨ ਲਈ ਵੱਖ-ਵੱਖ ਰਚਨਾਤਮਕ ਮੁਕਾਬਲੇ ਕਰਵਾਏ ਗਏ। ਇਹ ਵਿਸ਼ੇਸ਼ ਆਯੋਜਨ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਦੀ ਅਗਵਾਈ ਹੇਠ ਕੀਤਾ ਗਿਆ।ਇਸ ਮੌਕੇ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਝੰਡਾ ਬਣਾਉਣ, ਬੈਜ ਬਣਾਉਣ, ਥਾਲੀ ਸਜਾਵਟ, ਪੋਸਟਰ ਬਣਾਉਣ, ਲੇਖ ਲਿਖਣ, ਨਾਅਰਾ ਲਿਖਣ, ਡਿਸਪਲੇ ਬੋਰਡ ਸਜਾਵਟ, ਵਾਲ ਹੈਂਗਿੰਗ ਤੇ ਭਾਰਤ ਦਾ ਨਕਸ਼ਾ, ਅਸ਼ੋਕ ਚੱਕਰ, ਤਿਰੰਗੀ ਟੋਪੀ ਤੇ ਤਿਰੰਗੇ ਫੁੱਲ ਆਦਿ ਨਾਲ ਸਬੰਧਤ ਰਚਨਾਤਮਕ ਮੁਕਾਬਲੇ ਕਰਵਾਏ ਗਏ।ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਝੰਡਾ ਬਣਾਉਣ, 3D ਮਾਡਲ ਤਿਆਰ ਕਰਨ, ਬਿਨਾਂ ਅੱਗ ਦੇ ਖਾਣਾ ਪਕਾਉਣ, ਪੋਸਟਰ ਬਣਾਉਣ, ਲੇਖ ਤੇ ਨਾਅਰਾ ਲਿਖਣ, ਡਿਸਪਲੇ ਬੋਰਡ ਸਜਾਉਣ ਸਮੇਤ ਆਜ਼ਾਦੀ ਦਿਵਸ ਦੀ ਥੀਮ 'ਤੇ ਆਧਾਰਤ ਵੱਖ-ਵੱਖ ਗਤੀਵਿਧੀਆਂ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਵੱਲ ਭਾਰਤੀ ਰਾਸ਼ਟਰੀ ਝੰਡ, ਲਾਲ ਕਿਲ੍ਹ, ਤਾਜ ਮਹੱਲ ਤੇ ਹਵਾ ਮਹੱਲ ਆਦਿ ਦੇ ਖ਼ੂਬਸੂਰਤ 34 ਮਾਡਲ ਤਿਆਰ ਕੀਤੇ ਗਏ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਵਿਦਿਆਰਥੀਆਂ ਦੇ ਉਤਸ਼ਾਹ ਤੇ ਸਿਰਜਣਾਤਮਕ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਦੇਸ਼ ਪ੍ਰੇਮ, ਸਿਰਜਣਾਤਮਕ ਸੋਚ, ਆਤਮ-ਵਿਸ਼ਵਾਸ, ਸਹਿਯੋਗ ਦੀ ਭਾਵਨਾ ਤੇ ਜ਼ਿੰਮੇਵਾਰ ਨਾਗਰਿਕ ਬਣਨ ਦੇ ਸੰਸਕਾਰ ਵਿਕਸਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਸਮੂਹ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਪ੍ਰੋਗਰਾਮ ਦੇ ਸਫਲ ਆਯੋਜਨ ਲਈ ਵਧਾਈ ਦਿੱਤੀ।

## ਮਹਿੰਦਰਾ ਕਾਲਜ ਵਿਖੇ ਅੰਤਰਰਾਸ਼ਟਰੀ ਨੌਜਵਾਨ ਦਿਵਸ ਮੌਕੇ ਵਿਸ਼ੇਸ਼ ਲੈਕਚਰ



**ਸਮਰਾਲਾ (ਸੁਰਜੀਤ ਸਿੰਘ)**-ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਦੇ ਰੈੱਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਨੌਜਵਾਨ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਵਿਸ਼ੇਸ਼ ਦਿਹਾੜੇ ਦੀ ਮਹੱਤਤਾ ਨੂੰ ਮੁੱਖ ਰੱਖਦਿਆਂ ਕਾਲਜ ਦੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋਫੈਸਰ ਰਮਨੀਤ ਕੌਰ ਵੱਲੋਂ ਇੱਕ ਪ੍ਰਭਾਵਸ਼ਾਲੀ ਲੈਕਚਰ ਦਿੱਤਾ ਗਿਆ।ਉਨ੍ਹਾਂ ਨੌਜਵਾਨਾਂ ਨੂੰ ਦੇਸ਼ ਦਾ ਸਰਮਾਇਆ ਤੇ ਸਮਾਜਿਕ ਬਦਲਾਅ ਦੀ ਮੁੱਖ ਕੜੀ ਦੱਸਦਿਆਂ ਅਜੋਕੇ ਸਮੇਂ 'ਚ ਨੌਜਵਾਨ ਸ਼ਕਤੀ ਦੀ ਸਹੀ ਵਰਤੋਂ 'ਤੇ ਜ਼ੋਰ ਦਿੱਤਾ।ਆਪਣੇ ਸੰਬੋਧਨ ਦੌਰਾਨ ਪ੍ਰੋ. ਰਮਨੀਤ ਕੌਰ ਨੇ ਨਸ਼ਿਆਂ ਦੀ ਲਾਹਨਤ, ਲਿੰਗ ਸੰਵੇਦਨਸ਼ੀਲਤਾ ਤੇ ਬੇਰੁਜ਼ਗਾਰੀ ਵਰਗੀਆਂ ਗੰਭੀਰ ਚੁਣੌਤੀਆਂ 'ਤੇ ਚਾਨਣਾ ਪਾਇਆ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਮਜ਼ਬੂਤ ਸਿੱਖਿਆ ਤੇ ਉੱਚ ਹੁਨਰ ਹੀ ਇਨ੍ਹਾਂ ਸਮੱਸਿਆਵਾਂ ਦਾ ਸਹੀ ਹੱਲ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੁਦ ਨੂੰ ਮਾਨਸਿਕ ਤੇ ਬੌਧਿਕ ਤੌਰ 'ਤੇ ਮਜ਼ਬੂਤ ਕਰਕੇ ਦੇਸ਼ ਤੇ ਸਮਾਜ ਦੀ ਸੇਵਾ ਵਿੱਚ ਆਪਣਾ ਬਹੁਮੁੱਲਾ ਯੋਗਦਾਨ ਪਾਉਣ।ਸਮਾਗਮ ਦੇ ਅੰਤ ਵਿੱਚ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਵੱਲੋਂ ਸਾਰੇ ਹਾਜ਼ਰੀਨ ਦਾ ਰਸਮੀ ਤੌਰ 'ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਰਹੇ।

## ਸ਼੍ਰੀਰਾਮ ਕਾਲਜ ਡੱਲਾ ਦਾ ਨਤੀਜਾ ਸ਼ਾਨਦਾਰ



**ਹਠੂਰ (ਨਛੱਤਰ ਸੰਧੂ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚੋਂ ਬੀ ਕਾਮ ਭਾਗ ਦੂਜਾ (ਸਮੈਸਟਰ ਚੌਥਾ) ਦਾ ਨਤੀਜਾ ਸ਼ਾਨਦਾਰ ਰਿਹਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਦੇਵੀ ਚੰਦ ਸ਼ਰਮਾ ਨੇ ਦੱਸਿਆ ਕਿ ਮਹਿਕ ਗਰਗ ਨੇ 80 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ, ਰਮਨਪ੍ਰੀਤ ਕੌਰ ਨੇ 78 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰਾ, ਚਰਨਜੀਤ ਸਿੰਘ, ਦੀਪਾਸ਼ੂ ਗੋਇਲ, ਰਮਨਦੀਪ ਕੌਰ ਤੇ ਵੈਭਵ ਸ਼ੈਲੀ ਨੇ 77.5 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਮੁਢਲੀਆਂ ਪੁਜ਼ੀਸ਼ਨਾਂ ਹਾਸਲ ਕਰਨ ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਸ ਦਾ ਸਿਹਰਾ ਕਾਲਜ ਦੇ ਸਮੂਹ ਸਟਾਫ ਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਨੂੰ ਜਾਂਦਾ ਹੈ।ਇਸ ਮੌਕੇ ਤੇ ਮੈਨੇਜਮੈਂਟ ਕਮੇਟੀ ਦੇ ਮੈਂਬਰ ਅਵਤਾਰ ਸਿੰਘ, ਮਾ. ਭਗਵੰਤ ਸਿੰਘ, ਮੁਖਤਿਆਰ ਸਿੰਘ ਤੇ ਕਾਲਜ ਦੇ ਸਟਾਫ ਮੈਂਬਰ ਸ਼ਾਮਲ ਸਨ।

## ਨਸ਼ਾ-ਮੁਕਤੀ ਤਹਿਤ ਹੋਏ ਮੁਕਾਬਲਿਆਂ 'ਚ ਵਰਲਡ ਯੂਨੀਵਰਸਿਟੀ ਦੀ ਝੰਡੀ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਭਾਰਤ ਸਰਕਾਰ ਵੱਲੋਂ ਵਿਕਸਿਤ ਭਾਰਤ ਮੁਹਿੰਮ ਅਧੀਨ ਨਸ਼ਾ-ਮੁਕਤ ਜਵਾਨੀ ਸਿਰਲੇਖ ਤਹਿਤ ਕਰਵਾਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਮੱਲਾਂ ਮਾਰ ਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ।ਇਤਿਹਾਸ ਵਿਭਾਗ ਦੀ ਰਾਜਦੀਪ ਕੌਰ ਨੇ ਸਲੋਗਨ ਲੇਖਣੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਬੀਸੀਏ ਤੀਜੀ ਛਿਮਾਹੀ ਦੀ ਵਿਦਿਆਰਥਣ ਹਰਮਨਜੋਤ ਕੌਰ ਨੇ ਕਵਿਤਾ ਉਚਾਰਨ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਸਿੱਖਿਆ ਵਿਭਾਗ ਦੇ ਵਿਦਿਆਰਥੀ ਪ੍ਰਭਜੋਤ ਕੌਰ, ਜੈਸਮੀਨ ਕੌਰ, ਹੁਸਨਦੀਪ ਕੌਰ, ਹਰਮਨਪ੍ਰੀਤ ਕੌਰ, ਸਿਮਰਨ ਕੌਰ, ਚਰਨਜੀਤ ਕੌਰ ਤੇ ਮਨਪ੍ਰੀਤ ਕੌਰ ਨੇ ਮਾਈਮ ਪੇਸ਼ਕਾਰੀ ਵਿੱਚ ਦੂਜਾ ਸਥਾਨ ਹਾਸਲ ਕੀਤਾ।ਅਰਸ਼ਪ੍ਰੀਤ ਕੌਰ ਨੇ ਭਾਸ਼ਣ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਰੀਲ ਤੇ ਸ਼ਾਰਟ ਫਿਲਮ ਬਣਾਉਣ ਦੇ ਮੁਕਾਬਲੇ ਵਿੱਚ ਦਮਨਪ੍ਰੀਤ ਕੌਰ ਨੇ ਦੂਜਾ ਤੇ ਅਮਰਿੰਦਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਸਨਮਦੀਪ ਕੌਰ, ਅੰਜਲੀ, ਕਰੁਣਾ, ਹਰਮਨਪ੍ਰੀਤ ਕੌਰ, ਅਰਮਨਪ੍ਰੀਤ ਕੌਰ, ਕੋਮਲ, ਗਗਨਦੀਪ ਕੌਰ ਤੇ ਗੁਰਲੀਨ ਕੌਰ ਦੀ ਗਰੁੱਪ ਡਾਂਸ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਯੂਨੀਵਰਸਿਟੀ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਸਾਰੇ ਜੇਤੂ ਵਿਦਿਆਰਥੀਆਂ ਤੇ ਹਿੱਸਾ ਲੈਣ ਵਾਲੀਆਂ ਟੀਮਾਂ ਨੂੰ ਵਧਾਈ ਦਿੱਤੀ।ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਕਿਹਾ ਕਿ ਸਹਿ-ਅਕਾਦਮਿਕ ਗਤੀਵਿਧੀਆਂ ਵਿਦਿਆਰਥੀਆਂ ਨੂੰ ਭਾਰਮੁਕਤ ਕਰਦੀਆਂ ਤੇ ਹੁਸ਼ਿਆਰ ਬਣਾਉਂਦੀਆਂ ਹਨ।ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਉਨ੍ਹਾਂ ਦੀ ਰਚਨਾਤਮਕਤਾ, ਆਤਮਵਿਸ਼ਵਾਸ, ਸੰਚਾਰ ਹੁਨਰ ਤੇ ਸਮਾਜਿਕ ਤੌਰ 'ਤੇ ਢੁਕਵੇਂ ਕਾਰਨਾਂ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਯੂਨੀਵਰਸਿਟੀ ਨਸ਼ਾ ਮੁਕਤ ਭਾਰਤ ਤੇ ਵਿਕਸਿਤ ਭਾਰਤ ਦੇ ਵਿਜ਼ਨ ਅਨੁਸਾਰ ਅਜਿਹੀਆਂ ਪਹਿਲਕਦਮੀਆਂ ਦਾ ਸਮਰਥਨ ਕਰਨ ਲਈ ਪ੍ਰਤੀਬੱਧ ਹੈ।

## ਦੁੱਧ-ਡੇਅਰੀ ਦੁਕਾਨ 'ਚ ਅਚਾਨਕ ਲੱਗੀ ਅੱਗ, ਸਾਮਾਨ ਸੜ ਕੇ ਸੁਆਹ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਖੂ ਗੇਟ ਇਲਾਕੇ ਵਿੱਚ ਉਸ ਸਮੇਂ ਹੜਕੰਪ ਮਚ ਗਿਆ, ਜਦੋਂ ਦੁੱਧ ਤੇ ਡੇਅਰੀ ਉਤਪਾਦਾਂ ਦੀ ਇੱਕ ਦੁਕਾਨ ਅੰਦਰ ਅਚਾਨਕ ਅੱਗ ਲੱਗ ਗਈ। ਕੁਝ ਹੀ ਸਮੇਂ ਵਿੱਚ ਅੱਗ ਨੇ ਦੁਕਾਨ ਅੰਦਰ ਪਏ ਵੱਡੀ ਮਾਤਰਾ ਵਿੱਚ ਦੁੱਧ, ਦਹੀਂ, ਪਨੀਰ, ਮੱਖਣ ਅਤੇ ਹੋਰ ਸਮਾਨ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਤੋਂ ਇਲਾਵਾ ਦੁਕਾਨ ਵਿੱਚ ਰੱਖੇ ਕੀਮਤੀ ਫਰਿੱਜ ਤੇ ਹੋਰ ਸਾਜ਼ੋ-ਸਾਮਾਨ ਵੀ ਅੱਗ ਦੀ ਤਪਸ਼ ਕਾਰਨ ਬੁਰੀ ਤਰ੍ਹਾਂ ਨੁਕਸਾਨੇ ਗਏ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਆਸ-ਪਾਸ ਦੇ ਲੋਕ ਮੌਕੇ 'ਤੇ ਇਕੱਠੇ ਹੋ ਗਏ ਅਤੇ ਉਨ੍ਹਾਂ ਨੇ ਸਾਂਝੀ ਕੋਸ਼ਿਸ਼ ਕਰਦਿਆਂ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ। ਦੁਕਾਨ ਮਾਲਕ ਮੁਤਾਬਕ ਉਹ ਰੋਜ਼ਾਨਾ ਦੀ ਤਰ੍ਹਾਂ ਦੁਕਾਨ ਬੰਦ ਕਰਕੇ ਘਰ ਗਿਆ ਸੀ। ਕੁਝ ਸਮੇਂ ਬਾਅਦ ਆਸ-ਪਾਸ ਦੇ ਲੋਕਾਂ ਨੇ ਫੋਨ ਕਰਕੇ ਉਸ ਨੂੰ ਸੂਚਿਤ ਕੀਤਾ ਕਿ ਉਸ ਦੀ ਦੁਕਾਨ ਵਿੱਚੋਂ ਧੂੰਆਂ ਨਿਕਲ ਰਿਹਾ ਹੈ ਅਤੇ ਅੰਦਰ ਅੱਗ ਲੱਗੀ ਹੋਈ ਹੈ।

ਸੂਚਨਾ ਮਿਲਦੇ ਹੀ ਉਹ ਤੁਰੰਤ ਮੌਕੇ 'ਤੇ ਪਹੁੰਚਿਆ। ਜਦੋਂ ਦੁਕਾਨ ਦਾ ਸ਼ਟਰ ਖੋਲ੍ਹਿਆ ਗਿਆ ਤਾਂ ਅੰਦਰ ਅੱਗ ਦੀਆਂ ਤੇਜ਼ ਲਪਟਾਂ ਨਜ਼ਰ ਆਈਆਂ, ਜਿਸ ਕਾਰਨ ਲੋਕਾਂ ਵਿੱਚ ਵੀ ਘਬਰਾਹਟ ਪੈਦਾ ਹੋ ਗਈ। ਘਟਨਾ ਸਬੰਧੀ ਫਾਇਰ ਬ੍ਰਿਗੇਡ ਨੂੰ ਵੀ ਸੂਚਿਤ ਕੀਤਾ ਗਿਆ। ਹਾਲਾਂਕਿ ਫਾਇਰ ਬ੍ਰਿਗੇਡ ਦੀ ਗੱਡੀ ਦੇ ਪਹੁੰਚਣ ਤੋਂ ਪਹਿਲਾਂ ਹੀ ਸਥਾਨਕ ਲੋਕਾਂ ਨੇ ਪਾਣੀ ਤੇ ਹੋਰ ਸਾਧਨਾਂ ਦੀ ਮਦਦ ਨਾਲ ਅੱਗ ਨੂੰ ਕਾਫ਼ੀ ਹੱਦ ਤੱਕ ਕਾਬੂ ਕਰ ਲਿਆ ਸੀ। ਮੁੱਢਲੀ ਜਾਣਕਾਰੀ ਅਨੁਸਾਰ ਅੱਗ ਲੱਗਣ ਦੇ ਅਸਲ ਕਾਰਨਾਂ ਦੀ ਪੁਸ਼ਟੀ ਨਹੀਂ ਹੋ ਸਕੀ। ਦੁਕਾਨਦਾਰ ਤੇ ਮੌਕੇ 'ਤੇ ਮੌਜੂਦ ਲੋਕਾਂ ਵੱਲੋਂ ਅੰਦਾਜ਼ਾ ਲਾਇਆ ਜਾ ਰਿਹਾ ਹੈ ਕਿ ਬਿਜਲੀ ਦੀ ਤਾਰ ਜਾਂ ਸਰਕਟ ਵਿੱਚ ਖਰਾਬੀ ਕਾਰਨ ਸ਼ਾਰਟ ਸਰਕਟ ਹੋਣ ਨਾਲ ਅੱਗ ਲੱਗੀ ਹੋ ਸਕਦੀ ਹੈ। ਹਾਲਾਂਕਿ ਅੱਗ ਦੇ ਸਹੀ ਕਾਰਨਾਂ ਦਾ ਪਤਾ ਜਾਂਚ ਤੋਂ ਬਾਅਦ ਹੀ ਲੱਗ ਸਕੇਗਾ। ਦੁਕਾਨ ਮਾਲਕ ਨੇ ਦੱਸਿਆ ਕਿ ਅੱਗ ਕਾਰਨ ਉਸ ਦਾ ਕਾਫ਼ੀ ਆਰਥਿਕ ਨੁਕਸਾਨ ਹੋਇਆ ਹੈ। ਘਟਨਾ ਦੀ ਜਾਣਕਾਰੀ ਮਿਲਣ ਉਪਰੰਤ ਨਗਰ ਕੌਂਸਲ ਫਿਰੋਜ਼ਪੁਰ ਸ਼ਹਿਰ ਦੇ ਸੀਨੀਅਰ ਉਪ ਪ੍ਰਧਾਨ ਬੋਹੜ ਸਿੰਘ ਵੀ ਮੌਕੇ 'ਤੇ ਪਹੁੰਚੇ।

## ਚੋਰੀ ਦੇ 4 ਮੋਟਰਸਾਈਕਲਾਂ ਸਮੇਤ 3 ਕਾਬੂ



**ਸਮਾਣਾ (ਇਕਬਾਲ ਸਿੰਘ ਬੱਲ)**-ਡੀ.ਐੱਸ.ਪੀ. ਫਤਿਹ ਸਿੰਘ ਬਰਾੜ ਦੀ ਨਿਗਰਾਨੀ ਹੇਠ ਸਮਾਣਾ ਪੁਲਸ ਵੱਲੋਂ ਨਸ਼ਿਆਂ ਦੀ ਰੋਕਥਾਮ ਤੇ ਸਮਾਜ ਵਿਰੋਧੀ ਅੰਸਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਥਾਣਾ ਸਿਟੀ ਸਮਾਣਾ ਦੀ ਪੁਲਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਚੋਰੀ ਦੇ 4 ਮੋਟਰਸਾਈਕਲਾਂ ਸਮੇਤ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਜਾਣਕਾਰੀ ਦਿੰਦਿਆਂ ਥਾਣਾ ਸਿਟੀ ਸਮਾਣਾ ਦੇ ਇੰਚਾਰਜ ਜਸਵਿੰਦਰ ਸਿੰਘ ਖੋਖਰ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਬਲਬੀਰ ਸਿੰਘ ਦੀ ਪੁਲਸ ਪਾਰਟੀ ਵੱਲੋਂ ਅਗਰਸੈਨ ਚੌਕ ਸਮਾਣਾ ਵਿਖ ਨਾਕਾਬੰਦੀ ਕੀਤੀ ਹੋਈ ਸੀ।ਇਸ ਦੌਰਾਨ ਇੱਕ ਮੋਟਰਸਾਈਕਲ 'ਤੇ ਆਉਂਦੇ 3 ਵਿਅਕਤੀਆਂ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ।ਜਦੋਂ ਪੁਲਸ ਟੀਮ ਨੇ ਉਨ੍ਹਾਂ ਕੋਲੋਂ ਮੋਟਰਸਾਈਕਲ ਦੇ ਕਾਗਜ਼ਾਤ ਮੰਗੇ ਤਾਂ ਉਹ ਕੋਈ ਤਸੱਲੀਬਖ਼ਸ਼ ਜਵਾਬ ਨਹੀਂ ਦੇ ਸਕੇ।ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਉਕਤ ਮੋਟਰਸਾਈਕਲ ਚੋਰੀ ਦਾ ਸੀ।ਪੁਲਸ ਨੇ ਤੁਰੰਤ ਤਿੰਨਾਂ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਕੇ ਹੋਰ ਡੂੰਘਾਈ ਨਾਲ ਪੜਤਾਲ ਕੀਤੀ, ਜਿਸ ਦੌਰਾਨ ਉਨ੍ਹਾਂ ਦੇ ਕਬਜ਼ੇ 'ਚੋਂ ਚੋਰੀ ਦੇ ਕੁੱਲ 4 ਮੋਟਰਸਾਈਕਲ ਬਰਾਮਦ ਹੋਏ। ?ਫੜੇ ਗਏ ਕਥਿਤ ਮੁਲਜ਼ਮਾਂ ਦੀ ਪਛਾਣ ਸਾਗਰ ਸਿੰਘ ਪੁੱਤਰ ਪੂਰਨ ਸਿੰਘ (ਵਾਸੀ ਪਿੰਡ ਘੰਗਰੋਲੀ), ਗੁਰਵਿੰਦਰ ਸਿੰਘ ਪੁੱਤਰ ਜੰਗ ਸਿੰਘ (ਵਾਸੀ ਪਿੰਡ ਘੰਗਰੋਲੀ) ਤੇ ਅਕਾਸ਼ਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ (ਵਾਸੀ ਪਿੰਡ ਬੰਮਣਾ) ਵਜੋਂ ਹੋਈ ਹੈ।ਉਕਤ ਮੁਲਜ਼ਮਾਂ ਖ਼ਿਲਾਫ਼ ਥਾਣਾ ਸਿਟੀ ਸਮਾਣਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਇਸ ਮੌਕੇ ਥਾਣਾ ਸਿਟੀ ਸਮਾਣਾ ਦੇ ਇੰਚਾਰਜ ਜਸਵਿੰਦਰ ਸਿੰਘ ਖੋਖਰ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਲੁੱਟਾਂ-ਖੋਹਾਂ, ਚੋਰੀਆਂ ਕਰਨ ਵਾਲੇ ਤੇ ਨਸ਼ੇ ਦੇ ਸੌਦਾਗਰ ਆਪਣੀਆਂ ਹਰਕਤਾਂ ਤੋਂ ਬਾਜ਼ ਆ ਜਾਣ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਸੜਕਾਂ 'ਤੇ ਘੁੰਮ ਰਹੇ ਅਵਾਰਾ ਪਸ਼ੂ ਲੋਕਾਂ ਦੀ ਜਾਨ ਦਾ ਖੌਅ ਬਣੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲਾ ਪਟਿਆਲਾ ਅਤੇ ਸ਼ਾਹੀ ਸ਼ਹਿਰ ਦੀਆਂ ਸੜਕਾਂ, ਬਾਜ਼ਾਰ ਅਤੇ ਰਿਹਾਇਸੀ ਕਲੋਨੀਆਂ ਇਸ ਸਮੇਂ ਬੇਸਹਾਰਾ ਪਸ਼ੂਆਂ ਦੇ ਵਾੜੇ ਦੀ ਤਰ੍ਹਾਂ ਨਜ਼ਰ ਆਉਂਦੀਆਂ ਹਨ ਪਰ ਇਨ੍ਹਾਂ ਨੂੰ ਕਾਬੂ ਕਰਨ ਜਾਂ ਨੱਥ ਪਾਉਣ ਦੀ ਥਾਂ ਨਗਰ ਨਿਗਮ ਦੇ ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ ਪਏ ਹਨ।ਸੜਕਾਂ 'ਤੇ ਘੁੰਮ ਰਹੇ ਅਵਾਰਾ ਪਸ਼ੂਆਂ ਕਾਰਨ ਨਿੱਤ ਵਾਪਰ ਰਹੀਆਂ ਮੰਦਭਾਗੀ ਘਟਨਾਵਾਂ 'ਚ ਨਿੱਤ ਦਿਨ ਲੋਕ ਆਪਣੀਆਂ ਕੀਮਤੀ ਜਾਨਾਂ ਗੁਆ ਰਹੇ ਹਨ। ਪਟਿਆਲਾ ਦੇ ਪੌਸ਼ ਇਲਾਕੇ ਵਜੋਂ ਜਾਣੇ ਜਾਂਦੇ ਅਰਬਨ ਅਸਟੇਟ ਫੇਸ ਇੱਕ ਅਤੇ 2 ਦੀਆਂ ਰਿਹਾਇਸ਼ੀ ਕਲੋਨੀਆਂ ਤੋਂ ਇਲਾਵਾ ਮੁੱਖ ਮਾਰਕੀਟਾਂ ਅਤੇ ਮੁੱਖ ਸੜਕਾਂ 'ਤੇ ਦਰਜ਼ਨਾਂ ਅਵਾਰਾ ਗਊਆਂ ਅਤੇ ਸ਼ਾਨ੍ਹਾਂ ਦਾ ਰਾਜ ਹੈ।

ਸਾਈਕਲ ਤੇ ਮੋਟਰਸਾਈਕਲ ਸਵਾਰਾਂ ਲਈ ਇਹ ਹਮੇਸ਼ਾਂ ਖਤਰਾ ਬਣੇ ਰਹਿੰਦੇ ਹਨ।ਕਈ ਵਾਰ ਹਨੇਰਾ ਹੋਣ ਕਾਰਨ ਦੂਰ ਤੋਂ ਇਹ ਪਸ਼ੂ ਨਜ਼ਰ ਨਹੀਂ ਆਉਂਦੇ ਜਿਸ ਕਾਰਨ ਇਹ ਮਨੁੱਖੀ ਜਾਨਾਂ ਦਾ ਖੌਅ ਬਣ ਰਹੇ ਹਨ! ਲੋਕਾਂ ਨੇ ਮੰਗ ਕੀਤੀ ਹੈ ਕਿ ਆਵਾਰ ਪਸ਼ੂਆਂ ਦਾ ਪੱਕਾ ਹੱਲ ਕਰ ਕੇ ਇਨ੍ਹਾਂ ਨੂੰ ਗਊਸ਼ਾਲਾਵਾਂ ਅੰਦਰ ਬੰਦ ਕੀਤਾ ਜਾਵੇ।ਦਰਅਸਲ ਨਗਰ ਨਿਗਮ ਇਸ ਮੁਸ਼ਕਿਲ ਦੇ ਹੱਲ ਲਈ ਕਿਸੇ ਥਾਂ 40-50 ਏਕੜ ਵਿਚ ਇਕ ਵੱਡੀ ਗਊਸ਼ਾਲਾ ਬਣਾਉਣ ਦੀ ਲੋੜ ਹੈ ਪਟਿਆਲਾ ਦੀਆਂ ਛੋਟੀਆਂ ਗਊਸ਼ਾਲਾਵਾਂ ਇਸ ਸਮੇਂ ਪੂਰੀਆਂ ਭਰੀਆਂ ਪਈਆਂ ਹਨ।ਨਗਰ ਨਿਗਮ ਦੀਆਂ ਟੀਮਾਂ ਇਨਾਂ ਅਵਾਰਾ ਪਸ਼ੂਆਂ ਨੂੰ ਫੜ੍ਹਦੀਆਂ ਹੀ ਨਹੀਂ, ਕਿਉਂਕਿ ਇਨ੍ਹਾਂ ਨੂੰ ਰੱਖਣ ਲਈ ਕੋਈ ਥਾਂ ਨਹੀਂ ਹੈ।

## ਆਜ਼ਾਦੀ ਦਿਹਾੜਾ ਅਨਾਜ ਮੰਡੀ ਵਿਖੇ ਧੂਮਧਾਮ ਨਾਲ ਮਨਾਇਆ ਜਾਵੇਗਾ : ਐੱਸ ਡੀ ਐੱਮ



**ਮਹਿਲ ਕਲਾਂ (ਬਲਵਿੰਦਰ ਵਜ਼ੀਦਕੇ, ਪ੍ਰਦੀਪ ਲੋਹਗੜ੍ਹ)**-ਸਬ-ਡਵੀਜ਼ਨ ਮਹਿਲ ਕਲਾਂ ਵਿਖੇ 15 ਅਗਸਤ ਨੂੰ ਮਨਾਏ ਜਾ ਰਹੇ ਆਜ਼ਾਦੀ ਦਿਹਾੜੇ ਦੇ ਸਬ-ਡਵੀਜ਼ਨ ਪੱਧਰੀ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ।ਇਸ ਸਬੰਧੀ ਐੱਸ ਡੀ ਐੱਮ ਬੇਅੰਤ ਸਿੰਘ ਸਿੱਧੂ ਦੀ ਅਗਵਾਈ ਹੇਠ ਬੀ ਡੀ ਪੀ ਓ ਦਫ਼ਤਰ ਮਹਿਲ ਕਲਾਂ ਵਿਖੇ ਸਮੂਹ ਪੱਤਰਕਾਰਾਂ ਤੇ ਵੱਖ-ਵੱਖ ਪ੍ਰੈੱਸ ਕਲੱਬਾਂ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਅਨਾਜ ਮੰਡੀ ਮਹਿਲ ਕਲਾਂ ਵਿਖੇ ਹੋਣ ਵਾਲੇ ਸਬ-ਡਵੀਜ਼ਨ ਪੱਧਰੀ ਆਜ਼ਾਦੀ ਦਿਹਾੜਾ ਸਮਾਗਮ ਦੇ ਪ੍ਰਬੰਧਾਂ, ਤਿਆਰੀਆਂ ਤੇ ਇਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਐੱਸ ਡੀ ਐੱਮ ਵੱਲੋਂ ਪੱਤਰਕਾਰ ਭਾਈਚਾਰੇ ਤੋਂ ਸਮਾਗਮ ਦੀ ਸਫਲਤਾ ਲਈ ਸਹਿਯੋਗ ਦੀ ਮੰਗ ਕੀਤੀ ਗਈ।ਉਨ੍ਹਾਂ ਕਿਹਾ ਕਿ ਆਜ਼ਾਦੀ ਦਿਹਾੜਾ ਸਿਰਫ਼ ਇੱਕ ਸਰਕਾਰੀ ਸਮਾਗਮ ਨਹੀਂ, ਸਗੋਂ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਤੇ ਆਜ਼ਾਦੀ ਘੁਲਾਟੀਆਂ ਨੂੰ ਯਾਦ ਕਰਨ ਦਾ ਪਵਿੱਤਰ ਦਿਹਾੜਾ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਪਾਰਟੀਬਾਜ਼ੀ ਤੇ ਨਿੱਜੀ ਮਤਭੇਦਾਂ ਤੋਂ ਉੱਪਰ ਉੱਠ ਕੇ ਇਸ ਕੌਮੀ ਦਿਹਾੜੇ ਨੂੰ ਦੇਸ਼ ਭਗਤੀ ਤੇ ਉਤਸ਼ਾਹ ਨਾਲ ਮਨਾਉਣਾ ਚਾਹੀਦਾ ਹੈ।ਉਨ੍ਹਾਂ ਸਮੂਹ ਗ੍ਰਾਮ ਪੰਚਾਇਤਾਂ, ਨੰਬਰਦਾਰ ਭਾਈਚਾਰੇ, ਪ੍ਰੈੱਸ ਕਲੱਬਾਂ, ਸਮਾਜਸੇਵੀ ਜਥੇਬੰਦੀਆਂ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਅਤੇ ਇਲਾਕੇ ਦੇ ਪਤਵੰਤਿਆਂ ਨੂੰ 15 ਅਗਸਤ ਨੂੰ ਅਨਾਜ ਮੰਡੀ ਮਹਿਲ ਕਲਾਂ ਵਿਖੇ ਹੋਣ ਵਾਲੇ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਹੈੱਡ ਮਾਸਟਰ ਕੁਲਦੀਪ ਸਿੰਘ ਕਮਲ, ਲੇਖਾਕਾਰ ਅਮਰਜੀਤ ਕੌਰ ਪਟਿਆਲਾ, ਕਲਰਕ ਮਨਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਪ੍ਰੈੱਸ ਕਲੱਬਾਂ ਦੇ ਨੁਮਾਇੰਦੇ ਹਾਜ਼ਰ ਸਨ।

## ਸ਼ਿਵ ਸ਼ਕਤੀ ਗਰੁੱਪ ਆਫ਼ ਕਾਲਜ 'ਚ ਸ਼ਰਧਾ ਨਾਲ ਮਨਾਈ ਸ਼ਿਵਰਾਤਰੀ



**ਭੀਖੀ (ਧਰਮਵੀਰ ਸ਼ਰਮਾ)**-ਸ਼ਿਵ ਸ਼ਕਤੀ ਗਰੁੱਪ ਆਫ਼ ਕਾਲਜ ਵਿਖੇ ਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਕੈਂਪਸ ਵਿੱਚ ਭਗਵਾਨ ਸ਼ਿਵ ਦੀ ਵਿਧੀ ਵਿਧਾਨ ਨਾਲ ਪੂਜਾ ਅਰਚਨਾ ਕੀਤੀ ਗਈ। ਇਸ ਧਾਰਮਿਕ ਸਮਾਗਮ ਵਿੱਚ ਕਾਲਜ ਦੀ ਮੈਨੇਜਮੈਂਟ, ਪ੍ਰਿੰਸੀਪਲ, ਸਮੂਹ ਸਟਾਫ਼ ਤੇ ਸਾਰੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਪੂਜਾ ਦੌਰਾਨ ਸਮੂਹ ਸਟਾਫ਼ ਦੀ ਦਿਨ-ਦੁੱਗਣੀ ਰਾਤ-ਚੌਗਣੀ ਤਰੱਕੀ, ਸੁੱਖ-ਸ਼ਾਂਤੀ ਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਪ੍ਰਾਰਥਨਾ ਕੀਤੀ ਗਈ। ਪੂਜਾ ਦੀ ਸਮਾਪਤੀ ਤੋਂ ਬਾਅਦ ਹਾਜ਼ਰ ਸਮੂਹ ਵਿਦਿਆਰਥੀਆਂ, ਅਧਿਆਪਕਾਂ ਤੇ ਮਹਿਮਾਨਾਂ ਨੂੰ ਪ੍ਰਸ਼ਾਦ ਵੰਡਿਆ ਗਿਆ। ਕਾਲਜ ਪ੍ਰਬੰਧਕਾਂ ਤੇ ਪ੍ਰਿੰਸੀਪਲ ਨੇ ਹਾਜ਼ਰੀਨ ਨੂੰ ਸ਼ਿਵਰਾਤਰੀ ਦੀਆਂ ਵਧਾਈਆਂ ਦਿੱਤੀਆਂ ਤੇ ਵਿਦਿਆਰਥੀਆਂ ਨੂੰ ਭਗਵਾਨ ਸ਼ਿਵ ਦੇ ਉਪਦੇਸ਼ਾਂ 'ਤੇ ਚੱਲਦਿਆਂ ਮਿਹਨਤ ਤੇ ਅਨੁਸ਼ਾਸਨ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ।

## ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਦੋ ਲੋੜਵੰਦ ਮਰੀਜ਼ਾਂ ਦੀ ਵਿੱਤੀ ਮਦਦ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਨਕਲਾਬੀ ਲੋਕ ਕਵੀ ਸੰਤ ਰਾਮ ਉਦਾਸੀ ਦੇ ਜੱਦੀ ਪਿੰਡ ਰਾਏਸਰ ਪੰਜਾਬ ਵਿਖੇ ਸਮਾਜ ਸੇਵੀ ਭਾਨ ਸਿੰਘ ਜੱਸੀ (ਜੱਸੀ ਪੇਧਨੀ) ਵੱਲੋਂ ਪਿੰਡ ਦੇ ਦੋ ਲੋੜਵੰਦ ਮਰੀਜ਼ ਪਰਿਵਾਰਾਂ ਨੂੰ 10 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਪ੍ਰਦਾਨ ਕੀਤੀ ਗਈ।ਇਹ ਭੇਟਾ ਭਾਈ ਤੇਜਿੰਦਰ ਸਿੰਘ ਮੋਹਾਲੀ ਵੱਲੋਂ ਭੇਜੀ ਗਈ ਸੀ, ਜੋ ਸਮਾਜ ਸੇਵੀ ਭਾਨ ਸਿੰਘ ਜੱਸੀ ਰਾਹੀਂ ਲੋੜਵੰਦ ਪਰਿਵਾਰਾਂ ਤੱਕ ਪਹੁੰਚਾਈ ਗਈ।ਇਸ ਮੌਕੇ ਵਾਰਿਸ ਪੰਜਾਬ ਜਥੇਬੰਦੀ ਦੇ ਆਗੂ ਅਵਤਾਰ ਸਿੰਘ ਬੱਬੀ ਰਾਏਸਰ ਤੇ ਜਸਗੁਰ ਸਿੰਘ ਨੇ ਦੱਸਿਆ ਕਿ ਭਾਨ ਸਿੰਘ ਜੱਸੀ ਪਿਛਲੇ ਲਗਭਗ ਤਿੰਨ ਦਹਾਕਿਆਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਹਨ।ਉਹ ਗਰੀਬ ਤੇ ਲੋੜਵੰਦ ਬੱਚਿਆਂ ਨੂੰ ਮੁਫ਼ਤ ਸਿੱਖਿਆ ਮੁਹੱਈਆ ਕਰਵਾਉਣ ਦੇ ਨਾਲ-ਨਾਲ ਆਪਣੇ ਦੋਸਤਾਂ ਦੇ ਸਹਿਯੋਗ ਨਾਲ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀ ਲਗਾਤਾਰ ਮਦਦ ਕਰਦੇ ਆ ਰਹੇ ਹਨ।ਇਸੇ ਲੜੀ ਤਹਿਤ ਹਸਪਤਾਲ ਵਿੱਚ ਦਾਖ਼ਲ ਇੱਕ ਹਾਦਸਾਗ੍ਰਸਤ ਮਰੀਜ਼ ਤੇ ਇੱਕ ਨੌਜਵਾਨ ਮੰਦਬੁੱਧੀ ਬੱਚੇ ਦੇ ਪਰਿਵਾਰ ਨੂੰ ਵੀ ਆਰਥਿਕ ਸਹਾਇਤਾ ਦਿੱਤੀ ਗਈ।ਇਸ ਮੌਕੇ ਮਜ਼ਦੂਰ ਆਗੂ ਸਾਥੀ ਖ਼ੁਸ਼ੀਆ ਸਿੰਘ, ਚੰਦ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸ਼ਹਿਰ ਦਾ ਸਰਬਪੱਖੀ ਵਿਕਾਸ ਕਰਵਾਉਣਾ ਨਵ-ਨਿਯੁਕਤ ਪ੍ਰਧਾਨ ਲਈ ਵੱਡੀ ਚੁਣੌਤੀ



**ਧੂਰੀ (ਮਹੇਂਦਰ ਸਿੰਘ ਸੱਗੂ, ਮਹਿੰਤ ਗਰਗ, ਬਿੱਟੀ ਗਰਗ)**-ਨਗਰ ਕੌਂਸਲ ਧੂਰੀ ਦੀ ਨਵੀਂ ਚੁਣੀ ਗਈ ਪ੍ਰਧਾਨ ਅਮਰਜੀਤ ਕੌਰ ਬਾਜਵਾ ਲਈ ਸ਼ਹਿਰ ਦਾ ਸਰਬਪੱਖੀ ਵਿਕਾਸ ਕਰਵਾਉਣਾ ਵੱਡੀ ਚੁਣੌਤੀ ਹੋਵੇਗੀ।ਆਮ ਆਦਮੀ ਪਾਰਟੀ ਦੀ ਸਮਰਥਨ ਨਾਲ ਆਗੂ ਵਜੋਂ ਪਛਾਣ ਬਣਾਉਣ ਵਾਲੀ ਅਮਰਜੀਤ ਕੌਰ ਬਾਜਵਾ ਨੇ ਵਾਰਡ ਨੰਬਰ 18 ਤੋਂ ਵਾਰ ਕੌਂਸਲਰ ਦੀ ਚੋਣ ਜਿੱਤ ਕੇ ਆਪਣੀ ਲੋਕਪ੍ਰਿਅਤਾ ਸਾਬਿਤ ਕੀਤੀ ਹੈ।ਪਾਰਟੀ ਦੇ ਵੂਮੈਨ ਵਿੰਗ ਦੀ ਸਰਗਰਮ ਆਗੂ ਵਜੋਂ ਵੀ ਉਨ੍ਹਾਂ ਅਹਿਮ ਭੂਮਿਕਾ ਨਿਭਾਈ ਹੈ।ਪ੍ਰਧਾਨ ਬਣਨ ਮਗਰੋਂ ਉਨ੍ਹਾਂ ਸਾਹਮਣੇ ਸ਼ਹਿਰ ਦੀਆਂ ਕਈ ਬੁਨਿਆਦੀ ਸਮੱਸਿਆਵਾਂ ਦਾ ਹੱਲ ਕਰਨਾ ਮੁੱਖ ਚੁਣੌਤੀ ਹੋਵੇਗਾ।ਸ਼ਹਿਰ ਦੀਆਂ ਸੜਕਾਂ ਤੇ ਬਾਜ਼ਾਰਾਂ ਵਿੱਚ ਬੇਸਹਾਰਾ ਪਸ਼ੂਆਂ ਤੇ ਅਵਾਰਾ ਕੁੱਤਿਆਂ ਦੀ ਸਮੱਸਿਆ ਕਾਰਨ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ।ਇਸ ਤੋਂ ਇਲਾਵਾ ਕੂੜੇ ਦੇ ਢੁਕਵੇਂ ਨਿਪਟਾਰੇ, ਗੰਦੇ ਪਾਣੀ ਦੀ ਨਿਕਾਸੀ ਤੇ ਬਰਸਾਤੀ ਪਾਣੀ ਦੀ ਸਮੱਸਿਆ ਦਾ ਸਥਾਈ ਹੱਲ ਕਰਨਾ ਵੀ ਜ਼ਰੂਰੀ ਹੈ।ਵਾਰਡਾਂ ਦੀਆਂ ਗਲੀਆਂ-ਨਾਲੀਆਂ ਦੀ ਹਾਲਤ ਸੁਧਾਰਨ, ਡਰੇਨੇਜ ਪ੍ਰਬੰਧ ਮਜ਼ਬੂਤ ਕਰਨ ਤੇ ਲਟਕ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣਾ ਵੀ ਉਨ੍ਹਾਂ ਦੇ ਏਜੰਡੇ ਵਿੱਚ ਅਹਿਮ ਹੋਵੇਗਾ।ਲੋਕਾਂ ਨੂੰ ਉਨ੍ਹਾਂ ਤੋਂ ਵੱਡੀਆਂ ਉਮੀਦਾਂ ਹਨ ਤੇ ਉਹ ਧੂਰੀ ਨੂੰ ਸੁੰਦਰ ਤੇ ਨਮੂਨੇ ਦਾ ਸ਼ਹਿਰ ਬਣਾਉਣ ਦੀ ਆਸ ਲਗਾਈ ਬੈਠੇ ਹਨ।

## ਸਰਕਾਰ ਦੀ ਬੇਰੁਖ਼ੀ ਵਿਰੁੱਧ 16 ਨੂੰ ਸੰਗਰੂਰ 'ਚ ਗੂੰਜਣਗੇ ਹੈੱਲਥ ਵਰਕਰ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਯੂਨੀਅਨ ਪੰਜਾਬ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਹੱਕੀ ਮੰਗਾਂ ਨੂੰ ਲੈ ਕੇ 16 ਅਗਸਤ 2026 ਨੂੰ ਸਵੇਰੇ 10 ਵਜੇ ਸੰਗਰੂਰ ਵਿਖੇ ਵਿਸ਼ਾਲ ਰੋਸ ਰੈਲੀ ਕੀਤੀ ਜਾ ਰਹੀ ਹੈ।ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਰਜਿੰਦਰ ਕੌਰ ਨੇ ਕਿਹਾ ਕਿ ਐੱਨ.ਆਰ.ਐੱਚ.ਐੱਮ. ਅਧੀਨ ਕੰਟਰੈਕਟ ਆਧਾਰ 'ਤੇ ਸੇਵਾਵਾਂ ਨਿਭਾਅ ਰਹੀਆਂ ਹੈਲਥ ਵਰਕਰਾਂ ਵੱਲੋਂ ਪਿੰਡਾਂ ਤੇ ਸ਼ਹਿਰਾਂ ਵਿੱਚ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਕੰਮ ਕੀਤਾ ਜਾ ਰਿਹਾ ਹੈ।ਇਸ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਲਗਾਤਾਰ ਅਣਦੇਖੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕੰਟਰੈਕਟ ਹੈਲਥ ਵਰਕਰਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਲਈ ਤੁਰੰਤ ਠੋਸ ਫੈਸਲਾ ਲੈਣਾ ਚਾਹੀਦਾ ਹੈ। ਸਿਰਫ਼ ਭਰੋਸਿਆਂ ਨਾਲ ਹੁਣ ਕੰਮ ਨਹੀਂ ਚੱਲੇਗਾ ਤੇ ਯੂਨੀਅਨ ਆਪਣੀਆਂ ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖੇਗੀ।ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਐੱਨ.ਆਰ.ਐੱਚ.ਐੱਮ. ਵਿੱਚ ਕੰਮ ਕਰ ਰਹੀਆਂ ਕੰਟਰੈਕਟ ਹੈਲਥ ਵਰਕਰਾਂ ਨੂੰ ਰੈਗੂਲਰ ਕਰਨਾ, ਸੇਵਾ ਮੁਕਤੀ ਦੀ ਉਮਰ 62 ਸਾਲ ਕਰਨਾ, ਆਨਲਾਈਨ ਕੰਮਾਂ ਲਈ 5,000 ਇਨਸੈਂਟਿਵ, ਸੇਵਾ ਮੁਕਤੀ ਸਮੇਂ ?20 ਲੱਖ ਦੀ ਵਿੱਤੀ ਸਹਾਇਤਾ ਤੇ ਵਾਧੂ ਸੈਂਟਰਾਂ ਦੇ ਕੰਮ ਬਦਲੇ 3,000 ਇਨਸੈਂਟਿਵ ਦੇਣਾ ਸ਼ਾਮਲ ਹੈ।ਸਰਬਜੀਤ ਕੌਰ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਆਉਣ ਵਾਲੇ ਸਮੇਂ ਵਿੱਚ ਸਰਕਾਰ ਖ਼ਿਲਾਫ਼ ਵੱਡੇ ਪੱਧਰ 'ਤੇ ਅੰਦੋਲਨ ਉਲੀਕਿਆ ਜਾਵੇਗਾ।ਇਸ ਮੌਕੇ ਗੁਰਦਰਸ਼ਨ ਕੌਰ, ਰਾਜਵੀਰ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਸੁਰਜੀਤ ਕੌਰ, ਹਰਦੀਪ ਕੌਰ ਆਦਿ ਹਾਜ਼ਰ ਸਨ।

## ਬਾਬਾ ਕਸ਼ਮੀਰਾ ਸਿੰਘ ਦਾ ਵਿਦੇਸ਼ ਦੌਰੇ ਤੋਂ ਪਰਤਣ 'ਤੇ ਸਨਮਾਨ



**ਨਾਭਾ (ਅਮਨ ਗਰਗ)**-ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ 40 ਦਿਨਾਂ ਤੱਕ ਵਿਦੇਸ਼ਾਂ ਦੀ ਧਰਤੀ 'ਤੇ ਧਾਰਮਿਕ ਸਮਾਗਮਾਂ ਵਿੱਚ ਸੰਗਤਾਂ ਨੂੰ ਕੀਰਤਨ ਤੇ ਗੁਰਬਾਣੀ ਨਾਲ ਜੋੜਨ ਉਪਰੰਤ ਅੱਜ ਪੰਜਾਬ ਪਹੁੰਚੇ।ਉਨ੍ਹਾਂ ਦੇ ਪੰਜਾਬ ਵਾਪਸ ਪਰਤਣ 'ਤੇ ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਪ੍ਰੈੱਸ ਕਲੱਬ ਰਜਿਸਟਰਡ ਨਾਭਾ ਦੇ ਪ੍ਰਧਾਨ ਹਰਮੀਤ ਸਿੰਘ ਮਾਨ ਵੱਲੋਂ ਸਨਮਾਨ ਕੀਤਾ ਗਿਆ।ਇਸ ਧਾਰਮਿਕ ਦੌਰੇ ਦੌਰਾਨ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਦੇ ਨਾਲ ਹੈੱਡ ਗ੍ਰੰਥੀ ਬਾਬਾ ਤਰਲੋਚਨ ਸਿੰਘ ਨੇ ਵੀ ਸੇਵਾਵਾਂ ਨਿਭਾਈਆਂ।ਇਸ ਮੌਕੇ ਗੱਲਬਾਤ ਕਰਦਿਆਂ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਨੇ ਕਿਹਾ ਕਿ ਵਿਦੇਸ਼ਾਂ ਦੀ ਧਰਤੀ 'ਤੇ ਸੰਗਤਾਂ ਵੱਲੋਂ ਉਨ੍ਹਾਂ ਨੂੰ ਬਹੁਤ ਪਿਆਰ ਤੇ ਸਤਿਕਾਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮਾਂ ਦੌਰਾਨ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਤੇ ਕੀਰਤਨ ਰਾਹੀਂ ਗੁਰਬਾਣੀ ਨਾਲ ਜੁੜਨ ਦਾ ਲਾਹਾ ਲਿਆ।ਇਸ ਮੌਕੇ ਪ੍ਰੈੱਸ ਕਲੱਬ ਰਜਿਸਟਰਡ ਨਾਭਾ ਦੇ ਪ੍ਰਧਾਨ ਹਰਮੀਤ ਸਿੰਘ ਮਾਨ ਨੇ ਬਾਬਾ ਕਸ਼ਮੀਰਾ ਸਿੰਘ ਜੀ ਤੇ ਬਾਬਾ ਤਰਲੋਚਨ ਸਿੰਘ ਜੀ ਦਾ ਪੰਜਾਬ ਵਾਪਸੀ 'ਤੇ ਸਵਾਗਤ ਕਰਦਿਆਂ ਉਨ੍ਹਾਂ ਦੀਆਂ ਧਾਰਮਿਕ ਸੇਵਾਵਾਂ ਦੀ ਸ਼ਲਾਘਾ ਕੀਤੀ।

## ਡੀਪੂ ਹੋਲਡਰਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰੇ ਸਰਕਾਰ : ਰਾਕੇਸ਼ ਬੱਗਾ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਰਕਾਰੀ ਰਾਸ਼ਨ ਵੰਡ ਪ੍ਰਣਾਲੀ ਨਾਲ ਜੁੜੇ ਡੀਪੂ ਹੋਲਡਰਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇੱਕ ਪਰਚੀ ਦੀ ਥਾਂ ਚਾਰ-ਚਾਰ ਪਰਚੀਆਂ ਨਿਕਲਣ ਕਾਰਨ ਜਨਤਾ ਤੇ ਡੀਪੂ ਹੋਲਡਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਡੀਪੂ ਹੋਲਡਰਾਂ ਦਾ ਕਹਿਣਾ ਹੈ ਕਿ ਮਸ਼ੀਨਾਂ ਸਹੀ ਨਾ ਚੱਲਣ ਕਾਰਨ ਵੀ ਇਸ ਪ੍ਰਕਿਰਿਆ ਨਾਲ ਰਾਸ਼ਨ ਲੈਣ ਆਉਣ ਵਾਲੇ ਲੋਕਾਂ ਨੂੰ ਲੰਬਾ ਸਮਾਂ ਉਡੀਕ ਕਰਨੀ ਪੈਂਦੀ ਹੈ ਅਤੇ ਡੀਪੂਆਂ ਉੱਤੇ ਭੀੜ ਤੇ ਤਕਰਾਰ ਦੀ ਸਥਿਤੀ ਵੀ ਪੈਦਾ ਹੋ ਜਾਂਦੀ ਹੈ।ਡੀਪੂ ਹੋਲਡਰਾਂ ਨੇ ਦੱਸਿਆ ਕਿ ਪਹਿਲਾਂ ਇੱਕ ਪਰਚੀ ਰਾਹੀਂ ਕੰਮ ਆਸਾਨੀ ਨਾਲ ਹੋ ਜਾਂਦਾ ਸੀ, ਪਰ ਮੌਜੂਦਾ ਪ੍ਰਣਾਲੀ ਵਿੱਚ ਇੱਕੋ ਪਰਿਵਾਰ ਨਾਲ ਸਬੰਧਤ ਕੰਮ ਲਈ ਕਈ ਪਰਚੀਆਂ ਨਿਕਲਣ ਕਾਰਨ ਵੰਡ ਪ੍ਰਕਿਰਿਆ ਹੋਰ ਕਠਿਨ ਹੋ ਗਈ ਹੈ।ਇਸ ਦਾ ਸਿੱਧਾ ਅਸਰ ਆਮ ਲੋਕਾਂ ਦੇ ਨਾਲ-ਨਾਲ ਡੀਪੂ ਹੋਲਡਰਾਂ ਉੱਤੇ ਵੀ ਪੈ ਰਿਹਾ ਹੈ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਜਨਤਾ ਤੇ ਡੀਪੂ ਹੋਲਡਰਾਂ ਦੀਆਂ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਪਰਚੀਆਂ ਦੀ ਗਿਣਤੀ ਤੇ ਵੰਡ ਪ੍ਰਣਾਲੀ ਨੂੰ ਸਹੀ ਬਣਾਇਆ ਜਾਵੇ, ਤਾਂ ਜੋ ਰਾਸ਼ਨ ਵੰਡ ਦਾ ਕੰਮ ਸੁਚੱਜੇ ਤੇ ਸ਼ਾਂਤੀਪੂਰਨ ਢੰਗ ਨਾਲ ਹੋ ਸਕੇ।ਰਾਕੇਸ਼ ਬੱਗਾ ਵੱਲੋਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਇਸ ਮਸਲੇ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਅਤੇ ਡੀਪੂ ਹੋਲਡਰਾਂ ਤੇ ਆਮ ਜਨਤਾ ਨੂੰ ਰਾਹਤ ਦਿੱਤੀ ਜਾਵੇ।

## ਪੰਜਾਬ ਗੌਰਮਿੰਟ ਪੈਨਸ਼ਨਰਜ਼ ਜਾਇੰਟ ਫਰੰਟ ਦੇ ਵਫਦ ਦੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗ

### ਅਗਲੀ ਮੀਟਿੰਗ 24 ਨੂੰ ਹੋਵੇਗੀ



**ਧੂਰੀ (ਸੁਖਦੇਵ ਧੂਰੀ)**

ਸਿਵਲ ਸਕੱਤਰੇਤ ਪੰਜਾਬ ਚੰਡੀਗੜ੍ਹ ਵਿਖੇ 12 ਅਗਸਤ ਨੂੰ ਵਿੱਤ ਮੰਤਰੀ ਸ: ਹਰਪਾਲ ਸਿੰਘ ਚੀਮਾ ਦੇ ਦਫ਼ਤਰ ਵਿਖੇ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੇ ਚਾਰ ਕਨਵੀਨਰਾਂ ਕਰਮਵਾਰ ਕਰਮ ਸਿੰਘ ਧਨੋਆ, ਭਜਨ ਸਿੰਘ ਗਿੱਲ, ਅਵਿਨਾਸ਼ ਚੰਦਰ ਸ਼ਰਮਾ, ਸੁਖਵਿੰਦਰ ਸਿੰਘ ਸੈਣੀ ਅਧਾਰਤ ਵਫਦ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦੇ ਹੱਲ ਲਈ ਦਿੱਤੇ ਸਮੇਂ ਅਨੁਸਾਰ ਮੀਟਿੰਗ ਕੀਤੀ।ਗੱਲਬਾਤ ਦੌਰਾਨ ਮੰਗ ਪੱਤਰ ਵਿੱਚ ਦਰਜ ਸਾਰੀਆਂ ਮੰਗਾਂ ਤੇ ਇੱਕ ਇੱਕ ਕਰਕੇ ਵਿਚਾਰ ਚਰਚਾ ਹੋਈ।ਉਪਰੰਤ ਕਨਵੀਨਰਾਂ ਨੇ ਗੱਲਬਾਤ ਦੇ ਸ਼ੁਰੂ ਵਿੱਚ ਕਿਹਾ ਕਿ ਤਨਖਾਹ ਕਮਿਸ਼ਨ ਨੇ 2.59 ਸਿਫਾਰਿਸ਼ ਕੀਤੀ ਹੋਈ ਹੈ ਤੇ ਇਹ ਸਾਡਾ ਹੱਕ ਹੈ ਤੇ ਪੈਨਸ਼ਨਰਾਂ ਤੇ 6ਵਾਂ ਤਨਖਾਹ ਕਮਿਸ਼ਨ ਸਰਕਾਰ ਵੱਲੋਂ ਲਾਗੂ ਨਾ ਕਰਨ 'ਤੇ ਰੋਸ ਪ੍ਰਗਟ ਕੀਤਾ ਗਿਆ।ਆਗੂਆਂ ਨੇ ਮੰਗ ਕੀਤੀ ਕਿ ਇਸ ਨੂੰ ਤੁਰੰਤ ਲਾਗੂ ਕੀਤਾ ਜਾਵੇ। ਵਿੱਤ ਮੰਤਰੀ ਨੇ ਵਫਦ ਨੂੰ ਵਿਸ਼ਵਾਸ ਦਿਵਾਇਆ ਕਿ ਸਾਡੀ ਸਰਕਾਰ ਪੱਧਰ 'ਤੇ ਗੱਲ ਚੱਲ ਰਹੀ ਹੈ, ਜਲਦੀ ਹੀ ਇੱਕ ਮੀਟਿੰਗ ਕਰਨ ਜਾ ਰਹੇ ਹਾਂ।ਇਸੇ ਹੀ ਤਰ੍ਹਾਂ ਐੱਲਟੀਸੀ, ਫਿਕਸ ਮੈਡੀਕਲ ਅਲਾਉਂਸ, ਪੈਨਸ਼ਨ ਪੋਰਟਲ ਤੇ ਰਜਿਸਟ੍ਰੇਸ਼ਨ ਸਬੰਧੀ ਵੀ ਗੱਲਬਾਤ ਹੋਈ।ਉਨ੍ਹਾਂ ਨੇ ਵਫਦ ਨੂੰ ਵਿਸਥਾਰ ਸਹਿਤ ਮੰਗਾਂ 'ਤੇ ਗੱਲਬਾਤ ਕਰਕੇ ਠੋਸ ਨਤੀਜੇ 'ਤੇ ਪਹੁੰਚਣ ਲਈ ਲਿਖਤੀ ਤੌਰ 'ਤੇ ਅਗਲੀ ਮੀਟਿੰਗ 24 ਅਗਸਤ 2026 ਦਿੱਤੀ ਹੈ।ਗੱਲਬਾਤ ਕਾਫੀ ਸੁਖਾਵੇਂ ਮਾਹੌਲ ਵਿੱਚ ਹੋਈ ਤੇ ਇਸ ਮੀਟਿੰਗ ਵਿੱਚ ਵਿੱਤ ਮੰਤਰੀ ਦਾ ਹਾਂ-ਪੱਖੀ ਵਤੀਰਾ ਵੇਖਣ ਨੂੰ ਮਿਲਿਆ।ਮੀਟਿੰਗ ਵਿੱਚ ਹੋਈ ਸਾਰੀ ਗੱਲਬਾਤ ਤੋਂ ਵਫਦ ਨੂੰ ਥੋੜ੍ਹਾ ਜਿਹਾ ਭਰੋਸਾ ਬੱਝਾ ਕਿ ਸ਼ਾਇਦ ਸਰਕਾਰ 24 ਅਗਸਤ ਦੀ ਮੀਟਿੰਗ ਵਿੱਚ ਮੰਗਾਂ ਮੰਨ ਕੇ ਲਾਗੂ ਕਰ ਦੇਵੇ। ਵੇਖਣਾ ਹੁਣ ਇਹ ਹੋਵੇਗਾ ਕਿ 24 ਅਗਸਤ ਤੱਕ ਜਾਂ ਉਸ ਦਿਨ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਸਰਕਾਰ ਦਾ ਰੁੱਖ ਕੀ ਹੋਵੇਗਾ? ਇਸ ਮੌਕੇ ਵਫਦ ਵਿੱਚ ਕਨਵੀਨਰਾਂ ਤੋਂ ਇਲਾਵਾ ਕੰਨਫੈਡਰੇਸ਼ਨ ਵੱਲੋਂ ਬਲਵੀਰ ਸਿੰਘ ਸੈਣੀ, ਗੁਰਦੀਪ ਸਿੰਘ ਵਾਲੀਆਂ, ਗੁਰਮੀਤ ਸਿੰਘ ਟਿਵਾਣਾ, ਮੰਗਤ ਖਾਨ, ਪੀ.ਐੱਸ.ਪੀ.ਸੀ.ਐੱਲ. ਤੋਂ ਕਸਤੂਰੀ ਲਾਲ, ਦੇਵ ਰਾਜ, ਪੰਜਾਬ ਪੁਲਸ ਐਸੋਸੀਏਸ਼ਨ ਵੱਲੋਂ ਕਰਨੈਲ ਸਿੰਘ, ਨਾਹਰ ਸਿੰਘ ਤੇ ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਸੁਖਮੰਦਰ ਸਿੰਘ ਸਿੰਘ, ਸੁਰਿੰਦਰ ਰਾਮ ਕੁੱਸਾ ਸ਼ਾਮਲ ਹੋਏ।

## ਸੁਖਬੀਰ ਬਾਦਲ 'ਤੇ ਹਮਲੇ ਦੀ ਹੋਵੇ ਉੱਚ ਪੱਧਰੀ ਜਾਂਚ : ਪ੍ਰੋ. ਬਡੂੰਗਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ 'ਤੇ ਹਮਲੇ ਕੀਤੇ ਜਾਣ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਘੋਰ ਨਿੰਦਾ ਕਰਦਿਆਂ ਹਮਲੇ ਦੀ ਉਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ। ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਂਦੇੜ ਸਾਹਿਬ ਵਿਖੇ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਸਨ ਤੇ ਇਸ ਦੌਰਾਨ ਉਨ੍ਹਾਂ 'ਤੇ ਹਮਲਾ ਕੀਤਾ ਜਾਣਾ ਮੰਦਭਾਗਾ ਹੈ।ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ 'ਤੇ ਹਮਲਾ ਕਰਨ ਵਾਲੇ ਜਿਸ ਵੀ ਵਿਅਕਤੀ ਨੇ ਕਾਨੂੰਨ ਹੱਥਾਂ ਵਿਚ ਲਿਆ, ਉਸ ਖਿਲਾਫ਼ ਕਾਨੂੰਨ ਨੂੰ ਬਣਦੀ ਸਖਤ ਤੋਂ ਸਖਤ ਕਾਰਵਾਈ ਕਰਨੀ ਹੈ।ਉਨ੍ਹਾਂ ਕਿਹਾ ਕਿ ਗੁਰੂ ਘਰ ਨਿਮਾਣਾ ਹੋ ਕੇ ਕੋਈ ਵੀ ਸੰਗਤ ਰੂਪ ਵਿਚ ਗਿਆ ਉਸ 'ਤੇ ਅਜਿਹਾ ਹਮਲਾ ਬਰਦਾਸ਼ਤਯੋਗ ਨਹੀਂ ਹੈ।ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਇਹ ਦੂਜਾ ਹਮਲਾ, ਅਜਿਹੀਆਂ ਸਾਜ਼ਿਸ਼ਾਂ ਰਚਣ ਵਾਲੇ ਵਿਅਕਤੀਆਂ ਖਿਲਾਫ਼ ਸਖਤ ਕਾਰਵਾਈ ਕੀਤੀ ਜਾਣੀ ਬਣਦੀ ਹੈ।ਉਨ੍ਹਾਂ ਪ੍ਰਮਾਤਮਾ ਅੱਗੇ ਸੁਖਬੀਰ ਸਿੰਘ ਬਾਦਲ ਦੀ ਚੜ੍ਹਦੀ ਕਲਾ ਤੇ ਸਲਾਮੀ ਦੀ ਅਰਦਾਸ ਵੀ ਕੀਤੀ ਹੈ ਕਿ ਉਹ ਹਿੰਮਤ ਤੇ ਹੌਂਸਲੇ ਵਿੱਚ ਰਹਿਣ ਸਮੁੱਚਾ ਪੰਥ ਉਨ੍ਹਾਂ ਨਾਲ ਖੜ੍ਹਾ ਹੈ।

## ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਗਮ ਨੂੰ ਲੈ ਕੇ ਹੋਈ ਅੰਤਮ ਰਿਹਰਸਲ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-15 ਅਗਸਤ 2026 ਨੂੰ ਮਨਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਦੇ ਮੱਦੇਨਜ਼ਰ ਅੱਜ ਸ਼ਹੀਦ ਭਗਤ ਸਿੰਘ ਬਹੁਮੰਤਵੀ ਖੇਡ ਸਟੇਡੀਅਮ ਵਿਖੇ ਪਰੇਡ ਤੇ ਸੱਭਿਆਚਾਰਕ ਪ੍ਰੋਗਰਾਮ ਦੀ ਅੰਤਿਮ ਰਿਹਰਸਲ ਹੋਈ, ਜਿਸ ਵਿਚ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਤੇ ਰਿਹਰਸਲ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨਾਲ ਐੱਸ.ਡੀ.ਐੱਮ. ਜੁਗਰਾਜ ਸਿੰਘ ਵੀ ਮੌਜੂਦ ਸਨ।ਰਿਹਰਸਲ ਦੌਰਾਨ ਪੰਜਾਬ ਪੁਲਸ ਪੁਰਸ਼ ਤੇ ਮਹਿਲਾ ਵਿੰਗ, ਹੋਮਗਾਰਡ, ਐੱਨ.ਸੀ.ਸੀ. ਤੇ ਗਾਈਡ ਦੀ ਟੁਕੜੀਆਂ ਸਮੇਤ ਸਕੂਲੀ ਬੱਚਿਆਂ ਦੇ ਬੈਂਡ ਵੱਲੋਂ ਮਾਰਚ ਪਾਸਟ ਕੀਤਾ ਗਿਆ।ਇਸ ਤੋਂ ਬਾਅਦ ਪੀ.ਟੀ.ਸ਼ੋਅ, ਵੱਖ-ਵੱਖ ਸਕੂਲੀ ਬਚਿਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ।ਸਮਾਗਮ ਦੀ ਸਮਾਪਤੀ ਸਕੂਲੀ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗਾਣ ਨਾਲ ਕੀਤੀ ਗਈ।ਇਸ ਉਪਰੰਤ ਵਧੀਕ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਇੰਚਾਰਜਾਂ ਨਾਲ ਮੀਟਿੰਗ ਕੀਤੀ ਤੇ ਸਮਾਗਮ ਨੂੰ ਸਫਲਤਾਪੂਰਵਕ ਮਨਾਉਣ ਲਈ ਲੋੜੀਂਦੇ ਆਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਸੁਤੰਤਰਤਾ ਦਿਵਸ ਸਮਾਗਮ ਨੂੰ ਸਫਲਤਾਪੂਰਵਕ ਮਨਾਉਣ ਲਈ ਅਧਿਕਾਰੀਆਂ ਨੂੰ ਜੋ ਡਿਊਟੀਆਂ ਸੌਂਪੀਆਂ ਗਈਆਂ ਹਨ, ਉਨ੍ਹਾਂ ਵਿੱਚ ਕੋਈ ਅਣਗਹਿਲੀ ਨਾ ਵਰਤੀ ਜਾਵੇ।ਉਨ੍ਹਾਂ ਕਿਹਾ ਕਿ ਸਮੂਹ ਅਧਿਕਾਰੀ ਆਪੋ-ਆਪਣੇ ਵਿਭਾਗ ਨਾਲ ਸਬੰਧਤ ਡਿਊਟੀ ਤਨਦੇਹੀ ਨਾਲ ਨਿਭਾਉਣ।ਇਸ ਮੌਕੇ ਸਹਾਇਕ ਕਮਿਸ਼ਨਰ ਹਰਬੰਸ ਸਿੰਘ, ਕਾਰਜ ਸਾਧਕ ਅਫਸਰ ਨਗਰ ਕੌਂਸਲ, ਤਹਿਸੀਲਦਾਰ ਹਰਪ੍ਰੀਤ ਸਿੰਘ ਗਿੱਲ ਸਮੇਤ ਪੁਲਸ ਵਿਭਾਗ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਸਕੂਲ ਮੁਖੀ ਹਾਜ਼ਰ ਸਨ।

## ਪਬਲਿਕ ਕਾਲਜ 'ਚ ਤੀਆਂ ਦਾ ਤਿਉਹਾਰ ਮਨਾਇਆ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਬਲਿਕ ਕਾਲਜ ਸਮਾਣਾ ਵਿੱਚ ਤੀਆਂ ਦਾ ਤਿਉਹਾਰ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਧੂਮ-ਧਾਮ ਨਾਲ ਮਨਾਇਆ ਗਿਆ।ਇਹ ਪ੍ਰੋਗਰਾਮ ਕਾਲਜ ਦੇ ਯੁਵਕ ਭਲਾਈ ਵਿਭਾਗ ਵੱਲੋਂ ਐੱਨ.ਐੱਸ.ਐੱਸ. ਵਿਭਾਗ ਤੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਕਰਵਾਇਆ ਗਿਆ।ਸਵੇਰ ਦੇ ਸੈਸ਼ਨ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਐੱਸ.ਡੀ.ਐੱਮ ਸਮਾਣਾ ਤੇ ਵਾਈਸ ਚੇਅਰਪਰਸਨ ਕਾਲਜ ਮੈਨੇਜਮੈਂਟ ਮੈਡਮ ਰਿਚਾ ਗੋਇਲ ਨੇ ਸ਼ਮੂਲੀਅਤ ਕੀਤੀ।ਤੀਆਂ ਦੇ ਮੌਕੇ ਨੂੰ ਖਾਸ ਬਣਾਉਣ ਲਈ ਮਹਿੰਦੀ ਲਗਾਉਣ, ਮੀਢੀਆਂ ਗੁੰਦਣ, ਸੇਵੀਆਂ ਵੱਟਣ, ਪੰਜਾਬੀ ਪਹਿਰਾਵਾ, ਫੁਲਕਾਰੀ ਦੀ ਕਢਾਈ ਤੇ ਲੋਕਗੀਤਾਂ ਦੇ ਮੁਕਾਬਲੇ ਕਰਵਾਏ ਗਏ।ਸਵੇਰ ਤੋਂ ਸ਼ਾਮ ਤੱਕ ਦੇ ਸੈਸ਼ਨ ਵਿੱਚ ਵਿਸ਼ੇਸ਼ ਪ੍ਰਧਾਨਗੀ ਵਜੋਂ ਉੱਘੀ ਗਾਇਕਾ ਸ੍ਰੀਮਤੀ ਐਮੀ ਪਾਪੜਾ ਨੇ ਸ਼ਮੂਲੀਅਤ ਕੀਤੀ ਤੇ ਜੇਤੂ ਵਿਦਿਆਰਥਣਾਂ ਨੂੰ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਮਹਿਮਾਨਾਂ ਨੇ ਵਿਦਿਆਰਥਣਾਂ ਨਾਲ ਰਲ ਕੇ ਢੋਲਕੀ ਤੇ ਟੱਪੇ ਗਾਏ ਗਏ ਅਤੇ ਪੰਜਾਬੀ ਬੋਲੀਆਂ 'ਤੇ ਗਿੱਧਾ ਵੀ ਪਾਇਆ।ਖਾਣ-ਪੀਣ ਤੇ ਸਾਜ਼ੋ-ਸਾਮਾਨ ਦੀਆਂ ਵੱਖੋ-ਵੱਖਰੀਆਂ ਵੰਨਗੀਆਂ ਦੀਆਂ ਸਟਾਲਾਂ ਵੀ ਲਾਈਆਂ ਗਈਆਂ।ਵਿਦਿਆਰਥਣਾਂ ਨੇ ਉੱਚੀਆਂ ਪੀਂਘਾਂ ਵੀ ਝੂਟੀਆਂ।ਇਸ ਮੌਕੇ ਬੀ. ਵਾਕ ਦੀ ਵਿਦਿਆਰਥਣ ਅਰਸ਼ਦੀਪ ਕੌਰ ਨੇ ਮਿਸ ਤੀਜ ਦਾ ਖ਼ਿਤਾਬ ਜਿੱਤਿਆ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।



## ਆਜ਼ਾਦੀ ਦਿਹਾੜੇ ਸੰਬੰਧੀ ਜ਼ਿਲ੍ਹਾ ਪੱਧਰੀ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਸ੍ਰੀ ਮੁਕਤਸਰ ਸਾਹਿਬ ਵਿਖੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਅੱਜ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਵਿਖੇ ਹੋਈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਡੈਵੀ ਗੋਇਲ ਨੇ ਤਿਰੰਗਾ ਲਹਿਰਾ ਕੇ ਇਸ ਦੀ ਸ਼ੁਰੂਆਤ ਕੀਤੀ।ਉਨ੍ਹਾਂ ਪਰੇਡ ਦੀਆਂ ਟੁਕੜੀਆਂ ਦਾ ਮੁਆਇਨਾ ਕੀਤਾ ਤੇ ਸੱਭਿਆਚਾਰਕ ਪ੍ਰੋਗਰਾਮ ਦੀਆਂ ਪੇਸ਼ਕਾਰੀਆਂ ਵੇਖੀਆਂ।ਇਸ ਮੌਕੇ ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਆਜ਼ਾਦੀ ਦਿਹਾੜੇ ਮੌਕੇ ਕੌਮੀ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕਰਨਗੇ।ਪਰੇਡ ਕਮਾਂਡਰ ਡੀ.ਐੱਸ.ਪੀ. ਸ੍ਰੀ ਜੋਰਾ ਸਿੰਘ ਕਾਂਗੜਾ ਦੀ ਅਗਵਾਈ ਵਿੱਚ ਟੁਕੜੀਆਂ ਨੇ ਭਾਗ ਲਿਆ।ਇਸ ਉਪਰੰਤ ਸਕੂਲੀ ਵਿਦਿਆਰਥੀਆਂ ਵੱਲੋਂ ਕੋਰੀਓਗ੍ਰਾਫ਼ੀ, ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਸੱਭਿਆਚਾਰਕ ਪ੍ਰੋਗਰਾਮ ਤੇ ਪੰਜਾਬ ਦਾ ਲੋਕ ਨਾਚ ਗਿੱਧਾ ਤੇ ਭੰਗੜਾ ਪੇਸ਼ ਕੀਤਾ ਗਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਵੱਖ ਵੱਖ ਵਿਭਾਗਾਂ ਨਾਲ ਬੈਠਕ ਕਰਕੇ ਸਮਾਗਮ ਨੂੰ ਸ਼ਾਨਦਾਰ ਤਰੀਕੇ ਨਾਲ ਮਨਾਉਣ ਸਬੰਧੀ ਹਦਾਇਤਾਂ ਕੀਤੀਆਂ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਵਿੱਚ ਮਨਾਏ ਜਾਣ ਵਾਲੇ ਇਸ ਆਜ਼ਾਦੀ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਰੌਣਕਾਂ ਨੂੰ ਹੋਰ ਵਧਾਉਣ।ਇਸ ਮੌਕੇ ਐੱਸ.ਪੀ. (ਡੀ) ਸ੍ਰੀ ਮਨਮੀਤ ਸਿੰਘ ਢਿੱਲੋਂ, ਐੱਸ.ਪੀ. (ਐੱਚ) ਹਰਕਮਲ ਕੌਰ, ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਯਾਦਵਿੰਦਰ ਸਿੰਘ ਮਾਨ, ਜ਼ਿਲ੍ਹਾ ਭਲਾਈ ਅਫ਼ਸਰ ਸ੍ਰੀ ਜਗਮੋਹਣ ਸਿੰਘ ਮਾਨ, ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਅਨਿੰਦਰਵੀਰ ਕੌਰ ਬਰਾੜ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ-ਵੱਖ ਸਕੂਲਾਂ ਦੇ ਅਧਿਆਪਕ ਤੇ ਵਿਦਿਆਰਥੀ ਆਦਿ ਹਾਜ਼ਰ ਸਨ।

## ਮੁਫਤ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਲਈ ਰਜਿਸਟ੍ਰੇਸ਼ਨ ਕੈਂਪ



**ਭੀਖੀ (ਧਰਮਵੀਰ ਸ਼ਰਮਾ)**-ਭਾਰਤ ਸਰਕਾਰ ਦੇ ਅਦਾਰੇ ਅਲਿਮਕੋ ਵੱਲੋਂ ਸੀਨੀਅਰ ਸਿਟੀਜ਼ਨਾਂ ਨੂੰ ਮੁਫਤ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਲਈ ਆਸਰਾ ਫਾਊਂਡੇਸ਼ਨ ਬਰੇਟਾ ਤੇ ਬਿਗ ਹੋਪ ਫਾਊਂਡੇਸ਼ਨ ਬਰੇਟਾ ਵੱਲੋਂ ਗ੍ਰਾਮ ਪੰਚਾਇਤ ਪਿੰਡ ਸਮਾਓਂ ਦੇ ਸਹਿਯੋਗ ਨਾਲ ਡੇਰਾ ਬਾਬਾ ਪ੍ਰੇਮ ਦਾਸ ਸਮਾਓਂ ਵਿਖੇ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ, ਜਿਸ ਵਿੱਚ ਆਲੇ-ਦੁਆਲੇ ਦੇ ਪਿੰਡਾਂ ਤੋਂ ਪਹੁੰਚੇ 141 ਬਜ਼ੁਰਗਾਂ ਦੀ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਜਾਂਚ ਕੀਤੀ ਗਈ। ਯੋਗ ਲਾਭਪਾਤਰੀਆਂ ਲਈ ਵ੍ਹੀਲਚੇਅਰ, ਵਾਕਰ, ਟਰਾਈਪੋਡ, ਸੁਣਨ ਵਾਲੀਆਂ ਮਸ਼ੀਨਾਂ ਸਮੇਤ ਵੱਖ-ਵੱਖ ਸਹਾਇਕ ਉਪਕਰਨਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਇਸ ਮੌਕੇ ਵੱਖ-ਵੱਖ ਕਾਲਜਾਂ ਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੇ 120 ਘੰਟਿਆਂ ਦੇ ਸੋਸ਼ਲ ਵਰਕ ਪ੍ਰੋਗਰਾਮ ਤਹਿਤ ਕੈਂਪ ਵਿੱਚ ਸੇਵਾ ਨਿਭਾਈ ਤੇ ਬਜ਼ੁਰਗਾਂ ਦੀ ਜਾਂਚ, ਰਜਿਸਟ੍ਰੇਸ਼ਨ ਤੇ ਹੋਰ ਪ੍ਰਬੰਧਾਂ ਵਿੱਚ ਸਹਾਇਤਾ ਕੀਤੀ। ਇਸ ਮੌਕੇ ਸਰਪੰਚ ਜਤਿੰਦਰ ਸਿੰਘ ਨੇ ਧੰਨਵਾਦ ਕਰਦਿਆਂ ਕਿਹਾ ਕਿ ਆਸਰਾ ਫਾਊਂਡੇਸ਼ਨ ਬਰੇਟਾ ਤੇ ਬਿਗ ਹੋਪ ਫਾਊਂਡੇਸ਼ਨ ਬਰੇਟਾ ਲੰਮੇ ਸਮੇਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀਆਂ ਹਨ, ਜਿਨ੍ਹਾਂ ਦਾ ਮੁੱਖ ਉਦੇਸ਼ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਦੀਆਂ ਸਕੀਮਾਂ ਦਾ ਲਾਭ ਲੋੜਵੰਦ ਲੋਕਾਂ ਤੱਕ ਪਹੁੰਚਾਉਣਾ ਹੈ। ਕੈਂਪ ਦੌਰਾਨ ਹੌਲਦਾਰ ਸੁਖਪਾਲ ਸਿੰਘ, ਗੋਰਾ ਸਿੰਘ ਨੰਬਰਦਾਰ, ਭੋਲਾ ਸਿੰਘ ਮੈਂਬਰ, ਹਰਜਿੰਦਰ ਸਿੰਘ, ਬੂਟਾ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਰੋਕ, ਗਗਨਦੀਪ ਸਿੰਘ, ਲਾਲ ਸਿੰਘ ਪੰਚ, ਜਸਬੀਰ ਸਿੰਘ ਪੰਚ, ਯਾਦਵਿੰਦਰ ਸਿੰਘ, ਮਨਵੀਰ ਸਿੰਘ ਆਦਿ ਹਾਜ਼ਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ 15 ਬੱਸਾਂ ਨੂੰ ਕੇਜਰੀਵਾਲ ਤੇ ਮੁੱਖ ਮੰਤਰੀ ਨੇ ਕੀਤਾ ਰਵਾਨਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਸੇਵਾ ਤੇ ਸ਼ਰਧਾ ਭਾਵਨਾ ਨੂੰ ਮੁੱਖ ਰੱਖਦਿਆਂ ਭਗਵੰਤ ਸਿੰਘ ਮਾਨ ਸਰਕਾਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਹੈ, ਜਿਸ ਤਹਿਤ ਹੁਣ ਸ਼ਰਧਾਲੂ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ ਜੀ-ਵ੍ਰਿੰਦਾਵਨ ਧਾਮ ਵਰਗੇ ਪਵਿੱਤਰ ਅਸਥਾਨਾਂ ਦੀ ਯਾਤਰਾ ਕਰ ਰਹੇ ਹਨ। ਬੁੱਧਵਾਰ ਨੂੰ ਇਨ੍ਹਾਂ ਅਸਥਾਨਾਂ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ 15 ਬੱਸਾਂ ਨੂੰ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸ਼ਿਆਰਪੁਰ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ, ਜਿਨ੍ਹਾਂ ਨੇ ਬੱਸਾਂ ਦੇ ਅੰਦਰ ਜਾ ਕੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਅਤੇ ਸ਼ਰਧਾਲੂਆਂ ਨਾਲ ਗੱਲਬਾਤ ਕੀਤੀ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜ ਜ਼ਿਲ੍ਹਿਆਂ ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਪਠਾਨਕੋਟ ਅਤੇ ਗੁਰਦਾਸਪੁਰ ਦੇ ਸ਼ਰਧਾਲੂਆਂ ਨੂੰ ਲੈ ਕੇ ਕੁੱਲ 15 ਬੱਸਾਂ ਹੁਸ਼ਿਆਰਪੁਰ ਤੋਂ ਵੱਖ-ਵੱਖ ਧਾਰਮਿਕ ਅਸਥਾਨਾਂ ਲਈ ਰਵਾਨਾ ਹੋਈਆਂ ਹਨ। ਹੁਸ਼ਿਆਰਪੁਰ, ਗੁਰਦਾਸਪੁਰ, ਪਠਾਨਕੋਟ, ਜਲੰਧਰ ਅਤੇ ਕਪੂਰਥਲਾ ਤੋਂ 10 ਬੱਸਾਂ ਰਿਸ਼ੀਕੇਸ਼-ਹਰਿਦੁਆਰ ਜਾਣਗੀਆਂ। ਇਸੇ ਤਰ੍ਹਾਂ ਫਗਵਾੜਾ ਅਤੇ ਗੁਰਦਾਸਪੁਰ ਤੋਂ 2 ਬੱਸਾਂ ਸ਼ਰਧਾਲੂਆਂ ਨੂੰ ਮਥੁਰਾ-ਵ੍ਰਿੰਦਾਵਨ ਲੈ ਕੇ ਜਾਣਗੀਆਂ ਜਦਕਿ ਜਲੰਧਰ ਅਤੇ ਗੁਰਦਾਸਪੁਰ ਤੋਂ 3 ਬੱਸਾਂ ਸ਼ਰਧਾਲੂਆਂ ਨੂੰ ਸ੍ਰੀ ਖਾਟੂ ਸ਼ਿਆਮ-ਸਾਲਾਸਰ ਲੈ ਕੇ ਜਾਣਗੀਆਂ।

# ਤਲਵਿੰਦਰ ਹੀਰ ਨੂੰ ਸਦਮਾ, ਭਾਣਜੇ ਦਾ ਵਿਛੋੜਾ

## ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਦੁੱਖ ਪ੍ਰਗਟ



**ਜਲੰਧਰ (ਨ ਜ਼ ਸ)**- ਦੇਸ਼ ਭਗਤ ਯਾਦਗਾਰ ਹਾਲ ਦੀਆਂ ਸਰਗਰਮੀਆਂ ਨਾਲ ਸਦਾ ਜੁੜ ਕੇ ਰਹਿਣ ਵਾਲੇ ਕਿਸਾਨ ਅਤੇ ਇਨਕਲਾਬੀ ਜਮਹੂਰੀ ਲਹਿਰ ਦੇ ਸਿਰਕੱਢ ਆਗੂ ਤਲਵਿੰਦਰ ਹੀਰ ਦੇ ਪਰਵਾਰ ਨਾਸ ਦੇਸ਼ ਭਗਤ ਯਾਦਗਾਰ ਕਮੇਟੀ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਜ਼ਿਕਰਯੋਗ ਹੈ ਕਿ ਦੇਸ਼ ਭਗਤ ਯਾਦਗਾਰ ਹਾਲ ਪਰਵਾਰ ਸਮੇਤ ਆਏ ਹਰਪ੍ਰੀਤ ਹੈਪੀ ਨੂੰ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ ਪਰ ਹੁਣ ਗਹਿਰੇ ਦੁੱਖ਼ ਨਾਲ ਦੱਸਣਾ ਪੈ ਰਿਹਾ ਹੈ ਕਿ ਉਹ ਅਚਨਚੇਤ ਸਦੀਵੀ ਵਿਛੋੜਾ ਦੇ ਗਏ। ਤਲਵਿੰਦਰ ਹੀਰ ਦੇ ਛੋਟੇ ਦੋ ਭਰਾ ਵੀ ਇਸ ਦੁਨੀਆਂ 'ਤੇ ਨਹੀਂ ਰਹੇ। ਤਲਵਿੰਦਰ ਹੀਰ ਨੇ ਸਿਦਕ ਦਿਲੀ ਨਾਲ ਹੈਪੀ ਨੂੰ ਜੀ ਐੱਨ ਏ ਯੂਨੀਵਰਸਿਟੀ ਪੜ੍ਹਾਇਆ। ਹੈਪੀ ਅੱਜ ਕੱਲ੍ਹ ਐਡਮਿੰਟਨ (ਕਨੇਡਾ) ਸੀ। ਉਹ ਅਚਨਚੇਤ ਹੀ ਓਥੇ ਸਫ਼ਰ ਦੌਰਾਨ ਹੀ ਚੱਕਰ ਆਉਣ ਨਾਲ ਪਲਾਂ ਛਿਣਾਂ ਵਿਚ ਅਜਿਹੇ ਸਫ਼ਰ ਤੇ ਚਲਾ ਗਿਆ ਜਿੱਥੋਂ ਕੋਈ ਕਦੀ ਵਾਪਿਸ ਪਰਤ ਕੇ ਨਹੀਂ ਆਇਆ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਮੀਤ ਪ੍ਰਧਾਨ ਡਾ. ਪਰਮਿੰਦਰ ਸਿੰਘ, ਸਹਾਇਕ ਸਕੱਤਰ ਪ੍ਰੋ. ਗੋਪਾਲ ਬੁੱਟਰ, ਖਜ਼ਾਨਚੀ ਸੀਤਲ ਸਿੰਘ ਸੰਘਾ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਤਲਵਿੰਦਰ ਹੀਰ ਦੇ ਪਰਿਵਾਰ, ਸਾਕ ਸਬੰਧੀਆਂ ਤੇ ਸੰਗੀ ਸਾਥੀਆਂ ਨਾਲ ਗਹਿਰੇ ਦੁੱਖ਼ 'ਚ ਸ਼ਰੀਕ ਹੁੰਦਿਆਂ ਕਿਹਾ ਕਿ ਜਦੋਂ ਦੇਸ਼ ਭਗਤ ਯਾਦਗਾਰ ਹਾਲ ਦੇ ਸਭਿਆਚਾਰਕ ਵਿੰਗ ਦੇ ਮੈਂਬਰ ਤਲਵਿੰਦਰ ਹੀਰ ਦੋਆਬਾ ਹੁਸ਼ਿਆਰਪੁਰ ਖੇਤਰ ਵਿਚ ਬੱਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਦੀ ਸ਼ਤਾਬਦੀ ਮੁਹਿੰਮ ਦੀ ਮੋਢੀ ਕਤਾਰ ਵਿੱਚ ਹੋ ਕੇ ਸਰਗਰਮੀਆਂ ਵਿੱਢ ਰਹੇ ਸਨ। ਦੇਸ਼ ਭਗਤ ਯਾਦਗਾਰ ਕਮੇਟੀ ਸਮੇਤ ਦਰਜਣਾਂ ਹੀ ਜੱਥੇਬੰਦੀਆਂ ਨੇ ਦਫ਼ਤਰ ਭੇਜੇ ਸ਼ੋਕ ਸੁਨੇਹਿਆਂ ਵਿਚ ਜਿੱਥੇ ਪਰਿਵਾਰ ਨਾਲ ਦੁੱਖ਼ ਸਾਂਝਾ ਕੀਤਾ ਹੈ ਓਥੇ ਹਰ ਪਲ ਪਰਵਾਰ ਨਾਲ ਖੜ੍ਹੇ ਹੋਣ ਦਾ ਭਰੋਸਾ ਵੀ ਪ੍ਰਗਟਾਇਆ ਹੈ।

# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬੱਡਲਾ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਾਉਣ ਦੇ ਮਹੀਨੇ ਮੌਕੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਰਪੰਚ ਕਮਲੇਸ਼ ਰਾਣੀ, ਡਾਕਟਰ ਰੋਸ਼ਨ ਬੱਡਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਉਣ ਦੇ ਮਹੀਨੇ ਮੌਕੇ ਤੀਆਂ ਦੇ ਤਿਉਹਾਰ ਮੌਕੇ ਬੀਬੀਆਂ, ਭੈਣਾਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਜਿਸ ਵਿੱਚ ਬੀਬੀਆਂ ਭੈਣਾਂ ਵੱਲੋਂ ਫੁੱਲਕਾਰੀ ਕੱਢਣੀ, ਚਰਖ਼ਾ ਤੱਕਣਾ, ਗਿੱਧਾ, ਬੋਲੀਆਂ, ਕੋਰੋਗਰਾਫੀ ਅਤੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਤੀਆਂ ਦੇ ਤਿਉਹਾਰ ਮੌਕੇ ਮੁੱਖ ਮਹਿਮਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਵਿਸ਼ੇਸ਼ ਤੌਰ 'ਤੇ ਪੁੱਜ ਕੇ ਸ਼ਿਰਕਤ ਕੀਤੀ। ਇਸ ਮੌਕੇ ਤੀਆਂ ਦੇ ਤਿਉਹਾਰ ਮੌਕੇ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੂੰ ਲੋਈ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੀਬੀਆ ਵੱਲੋ ਫੁੱਲਕਾਰੀ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਸਰਪੰਚ ਕਮਲੇਸ਼ ਰਾਣੀ, ਡਾ. ਰੋਸ਼ਨ ਬੱਡਲਾ, ਡਾਕਟਰ ਗੋਰਵ ਕੁਮਾਰ ਬੱਡਲਾ, ਪੰਚ ਗਣੇਸ਼ ਗਿੰਨੀ, ਪੰਚ ਰਣਜੀਤ ਸਿੰਘ, ਪੰਚ ਸੁਰਿੰਦਰ ਕੌਰ, ਰਜਿੰਦਰ ਲਾਡੀ ਪੰਚ, ਜਗੀਰ ਕੌਰ ਪੰਚ, ਬਲਜਿੰਦਰ ਸਿੰਘ, ਰਮਨਪ੍ਰੀਤ ਕੋਰ, ਰਣਜੀਤ ਕੌਰ, ਰਜਿੰਦਰ ਸਿੰਘ, ਅਸ਼ਵਨੀ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਬੀਬੀਆਂ, ਭੈਣਾਂ ਹਾਜਰ ਸਨ।



# ਕਲਸ਼ ਵੰਦਨ ਯਾਤਰਾ ਦਾ ਸਵਾਗਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਰਸਤਾ ਸੰਕਲਪ ਅਭਿਆਨ ਤਹਿਤ ਭਾਜਪਾ ਵੱਲੋਂ ਕਾਂਸ਼ੀ (ਬਨਾਰਸ) ਉੱਤਰ ਪ੍ਰਦੇਸ਼ ਤੋਂ ਚਲੀ 'ਕਲਸ਼ ਵੰਦਨ ਯਾਤਰਾ' ਦਾ ਟਾਂਡਾ ਵਿਖੇ ਪਹੁੰਚਣ ਤੇ ਭਾਜਪਾ ਵਰਕਰਾਂ ਅਤੇ ਇਲਾਕੇ ਦੇ ਸ਼ਰਧਾਲੂਆਂ ਵੱਲੋਂ ਭਰਪੂਰ ਸਵਾਗਤ ਕੀਤਾ ਗਿਆ। ਸੁਰਿੰਦਰ ਜਾਜਾ ਜੀ ਅਗਵਾਈ ਵਿੱਚ ਇਹ ਕਲਸ਼ ਯਾਤਰਾ ਅਹਿਆਪੁਰ ਵਿਖੇ ਪਹੁੰਚੀ ਜਿੱਥੇ ਦੇਵਾ ਜੀ ਮੰਦਿਰ ਅਹਿਆਪੁਰ ਦੇ ਗੱਦੀ ਨਸ਼ੀਨ ਦੇਵਾ ਮਹਾਰਾਜ, ਵਖ-ਵਖ ਇਲਾਕਿਆ ਦੇ ਸੰਤ ਮਹਾਂਪੁਰਸ਼ਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸੁਰਿੰਦਰ ਜਾਜਾ ਨੇ ਮੰਦਿਰ ਵਿਖੇ ਕਲਸ਼ ਸੁਸ਼ੋਭਿਤ ਕੀਤਾ। ਇਸ ਮੌਕੇ ਤੇ ਬੋਬੀ ਰਾਜਪੁਰ, ਅਮਨਦੀਪ ਰੂਬਲ, ਸੁਰਜੀਤ ਸਿੰਘ, ਰਣਜੀਤ ਸਿੰਘ, ਪਰਮਜੀਤ ਬਾਬੂ, ਅੰਕਿਤ ਪਾਸੀ, ਜਸਵੀਰ ਸਿੰਘ, ਸੁਖਵਿੰਦਰ ਸਿੰਘ, ਸਤਪਾਲ ਸਿੰਘ, ਅਰੁਨ ਪੁਰੀ, ਸੂਰਜ ਸੈਣੀ, ਅਮਰਜੀਤ ਸਿੰਘ, ਕਰਨ ਕੁਮਾਰ, ਸੁਰਜੀਤ ਸਿੰਘ ਟਾਂਡਾ, ਅਜੇ ਪਾਲ ਸੈਣੀ, ਰਾਜ ਕੁਮਾਰ, ਪੁਨੀਤ ਢੀਂਗਰਾ, ਵਿਜੇ ਮੱਟੂ, ਦੀਪ ਸਿੰਘ, ਅਵਤਾਰ ਸਿੰਘ, ਮਨੀ ਮੱਟੂ, ਪਵਨਦੀਪ ਸਿੰਘ, ਨਵਜੀਵਨ ਕੁਮਾਰ, ਬਲਰਾਜ ਸੋਨੀ, ਰਾਜੀਵ ਖੰਨਾ, ਸੰਦੀਪ ਖੰਨਾ, ਅਤੇ ਦਵਿੰਦਰ ਸਿੰਘ ਤੋਂ ਇਲਾਵਾ ਹੋਰ ਭਾਜਪਾ ਵਰਕਰਾਂ ਤੇ ਸੰਗਤ ਨੇ 'ਜੋ ਬੋਲੇ ਸੋ ਨਿਰਭੈ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਕੀ ਜੈ' ਦੇ ਜੈਕਾਰੇ ਲਗਾ ਕੇ ਇੱਕ ਦੂਜੇ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਵੱਖ ਵੱਖ ਭਜਨ ਮੰਡਲੀਆਂ ਨੇ ਆਪਣੇ ਭਜਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਗੁਣਗਾਨ ਕਰਦੇ ਹੋਏ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ।



# ਕਾਵਿ ਪੁਸਤਕ ਨੂਰੀ ਜੋਤਾਂ ਦੇ ਦੂਜੇ ਐਡੀਸ਼ਨ ਬਾਰੇ ਵਿਚਾਰ ਚਰਚਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਕਵੀ ਮੰਚ (ਰਜਿ:) ਮੁਹਾਲੀ ਵੱਲੋਂ ਸੰਨੀ ਇਨਕਲੇਵ ਰੈਜੀਡੈਂਟਸ ਵੈਲਫੇਅਰ ਐਸੋਸੀਏਸ਼ਨ ਦੇ ਸਹਿਯੋਗ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਨਾਮਵਰ ਸ਼ਾਇਰ ਭਗਤ ਰਾਮ ਰੰਗਾੜਾ ਦੀ ਕਾਵਿ ਪੁਸਤਕ ਨੂਰੀ ਜੋਤਾਂ ਦੇ ਦੂਜੇ ਐਡੀਸ਼ਨ ਬਾਰੇ ਵਿਚਾਰ ਚਰਚਾ ਤੇ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਬਾਬੂ ਰਾਮ ਦੀਵਾਨਾ, ਸਹਾਇਕ ਡਾਇਰੈਕਟਰ (ਰਿਟਾ.), ਭਾਸ਼ਾ ਵਿਭਾਗ ਪੰਜਾਬ ਨੇ ਕੀਤੀ, ਜਦਕਿ ਰਜਿੰਦਰ ਸਿੰਘ ਬੱਬੂ, ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ, ਸੰਨੀ ਇਨਕਲੇਵ ਤੇ ਅਸ਼ੋਕ ਕੁਮਾਰ, ਜਨਰਲ ਸਕੱਤਰ ਸੰਨੀ ਇਨਕਲੇਵ ਰੈਜੀਡੈਂਟਸ ਵੈਲਫੇਅਰ ਐਸੋਸੀਏਸ਼ਨ ਹੁਰਾਂ ਬਤੌਰ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ। ਭਗਤ ਰਾਮ ਰੰਗਾੜਾ ਵੀ ਪ੍ਰਧਾਨਗੀ ਮੰਡਲ ਦਾ ਹਿੱਸਾ ਬਣੇ। ਪੁਸਤਕ ਬਾਰੇ ਪਰਚਾ ਰਾਜ ਕੁਮਾਰ ਸਾਹੋਵਾਲੀਆ ਨੇ ਪੜ੍ਹਿਆ ਤੇ ਰੰਗਾੜਾ ਜੀ ਦੀਆਂ ਰਚਨਾਵਾਂ ਨੂੰ ਮਿਆਰੀ ਦੱਸਿਆ। ਜਗਤਾਰ ਸਿੰਘ ਜੋਗ ਨੇ ਪੁਸਤਕ ਵਿੱਚੋਂ ਗੀਤ 'ਛੱਡ ਜਾਣਾ ਸੰਸਾਰ' ਤਰੰਨਮ ਵਿੱਚ ਪੇਸ਼ ਕੀਤਾ। ਭਗਤ ਰਾਮ ਰੰਗਾੜਾ ਨੇ ਆਪਣੇ ਸਾਹਿਤਕ ਸਫਰ ਬਾਰੇ ਜ਼ਿਕਰ ਕਰਦੇ ਹੋਏ ਬਚਪਨ, ਚਿੱਠੀ, ਭਾਖੜਾ ਅਤੇ ਬਿਆਸ ਪ੍ਰੋਜੈਕਟ ਅਤੇ ਦਸਮੇਸ਼ ਪਿਤਾ ਬਾਰੇ ਕਵਿਤਾਵਾਂ ਸੁਣਾ ਕੇ ਸਰੋਤਿਆਂ ਨੂੰ ਮੰਤਰ-ਮੁਗਧ ਕੀਤਾ।



# ਆਰ ਬੀ ਯੂ 'ਚ ਲਾਇਬ੍ਰੇਰੀਅਨ ਦਿਵਸ ਮਨਾਇਆ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੀ ਕੇਂਦਰੀ ਲਾਇਬ੍ਰੇਰੀ ਵੱਲੋਂ ਭਾਰਤ ਵਿੱਚ ਲਾਇਬ੍ਰੇਰੀ ਵਿਗਿਆਨ ਦੇ ਪਿਤਾਮਾ ਡਾ. ਐਸ. ਆਰ. ਰੰਗਨਾਥਨ ਦੇ ਜਨਮ ਦਿਵਸ ਨੂੰ ਸਮਰਪਿਤ ਲਾਇਬ੍ਰੇਰੀਅਨ ਦਿਵਸ ਮਨਾਇਆ ਗਿਆ। ਇਸ ਮੌਕੇ ਡਾ. ਰੰਗਨਾਥਨ ਦੇ ਲਾਇਬ੍ਰੇਰੀ ਅਤੇ ਸੂਚਨਾ ਵਿਗਿਆਨ ਦੇ ਖੇਤਰ ਵਿੱਚ ਪਾਏ ਮਹੱਤਵਪੂਰਨ ਯੋਗਦਾਨ ਨੂੰ ਯਾਦ ਕੀਤਾ ਗਿਆ। ਸਮਾਗਮ ਵਿੱਚ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ, ਪ੍ਰੋ-ਵਾਈਸ ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ, ਰਜਿਸਟਰਾਰ ਡਾ. ਨਵਨੀਤ ਯਾਦਵ, ਡੀਨ, ਵਿਭਾਗਾਂ ਦੇ ਮੁਖੀ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਸ਼ਾਮਲ ਹੋਏ। ਇਸ ਮੌਕੇ ਡਾ. ਐਸ. ਆਰ. ਰੰਗਨਾਥਨ ਨੂੰ ਫੁੱਲ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ। ਇਸ ਉਪਰੰਤ ਯੂਨੀਵਰਸਿਟੀ ਦੀ ਲਾਇਬ੍ਰੇਰੀਅਨ ਸਾਕਸ਼ੀ ਬਹਿਲ ਨੇ ਸੰਬੋਧਨ ਕਰਦਿਆਂ ਡਾ. ਰੰਗਨਾਥਨ ਦੀਆਂ ਲਾਇਬ੍ਰੇਰੀ ਅਤੇ ਸੂਚਨਾ ਵਿਗਿਆਨ ਦੇ ਖੇਤਰ ਵਿੱਚ ਮੋਹਰੀ ਸੇਵਾਵਾਂ ਬਾਰੇ ਚਾਨਣਾ ਪਾਇਆ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਵੀ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀਆਂ ਮਨਪਸੰਦ ਕਿਤਾਬਾਂ ਦੀਆਂ ਸਮੀਖਿਆਵਾਂ ਸਾਂਝੀਆਂ ਕੀਤੀਆਂ ਅਤੇ ਹੋਰਨਾਂ ਨੂੰ ਵੀ ਪੜ੍ਹਨ ਦੀ ਆਦਤ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।

# ਨੌਜਵਾਨ ਕਿਸਾਨ ਮਜ਼ਦੂਰ ਭਲਾਈ ਸੁਸਾਇਟੀ ਨੇ ਚੌਥੀ ਵਰ੍ਹੇਗੰਢ ਮਨਾਈ

**ਅੱਡਾ ਸਰਾਂ (ਜਸਵੀਰ ਕਾਜਲ)**- ਨੌਜਵਾਨ ਕਿਸਾਨ ਮਜ਼ਦੂਰ ਭਲਾਈ ਸੋਸਾਇਟੀ ਰਜਿ. ਨੇ ਆਪਣੀ ਚੌਥੀ ਵਰ੍ਹੇਗੰਢ ਮਨਾਈ ਗਈ। ਲੋਕ ਹਿੱਤਾਂ ਨੂੰ ਸਮਰਪਿਤ ਸੋਸਾਇਟੀ ਵੱਲੋਂ ਗੁਰਦੁਆਰਾ ਨਾਨਕ ਦਰਬਾਰ ਨੂਰਪੁਰ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਸਹਿਜ ਪਾਠ ਦੀ ਸੰਪੂਰਨਤਾ ਕੀਤੀ ਗਈ। ਉਪਰੰਤ ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ ਵਾਲਿਆਂ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸੁਸਾਇਟੀ ਦੇ ਸੂਬਾ ਪ੍ਰਧਾਨ ਓਂਕਾਰ ਸਿੰਘ ਧਾਮੀ ਨੇ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਸੋਸਾਇਟੀ ਦੇ ਕੀਤੇ ਕੰਮਾਂ ਦਾ ਵੇਰਵਾ ਆਪਣੇ ਮੈਂਬਰ ਦੀ ਮੌਜੂਦਗੀ 'ਚ ਦਿੱਤਾ ਜਿਸ ਵਿੱਚ ਮੈਡੀਕਲ ਕੈਂਪ ਲੁਧਿਆਣਾ ਵਿੱਚ 7 ਪਰਵਾਰਾਂ ਨੂੰ ਹਰ ਮਹੀਨੇ ਮੁਫਤ ਰਾਸ਼ਨ ਲੋੜਵੰਦ ਪਰਵਾਰਾਂ ਨੂੰ ਪਹਿਨਣ ਵਾਸਤੇ ਕੱਪੜੇ ਅਤੇ ਗੁਰੂ ਦੇ ਨਾਲ ਜੋੜਨ ਵਾਸਤੇ ਗੁਰਮਤਿ ਸਮਾਗਮ ਪ੍ਰਸ਼ਾਸਨ ਅਤੇ ਲੋਕਾਂ ਵਿੱਚ ਲੋਕ ਹਿੱਤਾਂ ਦੇ ਕੰਮਾਂ ਵਾਸਤੇ ਕੜੀ ਦਾ ਕੰਮ ਵਰਗੇ ਅਹਿਮ ਮੁੱਦਿਆਂ ਨੂੰ ਛੋਹਿਆ ਗਿਆ। ਕਰਤਾਰ ਮੈਮੋਰੀਅਲ ਹਸਪਤਾਲ, ਰੇਖੀ ਹਰਬੰਸ ਹਸਪਤਾਲ ਟਾਂਡਾ,ਬੀ ਆਰ ਕਾਜਲ ਹਸਪਤਾਲ ਟਾਂਡਾ ਦੇ ਨਾਲ ਸਹਿਯੋਗ ਕਰਕੇ ਲੋਕਾਂ ਨੂੰ ਬਿਮਾਰੀਆਂ ਦਾ ਸਸਤਾ ਇਲਾਜ ਪ੍ਰਦਾਨ ਕਰਾਉਣ ਵਾਸਤੇ ਸੋਸਾਇਟੀ ਯਤਨ ਕਰਦੀ ਹੈ। ਸੀਨੀਅਰ ਵਾਈਸ ਪ੍ਰਧਾਨ ਰਾਮ ਸਿੰਘ ਧੁੱਗਾ, ਮਹਿੰਦਰ ਸਿੰਘ ਲਾਚੋਵਾਲ, ਮਾਸਟਰ ਦਵਿੰਦਰ ਸਿੰਘ ਬੂਰੇ ਜੱਟਾਂ, ਸਰਬਜੀਤ ਸਾਬੀ ਸਰਪੰਚ ਪ੍ਰੇਮ ਨਗਰ, ਡਾ. ਮੰਗਾ ਸਿੰਘ, ਭਾਈ ਸਰੂਪ ਸਿੰਘ ਹਰਿਆਣਾ, ਆਤਮਾ ਸਿੰਘ ਹਰਿਆਣਾ, ਅਮਰਜੀਤ ਸਿੰਘ ਹਰਿਆਣਾ, ਪਰਮਿੰਦਰ ਕੌਰ ਜਿਲਾ ਪ੍ਰਧਾਨ ਲੁਧਿਆਣਾ, ਕੁਲਦੀਪ ਸਿੰਘ ਲੁਧਿਆਣਾ ਕਰਨਵੀਰ, ਐਡਵੋਕੇਟ ਗੁਰਦਿਆਲ ਸਿੰਘ ਧਾਮੀ ਪਰਮਜੀਤ ਕੌਰ ਧਾਮੀ, ਗੁਰਚਰਨ ਸਿੰਘ ਧਾਮੀ, ਜਸਵਿੰਦਰ ਸਿੰਘ ਨੂਰਪੁਰ, ਰਵਿੰਦਰ ਕੌਰ, ਅਮਨਦੀਪ ਕੌਰ, ਬੀਬੀ ਕੁਲਵੰਤ ਕੌਰ, ਗੁਰਦੀਪ ਸਿੰਘ,ਜਗਜੀਵਨ ਸਿੰਘ ਅਤੇ ਹੋਰ ਪਤਵੰਤੇ ਸ਼ਾਮਿਲ ਸਨ।



# ਐਲਗਰਾ ਸਵਾਂ ਨਦੀ 'ਤੇ ਬਣਾਏ ਆਰਜ਼ੀ ਪੁਲ ਨਾਲ ਲੋਕਾਂ ਨੂੰ ਮਿਲੀ ਸਹੂਲਤ



**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)** ਸਮਾਜ ਸੇਵੀ ਲੋਕਾਂ ਦੁਆਰਾ ਸਵਾਂ ਦੀ ਉੱਤੇ ਸੀਮੈਂਟ ਦੀਆਂ ਪੁਲੀਆਂ ਪਾ ਕੇ ਆਰਜੀ ਪੁਲ ਬਣਾਇਆ ਗਿਆ ਜੋ ਕਿ ਇੱਕ ਸ਼ਲਾਘਾਯੋਗ ਕਦਮ ਹੈ ਜਿਸ ਨਾਲ ਐਮਰਜੈਂਸੀ ਸਥਿਤੀਆਂ ਲਈ ਬਹੁਤ ਵਧੀਆ ਸਹੂਲਤ ਹੈ। ਇੱਥੋਂ ਦੇ ਨਜ਼ਦੀਕ ਪਿੰਡਾਂ ਦਰਜਨਾਂ ਦੇ ਲੋਕਾਂ ਤੇ ਹਿਮਾਚਲ ਪ੍ਰਦੇਸ਼ ਤੋਂ ਰੋਪੜ ਚੰਡੀਗੜ੍ਹ ਜਾਣ ਲਈ ਇਸ ਰਸਤੇ ਘੱਟ ਸਮਾਂ ਲੱਗਦਾ ਹੈ । ਕਿਉਂਕਿ ਇੱਧਰ ਤੋਂ ਰੋਪੜ ਚੰਡੀਗੜ੍ਹ ਨਜਦੀਕ ਪੈਂਦਾ ਹੈ। ਜਿਸ ਨਾਲ ਲੋਕਾਂ ਦਾ ਪੈਸਾ,ਤੇਲ ਅਤੇ ਸਮਾਂ ਬਚਦਾ ਹੈ। ਦੱਸਣ ਯੋਗ ਹੈ ਕਿ ਐਲਗਰਾਂ ਸਵਾਂ ਨਦੀ ਉੱਤੇ ਬਣਿਆ ਪੱਕਾ ਪੁਲ ਜਿਸ ਦੇ ਪਿੱਲਰ ਖਿਸਕ ਗਏ ਸਨ,ਪ੍ਰਸ਼ਾਸਨ ਵੱਲੋਂ ਉਸ ਨੂੰ ਬੰਦ ਕਰ ਦਿੱਤਾ ਗਿਆ ਸੀ। ਪਰ ਇਸ ਦੀ ਰਿਪੇਅਰ ਕਰਨ ਵਾਲੇ ਠੇਕੇਦਾਰ ਦੀ ਸੁਸਤ ਚਾਲ ਨੇ ਅਜੇ ਤੱਕ ਪੁਲ ਨੂੰ ਪੂਰੀ ਤਰ੍ਹਾਂ ਰਿਪੇਅਰ ਨਹੀਂ ਕੀਤਾ ਜਿਸ ਕਰਕੇ ਸਮਾਜ ਸੇਵੀ ਵਿਅਕਤੀਆਂ ਨੇ ਇਲਾਕੇ ਦੇ ਸੈਂਕੜੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਧਿਆਨ 'ਚ ਰੱਖਦੇ ਹੋਏ ਆਪਣੇ ਤੌਰ ਤੇ ਹਰ ਵਾਰ ਸਵਾਂ ਨਦੀ ਉੱਤੇ ਆਰਜੀ ਪੁਲ ਬਣਾ ਦਿੰਦੇ ਹਨ। ਇਹ ਪੁਲ ਕਈ ਵਾਰ ਸਵਾਂ ਨਦੀ ਵਿਚ ਜਿਆਦਾ ਪਾਣੀ ਆ ਜਾਣ ਰੜ੍ਹ ਜਾਦਾ ਹੈ। ਪਰ ਫਿਰ ਵੀ ਸਮਾਜ ਸੇਵੀ ਜਲਦੀ ਹੀ ਇਸ ਪੁੱਲ ਨੂੰ ਬਣਾ ਦਿੰਦੇ ਹਨ।

# ਬੀ.ਐਡ ਸਮੈਸਟਰ-2 ਦੇ ਨਤੀਜਿਆਂ 'ਚ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਇਕਬਾਲ ਸਿੰਘ ਉਭੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਘੋਸ਼ਿਤ ਕੀਤੇ ਗਏ ਬੀ.ਐਡ ਸਮੈਸਟਰ-2 (ਸ਼ੈਸਨ 2025-27) ਦੇ ਨਤੀਜਿਆਂ ਵਿੱਚ ਸੇਂਟ ਸੋਲਜ਼ਰ ਕਾਲਜ ਆਫ ਐਜੂਕੇਸ਼ਨ,ਜਲੰਧਰ ਦੇ ਵਿਦਿਆਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਵਿੱਚ ਰਵਨੀਤ ਅਤੇ ਕੀਰਤੀ ਨੇ 8.30 ਐੱਸ ਜੀ ਪੀ ਏ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਪਰਮਜੀਤ ਕੌਰ, ਨਿਕਿਤਾ ਸਹਦੇਵ ਅਤੇ ਗੁਰਜੀਤ ਕੌਰ ਨੇ 8.10 ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ। ਵੰਸ਼ੀਤਾ, ਜੋਤੀ ਭਗਤ ਅਤੇ,ਕੋਮਲਦੀਪ ਨੇ 8.00 ਐੱਸ ਜੀ ਪੀ ਏ ਪ੍ਰਾਪਤ ਕਰਕੇ ਤੀਸਰਾ ਸਥਾਨ ਸਾਂਝਾ ਕੀਤਾ। ਮਿੰਟੂ, ਗੁਰਲੀਨ ਕੌਰ, ਜਸਪ੍ਰੀਤ ਕੌਰ, ਅਤੇ ਅਮ੍ਰਿਤਾ ਕੁਮਾਰੀ ਨੇ 7.90 ਐੱਸ ਜੀ ਪੀ ਏ ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ। ਚੇਅਰਪਰਸਨ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਤੇ ਪ੍ਰਿੰਸੀਪਲ ਡਾ.ਅਲਕਾ ਗੁਪਤਾ ਨੇ ਦੱਸਿਆ ਕੀ ਇਸ ਵਾਰ ਫਿਰ ਸੰਸਥਾ ਦਾ ਨਤੀਜਾ 100% ਰਿਹਾ।



# ਲੋੜਵੰਦ ਪਰਵਾਰਾਂ ਨੂੰ ਮੁਫ਼ਤ ਰਾਸ਼ਨ ਵੰਡਿਆ

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਦਸਤਾਵੇਜ਼ ਨੰ. 2021-22/13/1/9822 ਮਿਤੀ 15 ਦਸੰਬਰ 2021 ਅਨੁਸਾਰ ਰਜਿਸਟਰਡ ਮਾਲਕ ਸ੍ਰੀ ਹਿਮਾਂਸ਼ੂ ਪੁੱਤਰ ਪਵਨ ਕੁਮਾਰ ਅਤੇ ਸ੍ਰੀ ਰੋਹਿਤ ਕੁਮਾਰ ਪੁੱਤਰ ਪਵਨ ਕੁਮਾਰ ਦਾ ਬਰਾਬਰ ਹਿੱਸਾ ਜਾਇਦਾਦ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ, ਜੋ ਕਿ ਫਲੈਟ ਨੰ. 125-ਬੀ, ਪਲਾਟ ਨੰ. 125 ਤੇ ਦੂਜੀ ਮੰਜ਼ਲ ਨਿਰਮਤ, ਜਿਸ ਦਾ ਛੱਤਿਆ ਖੇਤਰ 641 ਵਰਗ ਗਜ਼, ਖਸਰਾ ਨੰ. 503/471(0-17), 476(5-0), 477 (5-0), 480 (5-0), 481 (5-0), 482/2 (4-3 1/2), 504/471/1(0-2), ਕਿਤੇ 7, ਖੇਵਟ/ਖਤੌਨੀ ਨੰ. 25/29, 80/102, 56/73 ਜਿਸ 'ਚੋਂ ਉਕਤ ਮੰਜ਼ਲ 'ਚੋਂ 0 ਬਿਘਾ 0 ਬਿਸਵਾ 15 ਬਿਸਵਾਸੀ ਜੋ ਕਿ ਕੁੱਲ ਜ਼ਮੀਨ 25 ਬਿਘਾ 2 1/2 ਬਿਸਵਾ (ਜਿਸ 'ਚ 112.5 ਵਰਗ ਗਜ਼ ਦਾ 37.5 ਵਰਗ ਗਜ਼ ਦਾ 1/3 ਹਿੱਸਾ) ਬਲਿਊ ਰਿਜ-2 ਵਿਖੇ ਸਥਿਤ ਪਿੰਡ ਪੀਰਮੁਛੱਲਾ, ਹੱਦਬਸਤ ਨੰ. 53, ਐੱਮ ਸੀ ਅਤੇ ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ, ਜਮ੍ਹਾਂਬੰਦੀ ਸਾਲ 2016-2017. ਹੱਦਾਂ ਬੈਨਾਮਾ ਅਨੁਸਾਰ :- ਪੂਰਬ : ਮਕਾਨ ਨੰ. 124, ਪੱਛਮ : ਮਕਾਨ ਨੰ. 126, ਉੱਤਰ : ਸੜਕ, ਦੱਖਣ : ਖਾਲੀ ਜਗ੍ਹਾ

ਮਿਤੀ : 14.08.2026, ਸਥਾਨ : ਪੰਜਾਬ — ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ

## COURT NOTICE

(U/o 5 Rule 20 CPC)
In the Court of Sh. Sanjay Agnihotri
District and Sessions Judge, Faridkot
CNR No. PBFD01-002989-2025
Next Date:- 18-08-2026
Sarbhjeet Kaur
Vs. Sandeep Kumar

Claim Petition U/S 166 read with Section 140 of Motor Vehicles Act.

Publication Issued To:
Sandeep Kumar
Father : Manohar Lal
Resident of Gaushala Gali, Kheda Colony, Near Pamme Di Chakki, Tibi Sahib Road, Sri Muktsar Sahib, Also at Hajura Kapoora, Rose Garden Colony Area, Cyber Crime Police Station Bathinda, Driver of PB30 Y 2009.

In above titled case the defendant(s)/ respondent(s) could not be served. It is ordered that defendant(s)/ respondent(s) should appear in person or through counsel on 18.08.2026 at 10:00 a.m.

For details logon to https://highcourtchd.gov.in/?mod=district_notice&district=mogacourt

District and Sessions Judge
Faridkot
Dated, this day of 11-08-2026

## BHANDARI HOSIERY EXPORTS LIMITED

Regd. Office: Bhandari House, Village Meharban, Rahon Road, Ludhiana-141007 (Punjab) (India) Ph. 88720-16410, FAX 0161-2690394 CIN: L17115PB1993PLC013930
E-mail: bhandari@bhandariexport.com; web: www.bhandariexport.com

**Standalone Un-audited Financial Results for the Quarter Ended 30.06.2026** (Rs. In Lakhs)

| Sr. No. | Particulars | Quarter Ended 30.06.2026 (Un-audited) | Quarter Ended 31.03.2026 (Audited) | Quarter Ended 30.06.2025 (Un-audited) | Year ended 31.03.2026 (Audited) |
|---|---|---|---|---|---|
| 1 | Total income from operations | 5,084.71 | 9,027.91 | 6,296.95 | 28,071.41 |
| 2 | Net Profit / (Loss) for the period (before Tax, Exceptional and/or Extraordinary items) | 176.41 | 291.14 | 216.35 | 1,043.71 |
| 3 | Net Profit / (Loss) for the period before tax (after Extraordinary items) | 176.41 | 291.14 | 216.35 | 1,043.71 |
| 4 | Net Profit / (Loss) for the period after tax (after Extraordinary items ) | 129.66 | 188.60 | 161.90 | 776.83 |
| 5 | Paid up Equity Share Capital (Face value of ₹1/- each) | 3,329.56 | 3,329.56 | 2400.49 | 3,329.56 |
| 6 | Total comprehensive income for the period (comprising profit/loss for the period and other comprehensive income (after tax) | 129.66 | 188.60 | 161.90 | 776.83 |
| 7 | Reserves (excluding Revaluation Reserve) as shown in the Audited Balance Sheet of the previous year | | | | 15004.74 |
| 8 | Earnings Per Share (of Rs. 1/- each) Basic : | 0.04 | 0.06 | 0.07 | 0.23 |
| | Diluted : | 0.04 | 0.06 | 0.07 | 0.32 |

**Note: 1.** The above Unaudited Financial Results for the Quarter ended 30.06.2026 have been reviewed by the Audit Committee and approved by the Board of Directors on 13th August, 2026 in accordance with Regulation 52 of SEBI (Listing Obligations and Disclosure Requirements) Regulations, 2015 as amended. **2.** These results have been prepared in accordance with Indian Accounting Standards ('Ind AS') prescribed under Section 133 of the Companies Act, 2013 read with relevant rules thereunder and in terms of Regulation 33 of the SEBI (Listing Obligations & Disclosure Requirements) Regulations 2015 as amended. **3.** The Group is engaged in the Single operating segment 'Textiles'. **4.** The above is an extract of the detailed format of Financial Results for Quarter ended 30th June, 2026 filed with Stock Exchanges under Regulation 33 of the SEBI (Listing Obligations & Disclosure Requirements) Regulations 2015. **5.** The full format of the above said Financial Results are available on the Stock Exchange websites, www.nseindia.com and www.bseindia.com and on the Company's website www.bhandariexport.com. The aforementioned Financial Results along with the Limited Review Report of the Statutory Auditors thereon can also be accessed by scanning a Quick Response Code given below.

Dated : 13.08.2026
Place : Ludhiana

For Bhandari Hosiery Exports Limited
Sd/-
Nitin Bhandari
Chairman & Managing Director
(DIN: 01385065)

## ਆਦੀਨਾਥ ਟੈਕਸਟਾਈਲਜ਼ ਲਿਮਿਟੇਡ

Shreyans GROUP

ਰਜ਼ਿ ਦਫ਼ਤਰ ਪਿੰਡ ਭੋਲਾਪੁਰ, ਡਾਕਖਾਨਾ ਸਾਹਬਾਨਾ ਚੰਡੀਗੜ੍ਹ ਰੋਡ, ਲੁਧਿਆਣਾ-141123
Tel. No. 91-9876100948, Email: atl@shreyansgroup.com
Website: www.adinathtextiles.com CIN - L17115PB1979PLC003910

**30 ਜੂਨ, 2026 ਨੂੰ ਖਤਮ ਹੋਏ ਤਿਮਾਹੀ ਦੇ ਅਣਪੜਤਾਲੇ ਵਿਤੀ ਨਤੀਜਿਆਂ ਦਾ ਵੇਰਵਾ**
(ਰੁਪਏ ਲੱਖਾਂ ਵਿੱਚ ਈ.ਪੀ.ਐਸ ਨੂੰ ਛੱਡ ਕੇ)

| ਵੇਰਵਾ | ਤਿਮਾਹੀ ਖਤਮ 30.06.2026 (ਅਣਪੜਤਾਲੇ) | ਤਿਮਾਹੀ ਖਤਮ 30.06.2025 (ਅਣਪੜਤਾਲੇ) | ਸਾਲ ਖਤਮ 31.03.2026 (ਪੜਤਾਲੇ) |
|---|---|---|---|
| ਕੁੱਲ ਆਮਦਨ | 38.93 | 42.93 | 134.14 |
| ਸ਼ੁੱਧ ਲਾਭ/ਨੁਕਸਾਨ (ਟੈਕਸ, ਅਸਧਾਰਨ ਅਤੇ ਹੋਰ ਵਾਧੂ ਆਇਟਮਾਂ ਤੋਂ ਪਹਿਲਾਂ) | 8.51 | 11.96 | 3.52 |
| ਸ਼ੁੱਧ ਲਾਭ/ਨੁਕਸਾਨ (ਟੈਕਸ ਤੋਂ ਪਹਿਲਾਂ ਅਤੇ ਅਸਧਾਰਨ ਅਤੇ ਹੋਰ ਵਾਧੂ ਆਇਟਮਾਂ ਤੋਂ ਬਾਦ) | 8.51 | 11.96 | 3.52 |
| ਸ਼ੁੱਧ ਲਾਭ/ਨੁਕਸਾਨ (ਟੈਕਸ, ਅਸਧਾਰਨ ਅਤੇ ਹੋਰ ਵਾਧੂ ਆਇਟਮਾਂ ਤੋਂ ਬਾਦ) | 4.78 | 11.02 | 4.50 |
| ਕੁੱਲ ਕੰਪ੍ਰੀਹੈਂਸਿਵ ਆਮਦਨ | 4.78 | 11.02 | 4.42 |
| ਇਕੁਇਟੀ ਸ਼ੇਅਰ ਪੂੰਜੀ (ਪ੍ਰਤੀ ਸ਼ੇਅਰ ਦੀ ਔਸਤ ਕੀਮਤ ₹10/-) | 681.44 | 681.44 | 681.44 |
| ਹੋਰ ਇਕੁਇਟੀ | - | - | (397.26) |
| ਪ੍ਰਤੀ ਸ਼ੇਅਰ ਕਮਾਈ (ਈ.ਪੀ.ਐਸ) (₹10/- ਪ੍ਰਤੀ ਸ਼ੇਅਰ) ਮੁਢਲੀ ਤੇ ਡੀਲੂਟਡ | 0.07 | 0.16 | 0.07 |

ਨੋਟ: ਉਪਰੋਕਤ ਨਤੀਜੇ ਸੇਬੀ (ਐਲ.ਓ.ਡੀ.ਆਰ.) ਰੈਗੂਲੇਸ਼ਨਜ਼, 2015 ਦੀ ਰੇਗੁਲੇਸ਼ਨ **33** ਦੇ ਅਧੀਨ ਸਟਾਕ ਐਕਸਚੈਂਜ ਫਾਈਲ ਕੀਤੇ ਨਤੀਜਿਆਂ ਦਾ ਸੰਖੇਪ ਰੂਪ ਹੈ। ਉਪਰੋਕਤ ਨਤੀਜਿਆਂ ਦਾ ਫੁੱਲ ਫਾਰਮੈਟ ਸਟਾਕ ਐਕਸਚੈਂਜ ਦੀ ਵੈਬਸਾਈਟ **www.bseindia.com** ਅਤੇ ਕੰਪਨੀ ਦੀ ਵੈਬਸਾਈਟ **www.adinathtextiles.com** ਤੇ ਉਪਲਬੱਧ ਹੈ ਅਤੇ ਹੇਠ ਦਿੱਤੇ ਗਏ **QR Code** ਨੂੰ ਸਕੈਨ ਕਰਕੇ ਵੀ ਐਕਸੈਸ ਕੀਤੇ ਜਾ ਸਕਦੇ ਹਨ।

ਮਿਤੀ : 13.08.2026
ਸਥਾਂਨ : ਲੁਧਿਆਣਾ

ਫੋਰ ਐਂਡ ਔਨ ਬੀਹਾਫ ਔਫ ਦੀ ਬੋਰਡ
ਸਹੀ/-
ਰਜ਼ਨੀਸ਼ ਔਸਵਾਲ
ਚੇਅਰਮੈਨ ਅਤੇ ਮੈਨੇਜਿੰਗ ਡਾਈਰੇਕਟਰ
DIN-00002668

# ਵਿਪਰੋ ਅਰਥੀਅਨ ਅਵਾਰਡਸ 'ਤੇ ਵਰਕਸ਼ਾਪ ਕਰਵਾਈ



ਜਲੰਧਰ (ਸ਼ੈਲੀ ਐਲਬਰਟ)- ਪ੍ਰਿੰਸੀਪਲ ਡਾ. ਸ੍ਰੀਮਤੀ ਏਕਤਾ ਖੋਸਲਾ ਦੀ ਯੋਗ ਅਗਵਾਈ ਹੇਠ, ਹੰਸ ਰਾਜ ਮਹਿਲਾ ਮਹਾਵਿਦਿਆਲਿਆ ਨੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੇ ਸਹਿਯੋਗ ਨਾਲ ਅਧਿਆਪਕਾਂ ਲਈ "ਵਿਪਰੋ ਅਰਥੀਅਨ ਅਵਾਰਡਸ" 'ਤੇ ਇੱਕ ਓਰੀਐਂਟੇਸ਼ਨ ਵਰਕਸ਼ਾਪ ਦਾ ਆਯੋਜਨ ਕੀਤਾ।

ਵਰਕਸ਼ਾਪ ਵਿੱਚ ਸਥਿਰਤਾ ਬਾਰੇ ਜਾਗਰੂਕਤਾ ਪੈਦਾ ਕਰਨ, ਵਾਤਾਵਰਣ ਦੀ ਸਮਝ ਨੂੰ ਮਜ਼ਬੂਤ ਕਰਨ ਅਤੇ ਸਕਾਰਾਤਮਕ ਵਾਤਾਵਰਣ ਰੁਝੇਵਿਆਂ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ। [illegible] ਕਰਦਿਆਂ ਇਸਦੇ ਉਦੇਸ਼ਾਂ, ਮਹੱਤਤਾ ਅਤੇ ਸੰਭਾਵਿਤ ਨਤੀਜਿਆਂ 'ਤੇ ਚਾਨਣਾ ਪਾਇਆ ਗਿਆ। ਇਸ ਮੌਕੇ ਵਿਸ਼ੇਸ਼ ਮਹਿਮਾਨ ਅਤੇ ਮੁੱਖ ਮਹਿਮਾਨ ਵਜੋਂ ਪੀ ਐੱਸ ਸੀ ਐੱਸ ਟੀ ਤੋਂ ਡਾ. ਮੰਦਾਕਿਨੀ ਅਤੇ ਵਿਪਰੋ ਤੋਂ ਅਸ਼ੀਸ਼ ਸ਼ਾਹ ਨੇ ਸ਼ਿਰਕਤ ਕੀਤੀ। [illegible] ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ [illegible] ਡਾ. ਮੰਦਾਕਿਨੀ ਨੇ [illegible] ਵਿਪਰੋ ਅਰਥੀਅਨ ਅਵਾਰਡਸ ਬਾਰੇ ਡੂੰਘੀ ਜਾਣਕਾਰੀ ਦਿੱਤੀ। ਇਹ ਸੰਵਾਦ ਭਰਪੂਰ ਸੈਸ਼ਨ ਗਿਆਨ ਦੇ ਆਦਾਨ-ਪ੍ਰਦਾਨ, ਸੰਵਾਦ ਅਤੇ ਸਮਰੱਥਾ ਨਿਰਮਾਣ ਲਈ ਇੱਕ ਵਧੀਆ ਮੰਚ ਸਾਬਤ ਹੋਇਆ।

# ਫੂਡਸੈਂਟ ਵੱਲੋਂ ਮੁਫ਼ਤ ਫਾਸਟ ਫੂਡ ਸਟਾਲ ਸਿਖਲਾਈ ਦੀ ਸ਼ੁਰੂਆਤ

ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)- ਨੌਜਵਾਨਾਂ ਨੂੰ ਹੁਨਰਮੰਦ ਬਣਾਕੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਦੇ ਉਦੇਸ਼ ਨਾਲ ਫੂਡਸੈਂਟ ਜਲੰਧਰ ਵੱਲੋਂ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਸੰਸਥਾ ਵਿਖੇ ਮੁਫ਼ਤ ਫਾਸਟ ਫੂਡ ਸਟਾਲ ਉਦਯਮੀ ਸਿਖਲਾਈ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। [illegible] ਸਿਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਫਾਸਟ ਫੂਡ ਦਾ ਕਾਰੋਬਾਰ ਘੱਟ ਪੂੰਜੀ ਨਾਲ ਸ਼ੁਰੂ ਕੀਤਾ ਜਾ ਸਕਦਾ ਹੈ ਅਤੇ ਇਸ ਰਾਹੀਂ ਖ਼ੁਦ ਰੁਜ਼ਗਾਰ ਦੇ ਨਾਲ-ਨਾਲ ਹੋਰਨਾਂ ਲਈ ਵੀ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਿਖਲਾਈ ਦੌਰਾਨ ਸਿਖਿਆਰਥੀਆਂ ਨੂੰ ਫਾਸਟ ਫੂਡ ਤਿਆਰ ਕਰਨ, ਸਫ਼ਾਈ, ਕੱਚੇ ਮਾਲ ਦੇ ਪ੍ਰਬੰਧਨ, ਲਾਗਤ ਨਿਰਧਾਰਨ, ਕੀਮਤ ਤੈਅ ਕਰਨ, ਗਾਹਕ ਸੇਵਾ ਅਤੇ ਕਾਰੋਬਾਰ ਚਲਾਉਣ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਜਾਂਦੀ ਹੈ।



ਕਰਨ ਸੰਸਥਾਈ ਦੇ ਸਰੰਡਰ ਡਾ. ਸੁਰਜੀਤ ਲਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ [illegible] ਵੱਖ ਸਵੈ-ਰੁਜ਼ਗਾਰ ਆਧਾਰਿਤ ਸਿਖਲਾਈ ਪ੍ਰੋਗਰਾਮ ਕਰਵਾਏ ਜਾਂਦੇ ਹਨ। [illegible] ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ [illegible] ਸਿਖਲਾਈ ਪ੍ਰੋਗਰਾਮ ਵੀ ਕਰਵਾਏ ਜਾਣਗੇ।

# ਕਾਂਗਰਸੀ ਕੌਂਸਲਰਾਂ ਦੀ ਪਟੀਸ਼ਨ 'ਤੇ ਹਾਈ ਕੋਰਟ ਦਾ ਐਕਸ਼ਨ

## ਮੋਰਿੰਡਾ ਨਗਰ ਕੌਂਸਲ ਦੇ ਪ੍ਰਧਾਨ ਦੇ ਕੰਮ ਕਰਨ 'ਤੇ ਰੋਕ ਲਗਾਈ, ਡੀ ਸੀ ਬਣੇ ਪ੍ਰਸ਼ਾਸਕ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਮੋਰਿੰਡਾ ਸ਼ਹਿਰ ਦੀ ਪ੍ਰਧਾਨ ਦੀ ਚੋਣ ਨੂੰ ਲੈ ਕੇ ਚੱਲ ਰਿਹਾ ਸਿਆਸੀ ਘਮਸਾਣ ਹੁਣ ਪੰਜਾਬ ਅਤੇ ਹਰਿਆਣਾ ਹਾਈਕੋਰਟ ਪਹੁੰਚ ਕੇ ਇੱਕ ਨਵੇਂ ਮੋੜ 'ਤੇ ਆ ਗਿਆ ਹੈ। ਕਾਂਗਰਸੀ ਕੌਂਸਲਰਾਂ ਵੱਲੋਂ ਚੋਣ ਦੌਰਾਨ ਕਥਿਤ ਧੱਕੇਸ਼ਾਹੀ ਅਤੇ [illegible]



ਨਿਯਮਾਂ ਦੀ ਅਣਦੇਖੀ ਦੇ ਲਗਾਏ ਗਏ ਦੋਸ਼ਾਂ 'ਤੇ ਹਾਈਕੋਰਟ ਨੇ ਸਖ਼ਤ ਰੁਖ ਅਪਣਾਉਂਦਿਆਂ ਨਵ-ਨਿਯੁਕਤ ਪ੍ਰਧਾਨ ਜਗਜੀਤ ਸਿੰਘ ਜੱਗੀ ਦੇ ਬਤੌਰ ਪ੍ਰਧਾਨ ਕੰਮ ਕਰਨ 'ਤੇ ਅੰਤਰਿਮ ਰੋਕ ਲਗਾ ਦਿੱਤੀ ਹੈ। [illegible] ਹੁਕਮ ਦੀ ਪ੍ਰਤੀ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ (ਈ ਓ) ਗੁਰਦੀਪ ਸਿੰਘ ਨੇ ਕੀਤੀ ਹੈ। [illegible] ਜੁਲਾਈ ਨੂੰ ਹੋਈ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਚੋਣ ਦੀ ਪ੍ਰਕਿਰਿਆ ਨੂੰ ਚੁਣੌਤੀ ਦਿੱਤੀ ਗਈ ਸੀ। [illegible] ਅਦਾਲਤ ਦੇ ਅੰਤਰਿਮ ਹੁਕਮ ਤੋਂ ਬਾਅਦ ਫਿਲਹਾਲ ਨਗਰ ਕੌਂਸਲ ਦੀ ਵਾਗਡੋਰ ਡਿਪਟੀ ਕਮਿਸ਼ਨਰ ਵੱਲੋਂ ਨਿਯੁਕਤ ਪ੍ਰਸ਼ਾਸਕ ਦੇ ਹੱਥਾਂ ਵਿੱਚ ਰਹੇਗੀ। [illegible] ਡਿਪਟੀ ਕਮਿਸ਼ਨਰ ਵੱਲੋਂ ਨਿਯੁਕਤ ਪ੍ਰਸ਼ਾਸਕ ਸੰਭਾਲਣਗੇ।

# ਸੱਭਿਆਚਾਰ ਸੰਭਾਲ ਸੁਸਾਇਟੀ ਨੇ ਕਰਵਾਈ ਲੇਖ ਤੇ ਭਾਸ਼ਣ ਪ੍ਰਤੀਯੋਗਤਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- 'ਭਾਰਤ ਇੱਕ ਆਜ਼ਾਦ ਦੇਸ਼ ਹੈ, ਪਰ ਸਾਡੀਆਂ ਕੁਝ ਗ਼ਲਤੀਆਂ ਕਰਕੇ ਕੁੱਝ ਤਾਕਤਾਂ ਸਾਨੂੰ ਮਾਨਸਿਕ ਤੌਰ 'ਤੇ ਗ਼ੁਲਾਮ ਬਣਾ ਰਹੀਆਂ ਹਨ। [illegible] ਗਈ ਭਾਸ਼ਣ ਪ੍ਰਤੀਯੋਗਤਾ ਦੇ ਜੇਤੂ ਵਿਦਿਆਰਥੀਆਂ [illegible]



ਪ੍ਰਗਟਾਵਾ ਸੱਭਿਆਚਾਰ ਸੰਭਾਲ ਸੁਸਾਇਟੀ ਦੇ ਪ੍ਰਧਾਨ ਮਾਸਟਰ ਕੁਲਵਿੰਦਰ ਜੰਡਾ ਨੇ ਕੀਤਾ। ਉਹ ਸੁਸਾਇਟੀ ਵੱਲੋਂ ਆਜ਼ਾਦੀ ਦਿਵਸ ਨੂੰ ਸਮਰਪਿਤ 'ਸੋਸ਼ਲ ਮੀਡੀਆ ਦਾ ਉਪਯੋਗ: ਆਜ਼ਾਦੀ ਜਾਂ ਗੁਲਾਮੀ' ਵਿਸ਼ੇ 'ਤੇ ਪਿੰਡ ਬੱਸੀ ਗੁਲਾਮ ਹੁਸੈਨ ਦੇ ਸਰਕਾਰੀ ਹਾਈ ਸਕੂਲ ਵਿਖੇ ਕਰਵਾਈ ਗਈ ਪ੍ਰਤੀਯੋਗਤਾ ਦੇ ਇਨਾਮ ਵੰਡ ਸਮਾਰੋਹ ਦੌਰਾਨ ਸੰਬੋਧਨ ਕਰ ਰਹੇ ਸਨ। ਸਮਾਰੋਹ ਦੌਰਾਨ ਬੱਚਿਆਂ ਨੂੰ ਸੰਬੋਧਿਤ ਕਰਦੇ [illegible] ਗਿਆ।ਇਸ ਮੌਕੇ ਵਿਦਿਆਰਥੀ ਕੋਆਰਡੀਨੇਟਰ ਪ੍ਰੀਤੀ, ਡਾ. (ਪ੍ਰਿੰਸੀਪਲ) ਧਰਮਪਾਲ ਸਾਹਿਲ, ਮੋਹਨ ਲਾਲ ਕਲਸੀ, ਸੰਦੀਪ ਸ਼ਰਮਾ, ਸੁਖਜੀਤ ਸਿੰਘ, ਹਰਬੰਸ ਸਿੰਘ ਕਮਲ, ਸੰਦੀਪ ਕੁਮਾਰ ਥਾਪਰ, ਸੰਤੋਖ ਸਿੰਘ ਔਜਲਾ, ਹਰਦੀਪ ਸਿੰਘ, ਸਕੂਲ ਦਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਬਕਾਇਆ ਰਾਸ਼ੀ ਜਾਰੀ ਨਾ ਕਰਨ ਦੇ ਰੋਸ ਵਜੋਂ ਬੋਰਡ ਕੰਪਲੈਕਸ 'ਚ ਗੇਟ ਰੈਲੀ

ਮੋਹਾਲੀ (ਗੁਰਜੀਤ ਬਿੱਲਾ)- ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਵੱਲੋਂ [illegible] ਬੋਰਡ ਦੀ ਆਪਣੀ ਬਣਦੀ 574.55 ਕਰੋੜ ਰੁਪਏ ਦੀ ਰਕਮ [illegible] ਸਰਕਾਰ ਖੁਦ ਚੁੱਕੇ।ਇਸ ਮੌਕੇ ਬੋਰਡ ਜਥੇਬੰਦੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵਿੱਚ ਮਨੋਜ ਰਾਣਾ, ਮਲਕੀਤ ਸਿੰਘ ਗੱਗੜ, ਗੁਰਜੀਤ ਸਿੰਘ ਬੀਦੋਵਾਲੀ, ਮਨਜਿੰਦਰ ਸਿੰਘ ਹੁਲਕਾ, ਸਵਰਨ ਤਿਉੜ, ਮਨਜੀਤ ਸਿੰਘ ਲਹਿਰਾਗਾਗਾ ਅਤੇ ਸੁਰਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।

[illegible] ਵਸੀਲਿਆਂ ਰਾਹੀਂ ਚੱਲ ਰਿਹਾ ਹੈ। ਇਸ ਦੇ ਬਾਵਜੂਦ ਸਰਕਾਰ ਵੱਲੋਂ ਸਿੱਖਿਆ ਨਾਲ ਸਬੰਧਤ ਵੱਖ-ਵੱਖ ਮੁਫ਼ਤ ਸਕੀਮਾਂ ਦਾ ਵਿੱਤੀ ਬੋਝ ਲਗਾਤਾਰ ਬੋਰਡ ਦੇ ਸਿਰ ਪਾਇਆ ਜਾ ਰਿਹਾ ਹੈ। ਸਰਕਾਰ ਵੱਲੋਂ ਬੋਰਡ ਨੂੰ ਕੋਈ ਯੋਗ ਵਿੱਤੀ ਗ੍ਰਾਂਟ ਨਹੀਂ ਦਿੱਤੀ ਜਾਂਦੀ, ਜਦਕਿ ਬੋਰਡ ਦੀ ਆਪਣੀ ਬਣਦੀ 574.55 ਕਰੋੜ [illegible]

# 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਮੁੱਖ ਚੋਣ ਦਫ਼ਤਰ ਦਾ ਉਦਘਾਟਨ



ਬਲਾਚੌਰ, (ਜਸਵਿੰਦਰ ਬੈਂਸ) ਹਲਕਾ ਬਲਾਚੌਰ ਵਿੱਚ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਆਪਣੀਆਂ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਦੀ ਦਿਸ਼ਾ ਵਿੱਚ [illegible] ਦਫ਼ਤਰ ਦਾ ਉਦਘਾਟਨ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਪ੍ਰਭਜੋਤ ਸਿੰਘ ਰਾਹੋਂ ਵੱਲੋਂ ਕੀਤਾ ਗਿਆ। ਇਸ ਮੌਕੇ ਪਾਰਟੀ ਦੇ ਆਗੂ ਸ. ਅਮਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਸ. ਸਤਪਾਲ ਸਿੰਘ, ਮੀਤ ਪ੍ਰਧਾਨ ਸ. ਗੁਰਮੁਖ ਸਿੰਘ, ਮੀਤ ਪ੍ਰਧਾਨ ਸ. ਪਰਮਜੀਤ ਸਿੰਘ ਸਮੇਤ ਕਾਰਜਕਾਰੀ ਮੈਂਬਰ, ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

[illegible] ਗੁਰਪ੍ਰੀਤ ਸਿੰਘ, ਬਲਕਾਰ ਸਿੰਘ ਅਤੇ ਪ੍ਰਿੰਸ ਸਿੰਘ (ਬੰਗਾ ਬੇਟ), ਜਗਤਾਰ ਸਿੰਘ (ਮਹਿੰਦੀਪੁਰ), ਲਖਵੀਰ ਸਿੰਘ ਖਾਲਸਾ, ਲਖਵੀਰ ਸਿੰਘ (ਕੰਗਣਾ), ਮਨਜੀਤ ਸਿੰਘ (ਫਿਰਨੀ ਮਜਾਰਾ), ਲਖਵੀਰ ਸਿੰਘ (ਰੱਕੜਾਂ ਢਾਹਾਂ) ਸਮੇਤ ਵੱਖ-ਵੱਖ ਪਿੰਡਾਂ ਤੋਂ ਪਾਰਟੀ ਆਗੂ, ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

# ਅਮਲਾਲਾ ਵਿਖੇ ਤੀਆਂ ਦਾ ਤਿਉਹਾਰ ਮਨਾਇਆ

ਡੇਰਾਬਸੀ (ਵਿਨੋਦ ਕੁਮਾਰ)- ਡੇਰਾਬਸੀ ਦੇ ਪਿੰਡ ਅਮਲਾਲਾ ਵਿਖੇ ਸਾਉਣ ਮਹੀਨੇ ਦੀਆਂ ਤੀਆਂ ਦਾ ਤਿਉਹਾਰ [illegible]



[illegible] ਸਲੀਮ ਖਾਨ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸਿਵਲ ਸਰਜਨ ਵੱਲੋਂ ਐੱਸ ਡੀ ਐੱਚ ਹਸਪਤਾਲ ਦਾ ਨਿਰੀਖਣ

ਫਗਵਾੜਾ (ਡਾ. ਰਮਨ)- ਸਰਕਾਰੀ ਸਿਹਤ ਸੰਸਥਾਵਾਂ ਵਿੱਚ ਲੋਕਾਂ ਨੂੰ ਮਿਆਰੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਵੱਲੋਂ ਐੱਸ ਡੀ ਐੱਚ ਹਸਪਤਾਲ ਫਗਵਾੜਾ ਦਾ ਨਿਰੀਖਣ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਹਸਪਤਾਲ ਦੇ ਵੱਖ-ਵੱਖ ਵਿਭਾਗਾਂ, ਵਾਰਡਾਂ ਅਤੇ ਮਰੀਜ਼ਾਂ ਲਈ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ।



ਨਿਰੀਖਣ ਦੌਰਾਨ ਗਾਇਨੀ ਵਾਰਡ, ਜਨਰਲ ਵਾਰਡ, ਐਮਰਜੈਂਸੀ, ਬਲੱਡ ਬੈਂਕ, ਮੋਰਚਰੀ, ਡੇਂਗੂ ਵਾਰਡ, ਟੀ ਬੀ ਵਿਭਾਗ, ਹੋਮਿਓਪੈਥੀ ਵਿਭਾਗ, ਮਾਈਨਰ ਓ ਟੀ ਅਤੇ ਪ੍ਰਾਈਵੇਟ ਵਾਰਡ ਦਾ ਦੌਰਾ ਕੀਤਾ ਗਿਆ। ਉਨ੍ਹਾਂ ਵੱਲੋਂ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ, ਦਵਾਈਆਂ ਦੀ ਉਪਲਬਧਤਾ, ਸਟਾਫ਼ ਦੀ ਹਾਜ਼ਰੀ ਅਤੇ ਸਫ਼ਾਈ ਪ੍ਰਬੰਧਾਂ ਦੀ ਵੀ ਜਾਂਚ ਕੀਤੀ ਗਈ।ਡਾ. ਰਾਜੀਵ ਪਰਾਸ਼ਰ ਨੇ ਹਸਪਤਾਲ ਵਿੱਚ ਦਾਖ਼ਲ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ ਅਤੇ ਇਲਾਜ ਦੌਰਾਨ ਮਿਲ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਮਰੀਜ਼ਾਂ ਦੀਆਂ ਮੁਸ਼ਕਲਾਂ ਅਤੇ ਸੁਝਾਅ ਵੀ ਸੁਣੇ। ਉਨ੍ਹਾਂ ਕਿਹਾ ਕਿ ਹਰ ਮਰੀਜ਼ ਨੂੰ ਬਿਹਤਰ ਇਲਾਜ ਦੇ ਨਾਲ ਸਨਮਾਨਜਨਕ ਅਤੇ ਹਮਦਰਦੀ ਭਰਿਆ ਵਿਵਹਾਰ ਮਿਲਣਾ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

# ਮੱਸਿਆ ਦੇ ਦਿਹਾੜੇ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)- ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਗੁਰਦੁਆਰਾ ਸਾਹਿਬ ਦਾਦੀ ਸਤਾਉਤੀ ਪਿੰਡ ਝਿੰਗੜ ਖੁਰਦ ਵਿਖੇ ਸਾਵਣ ਦੀ ਮੱਸਿਆ ਨੂੰ ਸਮਰਪਿਤ ਮਹੀਨਾ ਵਾਰੀ ਧਾਰਮਿਕ ਸਮਾਗਮ ਕਰਵਾਇਆ ਗਿਆ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਨਗਰ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਤੇ ਹੈਡ ਗ੍ਰੰਥੀ ਗਿਆਨੀ ਰੇਸ਼ਮ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸਮਾਗਮ ਦੌਰਾਨ ਰਾਗੀ ਢਾਡੀ ਸਿੰਘਾਂ ਨੇ ਸਮੂਹ ਸੰਗਤ ਨੂੰ ਸ਼ਬਦ ਕੀਰਤਨ ਤੇ ਗੁਰਮਤ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ ਅਤੇ ਸੇਵਾ ਸਿਮਰਨ ਨਾਲ ਜੁੜਨ ਲਈ ਪ੍ਰੇਰਿਤ ਕੀਤਾ । ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਕੈਪਟਨ ਜਰਨੈਲ ਸਿੰਘ ਨੇ ਦੂਰੋਂ ਨੇੜਿਓਂ ਪਹੁੰਚੀਆਂ ਸਮੂਹ ਸੰਗਤਾਂ ਧੰਨਵਾਦ ਕੀਤਾ ਅਤੇ ਸਹਿਯੋਗ ਕਰਨ ਵਾਲੀਆਂ ਸੰਗਤਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ। ਸਮਾਗਮ ਦੌਰਾਨ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।



ਇਸ ਮੌਕੇ ਅਵਤਾਰ ਸਿੰਘ, ਰਜਨੀਸ਼ ਸ਼ਰਮਾ, ਜਸਵਿੰਦਰ ਸਿੰਘ, ਠਾਣੇਦਾਰ ਕੁਲਵੰਤ ਸਿੰਘ, ਪ੍ਰਮਿੰਦਰ ਪਾਲ ਸਿੰਘ, ਦਿਲਬਾਗ ਸਿੰਘ, ਹਰਵਿੰਦਰ ਸਿੰਘ, ਠਾਣੇਦਾਰ ਰਾਮ ਸਿੰਘ, ਰਵਿੰਦਰ ਸ਼ਰਮਾ ਤੋਂ ਇਲਾਵਾ ਚਰਨਜੀਤ ਸਿੰਘ ਚੰਨੀ, ਨੰਬਰਦਾਰ ਜਨਜੀਤ ਸਿੰਘ, ਗੋਲਡੀ, ਸਰਬਜੀਤ ਸਿੰਘ ਪੰਚ, ਮਨਜਿੰਦਰ ਸਿੰਘ, ਦਲਜੀਤ ਸਿੰਘ, ਮੰਨੂ, ਗੱਗੂ, ਕੈਪਟਨ ਸਤਨਾਮ ਸਿੰਘ, ਹਰਜੀਤ ਸਿੰਘ, ਬਲਜਿੰਦਰ ਸਿੰਘ, ਸਤਪਾਲ ਸਿੰਘ, ਸੰਦੀਪ ਰਵੀ ਗਿੱਲ, ਮਨਜੀਤ ਸਿੰਘ, ਮਨਦੀਪ, ਲੱਕੀ, ਪਹਿਲਵਾਨ, ਉਂਕਾਰ, ਮਹਿੰਦਰ ਸਿੰਘ ਤੋਂ ਇਲਾਵਾ ਹੋਰ ਸੰਗਤਾਂ ਵੀ ਹਾਜ਼ਰ ਸਨ।

# ਵੇਦ ਪ੍ਰਕਾਸ਼ ਦੀ ਦੂਸਰੀ ਬਰਸੀ 23 ਨੂੰ

ਜਲੰਧਰ (ਰਾਜੇਸ਼ ਥਾਪਾ)- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਪ ਸ ਸ ਫ ਦੇ ਜ਼ਿਲ੍ਹਾ ਜਨਰਲ ਸਕੱਤਰ ਮਨੋਜ ਕੁਮਾਰ ਸਰੋਏ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ 7 ਅਗਸਤ ਦੀ ਕੀਤੀ ਗਈ ਚੰਡੀਗੜ੍ਹ ਰੈਲੀ ਦਾ ਰਿਵਿਊ ਕੀਤਾ ਗਿਆ।ਮੀਟਿੰਗ ਦੇ ਵਿੱਚ 17 ਅਤੇ 18 ਅਗੱਸਤ ਨੂੰ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਦੇ ਸੱਦੇ ਤੇ ਕੀਤੇ ਜਾਣ ਵਾਲੇ ਪ੍ਰੋਗਰਾਮਾਂ ਵਿੱਚ ਭਾਗ ਲੈਣ ਦਾ ਫੈਸਲਾ ਕੀਤਾ ਗਿਆ।ਇਸ ਦੇ ਨਾਲ ਹੀ ਪ ਸ ਸ ਫ ਦੇ ਸਾਬਕਾ ਸੂਬਾ ਜਨਰਲ ਸਕੱਤਰ ਅਤੇ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਦੇ ਲੰਬਾ ਸਮਾਂ ਰਹੇ ਕੌਮੀ ਵਾਈਸ ਚੇਅਰਮੈਨ ਸਾਥੀ ਸਵ:ਵੇਦ ਪ੍ਰਕਾਸ਼ ਦੀ ਦੂਸਰੀ ਬਰਸੀ ਜੋ ਕਿ 23 ਅਗੱਸਤ ਨੂੰ ਨੂਰਪੁਰ ਬੇਦੀ ਜ਼ਿਲ੍ਹਾ ਰੋਪੜ ਵਿਖੇ ਮਨਾਈ ਜਾ ਰਹੀ ਹੈ,ਉਸ ਵਿੱਚ ਭਾਗ ਲੈਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਵੱਲੋਂ 23 ਅਗੱਸਤ ਨੂੰ ਮੁੱਖ ਮੰਤਰੀ ਦੇ ਜੱਦੀ ਪਿੰਡ ਸਤੌਜ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਨੂੰ ਕਾਮਯਾਬ ਬਣਾਉਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਨੂੰ ਵਿਸ਼ੇਸ਼ ਤੌਰ ਤੇ ਸੰਬੋਧਨ ਕਰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਸਾਥੀ ਵੇਦ ਪ੍ਰਕਾਸ਼ ਦੀ ਇਸ ਦੂਸਰੀ ਬਰਸੀ ਮੌਕੇ ਜਿੱਥੇ ਪ ਸ ਸ ਫ ਦੇ ਸੂਬਾਈ ਆਗੂ ਅਤੇ ਪੰਜਾਬ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਸੂਬਾਈ ਆਗੂ ਸਾਥੀ ਵੇਦ ਪ੍ਰਕਾਸ਼ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ, ਉੱਥੇ ਖਾਸ ਤੌਰ ਤੇ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਕੌਮੀ ਪ੍ਰਧਾ ਸੁਭਾਸ਼ ਲਾਂਬਾ ਵਿਸ਼ੇਸ਼ ਤੌਰ ਤੇ ਇਸ ਸ਼ਰਧਾਂਜਲੀ ਸਮਾਗਮ ਮੌਕੇ ਹਾਜ਼ਰ ਹੋ ਕੇ ਆਪਣੇ ਸਾਥੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਮੀਟਿੰਗ ਵਿੱਚ ਸੰਜੀਵ ਕੌਂਡਲ, ਤਰਸੇਮ ਮਾਧੋਪੁਰੀ, ਅਮਰੀਕ ਸਿੰਘ ਸੇਖੋਂ, ਕਰਨੈਲ ਫਿਲੌਰ, ਜਗੀਰ ਸਿੰਘ ਸਹੋਤਾ, ਬਲਜੀਤ ਸਿੰਘ ਕੁਲਾਰ, ਸੁਖਵਿੰਦਰ ਸਿੰਘ ਮੱਕੜ, ਓਮ ਪ੍ਰਕਾਸ਼, ਵੇਦ ਰਾਜ ਗੜ੍ਹਾ, ਹਰੀ ਰਾਮ, ਕੁਲਦੀਪ ਵਾਲੀਆ, ਸੁਖਵਿੰਦਰ ਰਾਮ, ਰਜਿੰਦਰ ਮਹਿਤਪੁਰ, ਰਜਿੰਦਰ ਸਿੰਘ ਭੋਗਪੁਰ, ਕਰਮਜੀਤ ਸੋਨੂ, ਕੁਲਵੰਤ ਰਾਮ, ਮਨੋਹਰ ਲਾਲ, ਸੰਦੀਪ ਰਾਜੋਵਾਲ, ਪ੍ਰੇਮ ਖਲਵਾੜਾ, ਅਮਰਜੀਤ ਭਗਤ, ਸਰਬਜੀਤ ਸਿੰਘ,ਤਾਰਾ ਸਿੰਘ ਬੀਕਾ, ਬਲਵੀਰ ਸਿੰਘ ਗੁਰਾਇਆ,ਰਤਨ ਸਿੰਘ, ਕੁਲਦੀਪ ਸਿੰਘ ਕੌੜਾ ਆਦਿ ਸਾਥੀ ਸ਼ਾਮਲ ਹੋਏ।



# ਅੰਤਰਰਾਸ਼ਟਰੀ ਯੁਵਾ ਦਿਵਸ ਮਨਾਇਆ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ, ਹੁਸ਼ਿਆਰਪੁਰ ਵਿਖੇ ਅੰਤਰ ਰਾਸ਼ਟਰੀ ਯੁਵਾ ਦਿਵਸ ਰੈੱਡ ਰਿਬਨ ਕਲੱਬ ਦੇ ਪ੍ਰੋਗਰਾਮ ਅਫ਼ਸਰ ਗੁਰਪ੍ਰੀਤ ਸਿੰਘ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਦੌਰਾਨ ਰੈੱਡ ਰਿਬਨ ਕਲੱਬ ਤੇ ਐੱਨ ਐੱਸ ਐੱਸ ਦੇ ਨੌਜਵਾਨ ਵਿਦਿਆਰਥੀਆਂ ਨੂੰ ਸੈਮੀਨਾਰ ਰਾਹੀਂ ਦੇਸ਼ ਦੀ ਤਰੱਕੀ ਅਤੇ ਆਪਣੀ ਸਖ਼ਸ਼ੀਅਤ ਦੇ ਵਿਕਾਸ ਲਈ ਪ੍ਰੇਰਿਤ ਕੀਤਾ। ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਿਸੇ ਵੀ ਦੇਸ਼ ਅਤੇ ਸਮਾਜ ਦੀ ਅਸਲ ਤਾਕਤ ਉਸ ਦੇ ਨੌਜਵਾਨ ਹੁੰਦੇ ਹਨ ਜੋ ਦੇਸ਼ ਨੂੰ ਆਰਥਿਕ, ਸਮਾਜਿਕ ਅਤੇ ਟੈਕਨੋਲੋਜੀ ਦੇ ਖੇਤਰ ਵਿੱਚ ਅੱਗੇ ਲੈ ਕੇ ਜਾ ਸਕਦੇ ਹਨ। ਜਸਵੰਤ ਕੌਰ ਅਫ਼ਸਰ ਇੰਚਾਰਜ ਫਾਰਮੇਸੀ ਵਿਭਾਗ ਨੇ ਵਿਦਿਆਰਥੀਆਂ ਨੂੰ ਆਪਣੇ ਨਿਜੀ ਵਿਕਾਸ ਕਰਨ ਤੇ ਜ਼ੋਰ ਦਿੱਤਾ। ਇਸ ਦੌਰਾਨ ਸੁਮੀਤ ਵਰਮਾ, ਰੁਪੇਸ਼ ਸ਼ਰਮਾ ਲੈਕਚਰਾਰ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

# ਖੂਨਦਾਨ ਕੈਂਪ ਲਗਾਇਆ

ਗੁਰਾਇਆ (ਬਿੰਦਰ ਸੁਮਨ): ਯੂਥ ਕਾਂਗਰਸ ਦੇ 66ਵੇਂ ਸਥਾਪਨਾ ਦਿਵਸ ਨੂੰ ਲੈ ਕੇ ਯੂਥ ਕਾਂਗਰਸ ਜਲੰਧਰ ਦਿਹਾਤੀ ਅਤੇ ਹਲਕਾ ਫਿਲੌਰ ਵਲੋਂ ਬਲੱਡ ਲਿੰਕ ਫਾਊਂਡੇਸ਼ਨ ਰਜਿਸਟਰਡ ਅਤੇ ਬਲੱਡ ਸੇਵਾ ਫੈਮਲੀ ਰਜਿਸਟਰਡ ਦੇ ਵਿਸ਼ੇਸ਼ ਸਹਿਯੋਗ ਨਾਲ ਵਿਸ਼ਾਲ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਜਿਸ ਵਿੱਚ ਵੱਡੀ ਗਿਣਤੀ 'ਚ ਨੌਜਵਾਨਾ ਨੇ ਭਾਗ ਲਿਆ ਜਿਸ ਵਿਚੋਂ 200 ਦੇ ਕਰੀਬ ਖੂਨਦਾਨੀਆ ਨੇ ਆਪਣੀ ਸਵੈ ਇੱਛਾ ਨਾਲ ਖੂਨਦਾਨ ਕੀਤਾ। ਇਸ ਮੌਕੇ ਬੋਲਦਿਆ ਯੂਥ ਕਾਂਗਰਸ ਜ਼ਿਲਾ ਜਲੰਧਰ ਦਿਹਾਤੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਚੱਡਾ (ਸੰਗ ਢੇਸੀਆਂ) ਅਤੇ ਹਲਕਾ ਫਿਲੌਰ ਦੇ ਪ੍ਰਧਾਨ ਸੁਖਜੀਤ ਸਿੰਘ ਦੱਸਿਆ ਕਿ ਯੂਥ ਕਾਂਗਰਸ ਦੇ 66ਵੇਂ ਸਥਾਪਨਾ ਦਿਵਸ ਨੂੰ ਲੈ ਕੇ ਬਲੱਡ ਲਿੰਕ ਫਾਊਂਡੇਸ਼ਨ ਰਜਿਸਟਰਡ ਅਤੇ ਬਲੱਡ ਸੇਵਾ ਫੈਮਲੀ ਰਜਿਸਟਰਡ ਦੇ ਅਹੁਦੇਦਾਰ ਅਨਮੋਲ ਪਾਹਵਾ ਦੇ ਵਿਸ਼ੇਸ਼ ਯਤਨਾ ਸਦਕਾ ਯੂਥ ਕਾਂਗਰਸ ਵਲੋਂ ਕੈਂਪ ਇਹ ਖੂਨਦਾਨ ਲਗਾਇਆ ਗਿਆ ਹੈ। ਉਨ੍ਹਾਂ ਨੇ ਇਸ ਕੈਂਪ ਵਿੱਚ ਸਹਿਯੋਗ ਕਰਨ ਵਾਲੇ ਸਹਿਯੋਗੀਆ, ਯੂਥ ਕਾਂਗਰਸ ਦੇ ਅਹੁਦੇਦਾਰਾਂ ਅਤੇ ਖੂਨਦਾਨੀਆ ਦਾ ਧੰਨਵਾਦ ਕੀਤਾ। ਇਸ ਮੌਕੇ ਐਡਵੋਕੇਟ ਰੁਪਿੰਦਰ ਸੋਹਲ, ਸਮਾਜ ਸੇਵਕ ਅਨਮੋਲ ਪਾਹਵਾ, ਜਨਰਲ ਸਕੱਤਰ ਯੂਥ ਕਾਂਗਰਸ ਜਲੰਧਰ ਦਿਹਾਤੀ, ਹਰਮਨ ਸੰਘਾ, ਨਰੇਸ਼ ਕੁਮਾਰ ਸੂਰਜਾ, ਸਰਪੰਚ ਸਾਬੀ ਕਰਤਾਰਪੁਰ, ਉਦਿਤ ਗਾਂਧੀ, ਸ਼ੁਭਮ ਅਰੋੜਾ ਤੋ ਇਲਾਵਾ ਵੱਡੀ ਗਿਣਤੀ ਵਿੱਚ ਯੂਥ ਕਾਂਗਰਸ ਹਲਕਾ ਫਿਲੌਰ ਦੇ ਅਹੁਦੇਦਾਰਾ ਅਤੇ ਵਰਕਰ ਮੌਜੂਦ ਸਨ।





# ਰਾਸ਼ਟਰੀ ਲਾਇਬ੍ਰੇਰੀਅਨ ਦਿਵਸ' ਮੌਕੇ ਸੈਮੀਨਾਰ ਕਰਵਾਇਆ



ਆਦਮਪੁਰ (ਪਰਮਜੀਤ ਸਿੰਘ)- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਜਲੰਧਰ ਵਿਖੇ ਰਾਸ਼ਟਰੀ ਲਾਇਬ੍ਰੇਰੀਅਨ ਦਿਵਸ' ਦੇ ਮੌਕੇ 'ਤੇ ਲਾਇਬ੍ਰੇਰੀ ਦੇ ਸਾਧਨਾਂ ਅਤੇ ਆਧੁਨਿਕ ਸੂਚਨਾ ਸੇਵਾਵਾਂ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਲਾਇਬ੍ਰੇਰੀ ਦੀ ਵਰਤੋਂ ਕਰਨ ਵਾਲਿਆਂ ਵਿੱਚ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਇੱਕ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਅਕਾਦਮਿਕ ਪੜ੍ਹਾਈ ਅਤੇ ਖੋਜ ਖੇਤਰ ਵਿਚ ਲਾਇਬ੍ਰੇਰੀ ਦੀ ਮਹੱਤਤਾ ਦੇ ਨਾਲ-ਨਾਲ ਲਾਇਬ੍ਰੇਰੀ ਦੇ ਵੱਖ-ਵੱਖ ਔਜ਼ਾਰ, ਡਿਜੀਟਲ ਸਾਧਨਾਂ, ਆਨਲਾਈਨ ਡਾਟਾਬੇਸ ਅਤੇ ਸੂਚਨਾ ਪ੍ਰਾਪਤੀ ਦੀਆਂ ਤਕਨੀਕਾਂ 'ਤੇ ਕੇਂਦਰਿਤ ਸੀ। ਸੈਸ਼ਨ ਦੌਰਾਨ ਇਸ ਗੱਲ 'ਤੇ ਚਾਨਣਾ ਪਾਇਆ ਗਿਆ ਕਿ ਵਿਦਿਆਰਥੀ ਅਤੇ ਖੋਜਕਰਤਾ ਅਕਾਦਮਿਕ ਸਿੱਖਿਆ, ਖੋਜ, ਅਸਾਈਨਮੈਂਟਾਂ ਅਤੇ ਪੇਸ਼ੇਵਰ ਵਿਕਾਸ ਲਈ ਇਹਨਾਂ ਸਾਧਨਾਂ ਦੀ ਵਰਤੋਂ ਕਿਵੇਂ ਪ੍ਰਭਾਵਸ਼ਾਲੀ ਢੰਗ ਨਾਲ ਕਰ ਸਕਦੇ ਹਨ। ਇਸ ਮੌਕੇ ਭਾਰਤ ਵਿੱਚ ਲਾਇਬ੍ਰੇਰੀ ਵਿਗਿਆਨ ਦੇ ਪਿਤਾਮਾ ਡਾ. ਐੱਸ. ਆਰ. ਰੰਗਾਨਾਥਨ ਦੇ ਜਨਮ ਦਿਨ ਅਤੇ ਲਾਇਬ੍ਰੇਰੀ ਵਿਗਿਆਨ ਦੇ ਖੇਤਰ ਵਿੱਚ ਉਨ੍ਹਾਂ ਦੇ ਬਹੁਮੁੱਲੇ ਯੋਗਦਾਨ ਨੂੰ ਵੀ ਯਾਦ ਕੀਤਾ ਗਿਆ। ਲਾਇਬ੍ਰੇਰੀ ਇੰਚਾਰਜ ਡਾ. ਕਿਰਨਜੀਤ ਕੌਰ ਬਾਲੀ ਨੇ ਵੱਖ-ਵੱਖ ਲਾਇਬ੍ਰੇਰੀ ਸੇਵਾਵਾਂ, ਟੂਲਜ਼ ਅਤੇ ਡਾਟਾਬੇਸ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ।

# ਡਰਾਫ਼ਟ ਵੋਟਰ ਸੂਚੀ 'ਚ ਦਰਜ ਨਾਂਅ ਦੀ ਜਾਣਕਾਰੀ ਪ੍ਰਾਪਤ ਕਰਨ ਲਈ ਵਿਸ਼ੇਸ਼ ਕੈਂਪ 16 ਨੂੰ

ਜਲੰਧਰ (ਇਕਬਾਲ ਸਿੰਘ ਉਭੀ)- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ ਆਈ ਆਰ)-2026 ਮੁਹਿੰਮ ਤਹਿਤ ਜ਼ਿਲ੍ਹਾ ਜਲੰਧਰ ਦੇ ਵੋਟਰਾਂ ਪਾਸੋਂ ਇਕੱਤਰ ਕੀਤੇ ਗਏ ਗਣਨਾ ਫਾਰਮਾਂ ਦੇ ਅਧਾਰ 'ਤੇ ਤਿਆਰ ਕੀਤੀਆਂ ਗਈਆਂ ਡਰਾਫ਼ਟ ਵੋਟਰ ਸੂਚੀਆਂ ਵਿੱਚ ਦਰਜ ਨਾਂਅ ਦੀ ਜਾਣਕਾਰੀ ਅਤੇ ਦਾਅਵੇ ਅਤੇ ਇਤਰਾਜ਼ ਦੇਣ ਲਈ 16 ਅਗਸਤ ਦਿਨ ਐਤਵਾਰ ਨੂੰ ਜ਼ਿਲ੍ਹੇ ਦੇ ਸਮੂਹ 1997 ਪੋਲਿੰਗ ਬੂਥਾਂ ਉਪਰ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵਲੋਂ 13 ਅਗਸਤ ਨੂੰ ਵੋਟਰ ਸੂਚੀਆਂ ਦੀ ਡਰਾਫ਼ਟ ਪ੍ਰਕਾਸ਼ਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵੋਟਰ ਪੋਲਿੰਗ ਬੂਥ ਉਪਰ ਜਾ ਕੇ ਆਪਣਾ ਨਾਮ ਡਰਾਫ਼ਟ ਵੋਟਰ ਸੂਚੀ ਵਿੱਚ ਚੈਕ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜੇਕਰ ਵੋਟਰ ਸੂਚੀ ਵਿੱਚ ਵੋਟਰ ਦਾ ਨਾਮ ਦਰਜ ਨਹੀਂ ਹੈ ਤਾਂ ਉਹ ਫਾਰਮ ਨੰਬਰ 6 ਸਮੇਤ ਘੋਸ਼ਣਾ ਪੱਤਰ ਭਰ ਕੇ ਅੰਤਿਮ ਪ੍ਰਕਾਸ਼ਨਾ/ ਫਾਈਨਲ ਰੋਲ ਵਿੱਚ ਆਪਣਾ ਨਾਮ ਦਰਜ ਕਰਵਾ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਸਮੂਹ ਬੂਥ ਲੈਵਲ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਵੋਟਰਾਂ ਦੀ ਸਹੂਲਤ ਲਈ 16 ਅਗਸਤ ਨੂੰ ਸਮੂਹ ਪੋਲਿੰਗ ਬੂਥਾਂ ਉਤੇ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਦੌਰਾਨ ਵੋਟਰਾਂ ਨੂੰ ਡਰਾਫ਼ਟ ਵੋਟਰ ਸੂਚੀਆਂ ਵਿੱਚ ਦਰਜ ਨਾਵਾਂ ਦੀ ਜਾਣਕਾਰੀ ਅਤੇ ਦਾਅਵੇ ਤੇ ਇਤਰਾਜ਼ ਪੇਸ਼ ਕਰਨ ਲਈ ਹਰ ਤਰ੍ਹਾਂ ਦੀ ਸਹਾਇਤਾ ਮੁਹੱਈਆ ਕਰਵਾਈ ਜਾਵੇ।

# ਪੰਜਾਬੀ ਸਾਹਿਤ ਚੇਤਨਾ ਮੰਚ ਬੰਗਾ ਨੇ ਕਰਵਾਇਆ ਰੂ-ਬ-ਰੂ





ਬੰਗਾ (ਅਵਤਾਰ ਕਲੇਰ) ਪੰਜਾਬੀ ਸਾਹਿਤ ਚੇਤਨਾ ਮੰਚ ਬੰਗਾ ਵੱਲੋਂ ਸ਼ਹੀਦ ਭਗਤ ਸਿੰਘ ਕਾਲਜ ਵਿਖੇ ਰੂਬਰੂ ਸਮਾਗਮ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਡਾ. ਸੋਮਾ ਸਬਲੋਕ ਵੱਲੋਂ ਕੀਤੀ ਗਈ। ਇਸ ਸਮਾਗਮ ਵਿੱਚ ਗੁਰਪ੍ਰੀਤ ਸਿੰਘ ਪਸੌਰੀਆ ਨੂੰ ਦਰਸ਼ਕਾਂ ਦੇ ਰੂਬਰੂ ਕਰਵਾਇਆ ਗਿਆ। ਜਿਹੜੇ ਕਿ ਇਤਿਹਾਸਕ, ਪੁਰਾਤੱਤਵ, ਵਿਰਾਸਤੀ ਇਮਾਰਤਾਂ ਬਾਰੇ ਖੋਜ ਯਾਤਰਾਵਾਂ ਕਰਦੇ ਰਹਿੰਦੇ ਹਨ। ਉਨ੍ਹਾਂ ਆਪਣੇ ਖੋਜ ਸਫ਼ਰ ਬਾਰੇ ਦਿਲਚਸਪ ਤਜਰਬੇ ਸਾਂਝੇ ਕੀਤੇ। ਵੱਖ-ਵੱਖ ਸੂਬਿਆਂ ਦੇ ਰਹਿਣ - ਸਹਿਣ, ਸੁਭਾਅ, ਹਾਲਾਤ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ।ਜਦੋਂ ਅਸੀਂ ਆਪਣੇ ਪਿੰਡ, ਸ਼ਹਿਰ ਜਾਂ ਸੂਬੇ ਤੋਂ ਬਾਹਰ ਵਿਚਰਦੇ ਹਾਂ ਤਾਂ ਇੱਕ ਵਿਅਕਤੀ ਨਹੀਂ ਪੂਰੇ ਪਿੰਡ, ਸ਼ਹਿਰ, ਸੂਬੇ ਦੀ ਪਛਾਣ ਦਾ ਚਿਹਰਾ ਮੋਹਰਾ ਹੁੰਦੇ ਹਾਂ।ਉਨ੍ਹਾਂ ਕਿਹਾ ਕਿ ਮਨਮੋਹਨ ਸਿੰਘ ਬਾਵਾ ਦੇ ਸਫ਼ਰਨਾਮਿਆਂ ਤੋਂ ਪ੍ਰਭਾਵਤ ਹੋ ਕੇ ਇਹ ਖੇਤਰ ਚੁਣਿਆ ਹੈ।ਕਿਸੇ ਵੀ ਇਲਾਕੇ ਵਿੱਚ ਯਾਤਰਾ ਕਰਦੇ ਸਮੇਂ ਸਹੀ ਜਾਣਕਾਰੀ ਲੈਣ ਲਈ ਆਮ ਲੋਕਾਂ ਨੂੰ ਮਿਲਣਾ ਜ਼ਰੂਰੀ ਹੈ। ਇਹ ਵੀ ਦੱਸਿਆ ਕਿ ਹੁਣ ਤੱਕ ਦੇ ਸਫ਼ਰ ਦੌਰਾਨ ਪ੍ਰਾਪਤ ਕੀਤੀਆਂ ਜਾਣਕਾਰੀਆਂ ਅਤੇ ਨਿੱਜੀ ਤਜਰਬੇ ਕਲਮਬੱਧ ਕਰ ਰਿਹਾ ਹਾਂ।ਉਨ੍ਹਾਂ ਵਲੋਂ ਸਾਥੀਆਂ ਨਾਲ ਮਿਲ ਕੇ 'ਘੁਮੱਕੜਨਾਮਾ' ਰਸਾਲੇ ਦੀ ਸ਼ੁਰੂਆਤ ਵੀ ਕੀਤੀ ਗਈ ਹੈ।ਉਨ੍ਹਾਂ ਦੇ ਸੈਰ ਸਫ਼ਰ ਸੰਬੰਧੀ ਚਰਚਾ ਵਿੱਚ ਪ੍ਰਿੰਸੀਪਲ ਹਰਭਜਨ ਸਿੰਘ ਕਰਨਾਣਾ (ਭਾਰਤ ਵਿਭੂਸ਼ਣ), ਗੁਰਦੀਪ ਸੈਣੀ, ਪ੍ਰੋ. ਹਰਜਿੰਦਰ ਗਾਖਲ, ਗੁਰਨਾਮ ਬਾਵਾ ਨਾਵਲਕਾਰ, ਪ੍ਰੋ. ਸਾਹਿਬਾਂ ਜੀਟਨ ਕੌਰ, ਲੈਕਚਰਾਰ ਸ਼ਾਮ ਸੁੰਦਰ ਆਦਿ ਨੇ ਹਿੱਸਾ ਲਿਆ। ਗੁਰਪ੍ਰੀਤ ਪਿਸੌਰੀਆ ਵਲੋਂ ਸਵਾਲਾਂ ਦੇ ਜਵਾਬ ਵੇਰਵੇ ਸਹਿਤ ਦਿੱਤੇ ਗਏ।ਕਲਵਿੰਦਰ ਕੁੱਲਾ, ਸੁਖਦੇਵ ਗੰਢਵਾਂ, ਦੀਪ ਜਗਤਪੁਰੀ, ਮਾਸਟਰ ਸੁੱਚਾ ਰਾਮ, ਅਮਰਜੀਤ ਅਮਰੀ (ਪਾਲ ਕਦੀਮ), ਗੁਰਦੀਪ ਸਿੰਘ ਮੁਕੱਦਮ, ਵਿਨੇ ਸ਼ਰਮਾ, ਗਗਨ ਜੋਸ਼ੀ, ਆਨੰਦ ਬਾਲਿਆਂਵਾਲੀ, ਸੁਖਜਿੰਦਰ ਖੋਖਰ, ਗੁਰਮੀਤ ਸੇਖੂਵਾਲ, ਗਗਨ ਆਦਿ ਨੇ ਸ਼ਮੂਲੀਅਤ ਕੀਤੀ।ਡਾ. ਸੋਮਾ ਸਬਲੋਕ ਨੇ ਧੰਨਵਾਦੀ ਸ਼ਬਦ ਬੋਲਦਿਆਂ ਕਿਹਾ ਅਜੇ ਮੰਚ ਦੀ ਸ਼ੁਰੂਆਤ ਹੀ ਹੈ।

# ਗਰਭਵਤੀ ਔਰਤਾਂ ਦੀ ਕੀਤੀ ਜਾਂਚ

ਫਗਵਾੜਾ (ਡਾ. ਰਮਨ)- ਸਬ ਡਵੀਜ਼ਨ ਫਗਵਾੜਾ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ (ਪੀ ਐਮ ਐਸ ਐਮ ਏ) ਦਿਵਸ ਮਨਾਇਆ ਗਿਆ ਜਿਸ ਤਹਿਤ ਇਸਤਰੀ ਰੋਗਾਂ ਦੇ ਮਾਹਰ ਡਾਕਟਰਾਂ ਵੱਲੋਂ ਗਰਭਵਤੀ ਔਰਤਾਂ ਦੀ ਮੁਫ਼ਤ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਸੁਰੱਖਿਅਤ ਜਣੇਪੇ ਸਬੰਧੀ ਜਾਣਕਾਰੀ ਦਿਤੀ ਗਈ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਦੂਜੀ ਅਤੇ ਤੀਜੀ ਤਿਮਾਹੀ ਵਾਲੀਆਂ ਗਰਭਵਤੀ ਔਰਤਾਂ ਦੀ ਜਾਂਚ ਕਰਨਾ ਅਤੇ ਹਾਈਰਿਸਕ ਗਰਭਵਤੀ ਔਰਤਾਂ ਦੀ ਪਛਾਣ ਕਰ ਕੇ ਉਨ੍ਹਾਂ ਨੂੰ ਸਹੀ ਇਲਾਜ ਪ੍ਰਦਾਨ ਕਰਨਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਫਗਵਾੜਾ ਡਾ ਸਿਮਰਦੀਪ ਕੌਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਹਰ ਮਹੀਨੇ ਦੀ 9 ਤਰੀਕ ਤੇ 23 ਤਰੀਕ ਨੂੰ ਗਰਭਵਤੀ ਔਰਤਾਂ ਖ਼ਾਸਕਰ ਉੱਚ ਜੋਖਮ ਵਾਲੀਆਂ ਗਰਭਵਤੀ ਔਰਤਾਂ ਦੀ ਮੁਫ਼ਤ ਜਾਂਚ ਕੀਤੀ ਜਾਂਦੀ ਹੈ।



# ਬੀ.ਐੱਡ. ਸੈਮੀ. 99 ਦਾ ਨਤੀਜਾ ਰਿਹਾ ਸ਼ਾਨਦਾਰ



ਜਲੰਧਰ (ਸ਼ੈਲੀ ਐਲਬਰਟ)- ਇੰਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀ-ਅਧਿਆਪਕਾਂ ਨੇ ਜੀਐਨਡੀਯੂ ਬੀ.ਐਡ. ਸੈਮੀ. 99 ਪ੍ਰੀਖਿਆ (ਮਈ 2026) ਵਿੱਚ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਨਾਲ ਕਾਲਜ ਵਿੱਚ ਸਭ ਤੋਂ ਵੱਧ ਪਹਿਲੇ ਦਰਜੇ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅਠੱਤੀ ਪ੍ਰਤੀਸ਼ਤ ਵਿਦਿਆਰਥੀ-ਅਧਿਆਪਕਾਂ ਨੇ ਡਿਸਟਿੰਕਸ਼ਨ ਪ੍ਰਾਪਤ ਕੀਤੇ ਅਤੇ ਬਹਠ ਪ੍ਰਤੀਸ਼ਤ ਵਿਦਿਆਰਥੀ-ਅਧਿਆਪਕਾਂ ਨੇ 7.00 ਤੋਂ ਵੱਧ ਸਮੈਸਟਰ ਗ੍ਰੇਡ ਪੁਆਇੰਟ ਔਸਤ (ਐੱਸ ਜੀ ਪੀ ਏ) ਪ੍ਰਾਪਤ ਕੀਤਾ ਹੈ।ਇਸਮੀਨ ਨੇ 8.20 ਐੱਸ ਜੀ ਪੀ ਏ ਨਾਲ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਗੁਰਸਿਮਰਨ ਕੌਰ ਨੇ 8.10 ਐੱਸ ਜੀ ਪੀ ਏ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ, ਜਗਜੀਤ ਕੌਰ, ਸਮਿਕਸ਼ਾ ਅਤੇ ਸੁਮਨ ਨੇ 7.80 ਐੱਸ ਜੀ ਪੀ ਏ ਨਾਲ ਕਾਲਜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਇਸਮੀਨ ਨੇ ਸਭ ਤੋਂ ਪਹਿਲਾਂ ਪਰਮਾਤਮਾ ਦਾ ਧੰਨਵਾਦ ਕੀਤਾ ਅਤੇ ਕਾਲਜ ਪ੍ਰਿੰਸੀਪਲ ਅਤੇ ਉਸਦੇ ਸਲਾਹਕਾਰਾਂ ਦੁਆਰਾ ਪ੍ਰਦਾਨ ਕੀਤੇ ਗਏ ਮਾਰਗਦਰਸ਼ਨ ਦਾ ਖੁਸ਼ੀ ਨਾਲ ਸਵਾਗਤ ਕੀਤਾ। ਗੁਰਸਿਮਰਨ ਕੌਰ ਨੇ ਕਿਹਾ, ਮੈਂ ਆਪਣੇ ਅਧਿਆਪਕਾਂ ਦੀ ਉਨ੍ਹਾਂ ਦੇ ਨਿਰੰਤਰ ਮਾਰਗਦਰਸ਼ਨ, ਉਤਸ਼ਾਹ ਅਤੇ ਸਮਰਥਨ ਲਈ ਤਹਿ ਦਿਲੋਂ ਧੰਨਵਾਦੀ ਹਾਂ। ਦੂਜਾ ਸਥਾਨ ਪ੍ਰਾਪਤ ਕਰਨਾ ਮੇਰੇ ਲਈ ਮਾਣ ਵਾਲਾ ਪਲ ਹੈ, ਅਤੇ ਮੈਂ ਇਸ ਪ੍ਰਾਪਤੀ ਨੂੰ ਆਪਣੇ ਮਾਪਿਆਂ ਅਤੇ ਆਪਣੇ ਸਤਿਕਾਰਯੋਗ ਅਧਿਆਪਕਾਂ ਨੂੰ ਸਮਰਪਿਤ ਕਰਦੀ ਹਾਂ। ਮੈਂ ਇਮਾਨਦਾਰੀ ਨਾਲ ਸਖ਼ਤ ਮਿਹਨਤ ਕਰਦੀ ਰਹਾਂਗੀ ਅਤੇ ਭਵਿੱਖ ਵਿੱਚ ਹੋਰ ਵੀ ਵੱਡੀ ਸਫਲਤਾ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰਾਂਗੀ। ਕਾਰਜਕਾਰੀ ਨਿਰਦੇਸ਼ਕ (ਕਾਲਜਾਂ) ਅਰਾਧਨਾ ਬੌਰੀ ਨੇ ਵਿਦਿਆਰਥੀ-ਅਧਿਆਪਕਾਂ ਦੁਆਰਾ ਪ੍ਰਾਪਤ ਨਤੀਜੇ ਦੀ ਸ਼ਲਾਘਾ ਕੀਤੀ।

# ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ



ਮੋਰਿੰਡਾ (ਨਿਹਾਲ ਸਿੰਘ ਕਲਸੀ) ਭਾਰਤੀ ਕਿਸਾਨ ਲੱਖੋਵਾਲ ਜ਼ਿਲ੍ਹਾ ਰੂਪ ਨਗਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ ਦੀ ਪ੍ਰਧਾਨਗੀ ਹੇਠ ਦਾਣਾ ਮੰਡੀ ਮੋਰਿੰਡਾ ਵਿੱਚ ਹੋਈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਰਣਧੀਰ ਸਿੰਘ ਮਾਜਰੀ, ਕਿਸਾਨ ਆਗੂ ਜਸਵਿੰਦਰ ਸਿੰਘ ਕਾਈਨੌਰ ਅਤੇ ਪ੍ਰੈਸ ਸਕੱਤਰ ਸੁਖਜੰਤ ਸਿੰਘ ਕੋਟਲੀ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਕਮੇਟੀ ਮੈਂਬਰ ਚਰਨ ਸਿੰਘ ਮੁੰਡੀਆਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਲਜੀਤ ਸਿੰਘ ਚਲਾਕੀ ਨੇ ਕਿਹਾ ਕਿ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਹੋਂਦ ਵਿੱਚ ਲਿਆਂਦੀ ਗਈ ਹੈ ਉਸ ਦਾ ਜਥੇਬੰਦੀ ਵੱਲੋਂ ਸਖਤ ਵਿਰੋਧ ਕੀਤਾ ਜਾਂਦਾ ਹੈ ਅਤੇ ਕਿਸੇ ਵੀ ਕੀਮਤ ਤੇ ਇਸ ਨੂੰ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਉਕਤ ਨੀਤੀਆਂ ਅਤੇ ਹੋਰ ਕਿਸਾਨੀ ਮੰਗਾਂ ਜਿਵੇਂ ਗਰੀਬ ਦਲਿਤਾਂ ਅਤੇ ਕਿਸਾਨਾਂ ਦੇ ਕਰਜੇ ਮਾਫ ਕਰਨ ਸਬੰਧੀ ਜੋ ਸੰਯੁਕਤ ਕਿਸਾਨ ਮੋਰਚੇ ਵੱਲੋਂ ਇਕ ਸਤੰਬਰ ਤੋਂ ਲੈ ਕੇ ਸੱਤ ਸਤੰਬਰ ਤੱਕ ਚੰਡੀਗੜ੍ਹ ਟਰਾਲੀਆਂ ਸਮੇਤ ਧਰਨਾ ਦੇਣ ਦਾ ਜੋ ਪ੍ਰੋਗਰਾਮ ਦਿੱਤਾ ਗਿਆ ਹੈ ਉਸ ਵਿੱਚ ਰੋਪੜ ਜਿਲੇ ਵਿੱਚੋਂ 50 ਤੋਂ ਲੈ ਕੇ 55 ਟਰਾਲੀਆਂ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ ਹਨ ਕਿਉਂਕਿ ਇਹ ਮੰਗਾਂ ਕੇਂਦਰ ਸਰਕਾਰ ਨਾਲ ਸੰਬੰਧਿਤ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਮਾਜਰੀ, ਕਰਨੈਲ ਸਿੰਘ, ਰਜਿੰਦਰ ਸਿੰਘ ਰਸੀਦਪੁਰ, ਸਾਬਕਾ ਸਰਪੰਚ ਭੁਪਿੰਦਰ ਸਿੰਘ ਮੁੰਡੀਆਂ, ਬਲਾਕ ਪ੍ਰਧਾਨ ਮੋਰਿੰਡਾ ਕਰਨੈਲ ਸਿੰਘ ਡੂਮਛੇੜੀ, ਹਰਪ੍ਰੀਤ ਸਿੰਘ, ਹਰਿੰਦਰ ਸਿੰਘ ਕਾਕਾ ਜਟਾਣਾ, ਰਣਵੀਰ ਸਿੰਘ ਮੁੰਡੀਆ, ਗੁਰਦੀਪ ਸਿੰਘ ਰਸੂਲਪੁਰ, ਕੇਵਲ ਸਿੰਘ, ਸ਼ਾਦੀ ਸਿੰਘ, ਨਿਰਮਲ ਸਿੰਘ ਥਿੰਦ ਆਦਿ ਹਾਜ਼ਰ ਸਨ।

# ਸਰਬਦਿਆਲ ਸਿੰਘ ਬਣੇ ਤਖਤ ਕੇਸਗੜ੍ਹ ਸਾਹਿਬ ਦੇ ਨਵੇਂ ਮੈਨੇਜਰ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਬਦਿਆਲ ਸਿੰਘ ਨੂੰ ਮੈਨੇਜਰ ਮਲਕੀਤ ਸਿੰਘ ਦੀ ਜਗ੍ਹਾ ਤਖਤ ☬ੀ ਕੇਸਗੜ੍ਹ ਸਾਹਿਬ ਦਾ ਨਵਾਂ ਮੈਨੇਜਰ ਨਿਯੁਕਤ ਕੀਤਾ ਗਿਆ ਹੈ, ਜਿਨਾਂ ਵਲੋਂ ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਦੀ ਹਾਜ਼ਰੀ ਵਿੱਚ ਆਪਣਾ ਅਹੁਦਾ ਸੰਭਾਲ ਕੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਗਿਆ ਹੈ। ਨਵ ਨਿਯੁਕਤ ਮੈਨੇਜਰ ਸਰਬਦਿਆਲ ਸਿੰਘ ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਧੀਕ ਮੈਨੇਜਰ ਤੋਂ ਇਲਾਵਾ ਬੀੜ ਬਾਬਾ ਬੁੱਢਾ ਸਾਹਿਬ, ਗੁਰਦੁਆਰਾ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ, ਸੁਲਤਾਨਪੁਰ ਲੋਧੀ, ਆਲਮਗੀਰ ਸਾਹਿਬ, ਮਾਛੀਵਾੜਾ ਸਾਹਿਬ ਅਤੇ ਸ੍ਰੀ ਚਮਕੌਰ ਸਾਹਿਬ ਆਦਿ ਗੁਰਦੁਆਰਾ ਸਾਹਿਬਾਨਾਂ ਵਿੱਚ ਬਤੌਰ ਮੈਨੇਜਰ ਸੇਵਾਵਾਂ ਨਿਭਾ ਚੁੱਕੇ ਹਨ। ਬਤੌਰ ਮੈਨੇਜਰ ਸਰਬਦਿਆਲ ਸਿੰਘ ਵੱਲੋਂ ਅਹੁਦਾ ਸੰਭਾਲਣ ਮੌਕੇ ਮੈਨੇਜਰ ਮਲਕੀਤ ਸਿੰਘ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਭੁਪਿੰਦਰ ਸਿੰਘ, ਜਸਵੀਰ ਸਿੰਘ ਅਤੇ ਸੁਖਬੀਰ ਸਿੰਘ ਤੋਂ ਇਲਾਵਾ ਸੂਚਨਾ ਅਫਸਰ ਹਰਪ੍ਰੀਤ ਸਿੰਘ, ਗਾਈਡ ਭਾਗਜੋਤ ਸਿੰਘ, ਖਜਾਨਚੀ ਦਵਿੰਦਰ ਸਿੰਘ, ਅਕਾਊਂਟੈਂਟ ਜਗਨੰਦਨ ਸਿੰਘ, ਹਾਰਡਵੇਅਰ ਇੰਜੀਨੀਅਰ ਚੰਦਰਪਾਲ ਸਿੰਘ, ਰਿਕਾਰਡਕੀਪਰ ਜਸਵੀਰ ਸਿੰਘ, ਹਰਜਿੰਦਰ ਸਿੰਘ, ਸਤਪਾਲ ਸਿੰਘ ਸਟੋਰ ਕੀਪਰ, ਇੰਚਾਰਜ ਰਾਗੀਆਂ ਸਰਬਜੀਤ ਸਿੰਘ, ਇੰਚਾਰਜ ਧਰਮ ਪ੍ਰਚਾਰ ਕਮੇਟੀ ਸਰਬਜੀਤ ਸਿੰਘ, ਜਸਵੀਰ ਸਿੰਘ ਫੌਜੀ, ਜਸ਼ਨਜੋਤ ਸਿੰਘ, ਪ੍ਰਦੀਪ ਸਿੰਘ, ਅਮਰੀਕ ਸਿੰਘ, ਮਨਜੀਤ ਸਿੰਘ, ਤਜਿੰਦਰ ਸਿੰਘ, ਜਗਦੀਪ ਸਿੰਘ, ਗੁਰਵਿੰਦਰ ਸਿੰਘ, ਰਾਮ ਸਿੰਘ, ਅਮਨਦੀਪ ਸਿੰਘ, ਦਲਜੀਤ ਸਿੰਘ, ਕਰਤਾਰ ਸਿੰਘ, ਸੁਖਦੀਪ ਸਿੰਘ, ਭੁਪਿੰਦਰ ਸਿੰਘ ਸਮੇਤ ਤਖਤ ਸਾਹਿਬ ਦਾ ਸਮੂਹ ਅਮਲਾ ਹਾਜ਼ਰ ਸੀ।



# ਚਮੜੀ ਦੇ ਰੋਗਾਂ ਦਾ ਮੁਫ਼ਤ ਚੈੱਕਅੱਪ ਕੈਂਪ



ਬੰਗਾ (ਅਵਤਾਰ ਕਲੇਰ) ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਚਮੜੀ ਦੇ ਰੋਗਾਂ ਦੇ ਵਿਭਾਗ ਵਿਚ ਚਮੜੀ ਦੇ ਰੋਗਾਂ ਦਾ ਵਿਸ਼ਾਲ ਮੁਫਤ ਚੈੱਕਅੱਪ ਕੈਂਪ ਲਗਾਇਆ ਗਿਆ ਜਿਸ ਦਾ 217 ਮਰੀਜ਼ਾਂ ਨੇ ਆਪਣੀ ਜਾਂਚ ਮੁਫਤ ਕਰਵਾਕੇ ਅਤੇ ਮੁਫਤ ਦਵਾਈਆਂ ਪ੍ਰਾਪਤ ਕਰਕੇ ਲਾਭ ਪ੍ਰਾਪਤ ਕੀਤਾ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਲੋੜਵੰਦ ਮਰੀਜ਼ਾਂ ਦੀ ਮਦਦ ਕਰਨ ਲਈ ਇਹ ਕੈਂਪ ਲਗਾਇਆ ਗਿਆ ਹੈ ਜਿਸ ਵਿਚ ਹਸਪਤਾਲ ਦੇ ਚਮੜੀ ਰੋਗਾਂ ਦੇ ਮਾਹਿਰ ਡਾ. ਕਰਨ ਛਾਬੜਾ ਐਮ ਡੀ ਵੱਲੋਂ ਕੈਂਪ ਦੌਰਾਨ ਮਰੀਜ਼ਾਂ ਦੀ ਮੁਫਤ ਜਾਂਚ ਕੀਤੀ ਗਈ ਅਤੇ ਉਹਨਾਂ ਨੂੰ ਮੁਫਤ ਦਵਾਈਆਂ ਪ੍ਰਦਾਨ ਕੀਤੀਆਂ। ਇਸ ਮੌਕੇ ਡਾ. ਕਰਨ ਛਾਬੜਾ ਨੇ ਕਿਹਾ ਕਿ ਚਮੜੀ ਦੇ ਰੋਗਾਂ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ, ਕਿਉਂਕਿ ਛੋਟੀ ਜਿਹੀ ਸਮੱਸਿਆ ਵੀ ਸਮੇਂ ਸਿਰ ਇਲਾਜ ਨਾ ਹੋਣ ਕਾਰਨ ਗੰਭੀਰ ਬਿਮਾਰੀ ਦਾ ਰੂਪ ਧਾਰ ਸਕਦੀ ਹੈ। ਇਸ ਮੌਕੇ ਡਾ. ਸ਼ਿਵਾਨੀ ਸ਼ਰਮਾ ਮੈਡੀਕਲ ਅਫਸਰ, ਜੋਤੀ ਰਾਣੀ ਓ ਪੀ ਡੀ ਇੰਚਾਰਜ, ਜਸਵੀਰ ਕੌਰ ਸਟਾਫ, ਹਰਜੀਤ ਕੌਰ ਫਾਰਮਾਸਿਸਟ, ਰੀਨਾ, ਲੰਬੜਦਾਰ ਸਵਰਨ ਸਿੰਘ ਕਾਹਮਾ, ਕਰਨ ਸਰਗੰਲ, ਵਿਸ਼ਾਲ ਚੌਧਰੀ, ਰਾਹੁਲ ਵਰਮਾ, ਅਮਿਤ ਪੁਰੀ, ਵਿਵੇਕ ਅਰੋੜਾ, ਹਸਪਤਾਲ ਦਾ ਨਰਸਿੰਗ, ਮੈਡੀਕਲ ਅਤੇ ਸਹਾਇਕ ਸਟਾਫ ਵੀ ਮੌਜੂਦ ਸੀ।

# ਸਾਲਾਨਾ ਬਰਸੀ ਤੇ ਧਾਰਮਿਕ ਸਮਾਗਮ 19 ਨੂੰ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਸੰਤ ਬਾਬਾ ਹਰਨਾਮ ਸਿੰਘ ਜੀ ਕਿੰਗ ਵਾਲੇ/ਕੰਬਲੀ ਵਾਲੇ ਜੀ ਦੀ 45ਵੀਂ ਸਲਾਨਾ ਬਰਸੀ ਗੁਰਦੁਆਰਾ ਸਾਹਿਬ ਪਿੰਡ ਜੰਡੋਲੀ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਸਮੂੰਹ ਨਗਰ ਨਿਵਾਸੀ, ਇਲਾਕਾ ਨਿਵਾਸੀ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ 19 ਅਗਸਤ ਦਿਨ ਬੁੱਧਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਸੁਖਵਿੰਦਰ ਸਿੰਘ ਸੋਨੀ (ਚੰਡੀਗੜ੍ਹ ਵਾਲੇ), ਬਲਵੀਰ ਸਿੰਘ ਮੈਂਗਰ ਐੱਨ ਆਰ ਆਈ, ਕੈਪਟਨ ਕਮਲਜੀਤ ਸਿੰਘ ਸੋਹੀ, ਸੋਹਣ ਸਿੰਘ ਪਲਾਹਾ, ਨਰਿੰਦਰ ਸਿੰਘ ਹੀਰ, ਗੁਰਜੀਤ ਸਿੰਘ, ਇਕਬਾਲ ਸਿੰਘ, ਅਤੇ ਹਰਪਾਲ ਸਿੰਘ ਹੈਡ ਗ੍ਰੰਥੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਬਾਬਾ ਜੀ ਦੀ ਸਲਾਨਾ ਬਰਸੀ ਦੇ ਸੰਬੰਧ ਵਿੱਚ ਪਿਛਲੇ ਦਿਨਾਂ ਤੋਂ ਸ੍ਰੀ ਸਹਿਜ ਪਾਠ ਦੀਆਂ ਲੜੀਆਂ ਆਰੰਭ ਕੀਤੀਆਂ ਗਈਆਂ ਸਨ ਜਿਨਾਂ ਦੀ 7 ਅਗਸਤ ਨੂੰ ਸਮਾਪਤੀ ਹੋਈ ਹੈ। ਇਸ ਤੋਂ ਬਾਅਦ 9 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੀਆਂ ਲੜੀਆਂ ਦੀ ਸ਼ੁਰੂਆਤ ਕੀਤੀ ਗਈ ਹੈ,ਜਿਨਾਂ ਦੀ ਸਮਾਪਤੀ 17 ਅਗਸਤ ਨੂੰ ਭਾਦੋਂ ਦੀ ਸੰਗਰਾਂਦ ਤੇ ਹੋਵੇਗੀ। ਉਹਨਾਂ ਦੱਸਿਆ ਕਿ 17 ਅਗਸਤ ਨੂੰ ਬਾਬਾ ਜੀ ਦੇ ਸਮੂੰਹ ਸੇਵਕਾਂ ਵੱਲੋਂ ਕੇਵਲ ਤੇ ਕੇਵਲ ਸਰਬ ਸਾਂਝਾ ਸਿਰਫ ਇੱਕ ਹੀ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਜਾਵੇਗਾ, ਜਿਸ ਦੇ ਭੋਗ 19 ਅਗਸਤ ਨੂੰ ਪੈਣਗੇ। ਪਾਠ ਦੇ ਭੋਗ ਤੋਂ ਬਾਅਦ ਦੀਵਾਨ ਹਾਲ ਵਿੱਚ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਸਤਿੰਦਰਵੀਰ ਸਿੰਘ, ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲੇ ਕਥਾਵਾਚਕ ਅਤੇ ਭਾਈ ਸੁਖਬੀਰ ਸਿੰਘ ਕਵੀਸ਼ਰੀ ਜਥਾ ਨਿਹੰਗ ਸਿੰਘ ਜਥੇਬੰਦੀ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪਰਮਾਤਮਾ ਦੇ ਨਾਮ ਨਾਲ ਜੋੜਨਗੇ। ਗੁਰੂ ਕੇ ਲੰਗਰ ਪਿਛਲੇ ਦਿਨਾਂ ਤੋਂ ਅਤੁਟ ਚੱਲ ਰਹੇ ਹਨ।

## ਕੋਮਲ ਮਹੰਤ ਨੇ ਭੇਟ ਕੀਤਾ ਵਾਟਰ ਕੂਲਰ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਬੈਰਾਗੀ ਵੈਲਫੇਅਰ ਬੋਰਡ ਸਮਾਣਾ ਦੀ ਚੇਅਰਮੈਨ ਅਤੇ ਕੌਂਸਲਰ ਕੋਮਲ ਮਹੰਤ ਵੱਲੋਂ ਸ਼ਹੀਦ ਫਲਾਈਟ ਲੈਫ਼ਟੀਨੈਂਟ ਮੋਹਿਤ ਗਰਗ ਇਨਵਾਇਰਮੈਂਟ ਪਾਰਕ ਵਿਖੇ ਸੈਰ ਕਰਨ ਆਉਂਦੇ ਲੋਕਾਂ ਤੇ ਸਫ਼ਾਈ ਸੇਵਕਾਂ ਦੀ ਮੰਗ 'ਤੇ ਠੰਢੇ ਪਾਣੀ ਵਾਲਾ ਵਾਟਰ ਕੂਲਰ ਭੇਟ ਕੀਤਾ ਗਿਆ।ਕੋਮਲ ਮਹੰਤ, ਅੰਜਲੀ ਮਹੰਤ ਤੇ ਆਲੀਆ ਮਹੰਤ ਨੇ ਇਨਵਾਇਰਮੈਂਟ ਪਾਰਕ ਦੀ ਬਦਲ ਰਹੀ ਨੁਹਾਰ ਦੀ ਸ਼ਲਾਘਾ ਕੀਤੀ।ਉਨ੍ਹਾਂ ਨੇ ਪਾਰਕ ਦੀ ਹਰਿਆਲੀ, ਸਾਫ਼-ਸੁਥਰੇ ਮਾਹੌਲ ਤੇ ਕੁਦਰਤੀ ਸੁੰਦਰਤਾ ਦਾ ਆਨੰਦ ਮਾਣਿਆ।ਕੋਮਲ ਮਹੰਤ ਨੇ ਕਿਹਾ ਕਿ ਅੱਜ ਦੀ ਭੱਜ-ਦੌੜ ਭਰੀ ਜ਼ਿੰਦਗੀ 'ਚ ਹਰ ਵਿਅਕਤੀ ਨੂੰ ਆਪਣੇ ਪਰਿਵਾਰ ਸਮੇਤ ਕੁਝ ਸਮਾਂ ਕੁਦਰਤ ਦੇ ਨੇੜੇ ਬਿਤਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਨਵਾਇਰਮੈਂਟ ਪਾਰਕ ਵਰਗੇ ਸਥਾਨ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ, ਸਗੋਂ ਮਾਨਸਿਕ ਸ਼ਾਂਤੀ ਅਤੇ ਤਣਾਅ ਮੁਕਤ ਜੀਵਨ ਲਈ ਵੀ ਬੇਹੱਦ ਮਹੱਤਵਪੂਰਨ ਹਨ।ਪਾਰਕ ਵਿੱਚ ਸੈਰ ਕਰਨ ਵਾਲੇ ਲੋਕਾਂ ਨੇ ਵਾਟਰ ਕੂਲਰ ਭੇਟ ਕਰਨ ਲਈ ਕੋਮਲ ਮਹੰਤ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

## ਸੰਤ ਅਤਰ ਸਿੰਘ ਅਕਾਲ ਅਕੈਡਮੀ ਦੀ ਦਿਲਪ੍ਰੀਤ ਕੌਰ ਨੇ ਮਾਰੀ ਬਾਜ਼ੀ



**ਸੰਗਰੂਰ (ਪ੍ਰਵੀਨ ਸਿੰਘ)**-ਸੰਤ ਅਤਰ ਸਿੰਘ ਅਕਾਲ ਅਕੈਡਮੀ, ਮਸਤੂਆਣਾ ਸਾਹਿਬ ਦੀ ਵਿਦਿਆਰਥਣ ਦਿਲਪ੍ਰੀਤ ਕੌਰ ਨੇ ਰਾਜ ਪੱਧਰੀ ਰਗਬੀ ਚੈਂਪੀਅਨਸ਼ਿਪ 'ਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਆਪਣੀ ਅਕੈਡਮੀ ਤੇ ਪਿੰਡ ਦਾ ਨਾਂਅ ਪੂਰੇ ਸੂਬੇ ਵਿੱਚ ਰੌਸ਼ਨ ਕੀਤਾ ਹੈ।ਇਸ ਖੇਡ ਪ੍ਰਾਪਤੀ ਨਾਲ ਅਕੈਡਮੀ ਪਰਵਾਰ ਤੇ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ।ਇਸ ਪ੍ਰਾਪਤੀ 'ਤੇ ਚੇਅਰਮੈਨ ਪਰਮਿੰਦਰ ਸਿੰਘ ਢੀਂਡਸਾ ਨੇ ਗੁਰਦੁਆਰਾ ਦਾਲਮ ਸਿੱਧਸਰ ਸਾਹਿਬ) ਵਿਖੇ ਜੇਤੂ ਖਿਡਾਰਨ ਦਿਲਪ੍ਰੀਤ ਕੌਰ ਨੂੰ ਮੈਡਲ ਤੇ ਸਿਰੋਪਾਓ ਬਖ਼ਸ਼ਿਸ਼ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਤੇ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਸਾਡੇ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸਾਡੀਆਂ ਧੀਆਂ ਖੇਡ ਮੈਦਾਨਾਂ ਵਿੱਚ ਰਾਜ ਪੱਧਰ 'ਤੇ ਮੱਲਾਂ ਮਾਰ ਰਹੀਆਂ ਹਨ।ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਨੇ ਜੇਤੂ ਖਿਡਾਰਨ, ਉਸ ਦੇ ਕੋਚ ਤੇ ਸਮੂਹ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਕੈਡਮੀ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਉੱਚ-ਪੱਧਰੀ ਸਹੂਲਤਾਂ ਤੇ ਉਤਸ਼ਾਹ ਦੇਣ ਲਈ ਹਮੇਸ਼ਾ ਵਚਨਬੱਧ ਹੈ।

## ਬਾਬਾ ਕੜਾਹਾ ਮੱਲ ਦੀ ਯਾਦ 'ਚ ਧਾਰਮਿਕ ਸਮਾਗਮ ਕਰਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਅਨਿਨ ਸੇਵਕ ਬਾਬਾ ਕੜਾਹਾ ਮੱਲ ਦੀ ਪਵਿੱਤਰ ਯਾਦ ਨੂੰ ਸਮਰਪਤ ਸਾਲਾਨਾ ਧਾਰਮਿਕ ਸਮਾਗਮ ਗੁਰਦੁਆਰਾ ਸਾਹਿਬ ਕਮੇਟੀ, ਮੀਰੀ ਪੀਰੀ ਸੇਵਾ ਲਹਿਰ, ਦੋਵੇਂ ਗ੍ਰਾਮ ਪੰਚਾਇਤਾਂ, ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਤੇ ਸਤਿਕਾਰ ਨਾਲ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀ ਪਾਤਸ਼ਾਹੀ ਵਿਖੇ ਕਰਾਇਆ ਗਿਆ।ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਰਮ ਪ੍ਰਚਾਰਕ ਬੀਬੀ ਗਗਨਦੀਪ ਕੌਰ ਖ਼ਾਲਸਾ, ਭਾਈ ਜਗਸੀਰ ਸਿੰਘ ਖ਼ਾਲਸਾ, ਢਾਡੀ ਬਲਦੇਵ ਸਿੰਘ ਲੌਂਗੋਵਾਲ, ਢਾਡੀ ਪਰਮਜੀਤ ਸਿੰਘ ਪੰਮਾ ਨੇ ਗੁਰਇਤਿਹਾਸ ਸੁਣਾਇਆ। ਵੱਖ-ਵੱਖ ਆਗੂਆਂ ਨੇ ਬਾਬਾ ਕੜਾਹਾ ਮੱਲ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਮਾਲਵੇ ਦੀ ਫੇਰੀ ਦੌਰਾਨ ਮਹਿਲ ਕਲਾਂ ਨੂੰ ਚਰਨ ਛੋਹ ਬਖਸ਼ਣ ਤੇ ਗੁਰੂ ਸਾਹਿਬਾਨ ਦੇ ਚਲੇ ਜਾਣ ਤੋਂ ਬਾਅਦ ਪਤਾ ਲੱਗਿਆ ਤਾਂ ਬਾਬਾ ਕੜਾਹਾ ਮੱਲ ਨੇ ਤੁਰੰਤ ਛੀਨੀਵਾਲ ਦੇ ਰਸਤੇ ਚੋਂ ਬੇਨਤੀ ਕਰਕੇ ਵਾਪਸ ਲਿਆ ਕੇ ਗੁਰੂ ਸਾਹਿਬਾਨ ਦੀ ਸੇਵਾ ਸੰਭਾਲ ਕੀਤੀ ਤੇ ਸਾਰੇ ਨਗਰ ਵੱਲੋਂ ਖਿਮਾ ਜਾਚਨਾ ਕਰਕੇ ਵਰ ਪ੍ਰਾਪਤ ਕੀਤਾ ਸੀ।

## ਬੰਦੀ ਸਿੰਘਾਂ ਦੀ ਰਿਹਾਈ ਲਈ ਰੋਸ ਪ੍ਰਦਰਸ਼ਨ ਦਾ ਐਲਾਨ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਬੰਦੀ ਸਿੰਘਾਂ ਦੀ ਰਿਹਾਈ ਤੇ ਸਿੱਖਾਂ ਨਾਲ ਹੋ ਰਹੀ ਬੇਇਨਸਾਫ਼ੀ ਦੇ ਵਿਰੋਧ ਵਿੱਚ ਸਿੱਖ ਜਥੇਬੰਦੀਆਂ ਤੇ ਇਨਸਾਫ਼ ਪਸੰਦ ਪੰਜਾਬੀਆਂ ਵੱਲੋਂ 15 ਅਗਸਤ ਨੂੰ ਫ਼ਿਰੋਜ਼ਪੁਰ 'ਚ ਪੰਜਾਬ ਦੇ ਮੁੱਖ ਮੰਤਰੀ ਦੀ ਆਮਦ ਮੌਕੇ ਵੱਡਾ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ। ਪੰਥਕ ਆਗੂਆਂ ਨੇ ਕਿਹਾ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਤਖਾਂ ਦੀ ਰਿਹਾਈ ਦਾ ਮਾਮਲਾ ਲੰਮੇ ਸਮੇਂ ਤੋਂ ਲਟਕਾਇਆ ਜਾ ਰਿਹਾ ਹੈ।ਕੌਮੀ ਇਨਸਾਫ਼ ਮੋਰਚਾ ਵੀ ਪਿਛਲੇ ਲਗਭਗ ਚਾਰ ਸਾਲਾਂ ਤੋਂ ਇਸ ਮਾਮਲੇ ਸਮੇਤ ਹੋਰ ਮੰਗਾਂ ਲਈ ਸੰਘਰਸ਼ ਕਰ ਰਿਹਾ ਹੈ।ਆਗੂਆਂ ਅਨੁਸਾਰ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਜ਼ਿੰਮੇਵਾਰੀ ਇੱਕ-ਦੂਜੇ 'ਤੇ ਪਾਈ ਜਾ ਰਹੀ ਹੈ, ਜਿਸ ਕਾਰਨ ਮਾਮਲਾ ਲਗਾਤਾਰ ਲੰਮਾ ਖਿਚ ਰਿਹਾ ਹੈ।ਆਗੂਆਂ ਨੇ ਦੱਸਿਆ ਕਿ ਪੰਜਾਬ-ਹਰਿਆਣਾ ਹਾਈਕੋਰਟ ਵੱਲੋਂ 6 ਜੁਲਾਈ ਨੂੰ ਮਾਮਲੇ 'ਤੇ ਗੰਭੀਰਤਾ ਨਾਲ ਵਿਚਾਰ ਕਰਕੇ ਫ਼ੈਸਲਾ ਲੈਣ ਲਈ ਸਮਾਂ ਦਿੱਤਾ ਗਿਆ ਹੈ।ਉਨ੍ਹਾਂ ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਤਾਰਾ, ਪਰਮਜੀਤ ਸਿੰਘ ਭਿਉਰਾ ਅਤੇ ਹੋਰ ਸਿੱਖਾਂ ਦੀ ਰਿਹਾਈ ਦੀ ਮੰਗ ਨੂੰ ਮੁੜ ਉਭਾਰਦਿਆਂ ਕਿਹਾ ਕਿ ਸਰਕਾਰਾਂ ਨੂੰ ਸੰਵਿਧਾਨਕ ਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਮਾਮਲੇ ਦਾ ਹੱਲ ਕਰਨਾ ਚਾਹੀਦਾ ਹੈ।ਆਗੂਆਂ ਨੇ ਕਿਹਾ ਕਿ 15 ਅਗਸਤ ਨੂੰ ਫ਼ਿਰੋਜ਼ਪੁਰ ਵਿੱਚ ਹੋਣ ਵਾਲਾ ਪ੍ਰਦਰਸ਼ਨ ਬੰਦੀ ਸਿੰਘਾਂ ਦੀ ਰਿਹਾਈ ਤੇ ਇਨਸਾਫ਼ ਦੀ ਮੰਗ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਕੀਤਾ ਜਾਵੇਗਾ।

## ਅਗਰਵਾਲ ਸਭਾ ਅਮਰਗੜ੍ਹ ਵੱਲੋਂ ਮਨਪ੍ਰੀਤ ਬਾਂਸਲ ਸਨਮਾਨਤ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅਗਰਵਾਲ ਸਭਾ ਅਮਰਗੜ੍ਹ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਅਗਰਵਾਲ ਸਭਾ ਸੁਨਾਮ ਦੇ ਚੀਫ ਪੈਟਰਨ ਤੇ ਨਗਰ ਕੌਂਸਲ ਦੇ ਪ੍ਰਧਾਨ ਸ੍ਰੀ ਮਨਪ੍ਰੀਤ ਬਾਂਸਲ ਨੂੰ ਸਪੈਸ਼ਲ ਤੌਰ 'ਤੇ ਬੁਲਾ ਕੇ ਸਨਮਾਨਤ ਕੀਤਾ ਗਿਆ।ਸਭਾ ਦੇ ਬੁਲਾਰਿਆਂ ਨੇ ਮਨਪ੍ਰੀਤ ਬਾਂਸਲ ਨੂੰ ਨਗਰ ਕੌਂਸਲ ਦਾ ਪ੍ਰਧਾਨ ਬਨਣ 'ਤੇ ਵਧਾਈ ਦਿੱਤੀ ਅਤੇ ਆਪਣੇ ਮਿਸ਼ਨ ਵਿੱਚ ਕਾਮਯਾਬ ਹੋਣ ਦੀ ਕਾਮਨਾ ਕੀਤੀ।ਅਗਰਵਾਲ ਸਭਾ ਸੁਨਾਮ ਦੇ ਸਰਪ੍ਰਸਤ ਅਗਰ ਰਤਨ ਕ੍ਰਿਸ਼ਨ ਸੰਦੋਹਾ ਤੇ ਹਰੀਦੇਵ ਗੋਇਲ, ਸਾਬਕ ਪ੍ਰਧਾਨ ਹਕੂਮਤ ਰਾਏ ਜਿੰਦਲ ਤੋਂ ਇਲਾਵਾ ਅਮਰਗੜ੍ਹ ਅਗਰਵਾਲ ਸਭਾ ਦੇ ਆਗੂ ਸ੍ਰੀ ਬਲਵੀਰ ਚੰਦ ਸਿੰਗਲਾ ਸਰਪ੍ਰਸਤ, ਜਗਦੀਸ਼ ਸਿੰਗਲਾ, ਹਰਸ਼ ਸਿੰਗਲਾ ਜ਼ਿਲ੍ਹਾ ਸਕੱਤਰ, ਵਿਜੈ ਸਿੰਗਲਾ, ਡਾ. ਕ੍ਰਿਸ਼ਨ ਕੁਮਾਰ, ਸੁਦਰਸ਼ਨ ਸਿੰਗਲਾ, ਮਨੋਜ ਕੁਮਾਰ, ਮੇਘ ਰਾਜ ਬਾਂਸਲ, ਸਰਜੀਵਨ ਜਿੰਦਲ ਕੈਸ਼ੀਅਰ, ਸੰਜੀਵ ਸਿੰਗਲਾ ਸਾਬਕ ਪ੍ਰਧਾਨ, ਦਵਿੰਦਰ ਮੋਦੀ, ਡਾ. ਮਿੰਕਲ ਗੁਪਤਾ, ਰਾਜਿੰਰ ਪਾਲ ਸਿੰਗਲਾਤ ਤੇ ਜੀਵਨ ਕੁਮਾਰ ਸਮੇਤ ਸਭਾ ਦੇ ਮੈਂਬਰ ਹਾਜ਼ਰ ਸਨ।

## ਬਜ਼ੁਰਗਾਂ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਮੁੱਖ ਮੰਤਰੀ ਨੂੰ ਲਿਖਿਆ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਫੈਡਸਨ ਦੇ ਉਪ ਪ੍ਰਧਾਨ, ਫਾਊਂਡਰ ਮੈਂਬਰ ਅਤੇ ਕੌਂਸਲ ਪ੍ਰਧਾਨ ਸਰਦਾਰੀ ਲਾਲ ਕਾਮਰਾ ਦੀ ਅਗਵਾਈ ਹੇਠ ਜਿਲਾ ਪ੍ਰਬੰਧਕੀ ਕੰਪਲੈਕਸ ਦੇ ਰੈੱਡ ਕਰਾਸ ਡੇ ਕੇਅਰ ਸੈਂਟਰ ਵਿਖੇ ਮੀਟਿੰਗ ਹੋਈ।ਉਨ੍ਹਾਂ ਦਸਿਆ ਕਿ ਪੰਜਾਬ ਫੈਡਸਨ ਵਲੋਂ ਬਜੁਰਗਾਂ ਦੀਆਂ ਮੁੱਖ ਮੰਗਾ ਸਬੰਧੀ ਮੁੱਖ ਮੰਤਰੀ ਨੂੰ ਪੱਤਰ ਲਿਖਿਆ ਗਿਆ ਹੈ ਜਿਸ ਵਿੱਚ ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਸੀਨੀਅਰ ਸਿਟੀਜਨ ਅਪਣੀ ਜਿੰਦਗੀ ਦਾ ਲੰਮਾਂ ਸਮਾਂ ਪਰਿਵਾਰ, ਸਮਾਜਿਕ ਅਤੇ ਦੇਸ਼ ਸੇਵਾ ਵਿੱਚ ਬਿਤਾ ਚੁਕੇ ਹਨ।ਹੁਣ ਉਹਨਾਂ ਨੂੰ ਆਰਥਿਕ, ਸਿਹਤ ਅਤੇ ਸਮਾਜਿਕ ਸੁਰੱਖਿਆ ਦੀ ਵਿਸ਼ੇਸ਼ ਲੋੜ ਹੈ।ਮਹਿੰਗਾਈ ਅਤੇ ਵਧ ਰਹੇ ਮੈਡੀਕਲ ਖਰਚੇ ਕਾਰਨ ਬਜੁਰਗਾਂ ਦਾ ਜੀਵਨ ਬਤੀਤ ਕਰਨਾ ਮੁਸ਼ਕਿਲ ਹੋ ਰਿਹਾ ਹੈ।ਇਸ ਲਈ ਬੁਢਾਪਾ ਪੈਨਸ਼ਨ 5000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ ਅਤੇ ਸਮੇ ਸਮੇ 'ਤੇ ਮਹਿੰਗਾਈ ਅਨੁਸਾਰ ਵਧਾਈ ਜਾਵੇ।ਹੋਰ ਮੰਗਾਂ ਤੋਂ ਇਲਾਵਾ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਜਰੂਰੀ ਦਵਾਈਆਂ ਅਤੇ ਟੈਸਟ ਮੁਹੱਈਆ ਕਰਵਾਉਣਰ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਦਰਬਾਰ ਸਿੰਘ ਗਿੱਲ, ਅਵਤਾਰ ਸਿੰਘ ਸਕੱਤਰ, ਵਿਜੇ ਸ਼ਰਮਾ ਜੁਆਇੰਟ ਸਕੱਤਰ, ਇਕਬਾਲ ਸਿੰਘ ਲੋਹਾਮ ਤੇ ਜੋਗਿੰਦਰ ਸਿੰਘ ਸ਼ਾਮਿਲ ਹੋਏ।

## ਮੁਲਾਜ਼ਮਾਂ ਨੂੰ 'ਐਂਟੀ ਸਟੇਟ' ਕਹਿਣਾ ਮੰਦਭਾਗਾ : ਅਧਿਆਪਕ ਦਲ



**ਧੂਰੀ (ਮਨੋਹਰ ਸਿੰਘ ਸੱਗੂ)** : ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਚੰਡੀਗੜ੍ਹ ਵਿੱਚ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਕੀਤੀ ਮਹਾਂਰੈਲੀ ਦੌਰਾਨ ਸਰਕਾਰ ਖ਼ਿਲਾਫ਼ ਰੋਸ ਪ੍ਰਗਟਾਇਆ ਗਿਆ।ਅਧਿਆਪਕ ਦਲ ਪੰਜਾਬ ਦੇ ਸੂਬਾ ਸਰਪ੍ਰਸਤ ਹਰਦੇਵ ਸਿੰਘ ਜਵੰਧਾ, ਪ੍ਰਧਾਨ ਸਤਨਾਮ ਸਿੰਘ ਰੰਧਾਵਾ ਤੇ ਸਕੱਤਰ ਜਨਰਲ ਰਵਿੰਦਰਜੀਤ ਸਿੰਘ ਪੰਨੂ ਨੇ ਕਿਹਾ ਕਿ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਮੁਲਾਜ਼ਮਾਂ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 'ਐਂਟੀ ਸਟੇਟ' ਕਹਿਣਾ ਬੇਹੱਦ ਮੰਦਭਾਗਾ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰਿਕ ਢੰਗ ਨਾਲ ਆਪਣੇ ਹੱਕਾਂ ਲਈ ਆਵਾਜ਼ ਉਠਾਉਣਾ ਹਰ ਨਾਗਰਿਕ ਦਾ ਅਧਿਕਾਰ ਹੈ।ਆਗੂਆਂ ਨੇ ਕਿਹਾ ਕਿ ਡੀ ਏ ਲਾਗੂ ਕਰਨ, ਭੱਤੇ ਬਹਾਲ ਕਰਨ, ਕੱਚੇ ਕਾਮੇ ਪੱਕੇ ਕਰਨ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਮੇਤ ਕਈ ਮੰਗਾਂ ਲੰਮੇ ਸਮੇਂ ਤੋਂ ਲਟਕ ਰਹੀਆਂ ਹਨ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗਾਂ ਤੁਰੰਤ ਮੰਨਣ ਦੀ ਅਪੀਲ ਕੀਤੀ।

## ਵਣ ਕਾਮੇ ਭੁੱਖਮਰੀ ਦਾ ਜੀਵਨ ਜਿਊਣ ਲਈ ਮਜਬੂਰ : ਐਡਵੋਕੇਟ ਉੱਡਤ



**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਮੰਤਰੀ ਭਗਵੰਤ ਮਾਨ ਇੱਕ ਪਾਸੇ ਤਾਂ ਪੰਜਾਬ ਵਿਧਾਨ ਸਭਾ 'ਚ ਠੇਕੇਦਾਰੀ ਮੁਕਤ ਪ੍ਰਬੰਧ ਦੇ ਨਕਲੀ ਦਾਅਵੇ ਕਰਦਾ ਨਹੀਂ ਥੱਕਦਾ ਤੇ ਕਰੋੜਾਂ ਰੁਪਏ ਲਾ ਕੇ ਇਸ਼ਤਿਹਾਰ, ਹੋਲਡਿੰਗ ਤੇ ਟੀ ਵੀ 'ਤੇ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਮੇਰੀ ਸਰਕਾਰ ਦੇ ਕਾਰਜ਼ਕਾਲ ਦੌਰਾਨ ਮਜ਼ਦੂਰ ਮੌਜਾਂ ਮਾਣ ਰਹੇ ਹਨ, ਦੂਜੇ ਪਾਸੇ ਪੰਜਾਬ ਸਰਕਾਰ ਦੇ ਆਪਣੇ ਵਿਭਾਗ ਵਣ ਵਿਭਾਗ 'ਚ ਕੰਮ ਕਰਦੇ ਹਜ਼ਾਰਾਂ ਮਜ਼ਦੂਰਾਂ ਨੂੰ ਪਿਛਲੇ ਛੇ ਮਹੀਨਿਆ ਤੋਂ ਤਨਖਾਹਾਂ ਹੀ ਨਹੀਂ ਦਿੱਤੀਆਂ ਗਈਆਂ ਜਿਸ ਕਾਰਨ ਵਾਤਾਵਰਨ ਨੂੰ ਸਿਹਤਮੰਦ ਰੱਖਣ ਤੇ ਮਾਨਵਤਾ ਦੀ ਸੇਵਾ ਕਰਨ ਵਾਲੇ ਵਣ ਕਾਮੇ ਤੇ ਉਨ੍ਹਾ ਦੇ ਬੱਚੇ ਭੁੱਖਮਰੀ ਦਾ ਜੀਵਨ ਜਿਊਣ ਲਈ ਮਜਬੂਰ ਹਨ।

ਇਹ ਪ੍ਰਗਟਾਵਾ ਪ੍ਰੈਸ ਬਿਆਨ ਰਾਹੀਂ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ (ਸੀਟੂ) ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਰਦਿਆਂ ਕਿਹਾ ਕਿ ਮਜ਼ਦੂਰ ਵਿਰੋਧੀ ਸਰਕਾਰ ਨੂੰ ਮਿਹਨਤਕਸ਼ ਲੋਕ ਆਗਾਮੀ ਵਿਧਾਨ ਸਭਾ ਚੋਣਾਂ 'ਚ ਸਬਕ ਸਿਖਾਉਣਗੇ।

# ਦੋ ਦਹਾਕਿਆਂ ਬਾਅਦ ਦਿੱਲੀਓਂ ਜਗਰਾਓਂ ਪੁੱਜੀ ਜਾਂਚ ਟੀਮ !

### ■ ਜਥੇਬੰਦੀਆਂ ਨੇ ਕੀਤੀ ਇਨਸਾਫ਼ ਦੀ ਮੰਗ



**ਹਠੂਰ (ਲਵਲੀ ਕੁਮਾਰ)**-ਪੁਲਸ ਅੱਤਿਆਚਾਰਾਂ ਖਿਲਾਫ ਸਾਢੇ ਚਾਰ ਸਾਲਾਂ ਤੋਂ ਸਥਾਨਕ ਥਾਣੇ ਮੂਹਰੇ ਧਰਨੇ 'ਤੇ ਬੈਠੇ ਪੀੜਤਾਂ ਦੀ ਸੁਣਵਾਈ ਲਈ ਦੋ ਦਹਾਕਿਆਂ ਤੋਂ ਬਾਅਦ ਬੁੱਧਵਾਰ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦਿੱਲੀ ਵੱਲੋਂ ਭੇਜੀ ਸਪੈਸ਼ਲ ਇਨਵੈਸਟੀਗੇਸ਼ਨ ਟੀਮ ਜਗਰਾਓਂ ਪਹੁੰਚ ਗਈ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਤਿੰਨ ਮੈਂਬਰੀ ਟੀਮ ਦੀ ਅਗਵਾਈ ਕਮਿਸ਼ਨ ਦਾ ਆਈਪੀਐੱਸ ਅਧਿਕਾਰੀ ਕਰ ਰਿਹਾ ਹੈ, ਜਿਨ੍ਹਾਂ ਵੱਲੋਂ ਅੱਜ ਦੋਵੇਂ ਪੀੜਤ ਪਰਿਵਾਰਾਂ ਦੇ ਮੈਂਬਰਾਂ ਤੇ ਦਰਜਨ ਜਥੇਬੰਦੀਆਂ ਦੇ ਆਗੂਆਂ ਨੇ ਟੀਮ ਨਾਲ ਮੁਲਾਕਾਤ ਕਰਕੇ ਨਿਆਂ ਦੇਣ ਦੀ ਮੰਗ ਕੀਤੀ ਹੈ।ਪੀੜਤਾਂ ਤਰਫੋਂ ਦਰਜਨ ਗਵਾਹਾਂ ਦੇ ਬਿਆਨ ਦਰਜ ਕਰਵਾਏ ਗਏ।ਟੀਮ ਵੱਲੋਂ ਪੀੜਤਾਂ ਨੂੰ ਨਾਲ ਲੈ ਕੇ ਡੀਐੱਸਪੀ ਗੁਰਿੰਦਰ ਬੱਲ ਵੱਲੋਂ ਬਣਾਏ 'ਟਾਰਚਰ' ਘਰ, ਥਾਣੇ ਮੂਹਰੇ ਸਾਢੇ ਚਾਰ ਸਾਲਾਂ ਤੋਂ ਲੱਗੇ ਧਰਨੇ ਤੇ ਪੁਰਾਣੇ ਸਿਟੀ ਥਾਣੇ ਦਾ ਨਿਰੀਖਣ ਕੀਤਾ ਅਤੇ ਪੀੜਤਾਂ ਦੇ ਮੌਕੇ 'ਤੇ ਵੇਰਵੇ ਦਰਜ ਕੀਤੇ ਗਏ।ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਾਧੂ ਸਿੰਘ ਅੱਚਰਵਾਲ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਤੇ ਸਕੱਤਰ ਜਸਦੇਵ ਸਿੰਘ ਲਲਤੋਂ, ਦਿਹਾਤੀ ਮਜ਼ਦੂਰ ਸਭਾ ਦੇ ਸਕੱਤਰ ਨਿਰਮਲ ਸਿੰਘ ਧਾਲੀਵਾਲ, ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਪ੍ਰਧਾਨ ਜਸਪ੍ਰੀਤ ਸਿੰਘ ਢੋਲਣ, ਯੂਨੀਵਰਸਲ ਹਿਊਮਨ ਰਾਇਟਸ ਆਰਗੇਨਾਈਜ਼ਿੰਗ ਦੇ ਪ੍ਰਧਾਨ ਸਤਨਾਮ ਸਿੰਘ ਲੁਧਿਆਣਾ, ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਭਰਪੂਰ ਸਿੰਘ ਛੱਜਾਵਾਲ ਤੇ ਬਲਦੇਵ ਸਿੰਘ, ਨਿਹੰਗ ਸਿੰਘ ਜਥੇਬੰਦੀ ਦੇ ਜਥੇਦਾਰ ਚੜ੍ਹਤ ਸਿੰਘ ਗਗੜਾ ਨੇ ਵੀ ਬਿਆਨ ਦਰਜ ਕਰਵਾਏ ਤੇ ਪੀੜਤਾਂ ਨੂੰ ਨਿਆਂ ਦੇਣ ਦੀ ਮੰਗ ਕੀਤੀ।ਇਸ ਸਮੇਂ ਮੁਦਈ ਮੁਕੱਦਮਾ ਇਕਬਾਲ ਸਿੰਘ ਰਸੂਲਪੁਰ ਨੇ ਆਪਣੇ ਬਿਆਨਾਂ ਵਿੱਚ ਦੋਵੇਂ ਪਰਿਵਾਰਾਂ 'ਤੇ ਤਸ਼ੱਦਦ ਕਰਨ ਵਾਲੇ ਤੱਤਕਾਲੀ ਕਥਿਤ ਥਾਣਾ ਮੁਖੀ ਗੁਰਿੰਦਰ ਸਿੰਘ ਬੱਲ, ਏਐੱਸਆਈ ਰਾਜਵੀਰ ਸਿੰਘ ਤੇ ਉਸ ਦੇ ਸਾਥੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ।ਦੱਸਣਯੋਗ ਹੈ ਕਿ ਤੱਤਕਾਲੀ ਕਥਿਤ ਥਾਣਾ ਮੁਖੀ ਗੁਰਿੰਦਰ ਸਿੰਘ ਬੱਲ ਤੇ ਏਐੱਸਆਈ ਰਾਜਵੀਰ ਸਿੰਘ ਨੇ ਸਾਡੇ ਦੋਵੇਂ ਪਰਵਾਰਾਂ ਨੂੰ ਜਾਤੀ ਮੰਦਭਾਵਨਾ ਤਹਿਤ ਅਗਵਾ ਕਰਕੇ ਨਜਾਇਜ਼ ਹਿਰਾਸਤ ਵਿੱਚ ਰੱਖ ਕੇ ਤਸੀਹੇ ਦਿੱਤੇ ਸਨ ਤੇ ਭੈਣ ਕੁਲਵੰਤ ਕੌਰ ਨੂੰ ਕਰੰਟ ਲਗਾਇਆ ਸੀ ਤੇ ਭਰਜਾਈ ਮਨਪ੍ਰੀਤ ਕੌਰ ਨੂੰ ਜਿਨਸੀ ਤਸੀਹੇ ਦਿੱਤੇ ਸਨ, ਜਿਸ ਸਬੰਧੀ ਅਨੇਕਾਂ ਸ਼ਿਕਾਇਤਾਂ ਤੇ ਦਸਤਾਵੇਜ਼ੀ ਸਬੂਤਾਂ ਦੇ ਬਾਵਜੂਦ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਨਹੀਂ ਕੀਤੀ ਗਈ ਅਤੇ ਇਨਸਾਫ ਨਹੀਂ ਦਿੱਤਾ ਗਿਆ।ਆਗੂਆਂ ਨੇ ਕਿਹਾ ਕਿ ਪੀੜਤਾਂ ਨੂੰ ਇਨਸਾਫ਼ ਦਿਵਾਉਣ ਤੱਕ ਸੰਘਰਸ਼ ਨਿਰੰਤਰ ਜਾਰੀ ਰਹੇਗਾ।

## ਗੁਰੂ ਨਾਨਕ ਕਾਲਜ 'ਚ ਰਾਜ ਪੱਧਰੀ ਇੰਡਸਟਰੀ-ਅਕੈਡਮੀਆਂ ਮੀਟ ਤੇ ਪਲੇਸਮੈਂਟ ਡਰਾਈਵ



**ਬੁਢਲਾਡਾ (ਅਸ਼ੋਕ ਲਾਕੜਾ)**

ਗੁਰੂ ਨਾਨਕ ਕਾਲਜ ਵਿਖੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਅਗਵਾਈ ਵਿੱਚ ਵਿਦਿਆਰਥੀਆਂ ਦੇ ਸੁਨਹਿਰੇ ਤੇ ਉੱਜਵਲ ਭਵਿੱਖ ਨੂੰ ਸਮਰਪਤ ਇੱਕ ਵਿਸ਼ਾਲ 'ਰਾਜ ਪੱਧਰੀ ਇੰਡਸਟਰੀ-ਅਕੈਡਮੀਆ ਮੀਟ ਕਮ ਮੈਗਾ ਪਲੇਸਮੈਂਟ ਡਰਾਈਵ 2026' ਦਾ ਬਹੁਤ ਹੀ ਸ਼ਾਨਦਾਰ ਤੇ ਸਫ਼ਲ ਆਯੋਜਨ ਕੀਤਾ ਗਿਆ।ਇਸ ਉਪਰਾਲੇ ਨੇ ਮਾਲਵਾ ਖੇਤਰ ਤੇ ਪੂਰੇ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਦਰਵਾਜ਼ੇ ਖੋਲ੍ਹ ਕੇ ਸਿੱਖਿਆ ਜਗਤ ਵਿੱਚ ਇੱਕ ਨਵਾਂ ਮੀਲ ਪੱਥਰ ਸਥਾਪਤ ਕੀਤਾ ਹੈ।ਇਸ ਮੈਗਾ ਈਵੈਂਟ ਦਾ ਮੁੱਖ ਉਦੇਸ਼ ਸਿਰਫ਼ ਕਿਤਾਬੀ ਗਿਆਨ ਦੇਣ ਤੱਕ ਸੀਮਤ ਨਾ ਰਹਿ ਕੇ, ਵਿਦਿਆਰਥੀਆਂ ਨੂੰ ਅਜੋਕੇ ਸਮੇਂ ਦੀਆਂ ਉਦਯੋਗਿਕ ਲੋੜਾਂ ਅਨੁਸਾਰ ਤਿਆਰ ਕਰਨਾ ਤੇ ਉਨ੍ਹਾਂ ਨੂੰ ਪੜ੍ਹਾਈ ਪੂਰੀ ਕਰਨ ਦੇ ਨਾਲ ਹੀ ਨੌਕਰੀਆਂ ਦੇ ਵਧੀਆ ਮੌਕੇ ਪ੍ਰਦਾਨ ਕਰਨਾ ਸੀ।ਪ੍ਰੋਗਰਾਮ ਦੀ ਰਸਮੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਕਿਹਾ ਕਿ ਅੱਜ ਦੀ ਇਹ ਇੰਡਸਟਰੀ-ਅਕੈਡਮੀਆਂ ਮੀਟ ਸਿੱਖਿਆ ਸੰਸਥਾਵਾਂ ਅਤੇ ਉਦਯੋਗਾਂ ਵਿਚਕਾਰਲੇ ਪਾੜੇ ਨੂੰ ਭਰਨ ਦਾ ਕੰਮ ਕਰੇਗੀ।ਉਪ ਮੰਡਲ ਮੈਜਿਸਟਰੇਟ ਸ੍ਰੀ ਗੁਰਮੀਤ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਵਿਦਿਆਰਥੀ ਕਾਲਜਾਂ ਵਿਖੇ ਸਿਰਫ਼ ਡਿਗਰੀਆਂ ਹਾਸਲ ਕਰਨ ਤੱਕ ਹੀ ਨਾ ਸੀਮਿਤ ਰਹਿਣ, ਬਲਕਿ ਪੜ੍ਹਾਈ ਮੁਕੰਮਲ ਕਰਨ ਉਪਰੰਤ ਉਨ੍ਹਾਂ ਨੂੰ ਤੁਰੰਤ ਕੰਪਨੀਆਂ ਵਿੱਚ ਰੁਜ਼ਗਾਰ ਵੀ ਪ੍ਰਾਪਤ ਕਰਨਾ ਚਾਹੀਦਾ ਹੈ ਤਾਂ ਜੁ ਵਿਦਿਆਰਥੀ ਆਪਣੇ ਪੈਰਾਂ 'ਤੇ ਖੜੇ ਹੋ ਕੇ ਆਪਣੇ ਮਾਪਿਆਂ ਤੇ ਸਮਾਜ ਦਾ ਸਹਾਰਾ ਬਣ ਸਕਣ।ਇੰਡਸਟਰੀ-ਅਕੈਡਮੀਆ ਮੀਟ ਮੌਕੇ ਮਿਸ ਅਨੰਨਿਆ ਸ਼ਰਮਾ ਸੀਨੀਅਰ ਸਲਿਊਸ਼ਨ ਇੰਜੀਨੀਅਰ ਤੇ ਪ੍ਰੋਗਰਾਮ ਮੈਨੇਜਰ, ਜਾਪੈਕ ਹੱਬ ਵੱਲੋਂ ਸਿੰਗਾਪੁਰ ਤੋਂ ਆਨਲਾਈਨ ਸੈਸ਼ਨ ਲਾਇਆ ਗਿਆ, ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਅਹਿਮ ਹੁਨਰ 'ਤੇ ਚਾਨਣਾ ਪਾਉਣਾ ਸੀ, ਜੋ ਵਿਦਿਆਰਥੀਆਂ ਨੂੰ ਆਧੁਨਿਕ ਕਾਰਪੋਰੇਟ ਇੰਟਰਵਿਊਆਂ ਵਿੱਚ ਸਫ਼ਲ ਹੋਣ ਲਈ ਵਿਕਸਤ ਕਰਨੇ ਚਾਹੀਦੇ ਹਨ।ਆਪਣੇ ਸੈਸ਼ਨ ਵਿੱਚ ਮਿਸ ਸ਼ਰਮਾ ਨੇ ਵਿਸਥਾਰ ਵਿੱਚ ਦੱਸਿਆ ਕਿ ਮਲਟੀਨੈਸ਼ਨਲ ਕੰਪਨੀਆਂ ਅੱਜ-ਕੱਲ੍ਹ ਨਵੇਂ ਗ੍ਰੈਜੂਏਟਾਂ ਵਿੱਚ ਕੀ ਲੱਭਦੀਆਂ ਹਨ।

## ਅੰਮ੍ਰਿਤਸਰ-ਨਿਊ ਜਲਪਾਈਗੁੜੀ ਕਰਮਭੂਮੀ ਐਕਸਪ੍ਰੈਸ ਟਰੇਨ ਦਾ ਨੰਬਰ ਬਦਲਿਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਉੱਤਰ ਰੇਲਵੇ ਵਲੋਂ ਸੰਚਾਲਨ ਸਬੰਧੀ ਕਾਰਨਾਂ ਕਰਕੇ ਅੰਮ੍ਰਿਤਸਰ-ਨਿਊ ਜਲਪਾਈਗੁੜੀ-ਅੰਮ੍ਰਿਤਸਰ ਕਰਮਭੂਮੀ ਸੁਪਰਫਾਸਟ ਐਕਸਪ੍ਰੈਸ ਦੇ ਟਰੇਨ ਨੰਬਰਾਂ ਵਿਚ ਬਦਲਾਅ ਕਰਨ ਦਾ ਫੈਸਲਾ ਕੀਤਾ ਗਿਆ ਹੈ। ਯਾਤਰੀਆਂ ਦੀ ਸੁਵਿਧਾ ਲਈ ਨਵੇਂ ਨੰਬਰਾਂ ਬਾਰੇ ਜਾਣਕਾਰੀ ਜਾਰੀ ਕਰ ਦਿੱਤੀ ਗਈ ਹੈ। ਅੰਮ੍ਰਿਤਸਰ ਤੋਂ ਨਿਊ ਜਲਪਾਈਗੁੜੀ ਸਪਤਾਹਿਕ ਟਰੇਨ ਨੰਬਰ 12408 ਨੂੰ ਬਦਲ ਕੇ ਹੁਣ 12508 ਕਰ ਦਿੱਤਾ ਗਿਆ ਹੈ। ਇਹ ਨਵਾਂ ਨੰਬਰ ਅੰਮ੍ਰਿਤਸਰ ਤੋਂ 14 ਅਗਸਤ 2026 ਤੋਂ ਲਾਗੂ ਹੋਵੇਗਾ। ਨਿਊ ਜਲਪਾਈਗੁੜੀ ਤੋਂ ਅੰਮ੍ਰਿਤਸਰ ਸਪਤਾਹਿਕ ਟਰੇਨ ਨੰਬਰ 12407 ਨੂੰ ਬਦਲ ਕੇ ਹੁਣ 12507 ਕਰ ਦਿੱਤਾ ਗਿਆ ਹੈ। ਇਹ ਨਵਾਂ ਨੰਬਰ ਨਿਊ ਜਲਪਾਈਗੁੜੀ ਤੋਂ 12 ਅਗਸਤ 2026 ਤੋਂ ਲਾਗੂ ਹੋਵੇਗਾ। ਮੁੱਖ ਜਨ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਏ ਨੇ ਦੱਸਿਆ ਕਿ ਯਾਤਰੀਆਂ ਦੀ ਸਹੂਲਤ ਅਤੇ ਰੇਲ ਸੰਚਾਲਨ ਨੂੰ ਬਿਹਤਰ ਬਣਾਉਣ ਲਈ ਇਹ ਕਦਮ ਚੁੱਕਿਆ ਗਿਆ ਹੈ। ਰੇਲਵੇ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਯਾਤਰਾ ਦੀ ਯੋਜਨਾ ਬਣਾਉਣ ਤੋਂ ਪਹਿਲਾਂ ਇਨ੍ਹਾਂ ਬਦਲੇ ਹੋਏ ਨੰਬਰਾਂ ਦਾ ਖਾਸ ਧਿਆਨ ਰੱਖਣ। ਯਾਤਰਾ ਨਾਲ ਜੁੜੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਅਤੇ ਸਮੇਂ ਦੀ ਸਾਰਣੀ ਲਈ ਯਾਤਰੀ 'ਨੈਸ਼ਨਲ ਟਰੇਨ ਇੰਕੁਆਰੀ ਸਿਸਟਮ' ਦੀ ਵੈੱਬਸਾਈਟ ਜਾਂ ਮੋਬਾਇਲ ਐਪ ਦੀ ਵਰਤੋਂ ਕਰ ਸਕਦੇ ਹਨ। ਇਸ ਤੋਂ ਇਲਾਵਾ ਰੇਲਵੇ ਦੇ ਹੈਲਪਲਾਈਨ ਨੰਬਰ 139 'ਤੇ ਡਾਇਲ ਕਰਕੇ ਵੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

## ਸ਼ਾਂਤੀ ਸਰੂਪ ਦੀ ਮ੍ਰਿਤਕ ਦੇਹ ਮੈਡੀਕਲ ਖੋਜਾਂ ਲਈ ਦਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਕਲਾਲਾ ਤੋਂ ਇੱਕ ਉੱਦਮੀ ਪਰਵਾਰ ਨੇ ਆਪਣੇ ਬਜ਼ੁਰਗਾਂ ਦੀ ਮ੍ਰਿਤਕ ਦੇਹ ਨੂੰ ਮੈਡੀਕਲ ਖੋਜ ਕਾਰਜਾਂ ਲਈ ਦਾਨ ਕਰਨ ਦਾ ਸ਼ਲਾਘਾਯੋਗ ਕਾਰਜ ਕੀਤਾ ਹੈ।ਇਹ ਕਦਮ ਸਮਾਜ ਨੂੰ ਉਸਾਰੂ ਸੇਧ ਦੇਣ ਦਾ ਸਬੱਬ ਵੀ ਬਣੇਗਾ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਾਂਤੀ ਸਰੂਪ (70), ਜੋ ਕੁੱਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ, ਬੀਤੀ ਸ਼ਾਮ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਵਿਛੋੜਾ ਦੇ ਗਏ ਸਨ।ਉਨ੍ਹਾਂ ਦੇ ਪਰਵਾਰ ਨੇ ਦੱਸਿਆ ਕਿ ਉਨ੍ਹਾਂ ਨੇ ਲਿਖਤੀ ਵਾਅਦਾ ਕੀਤਾ ਹੋਇਆ ਸੀ ਕਿ ਉਨ੍ਹਾਂ ਦੀ ਮੌਤ ਤੋਂ ਬਾਅਦ ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਮੈਡੀਕਲ ਖੋਜ ਕਾਰਜਾਂ ਲਈ ਦਾਨ ਕੀਤਾ ਜਾਵੇ।ਇਸ ਲਈ ਉਨ੍ਹਾਂ ਆਪਣੇ ਪਿਤਾ ਦੀ ਅੰਤਿਮ ਇੱਛਾ ਤਹਿਤ ਉਨ੍ਹਾਂ ਦਾ ਮ੍ਰਿਤਕ ਸਰੀਰ ਮੈਡੀਕਲ ਖੋਜਾਂ ਲਈ ਦਾਨ ਕਰਨ ਦਾ ਫੈਸਲਾ ਲਿਆ ਹੈ।ਪਰਵਾਰ ਦੇ ਉਕਤ ਸ਼ਲਾਘਾਯੋਗ ਫੈਸਲੇ ਤੋਂ ਬਾਅਦ ਸ਼ਾਂਤੀ ਸਰੂਪ ਦੀ ਮ੍ਰਿਤਕ ਦੇਹ ਨੂੰ ਫੁੱਲਾਂ ਨਾਲ ਸਜੀ ਵੈਨ ਰਾਹੀਂ ਪਿੰਡ ਦੇ ਸਰਪੰਚ ਰਣਜੀਤ ਸਿੰਘ ਰਾਣਾ ਵੱਲੋਂ ਹਰੀ ਝੰਡੀ ਦਿਖਾ ਕੇ ਮੈਡੀਕਲ ਖੋਜਾਂ ਲਈ ਰਵਾਨਾ ਕੀਤਾ ਗਿਆ।

## ਪ੍ਰਾਇਮਰੀ ਸਕੂਲ ਵਾੜਾ ਵਰਿਆਮ ਸਿੰਘ 'ਚ ਤੀਆਂ ਦਾ ਸਮਾਗਮ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਰਕਾਰੀ ਪ੍ਰਾਇਮਰੀ ਸਕੂਲ ਵਾੜਾ ਵਰਿਆਮ ਸਿੰਘ ਵਿਖੇ ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਤੀਆਂ ਦਾ ਰੰਗਾਰੰਗ ਸਮਾਗਮ ਬੜੇ ਉਤਸ਼ਾਹ ਤੇ ਖ਼ੁਸ਼ੀ ਨਾਲ ਮਨਾਇਆ ਗਿਆ। ਸਮਾਗਮ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਦੇ ਵਿਦਿਆਰਥੀਆਂ ਨੂੰ ਪੰਜਾਬ ਦੇ ਅਮੀਰ ਵਿਰਸੇ, ਲੋਕ-ਰਿਵਾਜਾਂ ਤੇ ਸੱਭਿਆਚਾਰਕ ਪਰੰਪਰਾਵਾਂ ਨਾਲ ਜੋੜਨਾ ਸੀ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਗੋਗੋਆਣੀ ਦੇ ਵਿਦਿਆਰਥੀਆਂ ਨੇ ਵੀ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਸਜ ਕੇ ਸਮਾਗਮ ਵਿੱਚ ਵਧ-ਚੜ੍ਹ ਕੇ ਭਾਗ ਲਿਆ। ਸਕੂਲ ਦਾ ਮਾਹੌਲ ਪੰਜਾਬੀਅਤ ਦੇ ਰੰਗ ਵਿਚ ਰੰਗਿਆ ਨਜ਼ਰ ਆਇਆ। ਵਿਦਿਆਰਥੀਆਂ ਵੱਲੋਂ ਪੰਜਾਬੀ ਲੋਕ-ਗੀਤਾਂ, ਗਿੱਧੇ ਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਪੰਜਾਬੀ ਵਿਰਸੇ ਦੀ ਮਨਮੋਹਕ ਝਲਕ ਪੇਸ਼ ਕੀਤੀ ਗਈ।

ਸਮਾਗਮ ਦੌਰਾਨ ਸਕੂਲ ਵਿਚ ਰਵਾਇਤੀ ਪੰਜਾਬੀ ਸਜਾਵਟ ਕੀਤੀ ਗਈ, ਜਿਸ ਨੇ ਸਮਾਗਮ ਦੀ ਖੂਬਸੂਰਤੀ ਨੂੰ ਹੋਰ ਵਧਾ ਦਿੱਤਾ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਗਤੀਵਿਧੀਆਂ ਵਿੱਚ ਹਿੱਸਾ ਲੈਂਦਿਆਂ ਆਪਣੀ ਕਲਾ ਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਭੁਪਿੰਦਰ ਸਿੰਘ ਮੁੱਖ ਮਹਿਮਾਨ ਵਜੋਂ ਪਹੁੰਚੇ ਤੇ ਸੈਂਟਰ ਹੈੱਡ ਟੀਚਰ ਬਲਰਾਜ ਸਿੰਘ ਵਿਸ਼ੇਸ਼ ਮਹਿਮਾਨ ਰਹੇ। ਸਕੂਲ ਦੀ ਮੁੱਖ ਅਧਿਆਪਕਾ ਰੰਜੂ ਬਾਲਾ ਅਤੇ ਮੁੱਖ ਅਧਿਆਪਕਾ ਅਨੁਰਾਧਾ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਬੱਚਿਆਂ ਨੂੰ ਆਪਣੀਆਂ ਜੜ੍ਹਾਂ ਤੇ ਵਿਰਸੇ ਨਾਲ ਜੋੜਨ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਸੱਭਿਆਚਾਰ ਦੀਆਂ ਅਮੀਰ ਪਰੰਪਰਾਵਾਂ ਨੂੰ ਅਗਲੀ ਪੀੜ੍ਹੀ ਤੱਕ ਪੁਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸਕੂਲ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਉਤਸ਼ਾਹਤ ਕੀਤਾ ਗਿਆ ਤੇ ਤੀਆਂ ਦੇ ਇਸ ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਸਹਿਯੋਗ ਦਿੱਤਾ ਗਿਆ।

## ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇਣ ਲਈ ਤੁਰੰਤ ਨੋਟੀਫਿਕੇਸ਼ਨ ਜਾਰੀ ਕਰੇ ਸਰਕਾਰ : ਬਲਦੇਵ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ: (295) ਜ਼ਿਲ੍ਹਾ ਮੋਗਾ ਦੇ ਬਲਾਕ-1ਦੀ ਮਹੀਨਾਵਾਰ ਮੀਟਿੰਗ ਪਿੰਡ ਸਿੰਘਾ ਵਾਲਾ ਵਿੱਚ ਗੁਰਦਵਾਰਾ ਬਾਬਾ ਮੋਹਰ ਸਿੰਘ ਦੇ ਧਰਮ ਅਸਥਾਨ ਵਿਖੇ ਫਾਊਂਡਰ ਆਗੂ ਡਾ. ਹਰਜੀਤ ਸਿੰਘ ਨੱਥੂਵਾਲਾ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਚੇਅਰਮੈਨ ਬਲਦੇਵ ਸਿੰਘ ਧੂੜਕੋਟ, ਜ਼ਿਲ੍ਹਾ ਕਮੇਟੀ ਮੈਂਬਰ ਡਾ. ਅਵਤਾਰ ਸਿੰਘ, ਗੁਲਸ਼ਨ ਝੰਡੇ ਵਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਭਰਾਤਰੀ ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੋਗਾ-2 ਦੇ ਪ੍ਰਧਾਨ ਇਕਬਾਲ ਸਿੰਘ ਨੇ ਕਿਹਾ ਕਿ ਪਿਛਲੇ ਦਿਨੀ ਪਿੰਡ ਸਿੰਘਾਂਵਾਲਾ ਵਿਖੇ ਸਿਹਤ ਵਿਭਾਗ ਨੇ ਦੋ ਮੈਡੀਕਲ ਪ੍ਰੈਕਟੀਸ਼ਨਰਾਂ ਉੱਪਰ ਜਦੋਂ ਕਾਰਵਾਈ ਦਾ ਕਿਸਾਨ ਜਥੇਬੰਦੀ ਦੇ ਵਰਕਰਾਂ ਨੂੰ ਪਤਾ ਲੱਗਾ ਤਾਂ ਫੌਰਨ ਕਾਰਵਾਈ ਕਰਦਿਆਂ ਜਥੇਬੰਦੀ ਵੱਲੋਂ ਵਿਰੋਧ ਕੀਤਾ ਗਿਆ ਤੇ ਸ਼ਾਮਲ ਅਧਿਕਾਰੀਆਂ ਨੂੰ ਕੋਈ ਨਸ਼ੀਲੇ ਪਦਾਰਥਾਂ, ਕਿਸੇ ਮਰੀਜ਼ ਦਾ ਜਾਨੀ ਨੁਕਸਾਨ ਬਾਰੇ ਸਵਾਲ ਕੀਤੇ ਗਏ ਤਸੱਲੀ ਬਖ਼ਸ਼ ਜਵਾਬ ਨਾ ਦੇਣ ਤੇ ਆਈ ਟੀਮ ਦਾ ਘਿਰਾਓ ਕੀਤਾ।

ਪੰਜਾਬ ਤੇ ਕੇਂਦਰ ਸਰਕਾਰ ਵੱਲੋਂ ਹਰ ਤਰ੍ਹਾਂ ਦੇ ਵੱਡੇ-ਛੋਟੇ ਕਿੱਤਿਆਂ ਨੂੰ ਉਜਾੜਨ ਲਈ ਤੇ ਇਨ੍ਹਾਂ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਹਮਲਾ ਵਿੱਢਿਆ ਹੋਇਆ ਹੈ, ਜਿਸ ਦੇ ਖਿਲਾਫ਼ ਇੱਕਠੇ ਹੋ ਕੇ ਲੜਨ ਦੀ ਜ਼ਰੂਰਤ ਹੈ।ਜੇਕਰ ਪੰਜਾਬ ਸਰਕਾਰ ਨੇ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਤੰਗ ਪ੍ਰੇਸ਼ਾਨ ਕੀਤਾ ਤਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਇਨ੍ਹਾਂ ਦਾ ਨਾਲ ਡਟਵਾਂ ਸਾਥ ਦੇਵੇਗੀ।ਉਨ੍ਹਾਂ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਜਥੇਬੰਦੀ ਦਾ ਅੰਗ ਬਨਣ ਦੀ ਅਪੀਲ ਕੀਤੀ।ਉਨ੍ਹਾਂ ਮੁੱਖ ਮੰਤਰੀ ਪੰਜਾਬ ਤੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਪਾਸੋਂ ਮੰਗ ਕੀਤੀ ਕਿ ਜਲਦੀ ਹੀ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਦੇਣ ਲਈ ਕਾਨੂੰਨੀ ਅੜਚਨਾਂ ਦੂਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਟ੍ਰੇਨਿੰਗ ਦੇਣ ਉਪਰਾਲੇ ਨੂੰ ਅਮਲੀ ਰੂਪ ਵਿਚ ਲਾਗੂ ਕੀਤਾ ਜਾਵੇ ਤਾਂ ਜੁ ਜਿੱਥੇ ਪੰਜਾਬ ਦੇ ਲੱਖਾਂ ਲੋਕਾਂ ਨੂੰ ਮਿਲ ਰਹੀਆਂ ਸਸਤੀਆਂ ਤੇ ਮੁੱਢਲੀਆਂ ਸਿਹਤ ਸੇਵਾਵਾਂ ਬਰਕਰਾਰ ਰਹਿ ਸਕਣ ਤੇ ਹਜ਼ਾਰਾਂ ਲੋਕਾਂ ਦਾ ਰੁਜ਼ਗਾਰ ਵੀ ਚੱਲਦਾ ਰਹਿ ਸਕੇ। ਡਾਕਟਰ ਬਲਵੰਤ ਸਿੰਘ ਹੁਜ਼ਾਲ ਵੱਲੋਂ ਹੱਡੀਆਂ ਜੋੜਾਂ ਸਬੰਧੀ ਆ ਰਹੀਆਂ ਸਮੱਸਿਆ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ।ਇਨਾਂ ਤੋਂ ਬਚਾਅ ਤੇ ਮਜ਼ਬੂਤੀ ਲਈ ਪੌਸ਼ਟਿਕ ਭੋਜਨ ਬਾਰੇ ਜਾਣਕਾਰੀ ਦਿੱਤੀ।

## ਮ੍ਰਿਤਕ ਕਿਸਾਨ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ 17 ਤੋਂ ਲੱਗੇਗਾ ਪੱਕਾ ਮੋਰਚਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮ੍ਰਿਤਕ ਕਿਸਾਨ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਤੇ ਪਰਵਾਰ ਉੱਤੇ ਪਏ ਆਰਥਿਕ ਬੋਝ ਨੂੰ ਖ਼ਤਮ ਕਰਵਾਉਣ ਲਈ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਵੱਲੋਂ 17 ਅਗਸਤ ਤੋਂ ਫੈਡਰਲ ਬੈਂਕ ਨੇੜੇ ਊਧਮ ਸਿੰਘ ਚੌਕ ਦੇ ਅੱਗੇ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ। ਕਿਸਾਨ ਜਥੇਬੰਦੀ ਨੇ ਸਪੱਸ਼ਟ ਕੀਤਾ ਹੈ ਕਿ ਮ੍ਰਿਤਕ ਕਿਸਾਨ ਕਾਬਲ ਸਿੰਘ ਦੇ ਸਿਰ ਚੜ੍ਹਿਆ ਖੇਤੀ ਕਰਜ਼ਾ ਖ਼ਤਮ ਕਰਾਉਣ ਅਤੇ ਕਿਸਾਨ ਵੱਲੋਂ ਕਰਾਏ ਗਏ ਸਿਹਤ ਬੀਮੇ ਦਾ ਬਣਦਾ ਕਲੇਮ ਪਰਵਾਰ ਨੂੰ ਦਿਵਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਕਿਸਾਨ ਪਰਿਵਾਰ ਪਹਿਲਾਂ ਹੀ ਗੰਭੀਰ ਆਰਥਿਕ ਮੁਸ਼ਕਲਾਂ ਵਿਚੋਂ ਲੰਘ ਰਿਹਾ ਹੈ। ਅਜਿਹੇ ਹਾਲਾਤ ਵਿੱਚ ਮ੍ਰਿਤਕ ਕਿਸਾਨ ਦੇ ਸਿਰ ਚੜ੍ਹੇ ਕਰਜ਼ੇ ਦੀ ਜ਼ਿੰਮੇਵਾਰੀ ਪਰਵਾਰ 'ਤੇ ਪਾਉਣਾ ਉਨ੍ਹਾਂ ਲਈ ਹੋਰ ਵੱਡੀ ਮੁਸ਼ਕਲ ਪੈਦਾ ਕਰਦਾ ਹੈ। ਜਥੇਬੰਦੀ ਦਾ ਕਹਿਣਾ ਹੈ ਕਿ ਕਿਸਾਨ ਵੱਲੋਂ ਬੈਂਕ ਤੋਂ ਲਏ ਗਏ ਖੇਤੀ ਕਰਜ਼ੇ ਨਾਲ ਸਬੰਧਤ ਮਾਮਲੇ ਨੂੰ ਹਮਦਰਦੀ ਅਤੇ ਨਿਆਂ ਦੇ ਆਧਾਰ 'ਤੇ ਵਿਚਾਰਦਿਆਂ ਮ੍ਰਿਤਕ ਕਿਸਾਨ ਦਾ ਖੇਤੀ ਕਰਜ਼ਾ ਮੁਆਫ਼/ਖ਼ਤਮ ਕੀਤਾ ਜਾਣਾ ਚਾਹੀਦਾ ਹੈ।

## ਪੈਰਾਡਾਈਜ਼ ਇੰਟਰਨੈਸ਼ਨਲ ਵੱਲੋਂ ਰਾਸ਼ਟਰੀ ਸਹੁੰ ਚੁੱਕ ਸਮਾਗਮ




**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਵਿਖੇ ਰਾਸ਼ਟਰੀ ਸਹੁੰ ਚੁੱਕ ਸਮਾਗਮ ਰਾਜਯੋਗ ਐਜੂਕੇਸ਼ਨ ਐਂਡ ਰਿਸਰਚ ਫਾਊਂਡੇਸ਼ਨ ਦੇ ਮੈਡੀਕਲ ਵਿੰਗ ਵੱਲੋਂ ਬ੍ਰਹਮਾ ਕੁਮਾਰੀਜ਼ ਸੈਂਟਰ ਪਾਤੜਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਬ੍ਰਹਮਕੁਮਾਰੀ ਅਰਜੂ ਨੇ ਨਸ਼ਾ ਮੁਕਤ, ਸਿਹਤਮੰਦ ਤੇ ਵਿਕਸਿਤ ਭਾਰਤ ਦੇ ਰਾਸ਼ਟਰੀ ਮਿਸ਼ਨ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਨਿਯਮਿਤ ਧਿਆਨ ਨੂੰ ਸ਼ਾਮਲ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਅੰਦਰੂਨੀ ਸ਼ਾਂਤੀ, ਸਵੈ-ਨਿਯੰਤਰਣ ਤੇ ਸਕਾਰਾਤਮਕ ਸੋਚ ਦਾ ਵਿਕਾਸ ਕਰ ਸਕਣ।ਉਪਰੰਤ ਬ੍ਰਹਮਕੁਮਾਰੀ ਵਿਨੀਤਾ ਵੱਲੋਂ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਰਹਿਣ ਲਈ ਸਹੁੰ ਚੁਕਾਈ ਗਈ।ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਰਾਜਯੋਗ ਐਜੂਕੇਸ਼ਨ ਐਂਡ ਰਿਸਰਚ ਫਾਊਂਡੇਸ਼ਨ ਦੇ ਮੈਡੀਕਲ ਵਿੰਗ ਤੇ ਬ੍ਰਹਮਕੁਮਾਰੀਜ਼ ਸੈਂਟਰ ਪਾਤੜਾਂ ਵੱਲੋਂ ਕੀਤੇ ਇਸ ਨੇਕ ਤੇ ਸਾਰਥਕ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਦੌਰਾਨ ਸਨਮਾਨ ਤੇ ਧੰਨਵਾਦ ਦੇ ਪ੍ਰਤੀਕ ਵਜੋਂ ਸਕੂਲ ਦੇ ਪ੍ਰਿੰਸੀਪਲ ਵੱਲੋਂ ਸਾਰੇ ਵਿਸ਼ੇਸ਼ ਬੁਲਾਰਿਆਂ ਨੂੰ ਪੌਦੇ ਭੇਟ ਕੀਤੇ ਗਏ।

## ਹਾਈਵੇ ਡਵਾਈਡਰ ਤੋੜ ਕੇ ਬਣਾਇਆ ਗੈਰ-ਕਾਨੂੰਨੀ ਰਸਤਾ, ਸਖ਼ਤ ਕਾਰਵਾਈ ਦੀ ਮੰਗ

**ਬਰੇਟਾ (ਗੀਤਵਾਲ)**-ਕੁਝ ਸ਼ਰਾਰਤੀ ਕਿਸਮ ਦੇ ਲੋਕਾਂ ਵੱਲੋਂ ਬਰੇਟਾ ਬੁਢਲਾਡਾ ਹਾਈਵੇ 'ਤੇ ਬਣੇ ਸੜਕ ਡਵਾਈਡਰ ਨੂੰ ਗੈਰ-ਕਾਨੂੰਨੀ ਢੰਗ ਨਾਲ ਤੋੜ ਕੇ ਆਪ ਮੁਹਾਰੇ ਰਸਤਾ ਬਣਾ ਲਿਆ ਗਿਆ ਹੈ, ਜਿਸ ਨੂੰ ਲੈ ਕੇ ਰਾਹਗੀਰਾਂ 'ਚ ਹਾਦਸੇ ਵਾਪਰਨ ਦਾ ਡਰ ਬਣਿਆ ਹੋਇਆ ਹੈ।ਇਸ ਸਬੰਧੀ ਪ੍ਰਸ਼ਾਸਨ ਤੇ ਟ੍ਰੈਫਿਕ ਵਿਭਾਗ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ।

ਜਾਣਕਾਰੀ ਅਨੁਸਾਰ, ਦਾਤੇਵਾਸ ਪਿੰਡ ਦੇ ਕੋਲ ਬਣੇ ਡਵਾਈਡਰ ਤੇ ਕੁਝ ਲੋਕਾਂ ਨੇ ਆਪਣੀ ਸਹੂਲਤ ਲਈ ਹਾਈਵੇ 'ਤੇ ਬਣੇ ਡਵਾਈਡਰ ਨੂੰ ਜਾਣਬੁੱਝ ਕੇ ਤੋੜ ਦਿੱਤਾ, ਤਾਂ ਜੋ ਉਹ ਆਪਣੇ ਵਹੀਕਲ ਨਾਲ ਸੜਕ ਦੇ ਦੂਜੇ ਪਾਸੇ ਸੌਖਿਆਂ ਹੀ ਆ-ਜਾ ਸਕਣ।ਇਸ ਗੈਰ-ਕਾਨੂੰਨੀ ਰਸਤੇ ਕਾਰਨ ਵਾਹਨ ਗ਼ਲਤ ਦਿਸ਼ਾ ਤੋਂ ਹਾਈਵੇ 'ਤੇ ਚੜ੍ਹਨ-ਉਤਰਨ ਲੱਗ ਪਏ ਹਨ, ਜਿਸ ਨਾਲ ਤੇਜ਼ ਰਫ਼ਤਾਰ ਵਾਹਨਾਂ ਲਈ ਵੱਡਾ ਖ਼ਤਰਾ ਪੈਦਾ ਹੋ ਗਿਆ ਹੈ।ਪਿਛਲੇ ਕੁਝ ਸਮੇਂ ਦੌਰਾਨ ਇਸ ਥਾਂ 'ਤੇ ਕਈ ਹਾਦਸੇ ਵੀ ਵਾਪਰ ਚੁੱਕੇ ਹਨ, ਜਿਨ੍ਹਾਂ ਵਿੱਚ ਕੁਝ ਲੋਕ ਜ਼ਖ਼ਮੀ ਵੀ ਹੋਏ ਹਨ।ਇਲਾਕੇ ਦੇ ਵਸਨੀਕਾਂ ਨੇ ਦੱਸਿਆ ਕਿ ਇਸ ਸਬੰਧੀ ਵਾਰ-ਵਾਰ ਸ਼ਿਕਾਇਤ ਕਰਨ ਦੇ ਬਾਵਜੂਦ ਪ੍ਰਸ਼ਾਸਨ ਵੱਲੋਂ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ।ਉਨ੍ਹਾਂ ਮੰਗ ਕੀਤੀ ਕਿ ਟੁੱਟੇ ਹੋਏ ਡਵਾਈਡਰ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਤੇ ਇਸ ਨੂੰ ਦੁਬਾਰਾ ਤੋੜਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਨਾਲ ਹੀ, ਇਸ ਥਾਂ 'ਤੇ ਲਗਾਤਾਰ ਨਿਗਰਾਨੀ ਲਈ ਪੁਲਸ ਗਸ਼ਤ ਵਧਾਉਣ ਤੇ ਸੀਸੀਟੀਵੀ ਕੈਮਰੇ ਲਗਾਉਣ ਦੀ ਵੀ ਮੰਗ ਕੀਤੀ ਗਈ।ਦੂਜੇ ਪਾਸੇ ਇਸ ਮਾਮਲੇ ਵਿੱਚ ਥਾਣਾ ਮੁਖੀ ਗਣੇਸ਼ਵਰ ਕੁਮਾਰ ਬਰੇਟਾ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਢੁਕਵੀਂ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਤੇ ਹੋਰਾਂ ਦੀ ਸੁਰੱਖਿਆ ਲਈ ਨਿਰਧਾਰਤ ਰਸਤਿਆਂ ਦੀ ਹੀ ਵਰਤੋਂ ਕਰਨ ਤੇ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੋਂ ਬਚਣ।

## ਮਾਤਾ ਚਿੰਤਪੁਰਨੀ ਦਰਬਾਰ ਲਈ ਲੰਗਰ ਦੇ ਦੋ ਟਰੱਕ ਭੇਜੇ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਮਾਂ ਸ਼੍ਰੀ ਚਿੰਤਪੂਰਨੀ ਲੰਗਰ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਲਾਨਾ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸੇ ਤਹਿਤ ਮੁਕਤਸਰ ਸਾਹਿਬ ਵਿਖੇ ਮੰਦਰ ਸ਼੍ਰੀ ਬਾਲਾ ਜੀ ਧਾਮ ਤੋਂ ਮਾਤਾ ਚਿੰਤਪੂਰਨੀ ਦਰਬਾਰ ਵਿਖੇ ਲੰਗਰ ਦੀ ਸੇਵਾ ਲਈ ਦੋ ਟਰੱਕ ਰਵਾਨਾ ਕੀਤੇ ਗਏ। ਜਲਾਲਾਬਾਦ ਦੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਂਵਲਾ ਵਿਸ਼ੇਸ਼ ਤੌਰ 'ਤੇ ਮੰਦਰ ਸ਼੍ਰੀ ਬਾਲਾ ਜੀ ਧਾਮ ਵਿਖੇ ਪਹੁੰਚੇ।ਉਨ੍ਹਾਂ ਵੱਲੋਂ ਲੰਗਰ ਸਮੱਗਰੀ ਨਾਲ ਭਰੇ ਦੋਵੇਂ ਟਰੱਕਾਂ ਨੂੰ ਰਵਾਨਾ ਕੀਤਾ ਗਿਆ ਤੇ ਇਸ ਧਾਰਮਿਕ ਸੇਵਾ ਵਿੱਚ 51,000 ਰੁਪਏ ਦੀ ਨਕਦ ਰਾਸ਼ੀ ਭੇਟ ਕਰਕੇ ਆਪਣਾ ਯੋਗਦਾਨ ਪਾਇਆ ਗਿਆ।ਰਮਿੰਦਰ ਸਿੰਘ ਆਂਵਲਾ ਨੇ ਕਿਹਾ ਕਿ ਧਾਰਮਿਕ ਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਯੋਗਦਾਨ ਪਾਉਣਾ ਸਾਡੇ ਸੱਭਿਆਚਾਰ ਤੇ ਵਿਰਸੇ ਦਾ ਅਹਿਮ ਹਿੱਸਾ ਹੈ।ਲੰਗਰ ਦੀ ਸੇਵਾ ਮਨੁੱਖਤਾ ਦੀ ਸੇਵਾ ਹੈ ਤੇ ਅਜਿਹੇ ਉਪਰਾਲੇ ਆਪਸੀ ਭਾਈਚਾਰੇ ਅਤੇ ਸਦਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਉਨ੍ਹਾਂ ਜੈ ਮਾਂ ਸ਼੍ਰੀ ਚਿੰਤਪੂਰਨੀ ਲੰਗਰ ਕਮੇਟੀ ਦੇ ਸਮੂਹ ਅਹੁਦੇਦਾਰਾਂ ਤੇ ਸੇਵਾਦਾਰਾਂ ਨੂੰ ਇਸ ਨੇਕ ਉਪਰਾਲੇ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਮਾਡਰਨ ਕਾਲਜ ਬੀਰ ਕਲਾਂ ਵਿਖੇ ਕੌਮਾਂਤਰੀ ਯੂਥ ਦਿਵਸ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਗਰੁੱਪ ਆਫ ਕਾਲਜ ਬੀਰ ਕਲਾਂ ਵਿਖੇ ਕੌਮਾਂਤਰੀ ਯੂਥ ਦਿਵਸ ਮੌਕੇ ਇੱਕ ਸਮਾਗਮ ਕਰਵਾਇਆ ਗਿਆ।ਇਹ ਸਮਾਗਮ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਅਤੇ ਪ੍ਰਿੰਸੀਪਲ ਡਾਕਟਰ ਵੀ. ਕੇ. ਰਾਏ ਦੀ ਅਗਵਾਈ ਹੇਠ ਕਰਵਾਇਆ।ਇਸ ਸਮਾਗਮ ਵਿੱਚ ਕਾਲਜ ਦੇ ਰੈੱਡ ਰਿਬਨ ਕਲੱਬ ਅਤੇ ਐਨ ਐਸ ਐਨ ਯੂਨਿਟਾਂ ਦੇ ਵਲੰਟੀਅਰਾਂ ਨੇ ਭਾਗ ਲਿਆ।ਇਸ ਮੌਕੇ ਬੋਲਦਿਆਂ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਹਰ ਇੱਕ ਸਮਾਜ ਦਾ ਅਮੁਲ ਵਿਰਸਾ ਹੁੰਦੀ ਹੈ, ਅਜਿਹੇ ਸਮਾਗਮ ਨੌਜਵਾਨਾਂ ਨੂੰ ਚੰਗੀ ਸੇਧ ਅਤੇ ਉਨ੍ਹਾਂ ਦੀ ਸਿਹਤ ਸਬੰਧੀ ਜਾਣਕਾਰੀ ਪ੍ਰਦਾਨ ਕਰਨ ਵਿੱਚ ਇੱਕ ਬਹੁਤ ਹੀ ਚੰਗਾ ਕਦਮ ਹਨ।ਕਾਲਜ ਦੇ ਪ੍ਰਿੰਸੀਪਲ ਡਾਕਟਰ ਵੀ. ਕੇ ਰਾਏ ਨੇ ਇਸ ਦਿਨ ਦੇ ਇਤਿਹਾਸ ਬਾਰੇ ਦੱਸਦਿਆਂ ਕਿਹਾ ਕਿ ਇੰਟਰਨੈਸ਼ਨਲ ਯੂਥ ਡੇ ਹਰ ਸਾਲ ਪੂਰੇ ਵਿਸ਼ਵ ਵਿੱਚ 12 ਅਗਸਤ ਨੂੰ ਮਨਾਇਆ ਜਾਂਦਾ ਹੈ ਜੋ ਕਿ ਯੁਵਾ ਸ਼ਕਤੀ ਨੂੰ ਪ੍ਰੇਰਿਤ ਕਰਨ ਅਤੇ ਯੁਵਕਾਂ ਨੂੰ ਇੱਕ ਸਹੀ ਮਾਰਗਦਰਸ਼ਨ ਪ੍ਰਦਾਨ ਕਰਨ ਦੀ ਕੋਸ਼ਿਸ਼ ਹੈ।

## ਭਾਜਪਾ ਵੱਲੋਂ ਵਿਸ਼ਾਲ ਤਿਰੰਗਾ ਯਾਤਰਾ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ**-ਦੇਸ਼ ਦੇ ਆਜ਼ਾਦੀ ਦਿਹਾੜੇ ਨੂੰ ਸਮਰਪਿਤ 'ਹਰ ਘਰ ਤਿਰੰਗਾ' ਮੁਹਿੰਮ ਤਹਿਤ ਭਾਰਤੀ ਜਨਤਾ ਪਾਰਟੀ ਵੱਲੋਂ ਫਰੀਦਕੋਟ ਵਿਖੇ ਇੱਕ ਵਿਸ਼ਾਲ 'ਤਿਰੰਗਾ ਯਾਤਰਾ' ਕੱਢੀ ਗਈ, ਜਿਸ ਨਾਲ ਪੂਰਾ ਸ਼ਹਿਰ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ ਸੰਨੀ ਬਰਾੜ ਦੀ ਅਗਵਾਈ ਹੇਠ ਉਲੀਕੀ ਗਈ ਇਸ ਯਾਤਰਾ ਵਿੱਚ ਪਾਰਟੀ ਵਰਕਰਾਂ, ਸਥਾਨਕ ਆਗੂਆਂ, ਆਮ ਸ਼ਹਿਰੀਆਂ ਅਤੇ ਵਿਸ਼ੇਸ਼ ਤੌਰ 'ਤੇ ਸਕੂਲੀ ਬੱਚਿਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਇਹ ਯਾਤਰਾ ਸ਼ਹਿਰ ਦੇ ਇਤਿਹਾਸਕ ਘੰਟਾਘਰ ਚੌਂਕ ਤੋਂ ਆਰੰਭ ਹੋ ਕੇ ਮੁੱਖ ਬਾਜ਼ਾਰਾਂ ਅਤੇ ਪ੍ਰਮੁੱਖ ਚੌਕਾਂ ਵਿੱਚੋਂ ਹੁੰਦੀ ਹੋਈ ਲੰਘੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਜਪਾ ਦੇ ਸੀਨੀਅਰ ਆਗੂ ਡਾ. ਸੰਜੀਵ ਗੋਇਲ ਨੇ ਸੰਬੋਧਨ ਕਰਦਿਆਂ ਆਜ਼ਾਦੀ ਸੰਗਰਾਮ ਦੇ ਇਤਿਹਾਸ ਨੂੰ ਚੇਤੇ ਕੀਤਾ। ਉਨ੍ਹਾਂ ਕਿਹਾ ਕਿ 15 ਅਗਸਤ ਦੀ ਆਜ਼ਾਦੀ ਸਾਨੂੰ ਆਸਾਨੀ ਨਾਲ ਨਹੀਂ ਮਿਲੀ, ਸਗੋਂ ਇਸ ਲਈ ਸਾਡੇ ਪੁਰਖਿਆਂ, ਦੇਸ਼ ਭਗਤਾਂ ਅਤੇ ਹਜ਼ਾਰਾਂ-ਲੱਖਾਂ ਪਰਵਾਨਿਆਂ ਨੇ ਆਪਣੀਆਂ ਕੁਰਬਾਨੀਆਂ ਤੇ ਸ਼ਹਾਦਤਾਂ ਦਿੱਤੀਆਂ ਹਨ।ਤਿਰੰਗਾ ਯਾਤਰਾ ਵਿੱਚ ਹੋਰਨਾਂ ਤੋਂ ਇਲਾਵਾ ਗਗਨ ਸੁਖੀਜਾ, ਗਗਨ ਸੇਠੀ, ਸੁਮਿਤ ਸੁਖੀਜਾ ਸਮੇਤ ਕਈ ਭਾਜਪਾ ਆਗੂ ਅਤੇ ਵਰਕਰ ਵੱਡੀ ਗਿਣਤੀ 'ਚ ਹਾਜ਼ਰ ਸਨ।

## ਨਿੱਜੀ ਸਕੂਲਾਂ ਦੀ ਮਨਮਾਨੀ 'ਤੇ ਲੱਗੇਗੀ ਰੋਕ, ਫ਼ੀਸ ਰੈਗੂਲੇਸ਼ਨ ਬਿੱਲ ਮਾਪਿਆਂ ਲਈ ਵੱਡੀ ਰਾਹਤ : ਡਾ. ਮਿੰਕੂ ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਵਿਧਾਨ ਸਭਾ ਵੱਲੋਂ ਨਿੱਜੀ ਸਕੂਲਾਂ ਦੀਆਂ ਮਨਮਾਨੀਆਂ ਨੂੰ ਨੱਥ ਪਾਉਣ ਲਈ ਫ਼ੀਸ ਰੈਗੂਲੇਸ਼ਨ ਬਿੱਲ ਸਰਬਸੰਮਤੀ ਨਾਲ ਪਾਸ ਕੀਤੇ ਜਾਣ ਦਾ ਇਨਫੋਟੈਕ ਪੰਜਾਬ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਸਵਾਗਤ ਕੀਤਾ ਹੈ।ਉਨ੍ਹਾਂ ਇਸ ਫ਼ੈਸਲੇ ਨੂੰ ਵਿਦਿਆਰਥੀਆਂ ਅਤੇ ਮਾਪਿਆਂ ਦੇ ਹਿੱਤ ਵਿੱਚ ਅਹਿਮ ਕਦਮ ਕਰਾਰ ਦਿੰਦਿਆਂ ਕਿਹਾ ਕਿ ਇਸ ਨਾਲ ਨਿੱਜੀ ਸਕੂਲਾਂ ਵੱਲੋਂ ਫ਼ੀਸਾਂ ਤੇ ਹੋਰ ਖਰਚਿਆਂ ਵਿੱਚ ਕੀਤੇ ਜਾਂਦੇ ਬੇਤਹਾਸ਼ਾ ਵਾਧੇ 'ਤੇ ਰੋਕ ਲੱਗਣ ਦੀ ਉਮੀਦ ਹੈ।ਡਾ. ਜਵੰਧਾ ਨੇ ਕਿਹਾ ਕਿ ਨਵੇਂ ਪ੍ਰਬੰਧ ਤਹਿਤ ਨਿੱਜੀ ਸਕੂਲ ਸਲਾਨਾ ਫ਼ੀਸ ਵਿੱਚ 5 ਫ਼ੀਸਦੀ ਤੋਂ ਵੱਧ ਵਾਧਾ ਨਹੀਂ ਕਰ ਸਕਣਗੇ।ਇਸ ਨਾਲ ਹਰ ਸਾਲ ਫ਼ੀਸਾਂ ਵਿੱਚ ਮਨਮਾਨੇ ਵਾਧੇ ਕਾਰਨ ਮਾਪਿਆਂ 'ਤੇ ਪੈਣ ਵਾਲੇ ਵਿੱਤੀ ਬੋਝ ਨੂੰ ਘਟਾਉਣ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਮਾਪੇ ਆਪਣੇ ਬੱਚਿਆਂ ਦੀ ਪੜ੍ਹਾਈ ਨਾਲ ਸਬੰਧਤ ਖਰਚਿਆਂ ਦੀ ਪਹਿਲਾਂ ਤੋਂ ਬਿਹਤਰ ਯੋਜਨਾ ਬਣਾ ਸਕਣਗੇ।ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਮਾਪਿਆਂ ਵੱਲੋਂ ਸ਼ਿਕਾਇਤਾਂ ਕੀਤੀਆਂ ਜਾ ਰਹੀਆਂ ਸਨ ਕਿ ਕੁਝ ਨਿੱਜੀ ਸਕੂਲ ਉਨ੍ਹਾਂ ਨੂੰ ਕਿਸੇ ਖ਼ਾਸ ਦੁਕਾਨ ਤੋਂ ਕਿਤਾਬਾਂ, ਕਾਪੀਆਂ, ਸਟੇਸ਼ਨਰੀ ਤੇ ਵਰਦੀਆਂ ਖਰੀਦਣ ਲਈ ਮਜਬੂਰ ਕਰਦੇ ਹਨ।ਅਜਿਹੀ ਪ੍ਰਥਾ ਨਾਲ ਮਾਪਿਆਂ ਦੀ ਪਸੰਦ ਤੇ ਬਜਟ ਦੇ ਵਿਕਲਪ ਸੀਮਤ ਹੋ ਜਾਂਦੇ ਹਨ।ਫ਼ੀਸ ਰੈਗੂਲੇਸ਼ਨ ਬਿੱਲ ਨਾਲ ਅਜਿਹੀਆਂ ਮਨਮਾਨੀਆਂ 'ਤੇ ਪ੍ਰਭਾਵਸ਼ਾਲੀ ਰੋਕ ਲੱਗਣ ਦੀ ਆਸ ਹੈ।ਡਾ. ਜਵੰਧਾ ਨੇ ਕਿਹਾ ਕਿ ਬਿੱਲ ਤਹਿਤ ਸਕੂਲਾਂ ਵੱਲੋਂ ਹਰ ਸਾਲ ਵਰਦੀ ਬਦਲਣ ਦੀ ਪ੍ਰਥਾ 'ਤੇ ਵੀ ਰੋਕ ਲੱਗੇਗੀ ਅਤੇ ਤਿੰਨ ਸਾਲ ਤੱਕ ਵਰਦੀ ਵਿੱਚ ਤਬਦੀਲੀ ਨਹੀਂ ਕੀਤੀ ਜਾ ਸਕੇਗੀ। ਇਸ ਨਾਲ ਮਾਪਿਆਂ ਨੂੰ ਹਰ ਸਾਲ ਨਵੀਂ ਵਰਦੀ ਖਰੀਦਣ ਦੇ ਵਾਧੂ ਖਰਚੇ ਤੋਂ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਨਾਂ 'ਤੇ ਮਾਪਿਆਂ ਤੋਂ ਲਏ ਜਾਣ ਵਾਲੇ ਗੈਰ-ਜ਼ਰੂਰੀ ਖਰਚਿਆਂ ਨੂੰ ਵੀ ਨਿਯਮਾਂ ਦੇ ਦਾਇਰੇ ਵਿੱਚ ਲਿਆਉਣਾ ਸਮੇਂ ਦੀ ਲੋੜ ਹੈ।ਡਾ. ਮਿੰਕੂ ਜਵੰਧਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬਿੱਲ ਨੂੰ ਵਿਧਾਨ ਸਭਾ ਵਿੱਚ ਲਿਆ ਕੇ ਸਰਬਸੰਮਤੀ ਨਾਲ ਪਾਸ ਕਰਾਉਣ ਦੀ ਸ਼ਲਾਘਾ ਕੀਤੀ।

## ਫ਼ਤਹਿ ਗਰੁੱਪ ਦਾ ਸ਼ਾਨਦਾਰ ਨਤੀਜਾ, ਖ਼ੁਸ਼ਪ੍ਰੀਤ ਪਹਿਲੇ ਸਥਾਨ 'ਤੇ ਰਹੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਡੀ.ਐਲ.ਐੱਡ ਦੂਜੇ ਸਾਲ ਸੈਸ਼ਨ 2023-25 ਦੇ ਐਲਾਨੇ ਨਤੀਜੇ 'ਚ ਫ਼ਤਿਹ ਗਰੁੱਪ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਂਅ ਰੌਸ਼ਨ ਕੀਤਾ।ਨਤੀਜੇ ਦੀ ਖ਼ਾਸ ਗੱਲ ਇਹ ਰਹੀ ਕਿ ਸਮੂਹ ਵਿਦਿਆਰਥੀਆਂ ਨੇ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੀ ਮਿਹਨਤ, ਲਗਨ ਤੇ ਵਿੱਦਿਅਕ ਯੋਗਤਾ ਦਾ ਪ੍ਰਮਾਣ ਦਿੱਤਾ।ਨਤੀਜੇ ਅਨੁਸਾਰ ਖ਼ੁਸ਼ਪ੍ਰੀਤ ਕੌਰ ਪੁੱਤਰੀ ਹਰਮੰਦਰ ਸਿੰਘ ਨੇ 88.52 ਫ਼ੀਸਦੀ ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ।ਮਨਪ੍ਰੀਤ ਕੌਰ ਪੁੱਤਰੀ ਜਸਵਿੰਦਰ ਸਿੰਘ ਅਤੇ ਡਿੰਪਲ ਪੁੱਤਰੀ ਭੂਸ਼ਣ ਕੁਮਾਰ ਨੇ 87.47 ਫ਼ੀਸਦੀ ਅੰਕਾਂ ਨਾਲ ਸਾਂਝੇ ਤੌਰ 'ਤੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਸੁਖਪ੍ਰੀਤ ਕੌਰ ਪੁੱਤਰੀ ਸੁਖਮੰਦਰ ਸਿੰਘ ਨੇ 87.26 ਫ਼ੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕਰਕੇ ਸੰਸਥਾ ਦਾ ਮਾਣ ਵਧਾਇਆ।ਫ਼ਤਿਹ ਗਰੁੱਪ ਦੇ ਚੇਅਰਮੈਨ ਐਸ.ਐਸ.ਚੱਠਾ ਤੇ ਪ੍ਰਬੰਧ ਨਿਰਦੇਸ਼ਕ ਮਨਜੀਤ ਕੌਰ ਚੱਠਾ ਨੇ ਕਿਹਾ ਕਿ ਅਧਿਆਪਕ ਸਿੱਖਿਆ ਦੇ ਖੇਤਰ ਵਿੱਚ ਅਜਿਹੇ ਸ਼ਾਨਦਾਰ ਨਤੀਜੇ ਸੰਸਥਾ ਦੀ ਵਿੱਦਿਅਕ ਵਚਨਬੱਧਤਾ ਦਾ ਪ੍ਰਮਾਣ ਹਨ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਸਮਰਪਤ ਸੇਵਾ ਤੇ ਮਾਪਿਆਂ ਦੇ ਸਹਿਯੋਗ ਨਾਲ ਹੀ ਅਜਿਹੀਆਂ ਉਪਲਬਧੀਆਂ ਸੰਭਵ ਹੁੰਦੀਆਂ ਹਨ।ਉਨ੍ਹਾਂ ਸਾਰੇ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਅਕਾਦਮਿਕ ਡੀਨ ਡਾ. ਜਗਵਿੰਦਰ ਸਿੰਘ, ਪ੍ਰਿੰਸੀਪਲ ਬਘੇਲ ਸਿੰਘ ਤੇ ਸਹਾਇਕ ਨਿਰਦੇਸ਼ਕ ਹਰਪ੍ਰੀਤ ਸ਼ਰਮਾ ਨੇ ਕਿਹਾ ਕਿ ਡੀ.ਐਲ.ਐੱਡ. ਵਿਭਾਗ ਦੇ ਵਿਦਿਆਰਥੀਆਂ ਵੱਲੋਂ ਲਗਾਤਾਰ ਸ਼ਾਨਦਾਰ ਕਾਰਗੁਜ਼ਾਰੀ ਕਰਨਾ ਸੰਸਥਾ ਲਈ ਮਾਣ ਵਾਲੀ ਗੱਲ ਹੈ।ਵਿਭਾਗ ਮੁਖੀ ਸੰਦੀਪ ਕੌਰ, ਡਾ. ਗੁਰਵਿੰਦਰ ਸਿੰਘ, ਪੂਜਾ ਰਾਣੀ ਤੇ ਪ੍ਰੋ. ਜੋਨੀ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਸਮੂਹ ਵਿਦਿਆਰਥੀਆਂ ਵੱਲੋਂ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨਾ ਉਨ੍ਹਾਂ ਦੀ ਨਿਰੰਤਰ ਮਿਹਨਤ ਤੇ ਅਧਿਆਪਕਾਂ ਦੀ ਸੁਚੱਜੀ ਰਹਿਨੁਮਾਈ ਦਾ ਨਤੀਜਾ ਹੈ।

## ਦੇਸ਼ ਭਗਤ ਗਲੋਬਲ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਮੇਲਾ ਤੀਆਂ 'ਚ ਸ਼ਾਨਦਾਰ ਪੇਸ਼ਕਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਕੈਂਪਸ, ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਅਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਕੋਟਕਪੂਰਾ ਰੋਡ, ਸ੍ਰੀ ਮੁਕਤਸਰ ਸਾਹਿਬ ਦੀਆਂ ਵਿਦਿਆਰਥਣਾਂ ਨੇ ਅਰਜਨ ਕੈਸਲ, ਸ੍ਰੀ ਮੁਕਤਸਰ ਸਾਹਿਬ ਵਿਖੇ ਮੇਲਾ ਤੀਆਂ ਦਾ ਸਮਾਗਮ ਵਿੱਚ ਆਪਣੀ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀ ਭੰਗੜੇ ਰਾਹੀਂ ਸਭ ਦਾ ਮਨ ਮੋਹ ਲਿਆ। ਵਿਦਿਆਰਥਣਾਂ ਨੇ ਪੰਜਾਬੀ ਸੱਭਿਆਚਾਰ, ਵਿਰਸੇ ਅਤੇ ਤੀਆਂ ਦੀਆਂ ਰਵਾਇਤੀ ਝਲਕੀਆਂ ਨੂੰ ਭੰਗੜੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਉਨ੍ਹਾਂ ਦੀ ਪੇਸ਼ਕਾਰੀ ਨੂੰ ਦਰਸ਼ਕਾਂ ਵੱਲੋਂ ਭਰਪੂਰ ਸਰਾਹਨਾ ਮਿਲੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਆਪਣੇ ਅਮੀਰ ਪੰਜਾਬੀ ਵਿਰਾਸਤ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਵਿਦਿਆਰਥਣਾਂ ਦੀ ਪੇਸ਼ਕਾਰੀ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਕਲਾਤਮਕ ਪ੍ਰਤਿਭਾ ਦਾ ਪ੍ਰਤੀਕ ਹੈ । ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ। ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ ਨੇ ਵੀ ਵਿਦਿਆਰਥਣਾਂ ਦੀ ਪੇਸ਼ਕਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਪੰਜਾਬੀ ਲੋਕ-ਨਾਚ ਅਤੇ ਲੋਕ-ਪਰੰਪਰਾਵਾਂ ਸਾਡੀ ਪਹਿਚਾਣ ਹਨ।

# 7 ਪਿਸਤੌਲਾਂ ਤੇ 2 ਕਿਲੋ ਹੈਰੋਇਨ ਸਮੇਤ ਪੰਜ ਕਾਬੂ



ਛੇਹਰਟਾ/ਖਾਸਾ (ਮਨਿਜ ਕੁਮਾਰ/ਸ਼ਸ਼ਪਾਲ ਸਿੰਘ)-ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਤੇ ਗ਼ੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਾਲੇ ਦੋ ਵੱਡੇ ਨੈੱਟਵਰਕਾਂ ਦਾ ਪਰਦਾ ਫਾਸ਼ ਕਰਕੇ ਪੰਜ ਵਿਅਕਤੀਆਂ ਨੂੰ ਸੱਤ ਗ਼ੈਰ-ਕਾਨੂੰਨੀ ਪਿਸਤੌਲ ਤੇ 2.030 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਪਰਗਟ ਸਿੰਘ ਉਰਫ਼ ਪੰਗਾ (30) ਤੇ ਜਸਬਰ ਸਿੰਘ (20) ਦੋਵੇਂ ਵਾਸੀ ਪਿੰਡ ਡੱਲ, ਤਰਨ ਤਾਰਨ; ਬਲਵਿੰਦਰ ਸਿੰਘ ਉਰਫ਼ ਬਿੱਲਾ (30) ਵਾਸੀ ਪਿੰਡ ਡੱਕੇ, ਅੰਮ੍ਰਿਤਸਰ ਦਿਹਾਤੀ; ਅਮਨਦੀਪ ਸਿੰਘ ਉਰਫ਼ ਅਮਨ (37) ਵਾਸੀ ਸਰਵਰਪੁਰਾ, ਅੰਮ੍ਰਿਤਸਰ ਅਤੇ ਬਲਵਿੰਦਰ ਸਿੰਘ ਉਰਫ਼ ਕਾਲਾ (42) ਵਾਸੀ ਕੋਟ ਆਤਮਾ ਰਾਮ, ਅੰਮ੍ਰਿਤਸਰ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿਚ ਚਾਰ .30 ਬੋਰ (ਮੇਡ ਇਨ ਚਾਈਨਾ) ਅਤੇ ਤਿੰਨ 9 ਐੱਮ ਐੱਮ (ਮੇਡ ਇਨ ਆਸਟਰੀਆ) ਸ਼ਾਮਲ ਹਨ। ਇਸ ਤੋਂ ਇਲਾਵਾ ਪੁਲਸ ਟੀਮਾਂ ਨੇ ਅਪਰਾਧਕ ਗਤੀਵਿਧੀਆਂ ਲਈ ਵਰਤੇ ਜਾ ਰਹੇ ਮੁਲਜ਼ਮਾਂ ਦੇ ਦੋ ਮੋਟਰਸਾਈਕਲ ਵੀ ਜ਼ਬਤ ਕੀਤੇ ਹਨ। ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਅਸਲਾ ਐਕਟ ਦੇ ਮਾਮਲੇ ਵਿਚ ਫੜੇ ਗਏ ਮੁਲਜ਼ਮ ਵਿਦੇਸ਼ ਬੈਠੇ ਤਸਕਰਾਂ ਦੇ ਸੰਪਰਕ ਵਿਚ ਸਨ, ਜੋ ਗ਼ੈਰ-ਕਾਨੂੰਨੀ ਹਥਿਆਰ ਪ੍ਰਾਪਤ ਕਰਕੇ ਇਨ੍ਹਾਂ ਨੂੰ ਅੱਗੇ ਅੰਮ੍ਰਿਤਸਰ ਤੇ ਤਰਨ ਤਾਰਨ ਇਲਾਕੇ ਵਿਚ ਸਪਲਾਈ ਕਰਦੇ ਸਨ। ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਕਮਿਸ਼ਨਰ ਆਫ਼ ਪੁਲਸ (ਸੀ.ਪੀ.) ਅੰਮ੍ਰਿਤਸਰ ਗੁਰਮੀਤ ਸਿੰਘ ਗਿੱਲ ਨੇ ਦੱਸਿਆ ਕਿ ਪਹਿਲੇ ਮਾਮਲੇ ਵਿਚ ਪੁਲਸ ਨੇ ਪ੍ਰਾਪਤ ਸੂਚਨਾ ਦੇ ਅਧਾਰ 'ਤੇ ਕਾਰਵਾਈ ਕਰਦਿਆਂ ਮੁਲਜ਼ਮ ਪਰਗਟ ਉਰਫ਼ ਪੰਗਾ, ਜਸਬਰ ਸਿੰਘ ਤੇ ਬਲਵਿੰਦਰ ਉਰਫ਼ ਬਿੱਲਾ ਨੂੰ ਪੰਜ ਗ਼ੈਰ-ਕਾਨੂੰਨੀ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਪਰਗਟ ਉਰਫ਼ ਪੰਗਾ ਤੇ ਬਲਵਿੰਦਰ ਉਰਫ਼ ਬਿੱਲਾ ਵੱਲੋਂ ਕੀਤੇ ਖੁਲਾਸੇ ਦੇ ਆਧਾਰ 'ਤੇ ਪੁਲਸ ਨੇ ਉਨ੍ਹਾਂ ਵੱਲੋਂ ਦੱਸੀ ਥਾਂ ਤੋਂ ਦੋ ਹੋਰ ਪਿਸਤੌਲ ਬਰਾਮਦ ਕੀਤੇ। ਸੀ.ਪੀ. ਨੇ ਦੱਸਿਆ ਕਿ ਦੂਜੇ ਆਪ੍ਰੇਸ਼ਨ ਵਿਚ ਖ਼ਾਸ ਸੂਚਨਾ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਅਮਨਦੀਪ ਉਰਫ਼ ਅਮਨ ਤੇ ਬਲਵਿੰਦਰ ਉਰਫ਼ ਕਾਲਾ ਨੂੰ ਕਾਬੂ ਕੀਤਾ ਅਤੇ ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ 'ਚੋਂ 2.03 ਕਿਲੋ ਹੈਰੋਇਨ ਬਰਾਮਦ ਹੋਈ। ਇਸ ਸੰਬੰਧ ਵਿਚ ਦੋ ਵੱਖ-ਵੱਖ ਮਾਮਲੇ ਥਾਣਾ ਇਸਲਾਮਾਬਾਦ ਤੇ ਥਾਣਾ ਸੁਲਤਾਨਵਿੰਡ, ਅੰਮ੍ਰਿਤਸਰ ਵਿਚ ਦਰਜ ਕੀਤੇ ਗਏ ਹਨ।

# ਕਾਰ ਦੀ ਟੱਕਰ ਵੱਜਣ 'ਤੇ ਬਜ਼ੁਰਗ ਦੀ ਮੌਤ, ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਦੀਨਾਨਗਰ ਪੁਲਸ ਨੇ ਕਾਰ ਦੀ ਟੱਕਰ ਵੱਜਣ 'ਤੇ ਬਜ਼ੁਰਗ ਦੀ ਹੋਈ ਮੌਤ ਦੇ ਸੰਬੰਧ ਵਿਚ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਰਜੁਨ ਕੁਮਾਰ ਪੁੱਤਰ ਕਰਮਜੀਤ ਵਾਸੀ ਹਰੀਪੁਰ ਨੇ ਦੱਸਿਆ ਕਿ 11 ਅਗਸਤ ਨੂੰ ਮੇਰੇ ਪਿਤਾ ਕਰਮਜੀਤ (52) ਆਪਣੇ ਸਾਈਕਲ 'ਤੇ ਘਰ ਨੂੰ ਜਾ ਰਿਹਾ ਸੀ, ਸ਼ਾਮ ਕਰੀਬ 7 ਵਜੇ ਦੇ ਕਰੀਬ ਜਦ ਉਹ ਨੇੜੇ ਕ੍ਰਿਸਟਾ ਰੈਸਟੋਰੈਂਟ ਨੈਸ਼ਨਲ ਹਾਈਵੇ ਦੀਨਾਨਗਰ ਪੁੱਜੇ ਤਾਂ ਇਕ ਕਾਰ ਗੁਰਦਾਸਪੁਰ ਸਾਇਡ ਤੋਂ ਤੇਜ਼ ਰਫ਼ਤਾਰ ਨਾਲ ਆਈ ਜਿਸ ਨੂੰ ਗੁਰਦੀਪ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਬੱਬੇਹਾਲੀ ਚਲਾ ਰਿਹਾ ਸੀ, ਜਿਸ ਨੇ ਕਾਰ ਬਿਨਾਂ ਹਾਰਨ ਦਿੱਤੇ ਲਾਪਰਵਾਹੀ ਨਾਲ ਮੇਰੇ ਪਿਤਾ ਵਿਚ ਮਾਰ ਦਿੱਤੀ, ਇਸ ਨਾਲ ਉਨ੍ਹਾਂ ਦੇ ਕਾਫੀ ਗੰਭੀਰ ਸੱਟਾਂ ਲੱਗ ਗਈਆਂ। ਕਾਰ ਚਾਲਕ ਆਪਣੀ ਕਾਰ ਵਿਚ ਮੇਰੇ ਪਿਤਾ ਨੂੰ ਇਲਾਜ ਲਈ ਕੋਠੀ ਹਸਪਤਾਲ ਲੈ ਕੇ ਜਾ ਰਿਹਾ ਸੀ ਤਾਂ ਰਸਤੇ ਵਿਚ ਹੀ ਉਨ੍ਹਾਂ ਦੀ ਮੌਤ ਹੋ ਗਈ। ਕਾਰ ਚਾਲਕ ਪੀੜਤ ਦੇ ਪਿਤਾ ਨੂੰ ਕੋਠੀ ਹਸਪਤਾਲ ਛੱਡ ਕੇ ਕਾਰ ਸਮੇਤ ਉੱਥੋਂ ਚਲਾ ਗਿਆ। ਥਾਣਾ ਦੀਨਾਨਗਰ ਪੁਲਸ ਨੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਨਜਾਇਜ਼ ਸ਼ਰਾਬ ਸਮੇਤ ਤਿੰਨ ਨਸ਼ਾ ਤਸਕਰ ਕਾਬੂ, ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਦੇ ਏ.ਐਸ.ਆਈ.ਹਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨੇ ਇਤਲਾਹ 'ਤੇ ਹਨੂਮਾਨ ਚੌਕ ਬਾਬਾ ਬਹਿਰਾਮਪੁਰ ਰੋਡ ਗੁਰਦਾਸਪੁਰ ਵਿਖੇ ਰੇਡ ਕਰਕੇ ਹਿਰਾਸਤ ਸ਼ਰਮਾ ਮੁੰਨਾ ਪੁੱਤਰ ਕੁਲਦੀਪ ਕੁਮਾਰ ਵਾਸੀ ਕਾਦਰੀ ਮੁਹੱਲਾ ਗੁਰਦਾਸਪੁਰ ਨੂੰ ਕਾਬੂ ਕੀਤਾ ਜਿਸ ਪਾਸੋਂ 36 ਬੋਤਲਾਂ ਸ਼ਰਾਬ ਠੇਕਾ ਮਾਰਕਾ, 24 ਬੋਤਲਾਂ ਸ਼ਰਾਬ ਠੇਕਾ ਨੂਰਪੁਰੀ ਸੰਤਰਾ ਬਰਾਮਦ ਹੋਈਆਂ ਹਨ। ਇਸੇ ਤਰ੍ਹਾਂ ਥਾਣਾ ਸਦਰ ਗੁਰਦਾਸਪੁਰ ਦੇ ਐੱਸ.ਆਈ. ਮਲਕੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸਾਹਮਣੇ ਲੁੱਕ ਪਲਾਂਟ ਹਰਦੋਛੰਨੀਆਂ ਵਾਲਾ ਤੋਂ ਜਗਤਾਰ ਸਿੰਘ ਉਰਫ਼ ਜੱਗਾ ਪੁੱਤਰ ਸਲਵਿੰਦਰ ਸਿੰਘ ਵਾਸੀ ਲੱਖੋਵਾਲ ਨੂੰ 15000 ਐੱਮ ਐੱਲ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਏ ਐੱਸ ਆਈ. ਅਜੈਪਾਲ ਨੇ ਸਮੇਤ ਪੁਲਸ ਪਾਰਟੀ ਨਾਕਾਬੰਦੀ ਦੇ ਸੰਬੰਧ ਵਿਚ ਬਾਈਪਾਸ ਰੋਡ ਸਾਹਮਣੇ ਲੁੱਕ ਪਲਾਂਟ ਹਰਦੋਛੰਨੀਆਂ ਤੋਂ ਬਿਕਰਮ ਮਸੀਹ ਪੁੱਤਰ ਮਿੱਠੂ ਮਸੀਹ ਵਾਸੀ ਲੱਖੋਵਾਲ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਕਤ ਪਾਸੋਂ ਬਰਾਮਦ ਮੋਮੀ ਲਿਫ਼ਾਫ਼ੇ ਨੂੰ ਚੈਕ ਕੀਤਾ ਜਿਸ ਵਿੱਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਸ ਨੇ ਇਨ੍ਹਾਂ ਤਿੰਨਾਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਟੋਲ ਪਲਾਜ਼ਾ 'ਤੇ ਵਿਅਕਤੀ ਦੀ ਮੌਤ 'ਤੇ ਪਿੰਡ ਅਲਕੜੇ ਦੇ ਵਸਨੀਕਾਂ ਤੇ ਮ੍ਰਿਤਕ ਦੇ ਪਰਵਾਰਕ ਮੈਂਬਰਾਂ ਲਾਇਆ ਧਰਨਾ



ਜੈਂਤੀਪੁਰ (ਸਿੱਧੂ ਜੈਂਤੀਪੁਰ) - ਸਥਾਨਕ ਕਸਬੇ ਅੰਦਰ ਪੈਂਦੇ ਟੋਲ ਪਲਾਜ਼ਾ ਵਰਿਆਮ ਨੰਗਲ (ਕੱਥੂਨੰਗਲ) ਵਿਖੇ ਬੂਟਿਆਂ ਦੀ ਸਾਂਭ ਸੰਭਾਲ ਤੇ ਹੋਰ ਲੇਬਰ ਦਾ ਕੰਮ ਕਰਦੇ ਪਿੰਡ ਅਲਕੜੇ ਦੇ ਵਸਨੀਕ ਅਜੀਤ ਸਿੰਘ ਪੁੱਤਰ ਚੰਨਣ ਸਿੰਘ ਨੂੰ ਕਿਸੇ ਤੇਜ਼ ਰਫਤਾਰ ਵਾਹਨ ਵਲੋਂ ਟੱਕਰ ਮਾਰ ਦਿੱਤੀ ਗਈ ਜਿਸ ਨਾਲ ਉਸ ਮੌਤ ਹੋ ਗਈ ਪਰ ਪੂਰਾ ਇਕ ਦਿਨ ਬੀਤ ਜਾਣ ਦੇ ਬਾਵਜੂਦ ਅਜੀਤ ਸਿੰਘ ਦੇ ਪਰਿਵਾਰ ਨੂੰ ਕੋਈ ਇਨਸਾਫ ਨਾ ਮਿਲ ਸਕਿਆ, ਜਿਸ 'ਤੇ ਸਮੂਹ ਪਿੰਡ ਅਲਕੜੇ ਦੇ ਵਸਨੀਕਾਂ ਵਲੋਂ ਟੋਲ ਪਲਾਜ਼ਾ ਕੱਥੂਨੰਗਲ 'ਤੇ ਧਰਨਾ ਲਗਾ ਦਿੱਤਾ ਗਿਆ ਅਤੇ ਮੁਕੰਮਲ ਆਵਾਜਾਈ ਟੋਲ ਫ੍ਰੀ ਕੀਤੀ ਗਈ, ਜਿਸ ਨੂੰ ਵੇਖਦੇ ਹੋਏ ਪੂਰੇ ਚਾਰ ਘੰਟੇ ਧਰਨਾ ਚੱਲਣ ਤੋਂ ਬਾਅਦ ਟੋਲ ਪਲਾਜ਼ਾ ਮੈਨੇਜਮੈਂਟ ਨੇ ਉਨ੍ਹਾਂ ਨੂੰ ਇਨਸਾਫ ਦੇਣ ਦਾ ਵਿਸ਼ਵਾਸ ਦਿੱਤਾ ਗਿਆ ਜਿਸ ਤੇ ਐੱਸ.ਐੱਚ.ਓ. ਕੱਥੂਨੰਗਲ ਖ਼ੁਦ ਫੈਸਲੇ 'ਚ ਸ਼ਾਮਲ ਹੋ ਕੇ ਰਿਸ਼ਤੇਦਾਰਾਂ ਤੇ ਪਿੰਡ ਵਾਸੀਆਂ ਨਾਲ ਸਹਿਮਤੀ ਲਈ ਗੱਲ ਕੀਤੀ ਤਾਂ ਉਨ੍ਹਾਂ ਵਲੋਂ ਦਸ ਲੱਖ ਰੁਪਏ ਦੀ ਮੰਗ ਕੀਤੀ ਗਈ, ਪਰ ਐਸ ਐਚ ਓ ਵਲੋਂ ਉਨ੍ਹਾਂ ਨੂੰ ਨੈਸ਼ਨਲ ਹਾਈਵੇ ਰੋਕਣ ਦਾ ਪਰਚਾ ਦਰਜ ਕਰਨ ਦੀ ਚਿਤਾਵਨੀ ਦਿੱਤੀ ਤੇ ਪੁਲਸ ਵਲੋਂ ਮ੍ਰਿਤਕ ਦੇ ਬੇਟੇ ਨੂੰ ਅੰਦਰ ਖੜ੍ਹ ਕੇ ਉਸ ਨਾਲ ਤਿੰਨ ਲੱਖ ਰੁਪਏ 'ਚ ਰਾਜ਼ੀਨਾਵੇਂ ਉੱਪਰ ਸਾਈਨ ਕਰਵਾ ਲਏ।

ਕੁਝ ਹਾਜ਼ਰ ਕਾਰਕੁੰਨਾਂ ਨੇ ਕਿਹਾ ਕਿ ਪੁਲਸ ਦਾ ਕੰਮ ਲੋਕਾਂ ਨੂੰ ਇਨਸਾਫ਼ ਦਿਵਾਉਣ ਦਾ ਹੁੰਦਾ ਹੈ, ਡਰਾ ਧਮਕਾ ਕੇ ਰਾਜ਼ੀਨਾਵੇਂ ਲਿਖਵਾਉਣਾ ਨਹੀਂ। ਉਨ੍ਹਾਂ ਭਗਵੰਤ ਮਾਨ ਪਾਸੋਂ ਐਸ ਐਚ ਓ ਤੇ ਟੋਲ ਦੇ ਠੇਕੇਦਾਰ ਹਰਚਰਨ ਸਿੰਘ ਖ਼ਿਲਾਫ ਪਰਚਾ ਦਰਜ ਕਰਨ ਦੀ ਮੰਗ ਕੀਤੀ।

# ਸ਼ੇਰੋਂ ਖੰਡ ਮਿੱਲ ਚਾਲੂ ਕਰਨ ਦਾ ਐਲਾਨ ਕੀਤਾ ਜਾਵੇ : ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ)-ਵਲਟੋਹਾ ਸ਼ੇਰੋਂ ਖੰਡ ਮਿੱਲ ਮੋਰਚੇ ਦੇ 85 ਵੇਂ ਦਿਨ ਵੀਰਵਾਰ ਨੂੰ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਕਿਹਾ ਕਿ ਪੰਦਰਾਂ ਅਗਸਤ ਅਜ਼ਾਦੀ ਦਿਵਸ 'ਤੇ ਤਰਨ ਤਾਰਨ ਜ਼ਿਲ੍ਹੇ ਵਿੱਚ ਝੰਡਾ ਝੁਲਾਉਣ ਆ ਰਹੇ ਪੰਜਾਬ ਸਰਕਾਰ ਦੇ ਨੁਮਾਇੰਦੇ ਮੰਤਰੀ ਨੂੰ ਇਸ ਮੌਕੇ ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕਰਨ ਦਾ ਐਲਾਨ ਕਰਨਾ ਚਾਹੀਦਾ ਹੈ ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਵਾਅਦਾ ਕੀਤਾ ਸੀ। ਜਿਸ ਨੂੰ ਹੁਣ ਪੂਰਾ ਕਰਨਾ ਬਣਦਾ ਹੈ।

ਕਿਸਾਨ ਆਗੂਆਂ ਗੁਰਸਾਹਿਬ ਸਿੰਘ ਡੱਲ, ਤਰਸੇਮ ਸਿੰਘ ਲੁਹਾਰ, ਮਨਜੀਤ ਸਿੰਘ ਬੱਗੂ, ਗੁਰਪ੍ਰੀਤ ਸਿੰਘ ਗੰਡੀਵਿੰਡ, ਜੱਸਾ ਸਿੰਘ ਕੱਦਗਿੱਲ, ਨਛੱਤਰ ਸਿੰਘ ਪੰਨੂ ਨੇ ਕਿਹਾ ਕਿ ਕੋਈ ਵੇਲਾ ਹੁੰਦਾ ਸੀ ਕਿ ਮੁੱਖ ਮੰਤਰੀ ਤੇ ਮੰਤਰੀ ਜੋ ਵਾਅਦਾ ਕਰਦੇ ਸਨ ਉਹਨੂੰ ਪੂਰਾ ਕਰਨਾ ਆਪਣਾ ਕਰਮ ਧਰਮ ਸਮਝਦੇ ਸਨ ਪਰ ਹੁਣ ਝੂਠ ਬੋਲਣਾ ਤੇ ਮੁਕਰਨਾ ਰਾਜਸੀ ਲੋਕਾਂ ਦਾ ਧਰਮ ਬਣ ਗਿਆ ਹੈ। ਉਨ੍ਹਾ ਕਿਹਾ ਕਿ ਸ਼ੇਰੋ ਖੰਡ ਮਿੱਲ ਚਾਲੂ ਕਰਨ ਨਾਲ ਲੋਕਾਂ ਦਾ ਹੀ ਭਲਾ ਹੁੰਦਾ ਹੈ ਅਤੇ ਲੋਕਾਂ ਨੂੰ ਰੁਜ਼ਗਾਰ ਮਿਲਦਾ ਹੈ।

# ਓਲੰਪੀਅਨ ਬ੍ਰਿਗੇਡੀਅਰ ਹਰਚਰਨ ਸਿੰਘ ਨਾਲ ਗੁਰਿੰਦਰ ਮੱਟੂ ਨੇ ਕੀਤੀ ਮੁਲਾਕਾਤ



ਮਜੀਠਾ (ਸੋਇਮ ਆਨੰਦ)- ਅੰਮ੍ਰਿਤਸਰ ਦੇ ਪ੍ਰਸਿੱਧ ਖੇਡ ਪ੍ਰਮੋਟਰ ਗੁਰਿੰਦਰ ਸਿੰਘ ਮੱਟੂ ਨੇ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੀ ਤਹਿਸੀਲ ਵਿਚ ਪੈਂਦੇ ਪਿੰਡ ਮਰੜ ਦੇ ਜੰਮਪਲ ਹਰਚਰਨ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕੀਤੀ, ਜਿਨ੍ਹਾਂ ਨੇ ਭਾਰਤ ਦੀ ਪ੍ਰਤੀਨਿਧਤਾ ਸੰਸਾਰ ਦੇ ਅੰਦਰ ਹਾਕੀ ਦੇ ਮੈਦਾਨ ਵਿਚ ਉਸ ਸਮੇਂ ਕੀਤੀ ਜਦੋਂ ਭਾਰਤੀ ਹਾਕੀ ਦਾ ਝੰਡਾ ਪੂਰੇ ਵਿਸ਼ਵ ਵਿਚ ਸੀ। ਹਰਚਰਨ ਦਾ ਜਨਮ 15 ਜਨਵਰੀ 1950 ਨੂੰ ਹੋਇਆ। ਇਨ੍ਹਾਂ ਦੇ ਪਿਤਾ ਦਰਸ਼ਨ ਸਿੰਘ ਆਪਣੇ ਇਲਾਕੇ ਦੇ ਮਸ਼ਹੂਰ ਕਬੱਡੀ ਖਿਡਾਰੀ ਸੀ। ਸਕੂਲ ਦੀ ਪ੍ਰੀਖਿਆ ਫਸਟ ਕਲਾਸ ਫਸਟ ਡਵੀਜ਼ਨ ਖਾਲਸਾ ਹਾਈ ਸਕੂਲ ਸ਼੍ਰੀਪੁਰਾ ਵਿਚ ਪਾਸ ਕਰਨ ਉਪਰੰਤ ਹਰਚਰਨ ਸਿੰਘ ਨੇ ਸਪੋਰਟਸ ਕਾਲਜ ਜਲੰਧਰ ਵਿਚ ਦਾਖਲਾ ਲਿਆ। ਕਾਲਜ ਵਿਚ ਪੜ੍ਹਦੇ ਹੋਏ ਇੰਨੀ ਮਿਹਨਤ ਕੀਤੀ ਕਿ ਸੰਨ 1968 ਵਿਚ ਹਰਚਰਨ ਸਿੰਘ ਨੂੰ ਭਾਰਤੀ ਕੈਂਪ ਵਿਚ ਬੁਲਾ ਲਿਆ ਗਿਆ। 1969 ਤੋਂ 78 ਤੱਕ ਭਾਰਤ ਦੀ ਪ੍ਰਤੀਨਿਧਤਾ ਕਰਦੇ ਹੋਏ ਉਨ੍ਹਾਂ ਨੇ ਹੋਰ ਟੈਸਟ ਮੈਚਾਂ ਅਤੇ ਪ੍ਰਤੀਯੋਗਤਾ ਦੇ ਇਲਾਵਾ ਤਿੰਨ ਵਿਸ਼ਵ ਕੱਪ, ਦੋ ਓਲੰਪਿਕਸ ਅਤੇ ਦੋ ਏਸ਼ੀਆਈ ਖੇਡਾਂ ਵਿਚ ਹਿੱਸਾ ਲਿਆ ਅਤੇ ਭਾਰਤ ਲਈ ਸੋਨੇ, ਚਾਂਦੀ ਅਤੇ ਕਾਂਸੀ ਦੇ ਤਮਗੇ ਹਾਸਲ ਕੀਤੇ। ਸਾਲ 1977-78 'ਚ ਖੇਡਾਂ ਲਈ ਅਰਜੁਨ ਪੁਰਸਕਾਰ ਸਾਬਕਾ ਰਾਸ਼ਟਰਪਤੀ ਨੀਲਮ ਸੰਜੀਵ ਰੈਡੀ ਨੇ ਭੇਟ ਕੀਤਾ। ਇਸ ਦੇ ਨਾਲ ਹੀ ਫੌਜੀ ਅਫਸਰ ਹੋਣ ਦੇ ਨਾਤੇ ਉਨ੍ਹਾਂ ਦੀ ਚੋਟੀ ਦੀ ਸੇਵਾ ਨੂੰ ਧਿਆਨ ਵਿਚ ਰੱਖਦੇ ਹੋਏ ਭਾਰਤ ਸਰਕਾਰ ਨੇ ਉਨ੍ਹਾਂ ਨੂੰ 1981 ਵਿਚ ਵਸ਼ਿਸ਼ਟ ਸੇਵਾ ਮੈਡਲ ਨਾਲ ਸਨਮਾਨਤ ਕੀਤਾ।

# ਕਿਸਾਨ ਯੂਨੀਅਨ ਵੱਲੋਂ ਗੋਲਡਨ ਗੇਟ 'ਤੇ ਲੱਗਣ ਵਾਲਾ ਮੋਰਚਾ ਰੱਦ



ਚੇਤਨਪੁਰਾ (ਸੁਖਵੰਤ ਚੇਤਨਪੁਰੀ) - ਭਾਰਤੀ ਕਿਸਾਨ ਯੂਨੀਅਨ ਏਕਤਾ ਮਲੇਵਾ ਦੇ ਜਨਰਲ ਸਕੱਤਰ ਹੀਰਾ ਸਿੰਘ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਗੋਲਡਨ ਗੇਟ 'ਤੇ ਪੱਕਾ ਮੋਰਚਾ ਲਾਉਣ ਦਾ ਸੱਦਾ 13 ਅਗਸਤ ਲਈ ਦਿੱਤਾ ਗਿਆ ਸੀ ਪਰ ਕਿਸਾਨ ਆਗੂਆਂ ਅਤੇ ਪ੍ਰਸ਼ਾਸਨ ਵਿਚਾਲੇ ਹੋਈ ਮੀਟਿੰਗ ਸਮੇਂ ਇਸ ਗੱਲ 'ਤੇ ਸਹਿਮਤੀ ਬਣੀ ਕਿ ਐਮ.ਡੀ. ਜਗਰਾਜ ਸਿੰਘ, ਉਸ ਦੀ ਪਤਨੀ, ਬੇਟੇ ਅਤੇ ਉਸ ਦੇ ਡਾਈਵਾਲ ਜਰਨੈਲ ਸਿੰਘ ਖ਼ਿਲਾਫ਼ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪਰਚਾ ਦਰਜ ਕੀਤਾ ਜਾਵੇਗਾ ਅਤੇ ਜਥੇਬੰਦੀ ਦੀ ਮੰਗ ਮੁਤਾਬਕ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਐਸ. ਐਸ. ਪੀ. ਸਾਹਿਬਾਨਾਂ ਨੂੰ ਕਿਹਾ ਗਿਆ ਕਿ ਜਿੱਥੋਂ ਵੀ ਪੀੜਤ ਲੋਕਾਂ ਦੀ ਦਰਖ਼ਾਸਤ ਆਉਂਦੀ ਹੈ, 'ਤੇ ਐਕਸ਼ਨ ਲੈਂਦਿਆਂ ਦਸਾਂ ਦਿਨਾਂ ਅੰਦਰ ਪਰਚੇ ਦਰਜ ਕੀਤੇ ਜਾਣਗੇ। ਇਸ ਉਪਰੰਤ ਲੋਕਾਂ ਤੋਂ ਸਹਿਮਤੀ ਲੈ ਕੇ ਮੋਰਚਾ ਅੱਗੇ ਪਾ ਦਿੱਤਾ ਗਿਆ। ਮੀਟਿੰਗ ਸਮੇਂ ਸੂਬਾ ਪ੍ਰਧਾਨ ਗੁਰਸੇਵਕ ਸਿੰਘ ਧਾਲੀਵਾਲ, ਗੁਰਮੁਖ ਸਿੰਘ ਮੋਹਣ ਭੰਡਾਰੀਆਂ ਜ਼ਿਲ੍ਹਾ ਆਗੂ, ਬਾਬਾ ਸਤਨਾਮ ਸਿੰਘ ਝੰਡੇਰ, ਇੰਦਰਜੀਤ ਸਿੰਘ ਕੋਟ ਬੁੱਢਾ, ਬਚਿੱਤਰ ਸਿੰਘ ਕੋਟਲਾ, ਸੁਖਜੀਤ ਸਿੰਘ ਹਰਦੋ ਝੰਡੇ, ਗੁਰਵਿੰਦਰ ਸਿੰਘ ਭੰਗੂ ਬੀ ਕੇ ਯੂ ਦੇ ਸੂਬਾ ਮੀਤ ਪ੍ਰਧਾਨ ਸੁਖਚੈਨ ਸਿੰਘ, ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਬਾਠ, ਤਰਨ ਤਾਰਨ ਦੇ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਬਾਠ, ਦਵਿੰਦਰ ਸਿੰਘ ਭੁੱਲਰਵਨ, ਸਤਨਾਮ ਸਿੰਘ ਮਲ ਕਾਕੜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਕਲੇਰ ਮਾਂਗਟ 'ਚ ਇੱਕੋ ਰਾਤ 'ਚ ਦਰਜਨ ਤੋਂ ਵੱਧ ਮੋਟਰਾਂ ਦੀਆਂ ਤਾਰਾਂ ਗਾਇਬ



ਮਜੀਠਾ (ਸੋਇਮ ਆਨੰਦ)-ਮਜੀਠਾ ਨਾਲ ਲੱਗਦੇ ਪਿੰਡ ਕਲੇਰ ਮਾਂਗਟ ਵਿੱਚ ਬੀਤੀ ਰਾਤ ਅਣਪਛਾਤੇ ਚੋਰਾਂ ਨੇ ਪਿੰਡ ਦੇ ਦਰਜਨ ਤੋਂ ਵੱਧ ਕਿਸਾਨਾਂ ਦੇ ਖੇਤਾਂ ਵਿੱਚ ਲੱਗੇ ਟਿਊਬਵੈੱਲਾਂ ਨੂੰ ਨਿਸ਼ਾਨਾ ਬਣਾਉਂਦਿਆਂ ਮੋਟਰਾਂ ਦੀਆਂ ਤਾਰਾਂ, ਸਟਾਰਟਰ ਅਤੇ ਹੋਰ ਕੀਮਤੀ ਖੇਤੀ ਸੰਦ ਚੋਰੀ ਕਰ ਲਏ। ਪਿੰਡ ਦੇ ਸਰਪੰਚ ਅਮਰਜੀਤ ਸਿੰਘ ਕਲੇਰ ਨੇ ਦੱਸਿਆ ਕਿ ਚੋਰ ਰਾਤ ਦੇ ਹਨੇਰੇ ਦਾ ਫਾਇਦਾ ਉਠਾ ਕੇ ਖੇਤਾਂ ਵਿੱਚ ਦਾਖਲ ਹੋਏ ਅਤੇ ਟਿਊਬਵੈੱਲਾਂ ਦੀਆਂ ਮੋਟਰਾਂ ਦੀਆਂ ਸਪਲਾਈ ਤਾਰਾਂ ਕੱਟ ਕੇ ਲੈ ਗਏ। ਇਸ ਤੋਂ ਇਲਾਵਾ ਕਈ ਥਾਵਾਂ ਤੋਂ ਸਟਾਰਟਰ ਬਾਕਸ ਅਤੇ ਹੋਰ ਸੰਦ ਵੀ ਗਾਇਬ ਹਨ। ਸਰਪੰਚ ਨੇ ਕਿਹਾ ਕਿ ਇਹ ਕੋਈ ਪਹਿਲੀ ਘਟਨਾ ਨਹੀਂ ਹੈ। ਕੁਝ ਦਿਨ ਪਹਿਲਾਂ ਹੀ ਪਿੰਡ ਦੇ ਇਕ ਕਿਸਾਨ ਦੇ ਟਿਊਬਵੈੱਲ 'ਤੇ ਲੱਗਾ 10 ਹਾਰਸ ਪਾਵਰ ਦਾ ਡੀਜ਼ਲ ਇੰਜਣ ਵੀ ਚੋਰੀ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਤਾਰਾਂ ਚੋਰੀ ਹੋਣ ਕਾਰਨ ਜ਼ਿਆਦਾਤਰ ਟਿਊਬਵੈੱਲ ਬੰਦ ਪਏ ਹਨ। ਇਸ ਸਮੇਂ ਝੋਨੇ ਦੀ ਫਸਲ ਨੂੰ ਰੋਜ਼ਾਨਾ ਪਾਣੀ ਦੀ ਲੋੜ ਹੈ। ਪਾਣੀ ਦੀ ਕਮੀ ਕਾਰਨ ਫਸਲ ਮੁਰਝਾ ਰਹੀ ਹੈ। ਇਨ੍ਹਾਂ ਚੋਰੀਆਂ ਤੋਂ ਬਾਅਦ ਪਿੰਡ ਦੇ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕਿਸਾਨ ਰਾਤਾਂ ਨੂੰ ਜਾਗ ਕੇ ਆਪਣੇ ਖੇਤਾਂ ਦੀ ਰਾਖੀ ਕਰਨ ਲਈ ਮਜਬੂਰ ਹੋ ਗਏ ਹਨ।ਸਰਪੰਚ ਅਮਰਜੀਤ ਸਿੰਘ ਕਲੇਰ ਸਮੇਤ ਪੀੜਤ ਕਿਸਾਨਾਂ ਨੇ ਪੁਲਸ ਪ੍ਰਸ਼ਾਸਨ ਅਤੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ। ਪੁਲਸ ਤੁਰੰਤ ਕਾਰਵਾਈ ਕਰਕੇ ਚੋਰਾਂ ਨੂੰ ਗ੍ਰਿਫ਼ਤਾਰ ਕਰੇ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਵੇ। ਪਿੰਡ ਵਿੱਚ ਰਾਤ ਦੀ ਗਸ਼ਤ ਵਧਾਈ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ 'ਤੇ ਰੋਕ ਲੱਗ ਸਕੇ।ਇਸ ਮੌਕੇ ਬਲਵਿੰਦਰ ਸਿੰਘ, ਮਹਿੰਦਰ ਸਿੰਘ, ਤਰਸੇਮ ਸਿੰਘ, ਮੇਜਰ ਸਿੰਘ, ਪੱਪੂ ਸਿੰਘ, ਰਵੇਲ ਸਿੰਘ, ਅਮਰਜੀਤ ਸਿੰਘ, ਗੁਰਲਾਲ ਸਿੰਘ, ਮਨਪ੍ਰੀਤ ਸਿੰਘ ਅਤੇ ਸੁਖਰਾਜ ਸਿੰਘ ਸਮੇਤ ਕਈ ਪੀੜਤ ਕਿਸਾਨ ਹਾਜ਼ਰ ਸਨ।

# ਆਰ ਡੀ ਖੋਸਲਾ ਸਕੂਲ ਦੇ ਹਰਗੁਨਦੀਪ ਸਿੰਘ ਨੂੰ ਸੋਨ ਤਗਮਾ, ਰਾਜ ਪੱਧਰੀ ਮੁਕਾਬਲੇ ਲਈ ਚੁਣਿਆ

**ਬਟਾਲਾ (ਡਾਕਟਰ ਮਾਲਵਿੰਦਰ ਸਿੰਘ)**- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ ਹਰਗੁਨਦੀਪ ਸਿੰਘ ਨੇ ਪੰਜਾਬ ਸਕੂਲ ਖੇਡਾਂ ਦੇ ਜ਼ਿਲ੍ਹਾ ਪੱਧਰੀ ਸ਼ੂਟਿੰਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਸੋਨ ਤਗਮਾ ਜਿੱਤਿਆ। ਉਸ ਦੇ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਉਸ ਨੂੰ ਰਾਜ ਪੱਧਰੀ ਮੁਕਾਬਲੇ ਲਈ ਚੁਣਿਆ ਗਿਆ ਹੈ।ਹਰਗੁਨਦੀਪ ਸਿੰਘ ਦੀ ਪ੍ਰਾਪਤੀ ਨੇ ਸਕੂਲ, ਮਾਪਿਆਂ ਅਤੇ ਪੂਰੇ ਸਕੂਲ ਪਰਵਾਰ ਦਾ ਮਾਣ ਵਧਾਇਆ ਹੈ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਹਰਗੁਨਦੀਪ ਸਿੰਘ, ਉਸ ਦੇ ਮਾਪਿਆਂ ਅਤੇ ਕੋਚ ਮਨਜਿੰਦਰ ਸਿੰਘ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਹਰਗੁਨ ਨੂੰ ਰਾਜ ਪੱਧਰੀ ਮੁਕਾਬਲੇ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਹਰਗੁਨਦੀਪ ਸਿੰਘ ਰਾਜ ਪੱਧਰ 'ਤੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖੇਗਾ ਅਤੇ ਸਕੂਲ ਅਤੇ ਬਟਾਲਾ ਦਾ ਨਾਂਅ ਰੌਸ਼ਨ ਕਰੇਗਾ।

## ਵੋਟਾਂ ਦੀ ਜਾਂਚ ਅਤੇ ਤਸਦੀਕ ਲਈ 16 ਨੂੰ ਵਿਸ਼ੇਸ਼ ਕੈਂਪ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ)-2026 ਤਹਿਤ ਡਰਾਫਟ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 13 ਅਗਸਤ 2026 ਨੂੰ ਕਰ ਦਿੱਤੀ ਗਈ ਹੈ। ਇਸ ਸਬੰਧੀ ਦਾਅਵੇ ਅਤੇ ਇਤਰਾਜ਼ 13 ਅਗਸਤ ਤੋਂ 12 ਸਤੰਬਰ 2026 ਤੱਕ ਦਾਇਰ ਕੀਤੇ ਜਾ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਸ੍ਰੀ ਆਦਿਤਿਆ ਉੱਪਲ ਨੇ ਦੱਸਿਆ ਕਿ ਡਰਾਫਟ ਵੋਟਰ ਸੂਚੀ ਦੀ



ਜਾਂਚ ਅਤੇ ਤਸਦੀਕ ਕਰਨ ਲਈ ਵੋਟਰਾਂ ਦੀ ਸਹੂਲਤ ਵਾਸਤੇ 16 ਅਗਸਤ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਜਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਬੂਥ ਲੈਵਲ ਅਫ਼ਸਰ (ਬੀ.ਐਲ.ਓ) ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਹਾਜ਼ਰ ਰਹਿਣਗੇ । ਉਨ੍ਹਾਂ ਦੱਸਿਆ ਕਿ ਜਿਹੜੇ ਯੋਗ ਵੋਟਰ ਡਰਾਫਟ ਵੋਟਰ ਸੂਚੀ ਵਿੱਚ ਦਰਜ ਹੋਣ ਤੋਂ ਰਹਿ ਗਏ ਹਨ, ਉਹ ਲੋੜੀਂਦੇ ਘੋਸ਼ਣਾ ਪੱਤਰ ਅਤੇ ਸਹਾਇਕ ਦਸਤਾਵੇਜ਼ਾਂ ਸਮੇਤ ਫਾਰਮ ਨੰਬਰ 6, ਫਾਰਮ ਨੰਬਰ 61 ਅਤੇ ਫਾਰਮ ਨੰਬਰ 8, ਜਿੱਥੇ ਵੀ ਲਾਗੂ ਹੋਵੇ, ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਬੀ.ਐਲ.ਓਜ਼ ਕੋਲ ਹਾਰਡ ਕਾਪੀ ਵਿੱਚ ਫਾਰਮ ਨੰਬਰ 6 ਅਤੇ 8 ਉਪਲਬਧ ਰਹਿਣਗੇ ਅਤੇ ਭਰੇ ਹੋਏ ਫਾਰਮ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਵਿਖੇ ਜਮ੍ਹਾਂ ਕਰਵਾਏ ਜਾਣਗੇ।

## ਔਲਖ ਨੂੰ ਸੂਬਾ ਮੀਤ ਪ੍ਰਧਾਨ ਬਣਾਉਣ 'ਤੇ ਪਾਰਟੀ ਹਾਈਕਮਾਨ ਤੇ ਖਹਿਰਾ ਦਾ ਧੰਨਵਾਦ

ਚੋਹਲਾ ਸਾਹਿਬ (ਰਮਨ ਚੱਡਾ)-ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਮਿਹਨਤੀ ਅਤੇ ਜੁਝਾਰੂ ਆਗੂ ਕੁਲਦੀਪ ਸਿੰਘ ਔਲਖ ਨੂੰ ਪਾਰਟੀ ਦਾ ਸੂਬਾ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਲਾਟੀ ਚੋਹਲਾ ਸਾਹਿਬ ਵੱਲੋਂ ਪਾਰਟੀ ਹਾਈਕਮਾਨ ਅਤੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਖਹਿਰਾ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ਮਨਜਿੰਦਰ ਸਿੰਘ ਲਾਟੀ ਚੋਹਲਾ ਸਾਹਿਬ ਨੇ ਕਿਹਾ ਕਿ ਕੁਲਦੀਪ ਸਿੰਘ ਔਲਖ ਲੰਮੇ ਸਮੇਂ ਤੋਂ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਸੇਵਾ ਨਿਭਾ ਰਹੇ ਹਨ। ਪਾਰਟੀ ਹਾਈਕਮਾਨ ਵੱਲੋਂ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਵਫ਼ਾਦਾਰੀ ਅਤੇ ਨਿਸ਼ਕਾਮ ਸੇਵਾਵਾਂ ਨੂੰ ਦੇਖਦਿਆਂ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ, ਜੋ ਕਿ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਸਮੇਂ ਦਾ ਹਾਣੀ ਫੈਸਲਾ ਹੈ। ਔਲਖ ਦੀ ਨਿਯੁਕਤੀ ਨਾਲ ਇਲਾਕੇ ਵਿੱਚ ਪਾਰਟੀ ਸੰਗਠਨ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਹੋਵੇਗਾ। ਹਲਕਾ ਇੰਚਾਰਜ ਬੀਬਾ ਰਮਨਦੀਪ



ਕੌਰ ਖਹਿਰਾ ਦੀ ਯੋਗ ਅਗਵਾਈ ਹੇਠ ਹਲਕੇ ਅੰਦਰ ਪਾਰਟੀ ਦਿਨ-ਬ-ਦਿਨ ਬੁਲੰਦੀਆਂ ਛੂਹ ਰਹੀ ਹੈ।ਲਾਟੀ ਚੋਹਲਾ ਸਾਹਿਬ ਨੇ ਵਿਸ਼ਵਾਸ ਦਿਵਾਇਆ ਕਿ ਕੁਲਦੀਪ ਸਿੰਘ ਔਲਖ ਦੀ ਅਗਵਾਈ ਹੇਠ ਸਮੁੱਚੀ ਟੀਮ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਬੁਲੰਦੀਆਂ 'ਤੇ ਲੈ ਕੇ ਜਾਣ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ।ਇਸ ਮੌਕੇ ਆਗੂ ਨਿਰਵੈਲ ਸਿੰਘ ਨੈਲਾ, ਰਕੇਸ਼ ਕੁਮਾਰ ਨਈਅਰ ਵਸੀਕਾ ਵਾਲੇ, ਸਰਬਜੀਤ ਸਿੰਘ ਰਾਜਾ ਜਗਰੂਪ ਸਿੰਘ ਪ੍ਰਧਾਨ ਪੱਖੋਪੁਰ, ਮੁਹੱਬਤ ਪਾਲ ਸਿੰਘ, ਸੁਨੀਲ ਕੁਮਾਰ ਸ਼ੀਲੂ, ਗੁਰਵੇਲ ਸਿੰਘ ਫੌਜੀ, ਬਲਕਾਰ ਸਿੰਘ ਚੰਬਾ , ਜੁਝਾਰ ਸਿੰਘ, ਗੁਰਵਿੰਦਰ ਸਿੰਘ ਬੱਲ ਅਤੇ ਦੋਸੰਧਾ ਸਿੰਘ ਗਾਬੜੀਆਂ ਹਾਜ਼ਰ ਸਨ।

# ਸੁਖਬੀਰ ਬਾਦਲ 'ਤੇ ਹੋਏ ਹਮਲੇ ਦੀ ਨਿੰਦਾ



ਮੋਗਾ (ਇਕਬਾਲ ਸਿੰਘ ਖਹਿਰਾ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਖੇ ਗੁਰਦੁਆਰਾ ਮਾਤਾ ਸਾਹਿਬ ਦੇਵਾਂ ਜੀ ਵਿਖੇ ਦਰਸ਼ਨ-ਦੀਦਾਰ ਕਰਨ ਦੌਰਾਨ ਇੱਕ ਵਿਅਕਤੀ ਵੱਲੋਂ ਕੀਤੇ ਗਏ ਹਮਲੇ ਦੀ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ, ਮੋਗਾ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਸੀਨੀਅਰ ਅਕਾਲੀ ਆਗੂ ਰਣਵਿੰਦਰ ਸਿੰਘ ਪੱਪੂ ਰਾਮੂਵਾਲਾ, ਨਿਹਾਲ ਸਿੰਘ ਵਾਲਾ ਦੇ ਹਲਕਾ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ ਅਤੇ ਸੀਨੀਅਰ ਅਕਾਲੀ ਆਗੂ ਰਾਜਵੰਤ ਸਿੰਘ ਮਾਹਲਾ ਵਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਸਿੱਖ ਕੌਮ ਦੀ ਆਸਥਾ ਦੇ ਪਵਿੱਤਰ ਕੇਂਦਰ 'ਤੇ ਨੁਮਾਇੰਦਾ ਸਿੱਖ ਸਿਆਸੀ ਜਥੇਬੰਦੀ ਦੇ ਮੁਖੀ 'ਤੇ ਹਮਲਾ ਕਰਨਾ ਬੇਹੱਦ ਦੁਖਦਾਈ ਅਤੇ ਮੰਦਭਾਗੀ ਘਟਨਾ ਹੈ। ਉਨ੍ਹਾਂ ਕਿਹਾ ਕਿ ਪਰਵਾਰ ਸਮੇਤ ਗੁਰੂ ਘਰ ਦੇ ਦਰਸ਼ਨਾਂ ਲਈ ਗਏ ਸੁਖਬੀਰ ਸਿੰਘ ਬਾਦਲ 'ਤੇ ਹਮਲਾ ਕਰਨਾ ਨਾ ਸਿਰਫ਼ ਨਿੰਦਣਯੋਗ ਹੈ, ਸਗੋਂ ਗੁਰੂ ਘਰ ਦੀ ਮਾਣ-ਮਰਯਾਦਾ ਨੂੰ ਵੀ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੈ। ਅਕਾਲੀ ਆਗੂਆਂ ਨੇ ਕਿਹਾ ਕਿ ਕਿਸੇ ਵੀ ਸ਼ਰਧਾਲੂ ਨਾਲ ਅਜਿਹੀ ਘਟਨਾ ਵਾਪਰਨਾ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਸਿੱਧੀ ਠੇਸ ਪਹੁੰਚਾਉਂਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਪੰਥ ਨੂੰ ਆਪਸੀ ਭਾਈਚਾਰਾ, ਸ਼ਾਂਤੀ ਅਤੇ ਗੁਰੂ ਸਾਹਿਬਾਨਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਅਜਿਹੀਆਂ ਭੜਕਾਊ ਕਾਰਵਾਈਆਂ ਤੋਂ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਮੰਗ ਕੀਤੀ ਕਿ ਘਟਨਾ ਦੀ ਨਿਰਪੱਖ ਅਤੇ ਡੂੰਘਾਈ ਨਾਲ ਜਾਂਚ ਕਰਕੇ ਜ਼ਿੰਮੇਵਾਰ ਵਿਅਕਤੀ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

# ਆਜ਼ਾਦੀ ਦਿਹਾੜੇ ਦੇ ਸਮਾਗਮ ਸੰਬੰਧੀ ਲਮੀਨੀ ਵਿਖੇ ਫੁੱਲ ਡਰੈੱਸ ਰਿਹਰਸਲ ਕਰਵਾਈ



ਪਠਾਨਕੋਟ (ਦਵਿੰਦਰ ਸਿੰਘ) — ਜ਼ਿਲ੍ਹਾ ਪਠਾਨਕੋਟ ਵਿੱਚ 15 ਅਗਸਤ ਨੂੰ ਮਨਾਏ ਜਾ ਰਹੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਹਾੜੇ ਦੇ ਸਮਾਗਮ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਨੀ ਵਿਖੇ ਫੁੱਲ ਡਰੈਸ ਰਿਹਰਸਲ ਕਰਵਾਈ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਰਾਸ਼ਟਰੀ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਪਰੇਡ ਦਾ ਨਿਰੀਖਣ ਕੀਤਾ।ਇਸ ਮੌਕੇ ਐਸ.ਐਸ.ਪੀ. ਪਠਾਨਕੋਟ ਦਲਜਿੰਦਰ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਅਰਸ਼ਦੀਪ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਕਮਲਦੀਪ ਕੌਰ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਰਾਮ ਲੁਭਾਇਆ, ਖੇਡ ਇੰਚਾਰਜ ਸਿੱਖਿਆ ਵਿਭਾਗ ਅਰੁਣ ਸ਼ਰਮਾ, ਕੁਲਵਿੰਦਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।ਫੁੱਲ ਡਰੈਸ ਰਿਹਰਸਲ ਦੌਰਾਨ ਪੰਜਾਬ ਪੁਲਸ, ਮਹਿਲਾ ਪੁਲਸ, ਪੰਜਾਬ ਹੋਮਗਾਰਡਜ਼, ਵੱਖ-ਵੱਖ ਸਕੂਲਾਂ ਦੇ ਐਨ.ਸੀ.ਸੀ. ਕੈਡਿਟਾਂ ਅਤੇ ਨਾਨ-ਐਨ.ਸੀ.ਸੀ. ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਡਿਪਟੀ ਕਮਿਸ਼ਨਰ ਡਾ. ਪੱਲਵੀ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਪੇਸ਼ਕਾਰੀਆਂ ਅਤੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮਾਂ ਦੀ ਰਿਹਰਸਲ ਵੀ ਕੀਤੀ ਗਈ। ਇਸ ਵਾਰ ਵੀ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਹਾੜਾ ਸਮਾਗਮ 15 ਅਗਸਤ ਨੂੰ ਮਲਟੀਪਰਪਜ਼ ਸਪੋਰਟਸ ਸਟੇਡੀਅਮ ਲਮੀਨੀ ਪਠਾਨਕੋਟ ਵਿਖੇ ਪੂਰੇ ਉਤਸ਼ਾਹ, ਜੋਸ਼ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਜਾਵੇਗਾ। ਇਸ ਸਮਾਗਮ ਵਿੱਚ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਰਾਸ਼ਟਰੀ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਇਸ ਉਪਰੰਤ ਉਹ ਪਰੇਡ ਦਾ ਨਿਰੀਖਣ ਕਰਨਗੇ ਅਤੇ ਜ਼ਿਲ੍ਹਾ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦੇਣਗੇ।

# ਜਹਾਂਗੀਰ ਕਲਾਂ ਤੇ ਖੁਰਦ ਤੋਂ ਸੈਂਕੜੇ ਪਰਵਾਰ ਕਾਂਗਰਸ 'ਚ ਸ਼ਾਮਲ



ਚੋਹਲਾ ਸਾਹਿਬ ਸਾਹਿਬ (ਰਮਨ ਚੱਡਾ)-ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਪਿੰਡ ਜਹਾਂਗੀਰ ਕਲਾਂ ਅਤੇ ਜਹਾਂਗੀਰ ਖੁਰਦ ਵਿੱਚ ਆਮ ਆਦਮੀ ਪਾਰਟੀ (ਆਪ) ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਸੈਂਕੜੇ ਪਰਵਾਰਾਂ ਨੇ ਦੋਵਾਂ ਪਾਰਟੀਆਂ ਨੂੰ ਅਲਵਿਦਾ ਆਖ ਕੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਯੋਗ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰ ਲਈ।ਇਸ ਵੱਡੀ ਰਾਜਨੀਤਿਕ ਫੇਰਬਦਲ ਵਿੱਚ ਮੋਹਤਬਰ ਸਾਥੀਆਂ ਜਤਿੰਦਰ ਸਿੰਘ ਬਾਸ਼ੀ, ਜਤਿੰਦਰ ਸਿੰਘ ਰਾਜਾ, ਗੁਰਵਤਨ ਸਿੰਘ, ਪਰਮਿੰਦਰ ਸਿੰਘ ਪਿੰਦਾ, ਗੁਰਿੰਦਰ ਸਿੰਘ, ਸਾਬਕਾ ਸਰਪੰਚ ਰਸ਼ਪਾਲ ਸਿੰਘ ਪਾਲਾ, ਜਗੀਰ ਸਿੰਘ ਭਲਵਾਨ, ਸਾਬਕਾ ਸਰਪੰਚ ਮਨਿੰਦਰ ਸਿੰਘ, ਮੌਜੂਦਾ ਮੈਂਬਰ ਪੰਚਾਇਤ ਸਰਵਨ ਸਿੰਘ, ਤਰਸੇਮ ਸਿੰਘ ਨਾਮਾ, ਤਸਵੀਰ ਸਿੰਘ ਪਪਾ, ਸਾਬਕਾ ਮੈਂਬਰ ਮੰਗਲ ਸਿੰਘ, ਸਾਬਕਾ ਮੈਂਬਰ ਕੇਵਲ ਸਿੰਘ, ਸਾਬਕਾ ਸਰਪੰਚ ਮੁਖਤਾਰ ਸਿੰਘ, ਬਲਜੀਤ ਸਿੰਘ ਬੱਬੂ, ਦਲਜੀਤ ਸਿੰਘ ਮਰੋਕ ਅਤੇ ਕੁਲਵੰਤ ਸਿੰਘ ਨੇ ਅਹਿਮ ਭੂਮਿਕਾ ਨਿਭਾਈ। ?ਕਾਂਗਰਸ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਵਿਅਕਤੀਆਂ ਵਿੱਚ ਨਿਰਮਲ ਸਿੰਘ, ਅਨਮੋਲਦੀਪ ਸਿੰਘ, ਜੁਗਰਾਜ ਸਿੰਘ, ਹਰਮਨਦੀਪ ਸਿੰਘ, ਦਿਲਪ੍ਰੀਤ ਸਿੰਘ, ਕੁਲਵੰਤ ਸਿੰਘ, ਹਰਦੀਪ ਸਿੰਘ, ਪੂਰਨ ਸਿੰਘ ਪਰਜਾਪਤ, ਜਗੀਰ ਸਿੰਘ, ਗੁਰਦੀਪ ਸਿੰਘ, ਕੁਲਦੀਪ ਸਿੰਘ, ਅਵਤਾਰ ਸਿੰਘ, ਮੰਗਲ ਸਿੰਘ, ਮਹੇਰ ਸਿੰਘ, ਤਰਲੋਕ ਸਿੰਘ, ਰਾਜਵਿੰਦਰ ਸਿੰਘ ਰਾਜੂ, ਤਰਸੇਮ ਸਿੰਘ, ਅਮਨ ਸਿੰਘ, ਹਰਵਿੰਦਰ ਸਿੰਘ, ਮਨਜੀਤ ਸਿੰਘ ਮੰਨਾ ਮੁਰਲ, ਬਲਜਿੰਦਰ ਸਿੰਘ ਬੱਬੂ, ਕੁਲਵਿੰਦਰ ਸਿੰਘ, ਚਰਨਜੀਤ ਸਿੰਘ, ਵਿਸ਼ਾਲ ਸਿੰਘ, ਜਗਪਾਲ ਸਿੰਘ, ਸ਼ਮਸ਼ੇਰ ਸਿੰਘ, ਬਲਵਿੰਦਰ ਸਿੰਘ, ਦਿਲਬਾਗ ਸਿੰਘ, ਸੁਖਵਿੰਦਰ ਸਿੰਘ, ਜਸਪਾਲ ਸਿੰਘ ਜੱਸਾ, ਮਲਕੀਤ ਸਿੰਘ ਮੀਤਾ, ਅਮਨ ਸਿੰਘ ਮੁਰਲ, ਅਰਸ਼ਦੀਪ ਸਿੰਘ, ਹਰਮਨ ਸਿੰਘ, ਮੰਗਾ ਸਿੰਘ, ਸਤਨਾਮ ਸਿੰਘ, ਸਾਹਿਬ ਸਿੰਘ, ਅਨਮੋਲ ਸਿੰਘ, ਰਾਜਾ ਸਿੰਘ, ਕਰਨ ਸਿੰਘ, ਸਾਜਨ ਸਿੰਘ, ਜੋਬਨਜੀਤ ਸਿੰਘ, ਅਰਸ਼ ਸਿੰਘ, ਗਗਨਦੀਪ ਸਿੰਘ, ਪ੍ਰਿੰਸ ਸਿੰਘ, ਵਿਸ਼ਾਲਦੀਪ ਸਿੰਘ ਆਦਿ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਸ਼ਾਮਲ ਹਨ।

# ਆਨੰਦ ਗਰੁੱਪ ਆਫ਼ ਕਾਲਜਿਜ਼ 'ਚ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



ਮਜੀਠਾ (ਸੋਇਮ ਆਨੰਦ)- ਆਨੰਦ ਗਰੁੱਪ ਆਫ਼ ਕਾਲਜਿਜ਼ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੁੜਿਆ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਕੈਂਪਸ ਵਿੱਚ ਪੰਜਾਬੀ ਸੱਭਿਆਚਾਰ ਦੀਆਂ ਰਵਾਇਤੀ ਝਲਕੀਆਂ ਦੇਖਣ ਨੂੰ ਮਿਲੀਆਂ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਭੰਗੜੇ ਅਤੇ ਗਿੱਧੇ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੇ ਪੰਜਾਬੀ ਲੋਕ ਗੀਤਾਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਸਭ ਦਾ ਮਨ ਮੋਹ ਲਿਆ । ਕਾਲਜ ਦੇ ਚੇਅਰਮੈਨ ਡਾ. ਐਮ. ਐਮ. ਆਨੰਦ, ਵਾਈਸ ਚੇਅਰਮੈਨ ਡਾ. ਜੇ. ਐਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਅਤੇ ਵਾਈਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਨੇ ਵਿਦਿਆਰਥੀਆਂ ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੱਤੀ ਅਤੇ ਅਜਿਹੇ ਸੱਭਿਆਚਾਰਕ ਸਮਾਗਮ ਕਰਵਾਉਣ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਪ੍ਰੋਫੈਸਰ ਡਾ. ਮਨਵਿੰਦਰ, ਸਾਕਸ਼ੀ ਸ਼ਰਮਾ, ਪੂਨਮ, ਹਰਲੀਨ, ਸੀਮਾ, ਪੁਨਰ, ਪ੍ਰਿਅੰਕਾ, ਰਿਪਨਦੀਪ, ਸਿਮਰਨ ਢਿੱਲੋਂ, ਪਰਮੀਤ, ਜਸਲੀਨ, ਭਵਿਆ, ਐਮਨ,ਪ੍ਰਭਨੂਰ, ਰਿਤੂ, ਰਮਨ ਚੌਹਾਨ, ਮੀਨਾਕਸ਼ੀ, ਨਵਜੋਤ, ਕੰਚਨ, ਸ਼ਰਧਾ, ਪਲਵੀ, ਸਿਮਰਨਜੀਤ, ਸਿਮਰਨਜੀਤ, ਵੰਸ਼ਿਕਾ, ਮਨਪ੍ਰੀਤ, ਗੀਤੂ ਕਾਲੀਆ, ਹਰਪ੍ਰੀਤ ਕੌਰ, ਬਲਜੀਤ ਕੌਰ, ਸੁਰਚੀਪਾਲ, ਰਮਿੰਦਰਜੀਤ ਕੌਰ, ਜੋਤੀ ਬਾਲਾ, ਜਗਰੂਪ ਕੌਰ, ਸੋਨਲ ਮਹਾਜਨ, ਭੁਪਿੰਦਰ, ਚਰਨਜੀਤ ਕੌਰ, ਸਮੇਤ ਸਟਾਫ਼ ਮੈਂਬਰ ਅਤੇ ਵਿਦਿਆਰਥੀ ਮੌਜੂਦ ਰਹੇ।

# ਡੱਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਪਾਰਟੀ ਦੇ ਕਈ ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ

ਬਟਾਲਾ ( ਡਾਕਟਰ ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀਆਂ ਵਿਕਾਸ ਅਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਡੱਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਦੇ ਕਈ ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਦਾ ਵਿਧਾਇਕ ਸ਼ੈਰੀ ਕਲਸੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਪਿੰਡ ਡੱਲਾ ਵਿਖੇ ਕੀਤੀ ਮੀਟਿੰਗ ਦੌਰਾਨ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਤੋਂ ਹਲਕੇ ਵਿੱਚ ਵਿਚਰ ਕੇ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਵਾ ਰਹੇ ਹਨ ਅਤੇ ਪਿੰਡਾਂ ਵਿੱਚ ਚਹੁੰਮੁਖੀ ਵਿਕਾਸ ਕੰਮ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ।ਬਟਾਲਾ ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕੇ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ ਅਤੇ ਕਈ ਵਿਕਾਸ ਕੰਮ ਪ੍ਰਗਤੀ ਅਧੀਨ ਹਨ।੯



# ਮੰਗਾਂ ਨਾ ਮੰਨੀਆਂ ਤਾਂ ਸਤੰਬਰ 'ਚ ਦਿੱਤਾ ਜਾਵੇਗਾ ਵਿਸ਼ਾਲ ਧਰਨਾ



ਧਾਰੀਵਾਲ (ਮਨਦੀਪ ਵਿੱਕੀ) - ਵੀਰਵਾਰ ਨੂੰ ਪੰਜਾਬ ਮੰਡੀ ਬੋਰਡ ਫੀਲਡ ਇੰਪਲਾਈਜ ਯੂਨੀਅਨ ਦੇ ਅਹੁਦੇਦਾਰਾਂ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਕੋਟ ਈਸੇ ਖਾ (ਮੋਗਾ) ਦੀ ਪ੍ਰਧਾਨਗੀ ਹੇਠਾਂ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਟੇਕ ਸਿੰਘ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਵੱਖ-ਵੱਖ ਜਿਲਿਆਂ ਤੋਂ ਆਗੂ ਤੇ ਵਰਕਰ ਸ਼ਾਮਿਲ ਹੋਏ। ਆਗੂਆਂ ਨੇ ਦੱਸਿਆ ਕਿ ਮੰਡੀ ਬੋਰਡ ਦੀ ਮੈਨੇਜਮੈਂਟ ਨੇ ਅਜੇ ਤੱਕ ਕਰਮਚਾਰੀਆਂ ਦੀਆਂ ਮੰਗਾਂ ਨਹੀਂ ਮੰਨੀਆਂ। ਮੀਟਿੰਗ ਵਿੱਚ ਯੂਨੀਅਨ ਨੇ ਫੈਸਲਾ ਕੀਤਾ ਕਿ ਜੇਕਰ ਮੰਡੀ ਬੋਰਡ ਦੀ ਮੈਨੇਜਮੈਂਟ ਨੇ ਕਰਮਚਾਰੀਆਂ ਦੀਆਂ ਮੰਗਾ ਇੱਕ ਮਹੀਨੇ ਦੇ ਵਿੱਚ ਨਾ ਮੰਨੀਆਂ ਤਾਂ ਪੰਜਾਬ ਮੰਡੀ ਬੋਰਡ ਫੀਲਡ ਇੰਪਲਾਈਜ ਯੂਨੀਅਨ ਵੱਲੋਂ ਸੰਤਬਰ ਮਹੀਨੇ ਵਿੱਚ ਚੇਅਰਮੈਨ ਦਫਤਰ ਦੇ ਅੱਗੇ ਪੰਜਾਬ ਮੰਡੀ ਬੋਰਡ ਮੁਹਾਲੀ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਖੁਸ਼ਵੰਤ ਸਿੰਘ ਬਾਜਵਾ ਸਰਪਰਸਤ ਲੁਧਿਆਣਾ, ਵੀਰ ਇੰਦਰਜੀਤ ਸਿੰਘ ਪੁਰੀ ਚੇਅਰਮੈਨ, ਗੋਪਾਲ ਚੰਦ ਮੋਹਾਲੀ ਸੂਬਾ ਜਨਰਲ ਸਕੱਤਰ, ਯਾਦਵਿੰਦਰ ਸਿੰਘ ਸੂਬਾ ਕੈਸ਼ੀਅਰ ਫਰੀਦਕੋਟ, ਭੁਪਿੰਦਰ ਸਿੰਘ ਲੁਧਿਆਣਾ ਜੁਆਂਇਟ ਸੈਕਟਰੀ, ਸੁਸ਼ੀਲ ਕੁਮਾਰ ਸੂਬਾ ਪ੍ਰੈਸ ਸਕੱਤਰ, ਦਿਨੇਸ਼ ਭਗਤ ਸੂਬਾ ਕਾਰਜਕਾਰੀ ਮੈਂਬਰ, ਟੇਕ ਸਿੰਘ ਗੁਰਦਾਸਪੁਰ ਜ਼ਿਲ੍ਹਾ ਪ੍ਰਧਾਨ, ਸਤਨਾਮ ਸਿੰਘ ਜ਼ਿਲ੍ਹਾ ਕੈਸ਼ੀਅਰ ਗੁਰਦਾਸਪੁਰ, ਰਵਨੀਤ ਸਿੰਘ ਜਿਲਾ ਪ੍ਰਧਾਨ ਫਿਰੋਜ਼ਪੁਰ ਆਦਿ ਆਗੂ ਹਾਜ਼ਰ ਹੋਏ।

# ਅੱਤ ਦੀ ਗਰਮੀ 'ਚ ਰੇਲਵੇ ਫਾਟਕ ਖੁੱਲ੍ਹਣ ਦੀ ਉਡੀਕ ਕਰਦੇ ਰਾਹਗੀਰ ਬੇਹੱਦ ਦੁਖੀ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ-ਪਠਾਨਕੋਟ ਰੋਡ ਸਥਿਤ ਮੰਡੀ ਚੌਕ ਨੇੜੇ ਪੈਂਦਾ ਰੇਲਵੇ ਫਾਟਕ ਅਕਸਰ ਰੇਲ ਗੱਡੀਆਂ ਦੀ ਆਵਾਜਾਈ ਕਾਰਨ ਬੰਦ ਰਹਿਣ ਕਾਰਨ ਅੱਤ ਦੀ ਗਰਮੀ ਵਿਚ ਫਾਟਕ ਖੁੱਲ੍ਹਣ ਦੀ ਉਡੀਕ ਕਰਨ ਵਾਲੇ ਲੋਕ ਕਾਫ਼ੀ ਦੁਖੀ ਹੋ ਚੁੱਕੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇਹ ਫਾਟਕ ਬੰਦ ਹੋਣ 'ਤੇ ਉਨ੍ਹਾਂ ਨੂੰ ਧੁੱਪ ਅਤੇ ਮੀਂਹ ਵਿਚ ਖੜ੍ਹੇ ਹੋ ਕੇ ਗੱਡੀ ਲੰਘਣ ਦਾ ਇੰਤਜ਼ਾਰ ਕਰਨਾ ਪੈਂਦਾ ਹੈ ਜਿਸ ਨਾਲ ਜਿਥੇ ਉਨ੍ਹਾਂ ਦਾ ਸਮਾਂ ਬਰਬਾਦ ਹੁੰਦਾ ਹੈ ਉਥੇ ਹੀ ਭਾਰੀ ਪ੍ਰੇਸ਼ਾਨੀ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਇਸ ਫਾਟਕ ਦੇ ਬੰਦ ਹੋਣ ਨਾਲ ਆ ਰਹੀ ਪ੍ਰੇਸ਼ਾਨੀ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਗੰਭੀਰ ਨਜ਼ਰ ਨਹੀਂ ਆ ਰਿਹਾ। ਲੋਕਾਂ ਦਾ ਕਹਿਣਾ ਹੈ ਕਿ ਹੁਣ ਬਰਸਾਤ ਦੇ ਮੌਸਮ ਵਿਚ ਫਾਟਕ ਬੰਦ ਰਹਿਣ ਨਾਲ ਲੋਕਾਂ ਨੂੰ ਮੀਂਹ ਵਿਚ ਖੜ੍ਹੇ ਰਹਿ ਕੇ ਗੱਡੀ ਲੰਘਣ ਦਾ ਇੰਤਜ਼ਾਰ ਕਰਨਾ ਪੈਂਦਾ ਹੈ। ਫਾਟਕ ਵਾਲੀ ਜਗ੍ਹਾ ਨੀਵੀਂ ਹੋਣ ਕਾਰਨ ਇਥੇ ਅਕਸਰ ਹੀ ਮੀਂਹ ਦਾ ਪਾਣੀ ਵੀ ਖੜ੍ਹਾ ਹੋ ਜਾਂਦਾ ਹੈ ਅਤੇ ਲੋਕ ਮੀਂਹ ਦੇ ਪਾਣੀ ਵਿਚੋਂ ਬੜੀ ਮੁਸ਼ਕਲ ਦੇ ਨਾਲ ਆਪਣੇ ਵਾਹਨਾਂ ਨੂੰ ਕੱਢਦੇ ਹਨ। ਇਹ ਫਾਟਕ ਟੇਢਾ ਅਤੇ ਫਾਟਕ ਵਾਲੀ ਜਗ੍ਹਾ ਵੀ ਕਾਫ਼ੀ ਉਬੜ ਖ਼ਾਬੜ ਵਾਲੀ ਬਣੀ ਹੋਈ ਹੈ।

ਕਈ ਵਾਰ ਅਖ਼ਬਾਰਾਂ ਵਿਚ ਖ਼ਬਰਾਂ ਪ੍ਰਕਾਸ਼ਿਤ ਹੋਣ ਦੇ ਬਾਵਜੂਦ ਵੀ ਪ੍ਰਸ਼ਾਸਨ ਵਲੋਂ ਫਾਟਕ ਦੀ ਹਾਲਤ ਨਹੀਂ ਸੁਧਾਰੀ ਗਈ। ਇਹ ਰੇਲਵੇ ਫਾਟਕ ਸਟੇਸ਼ਨ ਦੇ ਬਿਲਕੁਲ ਨਜ਼ਦੀਕ ਹੋਣ ਕਾਰਨ ਅਕਸਰ ਹੀ ਜ਼ਿਆਦਾ ਸਮਾਂ ਬੰਦ ਰਹਿੰਦਾ ਹੈ। ਲੋਕਾਂ ਨੂੰ 15-20 ਮਿੰਟ ਤੱਕ ਫਾਟਕ ਬੰਦ ਰਹਿਣ ਕਰਕੇ ਕਾਫ਼ੀ ਦਿੱਕਤ ਪੇਸ਼ ਆਉਂਦੀ ਹੈ। ਇਲਾਕਾ ਵਾਸੀਆਂ ਨੇ ਕੇਂਦਰੀ ਰੇਲਵੇ ਮੰਤਰੀ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਹੈ ਕਿ ਗੁਰਦਾਸਪੁਰ ਵਾਸੀਆਂ ਲੰਬੇ ਸਮੇਂ ਤੋਂ ਲਟਕ ਰਹੀ ਮੰਗ ਨੂੰ ਮੁੱਖ ਰੱਖਦੇ ਹੋਏ ਇਸ ਫਾਟਕ 'ਤੇ ਓਵਰਬ੍ਰਿਜ ਬਣਾਇਆ ਜਾਵੇ ਤਾਂ ਜੋ ਇਥੋਂ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਇਸ ਮੁਸ਼ਕਲ ਤੋਂ ਨਿਜਾਤ ਮਿਲ ਸਕੇ।

## ਡਰਾਫਟ ਵੋਟਰ ਸੂਚੀਆਂ ਸੰਬੰਧੀ 16 ਨੂੰ ਵਿਸ਼ੇਸ਼ ਕੈਂਪ

ਪਠਾਨਕੋਟ (ਦਵਿੰਦਰ ਸਿੰਘ) - ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਅਤੇ ਡਿਪਟੀ ਕਮਿਸ਼ਨਰ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਪ ਮੰਡਲ ਮੈਜਿਸਟਰੇਟ-ਕਮ- ਚੋਣਕਾਰ ਰਜਿਸਟਰੇਸ਼ਨ ਅਫਸਰ ਪਠਾਨਕੋਟ ਸ੍ਰੀ ਮਨਦੀਪ ਸਿੰਘ ਮਾਨ ਵੱਲੋਂ ਐਸ.ਆਈ.ਆਰ. ਦੇ ਦੂਜੇ ਪੜਾਅ ਦੀ ਤਿਆਰੀ ਸਬੰਧੀ ਆਪਣੇ ਅਧੀਨ ਤਾਇਨਾਤ ਐਡੀਸ਼ਨਲ ਏ.ਆਰ.ਓਜ਼ ਅਤੇ ਸੈਕਟਰ ਅਫਸਰਾਂ ਨਾਲ ਟ੍ਰੇਨਿੰਗ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਸ੍ਰੀ ਮਨਦੀਪ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂ ਕਰਵਾਉਂਦਿਆਂ ਐਸ.ਆਈ.ਆਰ. ਦੇ ਦੂਜੇ ਪੜਾਅ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।ਉਨ੍ਹਾਂ ਦੱਸਿਆ ਕਿ ਰੈਸ਼ਨਲਾਈਜ਼ੇਸ਼ਨ ਉਪਰੰਤ 13 ਅਗਸਤ ਨੂੰ ਪਠਾਨਕੋਟ ਦੇ 171 ਬੂਥਾਂ ਉੱਪਰ ਡਰਾਫਟ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਕਰਵਾ ਦਿੱਤੀ ਗਈ ਹੈ। ਆਮ ਲੋਕ ਇਨ੍ਹਾਂ ਸੂਚੀਆਂ ਦੀ ਜਾਂਚ ਕਰਕੇ ਆਪਣੇ ਨਾਮ, ਪਤੇ ਅਤੇ ਹੋਰ ਵੇਰਵਿਆਂ ਦੀ ਤਸਦੀਕ ਕਰ ਸਕਦੇ ਹਨ।ਸ੍ਰੀ ਮਾਨ ਨੇ ਦੱਸਿਆ ਕਿ ਆਮ ਜਨਤਾ ਦੀ ਸਹੂਲਤ ਲਈ 16 ਅਗਸਤ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾਣ

# ਬਾਬਾ ਬਲਬੀਰ ਸਿੰਘ ਵੱਲੋਂ ਹਮਲੇ ਦੀ ਕਰੜੇ ਸ਼ਬਦਾਂ 'ਚ ਨਿੰਦਾ

ਅੰਮ੍ਰਿਤਸਰ ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਨਾਂਦੇੜ ਵਿਖੇ ਗੁਰਦੁਆਰਾ ਸਾਹਿਬ ਮਾਤਾ ਸਾਹਿਬ ਦੇਵਾਂ ਦੇ ਕੰਪਲੈਕਸ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਉਪਰ ਹੋਏ ਹਮਲੇ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਸ. ਬਾਦਲ 'ਤੇ ਹਮਲਾ ਜਿਥੇ ਪੰਥ ਵਿਰੋਧੀ ਤੇ ਸਿੱਖ ਰਵਾਇਤਾਂ ਦੇ ਉਲਟ ਹੈ ਉਥੇ ਗੁਰਸਿੱਖਾਂ ਦੀ ਆਸਥਾ ਦੇ ਪ੍ਰਤੀਕ ਪਾਵਨ ਅਸਥਾਨ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ 'ਤੇ ਹਮਲਾ ਦੁਖਦਾਈ ਤੇ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰ ਆਏ ਸਰਧਾਲੂ 'ਤੇ ਹਮਲਾ ਕਰਨਾ ਗੁਰੂ ਘਰ ਵਿੱਚ ਕੋਈ ਵੀ ਮਰਯਾਦਾ ਨਹੀਂ ਹੈ ਤੇ ਇਹ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ।

## ਸੁਖਬੀਰ ਬਾਦਲ 'ਤੇ ਹਮਲਾ ਨਿੰਦਣਯੋਗ : ਛੀਨਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) — ਭਾਜਪਾ ਦੇ ਸੀਨੀਅਰ ਆਗੂ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਮਹਾਰਾਸ਼ਟਰ ਦੇ ਨਾਂਦੇੜ ਸਥਿਤ ਤਖ਼ਤ ਸ੍ਰੀ ਹਜ਼ੂਰ ਸਾਹਿਬ ਨੇੜੇ ਹੋਏ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸਿਆਸੀ ਆਗੂ ਜਾਂ ਨਾਗਰਿਕ 'ਤੇ ਹਿੰਸਕ ਹਮਲਾ ਲੋਕਤੰਤਰ ਅਤੇ ਸਮਾਜਿਕ ਸ਼ਾਂਤੀ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਸ: ਛੀਨਾ ਨੇ ਕਿਹਾ ਕਿ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਅਤੇ ਮਰਿਆਦਾ ਨੂੰ ਕਾਇਮ ਰੱਖਣਾ ਹਰੇਕ ਵਿਅਕਤੀ ਦੀ ਜ਼ਿੰਮੇਵਾਰੀ ਹੈ। ਅਜਿਹੀਆਂ ਥਾਵਾਂ 'ਤੇ ਹਿੰਸਾ ਦੀ ਕੋਈ ਵੀ ਘਟਨਾ ਬੇਹੱਦ ਮੰਦਭਾਗੀ ਹੈ।

# ਬਲਵਿੰਦਰ ਸਿੰਘ ਹਰੂਵਾਲ ਰਾਇਸ ਮਿੱਲਰਜ਼ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਬਣੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਬੀਤੇ ਦਿਨ ਰਾਇਸ ਮਿੱਲਰਜ਼ ਐਸੋਸੀਏਸ਼ਨ ਪੰਜਾਬ ਦੀ ਇੱਕ ਭਰਵੀਂ ਮੀਟਿੰਗ ਐਮ ਕੇ ਹੋਟਲ ਅੰਮ੍ਰਿਤਸਰ ਵਿਖੇ ਹੋਈ ਸੀ ਜਿਸ ਵਿੱਚ ਪੰਜਾਬ ਦੇ ਵੱਡੀ ਗਿਣਤੀ ਸ਼ੈਲਰ ਮਾਲਕ ਹਾਜ਼ਰ ਹੋਏ । ਇਸ ਮੀਟਿੰਗ ਤੋਂ ਬਾਅਦ ਐਸੋਸੀਏਸ਼ਨ ਵੱਲੋਂ ਬਲਵਿੰਦਰ ਸਿੰਘ ਹਰੂਵਾਲ ਨੂੰ ਸਰਬਸੰਮਤੀ ਨਾਲ ਰਾਈਸ ਮਿੱਲਰਜ਼ ਐਸੋਸੀਏਸ਼ਨ ਪੰਜਾਬ ਦਾ ਪ੍ਰਧਾਨ ਚੁਣਿਆ ਗਿਆ। ਪ੍ਰਧਾਨ ਬਣਨ ਤੋਂ ਬਾਅਦ ਹਰੂਵਾਲ ਦਾ ਡੇਰਾ ਬਾਬਾ ਨਾਨਕ ਵਿਖੇ ਪੁੱਜਣ 'ਤੇ ਨਗਰ ਕੌਂਸਲ ਡੇਰਾ ਬਾਬਾ ਨਾਨਕ ਵਿਖੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ ਨਗਰ ਕੌਂਸਲ ਪ੍ਰਧਾਨ ਤੇ ਸਮੁੱਚੇ ਕੌਂਸਲਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਹਰੂਵਾਲ ਨੇ ਕਿਹਾ ਕਿ ਕੱਲ੍ਹ ਅੰਮ੍ਰਿਤਸਰ ਵਿਖੇ ਹੋਈ ਚੋਣ ਦੌਰਾਨ ਸਮੁੱਚੇ ਪੰਜਾਬ ਦੇ ਸ਼ੈਲਰ ਮਾਲਕਾਂ ਵੱਲੋਂ ਮੇਰੇ 'ਤੇ ਵੱਡਾ ਵਿਸ਼ਵਾਸ ਕਰਦਿਆਂ ਮੈਨੂੰ ਰਾਈਸ ਮਿੱਲਰਜ਼ ਐਸੋਸੀਏਸ਼ਨ ਪੰਜਾਬ ਦਾ ਪ੍ਰਧਾਨ ਚੁਣਿਆ ਗਿਆ ਹੈ, ਇਸ ਲਈ ਮੈਂ ਜਿੱਥੇ ਸਮੁੱਚੇ ਪੰਜਾਬ ਦੇ ਸ਼ੈਲਰ ਮਾਲਕਾਂ, ਉਥੇ ਹੀ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਤੇ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਪ੍ਰਧਾਨ ਤੇ ਸਮੁੱਚੇ ਕੌਂਸਲਰਾਂ ਦਾ ਵੀ ਧੰਨਵਾਦ ਕਰਦਾ ਹਾਂ ਜਿਨ੍ਹਾਂ ਵੱਲੋਂ ਮੈਨੂੰ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ ਹੈ। ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਸਾਡੇ ਇਲਾਕੇ ਲਈ ਬੜੀ ਮਾਣ ਵਾਲੀ ਗੱਲ ਹੈ ਕਿ ਬਲਵਿੰਦਰ ਸਿੰਘ ਹਰੂਵਾਲ ਨੇ ਰਾਈਸ ਮਿੱਲਰਜ਼ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਬਣ ਕੇ ਸਾਡੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਉਪਰੰਤ ਹਰੂਵਾਲ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਨਤਮਸਤਕ ਹੋਏ ਤੇ ਗੁਰੂ ਘਰ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਪ੍ਰਧਾਨ ਰਜੇਸ਼ ਕੁਮਾਰ ਬਿੱਟਾ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਸਤਪਾਲ ਸੌਂਕੀ, ਕੌਂਸਲਰ ਸੁਖਜਿੰਦਰ ਸਿੰਘ, ਗਗਨਦੀਪ ਸਿੰਘ ਡੇਰਾ ਬਾਬਾ ਨਾਨਕ, ਬਲਾਕ ਸੰਮਤੀ ਮੈਂਬਰ ਬਲਵਿੰਦਰ ਸਿੰਘ ਗੁਰਾਇਆ, ਮਨਪ੍ਰੀਤ ਸਿੰਘ ਜੇਈ, ਡਾਕਟਰ ਗੁਰਦੇਵ ਸਿੰਘ, ਮੇਜਰ ਸਿੰਘ ਠੇਠਰਕੇ, ਤੇ ਸੁਧੀਰ ਬੇਦੀ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਪ੍ਰਿੰਸੀਪਲ ਦੀ ਪੀ ਐੱਚ ਡੀ ਡਿਗਰੀ 'ਤੇ ਉੱਠੇ ਸਵਾਲ, ਜਾਂਚ ਤੋਂ ਬਾਅਦ ਮਾਮਲਾ ਦਰਜ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਪ੍ਰਸਿੱਧ ਵਿਦਿਅਕ ਸੰਸਥਾ ਸ੍ਰੀ ਦਸਮੇਸ਼ ਅਕੈਡਮੀ ਇੱਕ ਵਾਰ ਫਿਰ ਵਿਵਾਦਾਂ ਵਿੱਚ ਘਿਰ ਗਈ ਹੈ। ਅਕੈਡਮੀ ਦੀ ਪ੍ਰਿੰਸੀਪਲ ਸੋਨੂ ਵਾਲੀਆ ਵੱਲੋਂ ਆਪਣੀ ਪੀ ਐੱਚ ਡੀ ਡਿਗਰੀ ਸਬੰਧੀ ਪੇਸ਼ ਕੀਤੇ ਗਏ ਦਸਤਾਵੇਜ਼ਾਂ ਨੂੰ ਲੈ ਕੇ ਮਿਲੀ ਸ਼ਿਕਾਇਤ ਦੀ ਡੂੰਘਾਈ ਨਾਲ ਜਾਂਚ ਕਰਨ ਉਪਰੰਤ ਪੁਲਸ ਵੱਲੋਂ ਮਾਮਲਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਡੀ ਐੱਸ ਪੀ ਜਸ਼ਨਦੀਪ ਸਿੰਘ ਵੱਲੋਂ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਮਾਮਲੇ ਸਬੰਧੀ ਅਧਿਕ ਜਾਣਕਾਰੀ ਸਾਂਝੀ ਕੀਤੀ ਗਈ।ਡੀ ਐੱਸ ਪੀ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਧਿਆਨ ਵਿੱਚ ਇੱਕ ਸ਼ਿਕਾਇਤ ਆਈ ਸੀ, ਜਿਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਦਸਮੇਸ਼ ਅਕੈਡਮੀ ਦੀ ਪ੍ਰਿੰਸੀਪਲ ਸੋਨੂ ਵਾਲੀਆ ਵੱਲੋਂ ਪੀ ਐੱਚ ਡੀ ਸਬੰਧੀ ਜਿਹੜੀ ਡਿਗਰੀ ਦੀ ਜਾਣਕਾਰੀ ਪੇਸ਼ ਕੀਤੀ ਗਈ ਹੈ, ਉਹ ਸ਼ੱਕ ਦੇ ਘੇਰੇ ਵਿੱਚ ਹੈ। ਇਸ ਦੇ ਆਧਾਰ 'ਤੇ ਉਹ ਅਕੈਡਮੀ ਵਿੱਚ ਪ੍ਰਿੰਸੀਪਲ ਦੇ ਅਹੁਦੇ 'ਤੇ ਤਾਇਨਾਤ ਹੋਏ ਹਨ।ਉਨ੍ਹਾਂ ਦੱਸਿਆ ਕਿ ਇਸ ਸ਼ਿਕਾਇਤ ਦੇ ਸਬੰਧ ਵਿੱਚ ਸਿੱਖਿਆ ਮੰਤਰੀ ਪੰਜਾਬ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ, ਰੂਪਨਗਰ ਨੂੰ ਨੋਟ ਜਾਰੀ ਕਰਕੇ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਉਪਰੰਤ ਡਿਪਟੀ ਕਮਿਸ਼ਨਰ ਰੂਪਨਗਰ ਵੱਲੋਂ ਇੱਕ ਫੈਕਟ-ਫਾਈਂਡਿੰਗ ਕਮੇਟੀ ਦਾ ਗਠਨ ਕੀਤਾ ਗਿਆ। ਡੀ ਐੱਸਪੀ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਫੈਕਟ-ਫਾਈਂਡਿੰਗ ਕਮੇਟੀ ਵੱਲੋਂ ਮਾਮਲੇ ਦੀ ਜਾਂਚ ਕਰਦਿਆਂ ਸ਼ਿਕਾਇਤ ਨਾਲ ਸਬੰਧਤ ਦਸਤਾਵੇਜ਼ਾਂ ਅਤੇ ਪੇਸ਼ ਕੀਤੀ ਗਈ ਜਾਣਕਾਰੀ ਦੀ ਬਾਰੀਕੀ ਨਾਲ ਪੜਤਾਲ ਕੀਤੀ ਗਈ। ਜਾਂਚ ਦੌਰਾਨ ਕਮੇਟੀ ਨੇ ਪਾਇਆ ਕਿ ਪ੍ਰਿੰਸੀਪਲ ਵੱਲੋਂ ਪੀ ਐੱਚ ਡੀ ਸਬੰਧੀ ਜਿਹੜੀ ਜਾਣਕਾਰੀ ਮੁਹੱਈਆ ਕਰਵਾਈ ਗਈ ਸੀ, ਉਸ ਦੇ ਸਮਰਥਨ ਵਿੱਚ ਕੋਈ ਅਸਲ ਦਸਤਾਵੇਜ਼ ਮੌਜੂਦ ਨਹੀਂ ਸੀ ਅਤੇ ਕਮੇਟੀ ਦੀ ਰਿਪੋਰਟ ਵਿੱਚ ਇਸ ਸਬੰਧੀ ਦਸਤਾਵੇਜ਼ਾਂ ਨੂੰ ਜਾਅਲੀ/ਫਰਜ਼ੀ ਹੋਣ ਦੀ ਗੱਲ ਸਾਹਮਣੇ ਆਈ।

ਡੀ ਐੱਸ ਪੀ ਨੇ ਦੱਸਿਆ ਕਿ ਕਮੇਟੀ ਵੱਲੋਂ ਆਪਣੀ ਰਿਪੋਰਟ ਐੱਸ ਐੱਸ ਪੀ ਰੂਪਨਗਰ ਨੂੰ ਸੌਂਪੀ ਗਈ। ਐਸਐਸਪੀ ਰੂਪਨਗਰ ਮਨਿੰਦਰ ਸਿੰਘ ਵੱਲੋਂ ਰਿਪੋਰਟ ਦੀ ਜਾਂਚ ਅਤੇ ਕਾਨੂੰਨੀ ਸਲਾਹ ਉਪਰੰਤ ਪੁਲਸ ਵੱਲੋਂ ਇਸ ਮਾਮਲੇ ਵਿੱਚ ਐੱਫ ਆਈ ਆਰ ਦਰਜ ਕੀਤੀ ਗਈ ਹੈ।

# ਵੰਦੇ ਮਾਤਰਮ ਸੰਬੰਧੀ ਫਾਸ਼ੀਵਾਦੀ ਬਿੱਲ 'ਤੇ ਮੋਹਰ ਲਗਾਉਣਾ ਸੰਵਿਧਾਨ ਦੇ ਉਲਟ: ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ

## ਅਜਿਹੇ ਫਿਰਕੂ ਮੁੱਦਿਆਂ ਰਾਹੀਂ ਹਕੂਮਤ ਦੇਸ਼ ਭਰ 'ਚ ਡਰ ਦਾ ਮਾਹੌਲ ਪੈਦਾ ਕਰ ਰਹੀ : ਅਜਮੇਰ, ਖਟਕੜ



ਚੰਡੀਗੜ੍ਹ (ਗਿਆਨ ਸੈਦਪੁਰੀ)- ਭਾਰਤੀ ਕਮਿਊਨਿਸਟ ਪਾਰਟੀ ਮਾਰਕਸਵਾਦੀ (ਲੈਨਿਨਵਾਦੀ) ਨਿਊ ਡੈਮੋਕਰੇਸੀ ਦੀ ਪੰਜਾਬ ਰਾਜ ਕਮੇਟੀ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ 'ਵੰਦੇ ਮਾਤਰਮ' ਗੀਤ ਬਾਰੇ [illegible] ... ਅਜਮੇਰ ਸਿੰਘ ਅਤੇ ਦਰਸ਼ਨ ਖਟਕੜ [illegible] ... ਕਾਨੂੰਨੀ ਪ੍ਰਬੰਧ ਕੀਤਾ ਹੈ, ਉਹ ਨਾਗਰਿਕਾਂ ਦੇ [illegible] ... ਸਾਥੀ ਅਜਮੇਰ ਸਿੰਘ ਅਤੇ ਦਰਸ਼ਨ ਖਟਕੜ ਨੇ ਚੇਤਾਵਨੀ ਦਿੱਤੀ ਕਿ ਅਜਿਹੇ ਤਾਨਾਸ਼ਾਹੀ ਫ਼ੈਸਲਿਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪਾਰਟੀ ਵੱਲੋਂ ਸਮੂਹ ਜਮਹੂਰੀ, ਇਨਸਾਫ਼ਪਸੰਦ, ਮਜ਼ਦੂਰ-ਕਿਸਾਨ ਜਥੇਬੰਦੀਆਂ ਅਤੇ ਦੇਸ਼ਭਗਤ ਤਾਕਤਾਂ ਨੂੰ ਅਪੀਲ ਕੀਤੀ ਗਈ ਕਿ ਉਹ ਸਰਕਾਰ ਦੇ ਇਸ ਲੋਕ-ਵਿਰੋਧੀ ਅਤੇ ਘੱਟ-ਗਿਣਤੀ ਵਿਰੋਧੀ ਕਦਮ ਖ਼ਿਲਾਫ਼ ਇੱਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ।

# ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਤਹਿਤ ਤਿੰਨ ਬੱਸਾਂ ਰਵਾਨਾ

ਲਾਲੜੂ (ਵਿਨੈ ਕੁਮਾਰ ਜੈਨ)- ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਤਹਿਤ ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਦੇ ਵਾਰਡ ਨੰਬਰ 11 ਪਿੰਡ ਅਲਮਗੀਰ ਤੋਂ 109ਵੀਂ ਅਤੇ 110ਵੀਂ ਬੱਸ ਅਤੇ ਵਾਰਡ ਨੰਬਰ 3 ਤੋਂ 111ਵੀਂ ਬੱਸ ਨੂੰ ਸ਼ਰਧਾਲੂਆਂ ਸਮੇਤ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਦਾ ਉਦੇਸ਼ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਸੁਵਿਧਾਜਨਕ ਅਤੇ ਮੁਫ਼ਤ ਯਾਤਰਾ ਦੀ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ ਸ਼ਰਧਾਲੂਆਂ ਲਈ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਦਾ ਸੁਨਹਿਰੀ ਮੌਕਾ ਹੈ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ ਅਤੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਤਾਂ ਜੋ ਉਹ ਬਿਨਾਂ ਕਿਸੇ ਮੁਸ਼ਕਲ ਦੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਸਕਣ। ਇਸ ਮੌਕੇ ਨਗਰ ਕੌਂਸਲ ਲਾਲੜੂ ਦੇ ਪ੍ਰਧਾਨ ਸ. ਜੋਰਾਵਰ ਸਿੰਘ, ਕੌਂਸਲਰ ਮਲਕੀਤ ਸਿੰਘ, ਨਰੇਸ਼ ਕੁਮਾਰ ਪਤਨੀ ਭੁਪਿੰਦਰ ਸਿੰਘ ਸਮੇਤ ਹੋਰ ਕੌਂਸਲਰ ਸਾਹਿਬਾਨ ਤੇ ਪਾਰਟੀ ਦੇ ਮੈਂਬਰ ਹਾਜ਼ਰ ਸਨ।



# ਇੰਟਰ ਹਾਊਸ ਮੁਕਾਬਲੇ ਕਰਵਾਏ

ਕਰਤਾਰਪੁਰ (ਹਰਜੀਤ ਦੱਤ)- ਸੰਤ ਬਾਬਾ ਨਿਧਾਨ ਸਿੰਘ ਪਬਲਿਕ ਸਕੂਲ ਵਿੱਚ ਵੱਖ-ਵੱਖ ਇੰਟਰ-ਹਾਊਸ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਹ ਮੁਕਾਬਲੇ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਅਤੇ ਸਿਰਜਣਾਤਮਕ ਸੋਚ ਨੂੰ ਵਿਕਸਤ ਕਰਨ ਦੇ ਉਦੇਸ਼ ਨਾਲ ਕਰਵਾਏ ਗਏ ਸਨ। ਮੁਕਾਬਲਿਆਂ ਵਿੱਚ ਕਵਿਤਾ ਪਾਠ, ਭਾਸ਼ਣ, ਕੁਇਜ਼ ਮੁਕਾਬਲਾ ਸ਼ਾਮਲ ਸੀ ਜਿਸ ਵਿੱਚ ਜਮਾਤ ਪਹਿਲੀ ਦੇ ਹਰਤੇਜ ਸਿੰਘ, ਮਨਰਾਜ ਕੌਰ, ਅਤੇ ਦੂਜੀ ਜਮਾਤ ਦੀ ਦਲਬੀਰ ਕੌਰ , ਛੇਵੀਂ ਜਮਾਤ ਦੇ ਏਕਨੂਰ ਸਿੰਘ ਅਤੇ ਸੱਤਵੀਂ ਜਮਾਤ ਦੇ ਹੰਸਨ ਸ਼ਰਮਾ, ਨੌਵੀਂ ਜਮਾਤ ਦੇ ਸੁਖਮੀਤ ਸਿੰਘ, ਗੁਰਲੀਨ ਕੌਰ, ਨਵਦੀਪ ਅਤੇ ਦਸਵੀਂ ਜਮਾਤ ਦੇ ਤਨਵੀਰ ਸਿੰਘ, ਸਿਮਰਪ੍ਰੀਤ ਕੌਰ ਨੇ ਮੁਕਾਬਲੇ ਜਿੱਤੇ ਤੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੀ ਚੇਅਰਪਰਸਨ ਸੁਰਿੰਦਰ ਕੌਰ, ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਸਤਨਾਮ ਸਿੰਘ, ਮਨਦੀਪ ਕੌਰ, ਪਲਵਿੰਦਰ ਕੌਰ ਅਤੇ ਪ੍ਰਿੰਸੀਪਲ ਕੰਵਲਜੀਤ ਕੌਰ ਹਾਜ਼ਰ ਸਨ।



# ਡੇਰਾਬੱਸੀ ਹਲਕੇ ਤੋਂ ਭਾਜਪਾ ਉਮੀਦਵਾਰ ਹੀ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹੇਗਾ : ਸੈਣੀ

ਜ਼ੀਰਕਪੁਰ (ਜਤਿੰਦਰ ਕੁਮਾਰ)- ਡੇਰਾਬੱਸੀ ਹਲਕੇ ਦੇ ਪ੍ਰਮੁੱਖ ਸਮਾਜ ਸੇਵੀ ਅਤੇ ਸੀਨੀਅਰ ਭਾਜਪਾ ਆਗੂ ਗੁਰਦਰਸ਼ਨ ਸਿੰਘ ਸੈਣੀ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਅਤੇ ਡੇਰਾਬੱਸੀ ਹਲਕੇ ਨਾਲ ਸਬੰਧਤ ਕਈ ਅਹਿਮ ਮੁੱਦੇ ਮੁੱਖ ਮੰਤਰੀ ਦੇ ਸਾਹਮਣੇ ਰੱਖੇ। ਮੁੱਖ ਮੰਤਰੀ ਨੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਡੇਰਾਬੱਸੀ ਖੇਤਰ ਨਾਲ ਉਨ੍ਹਾਂ ਦਾ ਕਾਫ਼ੀ ਗੂੜ੍ਹਾ ਸਬੰਧ ਹੈ, ਕਿਉਂਕਿ ਪੰਜਾਬ-ਹਰਿਆਣਾ ਨਾਲ ਲੱਗਦੇ ਇਲਾਕਿਆਂ ਵਿੱਚ ਉਨ੍ਹਾਂ ਦੀਆਂ ਕਈ ਰਿਸ਼ਤੇਦਾਰੀਆਂ ਹਨ। ਉਨ੍ਹਾਂ ਨੇ ਡੇਰਾਬੱਸੀ ਦੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਭਾਜਪਾ ਹਮੇਸ਼ਾਂ ਉਨ੍ਹਾਂ ਨਾਲ ਮਜ਼ਬੂਤੀ ਨਾਲ ਖੜ੍ਹੇ ਰਹਿਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਵਾਰ ਇਹ ਸਪੱਸ਼ਟ ਹੈ ਕਿ ਡੇਰਾਬੱਸੀ ਹਲਕੇ ਤੋਂ ਭਾਜਪਾ ਦਾ ਨੁਮਾਇੰਦਾ ਹੀ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹੇਗਾ। ਉਨ੍ਹਾਂ ਨੇ ਲੋਕਾਂ ਨੂੰ ਆਪਣਾ ਭਰੋਸਾ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਸਵਰਗੀ ਸਰਦਾਰ ਗੁਰਨਾਮ ਸਿੰਘ ਦਾ ਪਰਵਾਰ ਇਸ ਹਲਕੇ ਦੀ ਸੇਵਾ ਕਰਦਾ ਆ ਰਿਹਾ ਹੈ ਅਤੇ ਹੁਣ ਸਰਦਾਰ ਗੁਰਦਰਸ਼ਨ ਸਿੰਘ ਸੈਣੀ ਆਪਣੀ ਟੀਮ ਨਾਲ ਇਸ ਸੇਵਾ ਨੂੰ ਅੱਗੇ ਵਧਾ ਰਹੇ ਹਨ। ਇਸ ਮੌਕੇ ਹਰਦੀਪ ਸਿੰਘ ਸੈਣੀ ਅਤੇ ਜ਼ਿਲ੍ਹਾ ਓ ਬੀ ਸੀ ਮੋਰਚਾ ਪ੍ਰਧਾਨ ਹਰਪ੍ਰੀਤ ਸਿੰਘ ਸੈਣੀ ਵੀ ਮੌਜੂਦ ਰਹੇ।



# ਸੜਕ ਹਾਦਸਿਆਂ 'ਚ ਹੋਣ ਵਾਲੀਆਂ ਮੌਤਾਂ 'ਚ 45 ਫ਼ੀਸਦੀ ਦੀ ਕਮੀ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਪੰਜਾਬ ਪੁਲਸ ਨਾ ਸਿਰਫ਼ ਅਪਰਾਧੀਆਂ ਤੋਂ ਸੂਬੇ ਦੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾ ਰਹੀ ਹੈ, ਸਗੋਂ ਆਪਣੀ ਪ੍ਰਮੁੱਖ ਪਹਿਲਕਦਮੀ 'ਸੜਕ ਸੁਰੱਖਿਆ ਫੋਰਸ' (ਐੱਸ ਐੱਸ ਐੱਫ) ਰਾਹੀਂ ਸੜਕ ਸੁਰੱਖਿਆ ਦੇ ਖੇਤਰ ਵਿੱਚ ਵੀ ਨਵੇਂ ਮਾਪਦੰਡ ਕਾਇਮ ਕਰ ਰਹੀ ਹੈ। ਯਾਤਰੀਆਂ ਦੀਆਂ ਜਾਨਾਂ ਬਚਾਉਣ ਲਈ ਸਮਰਪਿਤ ਇਹ ਹਾਈਵੇ ਪੈਟਰੋਲ ਫੋਰਸ ਡਰੋਨ, ਸੈਟੇਲਾਈਟ ਮਿਸ਼ਨਰੀ ਅਤੇ ਏਆਈ-ਆਧਾਰਿਤ ਪ੍ਰੀਡਿਕਟਿਵ ਪ੍ਰਣਾਲੀਆਂ ਨੂੰ ਏਕੀਕ੍ਰਿਤ ਕਰਕੇ ਪੰਜਾਬ ਪੁਲਿਸ ਨੂੰ ਭਾਰਤ ਦੀ ਪਹਿਲੀ ਤਕਨੀ ਪੁਲਿਸ ਫੋਰਸ ਬਣਾਉਣ ਦੀ ਦਿਸ਼ਾ ਵਿੱਚ ਅੱਗੇ ਵਧ ਰਹੀ ਹੈ। ਸਮਰਪਿਤ ਹਾਈਵੇ ਪੈਟਰੋਲ ਫੋਰਸ ਦਾ ਸਕਾਰਾਤਮਕ ਪ੍ਰਭਾਵ, ਉਨ੍ਹਾਂ ਸੜਕਾਂ 'ਤੇ ਸਪੱਸ਼ਟ ਤੌਰ 'ਤੇ ਦੇਖਿਆ ਜਾ ਸਕਦਾ ਹੈ, ਜਿੱਥੇ 'ਤੇ ਇਹ ਫੋਰਸ ਤਾਇਨਾਤ ਰਹਿੰਦੀ ਹੈ। ਫਰਵਰੀ 2024 ਤੋਂ ਜਨਵਰੀ 2026 ਤੱਕ ਐੱਸਐੱਸਐੱਫ ਨੇ 43,983 ਸੜਕ ਹਾਦਸਿਆਂ ਵਿੱਚ ਪਹੁੰਚ ਕਰਦਿਆਂ ਕੁੱਲ 47,386 ਲੋਕਾਂ ਨੂੰ ਸਹਾਇਤਾ ਪ੍ਰਦਾਨ ਕੀਤੀ। ਇਨ੍ਹਾਂ ਕਾਰਵਾਈਆਂ ਦੌਰਾਨ 19,973 ਲੋਕਾਂ ਨੂੰ ਮੌਕੇ 'ਤੇ ਮੁੱਢਲੀ ਸਹਾਇਤਾ ਦਿੱਤੀ ਗਈ, ਜਦਕਿ 27,413 ਜ਼ਖ਼ਮੀ ਵਿਅਕਤੀਆਂ ਨੂੰ ਹਸਪਤਾਲ ਪਹੁੰਚਾਇਆ ਗਿਆ। ਇਸ ਤਰ੍ਹਾਂ ਇਸ ਫੋਰਸ ਵੱਲੋਂ ਤੁਰੰਤ ਐਮਰਜੈਂਸੀ ਸਹਾਇਤਾ ਤੇ ਡਾਕਟਰੀ ਮਦਦ ਰਾਹੀਂ ਲੋਕਾਂ ਦੀਆਂ ਜਾਨਾਂ ਬਚਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਗਿਆ।

# ਡੇਂਗੂ ਤੋਂ ਬਚਾਅ ਲਈ ਲੋਕਾਂ ਦੀ ਭਾਗੀਦਾਰੀ ਬੇਹੱਦ ਜ਼ਰੂਰੀ : ਡਾ. ਰਾਜੀਵ ਪਰਾਸ਼ਰ

ਫਗਵਾੜਾ (ਡਾ ਰਮਨ)- ਡੇਂਗੂ ਅਤੇ ਹੋਰ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਤਹਿਤ ਬੁਖਾਰ ਦੇ ਮਰੀਜ਼ਾਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਨੂੰ ਲੋੜ ਅਨੁਸਾਰ ਸਿਹਤ ਸੰਸਥਾ ਵਿੱਚ ਜਾਂਚ ਅਤੇ ਇਲਾਜ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਲਈ ਸਿਹਤ ਵਿਭਾਗ ਦੀਆਂ ਟੀਮਾਂ [illegible] ... ਲੋਕਾਂ ਦੇ ਸਹਿਯੋਗ ਨਾਲ ਹੀ ਡੇਂਗੂ ਸਮੇਤ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਕੀਤਾ ਜਾ ਸਕਦਾ ਹੈ। ਜ਼ਿਕਰਯੋਗ ਹੈ ਕਿ ਸਿਵਲ ਸਰਜਨ ਡਾਕਟਰ ਰਾਜੀਵ ਪਰਾਸ਼ਰ ਵਲੋਂ ਚੂੜਵਾਲ ਏਰੀਆ ਵਿਚ ਆਪ ਜਾ ਕੇ ਚੈਕਿੰਗ ਕੀਤੀ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਐਸ ਆਈ ਗੁਰਬੀਰ ਸਿੰਘ ਆਦਿ ਹਾਜ਼ਰ ਸਨ।



ਤਹਿਤ ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਵੱਲੋਂ ਫੀਲਡ ਵਿੱਚ ਫੀਵਰ ਸਰਵੇ ਕਰ ਰਹੀਆਂ ਹੈਲਥ ਵਰਕਰਾਂ ਦੀਆਂ ਟੀਮਾਂ ਦੀ ਖੁਦ ਮੌਕੇ 'ਤੇ ਜਾ ਕੇ ਨਜ਼ਰਸਾਨੀ ਕੀਤੀ ਗਈ। ਉਨ੍ਹਾਂ ਨੇ ਟੀਮਾਂ ਵੱਲੋਂ ਘਰ-ਘਰ ਕੀਤੇ ਜਾ ਰਹੇ ਸਰਵੇ, ਬੁਖ਼ਾਰ ਵਾਲੇ ਮਰੀਜ਼ਾਂ ਦੀ ਪਛਾਣ ਅਤੇ ਲੋਕਾਂ ਨੂੰ ਦਿੱਤੀ ਜਾ ਰਹੀ ਸਿਹਤ ਸੰਬੰਧੀ ਜਾਣਕਾਰੀ ਦਾ ਜਾਇਜ਼ਾ ਲਿਆ। ਡਾ. ਪਰਾਸ਼ਰ ਨੇ ਸਿਹਤ ਕਰਮਚਾਰੀਆਂ ਨੂੰ [illegible]

# ਬੇਗਮਪੁਰਾ ਸੰਕਲਪ ਯਾਤਰਾ ਦਾ ਮਾਹਿਲਪੁਰ ਪਹੁੰਚਣ 'ਤੇ ਕੀਤਾ ਜਾਵੇਗਾ ਸਵਾਗਤ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- [illegible] ... ਮਾਰਗ ਤੇ ਚੱਲਣ ਦਾ ਪ੍ਰਣ ਕੀਤਾ ਜਾਵੇਗਾ। ਸ਼ੋਭਾ ਯਾਤਰਾ ਵਿੱਚ ਸ਼ਾਮਿਲ ਸੰਗਤਾਂ ਨੂੰ ਲੱਡੂਆਂ ਦਾ ਪ੍ਰਸ਼ਾਦਿ ਵੰਡਿਆ ਜਾਵੇਗਾ। ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜ਼ਿ. ਮਾਹਿਲਪੁਰ ਦੇ ਮੈਂਬਰਾਂ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਉਹ ਇਸ ਯਾਤਰਾ ਦਾ ਸੁਵਾਗਤ ਕਰਨ ਲਈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨ।

# ਪਰਵੀਨ ਸੈਣੀ ਮੇਅਰ ਨਗਰ ਨਿਗਮ ਹੁਸ਼ਿਆਰਪੁਰ ਸਨਮਾਨਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸੈਣੀ ਜਾਗ੍ਰਿਤੀ ਮੰਚ ਪੰਜਾਬ ਵਲੋਂ ਪਰਵੀਨ ਸੈਣੀ ਨੂੰ ਨਗਰ ਨਿਗਮ ਹੁਸ਼ਿਆਰਪੁਰ ਦਾ ਮੇਅਰ ਬਣਨ ਤੇ ਸਨਮਾਨ ਚਿੰਨ ਦੇ ਕੇ ਸੈਣੀ ਜਾਗ੍ਰਿਤੀ ਮੰਚ ਦੇ ਮੈਂਬਰਾ ਵਲੋਂ ਸਨਮਾਨ ਕੀਤਾ ਗਿਆ ਅਤੇ ਆਸ ਕੀਤੀ ਗਈ ਕਿ ਸੈਣੀ ਸ਼ਹਿਰ ਦੀ ਬਿਹਤਰੀ ਲਈ ਹਰ ਪਹਿਲੂ ਤੇ ਨਜਰ ਰੱਖ ਕੇ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਕੰਮ ਕਰਨਗੇ ਅਤੇ ਜੇ ਕਿਤੇ ਵੀ ਸੈਣੀ ਜਾਗ੍ਰਿਤੀ ਮੰਚ ਪੰਜਾਬ ਦੀ ਲੋੜ ਪੈਂਦੀ ਹੈ ਤਾਂ ਮੰਚ ਹਰ ਵੇਲੇ ਮੈਡਮ ਸੈਣੀ ਦੇ ਨਾਲ ਹੈ। ਇਸ ਸਨਮਾਨ ਕਰਨ ਲਈ ਕੁਲਵੰਤ ਸਿੰਘ ਪ੍ਰਧਾਨ, ਹਰਿੰਦਰ ਸੈਣੀ ਬਿੱਟੂ ਜਨਰਲ ਸਕੱਤਰ, ਪ੍ਰੇਮ ਸੈਣੀ ਜਿਲ੍ਹਾ ਪ੍ਰਧਾਨ, ਕਿਰਪਾਲ ਸਿੰਘ ਪਾਲੀ ਜਿਲ੍ਹਾ ਯੂਥ ਪ੍ਰਧਾਨ, ਸੂਰਤ ਸਿੰਘ ਸੈਣੀ, ਅਮੋਲਕ ਚੰਦ ਸੈਣੀ, ਚਮਨ ਲਾਲ ਸੈਣੀ, ਕਮਲਜੀਤ ਸਿੰਘ ਭੂਪਾ ਪ੍ਰਧਾਨ ਸੈਣੀ ਸਮਾਜ, ਦਰਿੱਪਣ ਸੈਣੀ ਕੌਂਸਲਰ, ਰਿਚਾ ਸੈਣੀ, ਸ਼ਿਲਪਾ ਸੈਣੀ ਅਤੇ ਦੀਕਸ਼ਾ ਸੈਣੀ ਆਦਿ ਸ਼ਾਮਿਲ ਸਨ।



# ਸੰਗਤਾਂ ਲਈ ਲਗਾਇਆ ਜਾਵੇਗਾ ਵਿਸ਼ਾਲ ਲੰਗਰ

ਜਲੰਧਰ (ਲਖਵਿੰਦਰ ਸਿੰਘ ਆਧੀ)- ਜੈ ਮਾਂ ਦੁਰਗਾ ਮੰਦਰ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗ੍ਰਾਮ ਪੰਚਾਇਤ ਆਧੀ, ਪੰਡੋਰੀ ਸ਼ੇਖ (ਜਲੰਧਰ), ਸਮੂਹ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਦੇ ਵਿਸ਼ੇਸ਼ ਸਹਿਯੋਗ ਨਾਲ ਮਾਤਾ ਚਿੰਤਪੁਰਨੀ ਦੇ ਸਾਲਾਨਾ ਮੇਲੇ ਨੂੰ ਮੁੱਖ ਰੱਖਦਿਆਂ ਦੋ ਰੋਜ਼ਾ ਵਿਸ਼ਾਲ ਲੰਗਰ ਲਗਾਇਆ ਜਾ ਰਿਹਾ ਹੈ। ਇਹ ਲੰਗਰ 14 ਅਤੇ 15 ਅਗਸਤ (ਸ਼ੁੱਕਰਵਾਰ ਅਤੇ ਸ਼ਨੀਵਾਰ) ਨੂੰ ਜੈ ਮਾਂ ਚਿੰਤਪੁਰਨੀ ਕਾਲਾ ਸੰਘਿਆਂ ਵਾਲਿਆਂ ਦੀ ਧਰਮਸ਼ਾਲਾ, ਕਿੰਨੂ (ਹਿਮਾਚਲ ਪ੍ਰਦੇਸ਼) ਵਿਖੇ ਅਤੁੱਟ ਵਰਤਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਡਿਤ ਆਸ਼ੂ ਕੁਮਾਰ ਨੇ ਦੱਸਿਆ ਕਿ ਲੰਗਰ ਦੀ ਸਮੱਗਰੀ ਨਾਲ ਭਰਿਆ ਇੱਕ ਟਰੱਕ ਪਿੰਡੋਂ ਰਵਾਨਾ ਕੀਤਾ ਗਿਆ ਹੈ। 14 ਅਗਸਤ (ਸ਼ੁੱਕਰਵਾਰ) ਅਤੇ 15 ਅਗਸਤ (ਸ਼ਨੀਵਾਰ) ਨੂੰ ਸਵੇਰੇ 4:00 ਵਜੇ ਮਾਤਾ ਚਿੰਤਪੁਰਨੀ ਦੇ ਮੰਦਰ ਵਿਖੇ ਲੰਗਰ ਦਾ ਭੋਗ ਲਵਾਇਆ ਜਾਵੇਗਾ। ਤੇ ਸਵੇਰੇ ਠੀਕ 6:00 ਵਜੇ ਸੰਗਤਾਂ ਲਈ ਲੰਗਰ ਵਰਤਾਉਣਾ ਸ਼ੁਰੂ ਕਰ ਦਿੱਤਾ ਜਾਵੇਗਾ। ਕਮੇਟੀ ਵੱਲੋਂ ਸੰਗਤਾਂ ਦੀ ਸਹੂਲਤ ਲਈ ਖਾਣੇ ਵਿੱਚ ਹਰ ਤਰ੍ਹਾਂ ਦੀਆਂ ਵਰਾਇਟੀਆਂ (ਵੰਨ-ਸੁਵੰਨੇ ਪਕਵਾਨ) ਉਪਲਬਧ ਕਰਵਾਈਆਂ ਜਾਣਗੀਆਂ।ਇਸ ਮੌਕੇ ਤੇ ਬਲਦੇਵ ਕੁਮਾਰ, ਪੰਡਿਤ ਆਸ਼ੂ ਕੁਮਾਰ, ਹਰਨੇਕ ਸਿੰਘ (ਸਾਬਕਾ ਪੰਚ) ਲੱਖੀ ਟੇਲਰ, ਮੱਧੂ, ਅਵਤਾਰ ਸਿੰਘ, ਸੁਨੀਲ ਕੁਮਾਰ, ਗੁਰਦੀਪ ਚੰਦ, ਮੇਜ਼ਰ ਸਿੰਘ ਪਿੱਲੂ, ਬੱਨੂ, ਭੱਲਾ, ਲੱਭਾ, ਕਿੱਕਾ, ਬਲਕਾਰ, ਗੁਰਪ੍ਰੀਤ, ਹਰਪ੍ਰੀਤ, ਵਰਿੰਦਰ ਆਦਿ ਹਾਜ਼ਰ ਸਨ।



# ਚਿੱਪ ਵਾਲੇ ਮੀਟਰ ਲਗਾਉਣ ਪਹੁੰਚੇ ਬਿਜਲੀ ਅਧਿਕਾਰੀ, ਪਿੰਡ ਵਾਸੀਆਂ ਨੇ ਕੀਤਾ ਵਿਰੋਧ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਪਿੰਡ ਅਬਦੁੱਲਾਪੁਰ ਵਿੱਚ ਚਿੱਪ ਵਾਲੇ ਬਿਜਲੀ ਮੀਟਰ ਲਗਾਉਣ ਨੂੰ ਲੈ ਕੇ ਉਸ ਸਮੇਂ ਵਿਵਾਦ ਦੀ ਸਥਿਤੀ ਬਣ ਗਈ, ਜਦੋਂ ਬਿਜਲੀ ਵਿਭਾਗ ਦੇ ਮਿਆਣੀ ਐੱਸ ਡੀ ਓ ਅਭਿਸ਼ੇਕ ਕੁਮਾਰ ਤੇ ਜੇ ਈ ਪਿੰਡ ਵਿੱਚ ਪਹੁੰਚੇ। ਪਿੰਡ ਵਾਸੀਆਂ ਨੇ ਚਿੱਪ ਵਾਲੇ ਮੀਟਰ ਲਗਾਉਣ ਦਾ ਵਿਰੋਧ ਕੀਤਾ। ਇਸ ਦੌਰਾਨ ਵਿਭਾਗ ਦੇ ਅਧਿਕਾਰੀਆਂ ਨੇ ਡਾਇਰੈਕਟ ਤਾਰ ਲਗਾ ਕੇ ਬਿਜਲੀ ਸਪਲਾਈ ਚਲਾ ਰਹੇ ਲੋਕਾਂ ਨੂੰ ਕਾਰਵਾਈ ਅਤੇ ਬਿਜਲੀ ਚੋਰੀ ਦਾ ਕੇਸ ਦਰਜ ਕਰਨ ਦੀ ਚੇਤਾਵਨੀ ਦਿੱਤੀ। ਪਿੰਡ ਵਾਸੀਆਂ ਮੁਤਾਬਕ ਕੁਝ ਸਮਾਂ ਪਹਿਲਾਂ ਬਿਜਲੀ ਵਿਭਾਗ ਵੱਲੋਂ ਪਿੰਡ ਵਿੱਚ ਚਿੱਪ ਵਾਲੇ ਮੀਟਰ ਲਗਾਏ ਗਏ ਸਨ। ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਮੈਂਬਰਾਂ ਨੇ ਇਨ੍ਹਾਂ ਮੀਟਰਾਂ ਦਾ ਵਿਰੋਧ ਕਰਦਿਆਂ ਉਨ੍ਹਾਂ ਨੂੰ ਉਤਾਰ ਕੇ ਬਿਜਲੀ ਦਫ਼ਤਰ ਵਿੱਚ ਜਮ੍ਹਾਂ ਕਰਵਾ ਦਿੱਤਾ ਸੀ। ਇਸ ਦੇ ਨਾਲ ਹੀ ਵਿਭਾਗ ਤੋਂ ਦੂਜੇ ਮੀਟਰ ਲਗਾਉਣ ਦੀ ਮੰਗ ਕੀਤੀ ਗਈ ਸੀ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਸ ਤੋਂ ਬਾਅਦ ਕਾਫੀ ਸਮਾਂ ਬੀਤ ਜਾਣ ਦੇ ਬਾਵਜੂਦ ਦੂਜੇ ਮੀਟਰ ਨਹੀਂ ਲਗਾਏ ਗਏ। ਇਸ ਕਾਰਨ ਕੁਝ ਲੋਕਾਂ ਨੇ ਡਾਇਰੈਕਟ ਤਾਰ ਲਗਾ ਕੇ ਬਿਜਲੀ ਸਪਲਾਈ ਚਾਲੂ ਕਰ ਲਈ। ਮੰਗਲਵਾਰ ਨੂੰ ਬਿਜਲੀ ਅਧਿਕਾਰੀਆਂ ਦੇ ਪਿੰਡ ਪਹੁੰਚਣ ਅਤੇ ਸਪਲਾਈ ਨੂੰ ਲੈ ਕੇ ਕਾਰਵਾਈ ਦੀ ਚੇਤਾਵਨੀ ਦੇਣ ਦੀ ਸੂਚਨਾ ਮਿਲਦਿਆਂ ਹੀ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਮੈਂਬਰ ਨਿਸ਼ਾਨ ਸਿੰਘ ਮੁਲਤਾਨੀ, ਗੁਰਜੀਤ ਸਿੰਘ ਕੰਗ, ਜੀਤ ਸਿੰਘ ਮਿਆਣੀ, ਛਿੰਦਾ ਸਿੰਘ ਮਿਆਣੀ, ਬੀਬੀ ਸਵਰਨ ਕੌਰ, ਰਾਜੂ ਅਤੇ ਗੁਰਮੇਲ ਸਿੰਘ ਵੀ ਮੌਕੇ 'ਤੇ ਪਹੁੰਚ ਗਏ। ਉਨ੍ਹਾਂ ਨੇ ਐੱਸ ਡੀ ਓ ਅਤੇ ਜੇ ਈ ਨਾਲ ਗੱਲਬਾਤ ਕਰਦਿਆਂ ਮੀਟਰ ਲਗਾਉਣ ਸਬੰਧੀ ਵਿਭਾਗ ਦੀ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ।ਕਮੇਟੀ ਮੈਂਬਰਾਂ ਮੁਤਾਬਕ ਜਦੋਂ ਅਧਿਕਾਰੀਆਂ ਤੋਂ ਪੁੱਛਿਆ ਗਿਆ ਕਿ ਪਿੰਡ ਵਾਸੀਆਂ ਖ਼ਿਲਾਫ਼ ਕੇਸ ਦਰਜ ਕਰਨ ਦੀ ਗੱਲ ਕਿਸ ਆਧਾਰ 'ਤੇ ਕਹੀ ਜਾ ਰਹੀ ਹੈ ਤਾਂ ਅਧਿਕਾਰੀਆਂ ਨੇ ਜਵਾਬ ਦਿੱਤਾ ਕਿ ਉਨ੍ਹਾਂ ਨੂੰ ਪਿੱਛੋਂ ਆਰਡਰ ਹਨ। ਇਸ ਤੋਂ ਬਾਅਦ ਐੱਸ ਡੀ ਓ ਅਤੇ ਜੇਈ ਮੌਕੇ ਤੋਂ ਚਲੇ ਗਏ। ਪਿੰਡ ਵਾਸੀਆਂ ਅਤੇ ਕਮੇਟੀ ਮੈਂਬਰਾਂ ਦਾ ਕਹਿਣਾ ਹੈ ਕਿ ਜੇਕਰ ਵਿਭਾਗ ਨੇ ਪਹਿਲਾਂ ਲਗਾਏ ਮੀਟਰ ਹਟਾਏ ਜਾਣ ਤੋਂ ਬਾਅਦ ਦੂਜੇ ਮੀਟਰ ਲਗਾਉਣ ਦੀ ਗੱਲ ਕਹੀ ਸੀ ਤਾਂ ਹੁਣ ਤੱਕ ਮੀਟਰ ਕਿਉਂ ਨਹੀਂ ਲਗਾਏ ਗਏ। ਉਨ੍ਹਾਂ ਦਾ ਕਹਿਣਾ ਹੈ ਕਿ ਵਿਭਾਗ ਨੂੰ ਚਿੱਪ ਵਾਲੇ ਮੀਟਰ ਲਗਾਉਣ ਸਬੰਧੀ ਪਿੰਡ ਵਾਸੀਆਂ ਨੂੰ ਸਪੱਸ਼ਟ ਜਾਣਕਾਰੀ ਦੇਣੀ ਚਾਹੀਦੀ ਹੈ ਤਾਂ ਜੋ ਵਿਵਾਦ ਦੀ ਸਥਿਤੀ ਨਾ ਬਣੇ।



# ਸ੍ਰੀ ਠਾਕੁਰ ਦੁਆਰਾ ਗਊਸ਼ਾਲਾ ਨੂੰ 'ਕਾਓ ਲਿਫ਼ਟਰ' ਸੌਂਪਿਆ

ਸ਼ਾਹਕੋਟ (ਅਮਨਦੀਪ ਸੈਦਪੁਰੀ)- ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਕੀਮਤੀ ਲਾਲ ਭਗਤ ਦੇ ਉਪਰਾਲੇ ਸਦਕਾ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਮੌਜੂਦ ਗਊਸ਼ਾਲਾਵਾਂ ਵਿਚ ਬੈਠੀਆਂ ਬਿਮਾਰ ਗਾਵਾਂ ਨੂੰ ਖੜੀਆਂ ਕਰਨ ਵਿਚ ਸਹਾਈ ਹੋਣ ਵਾਲੇ ਉਪਕਰਣ 'ਕਾਓ ਲਿਫ਼ਟਰ' ਮੁਹੱਈਆ ਕਰਵਾਏ ਜਾ ਰਹੇ ਹਨ। ਇਸ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਸ੍ਰੀ ਠਾਕੁਰ ਦੁਆਰਾ ਗਊਸ਼ਾਲਾ ਸ਼ਾਹਕੋਟ ਲਈ ਇੱਕ 'ਕਾਓ ਲਿਫ਼ਟਰ' ਭੇਜਿਆ ਗਿਆ ਹੈ।

ਗਊਸ਼ਾਲਾ ਨੂੰ ਇਹ ਉਪਕਰਣ ਸੌਂਪਣ ਮੌਕੇ ਜਾਣਕਾਰੀ ਦਿੰਦਿਆਂ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਅਮਨਦੀਪ ਨੇ ਦੱਸਿਆ ਕਿ ਇਸ ਉਪਕਰਣ ਦੇ ਆਉਣ ਨਾਲ ਗਊਸ਼ਾਲਾ ਵਿਚ ਮੌਜੂਦ ਬਿਮਾਰ ਗਾਵਾਂ ਨੂੰ ਉਠਾਉਣ ਵਿਚ ਮੱਦਦ ਮਿਲੇਗੀ ਤੇ ਉਹਨਾਂ ਦਾ ਇਲਾਜ ਠੀਕ ਢੰਗ ਨਾਲ ਕੀਤਾ ਜਾ ਸਕੇਗਾ। ਉਹਨਾਂ ਇਸ ਉਪਰਾਲੇ ਲਈ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਕੀਮਤੀ ਲਾਲ ਭਗਤ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਗਊਸ਼ਾਲਾ ਦੇ ਪ੍ਰਬੰਧਕ ਸੁਰਿੰਦਰ ਮੋਹਨ ਮਲਹੋਤਰਾ ਅਤੇ ਰਾਮ ਗੁਪਤਾ ਵੱਲੋਂ ਵੀ ਪੰਜਾਬ ਸਰਕਾਰ ਅਤੇ ਗਊ ਸੇਵਾ ਕਮਿਸ਼ਨ ਦਾ ਧੰਨਵਾਦ ਕੀਤਾ ਗਿਆ।

# ਝਿੰਗੜਾਂ ਵਿਖੇ ਤੀਆਂ ਦਾ ਤਿਉਹਾਰ ਮਨਾਇਆ

ਬੰਗਾ (ਅਵਤਾਰ ਕਲੇਰ)- ਬੰਗਾ ਹਲਕੇ ਦੇ ਪਿੰਡ ਝਿੰਗੜਾਂ ਵਿਖੇ ਤੀਆਂ ਦਾ ਤਿਉਹਾਰ ਮੁੱਖ ਪ੍ਰਬੰਧਕ ਜਥੇਦਾਰ ਰਣਜੀਤ ਸਿੰਘ ਝਿੰਗੜ ਸਾਬਕਾ ਸਰਪੰਚ, ਗ੍ਰਾਮ ਪੰਚਾਇਤ, ਐੱਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕੁਲਜੀਤ ਸਿੰਘ ਸਰਹਾਲ ਵਾਇਸ ਚੇਅਰਮੈਨ ਵਾਟਰ ਰਿਸੋਰਸ ਮੈਨੇਜਮੈਂਟ ਅਤੇ ਡਿਵੈਲਪਮੈਂਟ ਕਾਰਪੋਰੇਸ਼ਨ ਪੰਜਾਬ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਵਿਸ਼ੇਸ਼ ਤੌਰ ਤੇ ਪਹੁੰਚੇ।ਪਹੁੰਚੇ ਹੋਏ ਮਹਿਮਾਨਾਂ ਨੇ ਪ੍ਰਬੰਧਕਾਂ ਨੂੰ ਤੀਆਂ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦਾ ਵਿਰਸਾ ਬਹੁਤ ਅਮੀਰ ਹੈ। ਸਾਨੂੰ ਆਪਣੇ ਵਿਰਸੇ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ। ਬੱਚਿਆਂ ਨੂੰ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੋੜਨਾ ਚਾਹੀਦਾ ਹੈ।

ਇਸ ਮੌਕੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਵੰਨਗੀਆਂ ਅਤੇ ਕੋਰੀਓਗਰਾਫੀਆਂ ਪੇਸ਼ ਕੀਤੀਆਂ। ਬੱਚਿਆਂ ਵਲੋਂ ਸਜਧਜ ਕੇ ਪੰਜਾਬੀ ਸੂਟ ਪਾ ਕੇ ਭੰਗੜੇ ਪਾਏ ਗਏ। ਨਾਮਵਰ ਦੋਗਾਣਾ ਜੋੜੀ ਗੁਰਵੀਰ ਸਿੱਧੂ -ਅਮਨ ਵਿਰਕ ਵੱਲੋਂ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਮੁੱਖ ਪ੍ਰਬੰਧਕ ਜਥੇਦਾਰ ਰਣਜੀਤ ਸਿੰਘ ਝਿੰਗੜ ਵਲੋਂ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਪਹੁੰਚੇ ਹੋਏ ਮਹਿਮਾਨਾਂ, ਕਲਾਕਾਰਾਂ ਅਤੇ ਸਕੂਲੀ ਬੱਚਿਆਂ ਨੂੰ ਸਨਮਾਨਿਤ ਕੀਤਾ।



ਇਸ ਮੌਕੇ ਕੁਲਜੀਤ ਸਿੰਘ ਸਰਹਾਲ, ਸੋਹਣ ਲਾਲ ਢੰਡਾ, ਜਥੇਦਾਰ ਰਣਜੀਤ ਸਿੰਘ ਝਿੰਗੜ, ਤਰਸੇਮ ਲਾਲ ਸਰਪੰਚ, ਬਹਾਦਰ ਸਿੰਘ ਮਹਿਮੀ ਸਾਬਕਾ ਸਰਪੰਚ, ਪਰਮਜੀਤ ਸਿੰਘ ਗਰੇਵਾਲ, ਸਰਬਜੀਤ ਸਿੰਘ ਸ਼ੇਰਗਿੱਲ ਕਨੇਡਾ, ਕਮਲਜੀਤ ਕੌਰ, ਗੁਰਜੀਤ ਸਿੰਘ, ਪ੍ਰਮਿੰਦਰ ਸਿੰਘ, ਰਹਿਮਾਨ ਅਲੀ, ਦਲਜੀਤ ਸਿੰਘ, ਮਨਪਿੰਦਰ ਸਿੰਘ, ਜਸਵਿੰਦਰ ਸਿੰਘ ਜਸਵੀਰ ਸਿੰਘ, ਗੁਰਪ੍ਰੀਤ ਸਿੰਘ,ਹਰਮਨ ਸ਼ੇਰਗਿੱਲ, ਕਰਨ, ਪ੍ਰਿੰਸ, ਸੁਰਿੰਦਰ ਆਦਿ ਹਾਜ਼ਰ ਸਨ।

# ਹਾਈਕੋਰਟ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਡੀ ਏ ਸੰਬੰਧੀ ਦਿੱਤੇ ਫੈਸਲੇ ਦਾ ਸਵਾਗਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਪੈਨਸ਼ਨਰਜ਼ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਪਾਰਟੀ ਦਫਤਰ ਵਿਖੇ ਜੋਗਾ ਸਿੰਘ ਜੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ 3 ਅਗਸਤ 2026 ਨੂੰ ਮੁਲਾਜ਼ਮਾਂ ਪੈਨਸ਼ਨਰਾਂ ਦੇ ਡੀ ਏ ਸਬੰਧੀ ਦਿੱਤੇ ਫੈਸਲੇ ਦੀ ਸ਼ਲਾਘਾ ਅਤੇ ਸਵਾਗਤ ਕੀਤਾ ਗਿਆ। ਉਨ੍ਹਾਂ ਸਰਕਾਰ ਪਾਸੋਂ ਮੰਗ ਕੀਤੀ ਕਿ ਕੋਰਟ ਦੇ ਫੈਸਲੇ ਅਨੁਸਾਰ 15 ਦਿਨਾਂ ਦੇ ਅੰਦਰ ਅੰਦਰ ਡੀਏ ਦੀਆਂ 6 ਕਿਸ਼ਤਾਂ ਦੇ 18% ਦੀ ਅਦਾਇਗੀ ਕੀਤੀ ਜਾਵੇ। ਉਪਰੰਤ ਯੂਨੀਅਨ ਦੇ ਮੁੱਖ ਬੁਲਾਰਿਆਂ ਨੇ ਸਾਂਝੇ ਸੰਬੋਧਨ ਵਿੱਚ ਵਿੱਤ ਮੰਤਰੀ ਦੇ ਉਸ ਬਿਆਨ ਦੀ ਸਖਤ ਨਿਖੇਧੀ ਕੀਤੀ ਗਈ ਜਿਸ ਬਿਆਨ ਵਿੱਚ ਵਿੱਤ ਮੰਤਰੀ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਐਂਟੀਸਟੇਟ ਦੱਸਿਆ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਓਕਾਰ ਸਿੰਘ, ਕੇਵਲ ਰਾਮ, ਕ੍ਰਿਸ਼ਨ ਗੋਪਾਲ, ਜੋਗਾ ਸਿੰਘ, ਕੁਲਦੀਪ ਸਿੰਘ ਸੈਣੀ, ਸੰਤੋਖ ਸਿੰਘ, ਓਕਾਰ ਸਿੰਘ, ਸੰਤੋਖ ਸਿੰਘ, ਹਰਬੰਸ ਲਾਲ, ਅਰਜਨ ਸਿੰਘ, ਦਲਵਿੰਦਰ ਸਿੰਘ, ਬੂਟਾ ਸਿੰਘ ਆਦਿ ਹਾਜ਼ਰ ਸਨ।



# ਰੈੱਡ ਰਿਬਨ ਕਲੱਬ ਦੀ ਐਡਵੋਕੇਸੀ ਮੀਟਿੰਗ ਕਰਵਾਈ

ਮੁਹਾਲੀ (ਗੁਰਜੀਤ ਬਿੱਲਾ)- ਡਾਇਰੈਕਟਰ ਯੁਵਕ ਸੇਵਾਵਾਂ, ਪੰਜਾਬ ਦੇ ਨਿਰਦੇਸ਼ਾਂ ਤਹਿਤ ਪੰਜਾਬ ਰਾਜ ਏਡਜ਼ ਕੰਟਰੋਲ ਸੁਸਾਇਟੀ ਦੇ ਸਹਿਯੋਗ ਨਾਲ ਸਥਾਨਕ ਚੰਡੀਗੜ੍ਹ ਗਰੁੱਪ ਆਫ ਕਾਲਜਿਜ਼ ਲਾਂਡਰਾ, ਮੋਹਾਲੀ ਵਿਖੇ ਕੈਪਟਨ (ਸੇਵਾਮੁਕਤ) ਮਨਤੇਜ ਸਿੰਘ ਚੀਮਾ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਦੀ ਅਗਵਾਈ ਹੇਠ ਰੈੱਡ ਰਿਬਨ ਕਲੱਬਾਂ ਦੇ ਨੋਡਲ ਅਫਸਰਾਂ ਅਤੇ ਰੈੱਡ ਰਿਬਨ ਕਲੱਬਾਂ ਦੀ ਐਡਵੋਕੇਸੀ ਮੀਟਿੰਗ ਕਰਵਾਈ ਗਈ।



ਮਨਤੇਜ ਸਿੰਘ ਚੀਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਐਡਵੋਕੇਸੀ ਮੀਟਿੰਗ ਦਾ ਮੰਤਵ ਨੌਜਵਾਨਾਂ ਨੂੰ ਨਸ਼ਿਆ ਦੇ ਪ੍ਰਭਾਵ ਤੋਂ ਦੂਰ ਰੱਖਣਾ, ਐੱਚ ਆਈ ਵੀ ਤੋਂ ਆਗਾਹ ਕਰਨਾ, ਸਵੈ ਇੱਛੁਕ ਖ਼ੂਨਦਾਨ ਮੁਹਿੰਮ ਨੂੰ ਪ੍ਰਫੁੱਲਤ ਕਰਨਾ ਅਤੇ ਟੀ ਬੀ ਮੁਕਤ ਭਾਰਤ ਅਭਿਆਨ ਵਿੱਚ ਨੌਜਵਾਨਾਂ ਵਲੋਂ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਜਾਣਕਾਰੀ ਦੇਣਾ ਸੀ। ਹਰੇਕ ਕਾਲਜ ਦੇ ਰੈੱਡ ਰਿਬਨ ਕਲੱਬ ਵਲੋਂ ਪੂਰੇ ਸਾਲ ਵਿੱਚ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਕੌਮਾਂਤਰੀ ਦਿਨ: ਨਸ਼ਾ ਵਿਰੋਧੀ ਦਿਵਸ, ਇੰਟਰਨੈਸ਼ਨਲ ਯੂਥ ਡੇਅ, ਵਲੰਟਰੀ ਬਲੱਡ ਡੂਨੇਸ਼ਨ ਡੇਅ, ਵਰਲਡ ਏਡਜ਼ ਡੇਅ, ਨੈਸ਼ਨਲ ਯੂਥ ਡੇਅ, ਨੈਸ਼ਨਲ ਟੀ.ਬੀ. ਡੇਅ ਆਦਿ ਸਬੰਧੀ ਕੈਲੰਡਰ ਵੀ ਜਾਰੀ ਕੀਤਾ ਗਿਆ।

ਸਮੂਹ ਕਾਲਜਾਂ/ ਯੂਨੀਵਰਸਿਟੀਆਂ ਦੇ ਰੈੱਡ ਰਿਬਨ ਕਲੱਬਾਂ ਨੂੰ ਜਾਗਰੂਕਤਾ ਪ੍ਰੋਗਰਾਮਾਂ ਲਈ ਮਾਇਕ ਵਿੱਤੀ ਸਹਾਇਤਾ ਜਾਰੀ ਕਰਨ ਵਾਸਤੇ ਵੇਰਵਿਆਂ ਦੀ ਮੰਗ ਕੀਤੀ ਗਈ।

ਆਊਟ ਆਫ ਸਕੂਲ ਯੂਥ ਕਲੱਬ, ਬਾਬਾ ਮੱਖਣ ਸ਼ਾਹ ਲੁਬਾਣਾ ਯੁਵਕ ਸੇਵਾਵਾਂ ਕਲੱਬ ਲੁਬਾਣਗੜ੍ਹ, ਜੈ ਮਾਂ ਕਾਲੀ ਯੁਵਕ ਸੇਵਾਵਾਂ ਕਲੱਬ, ਫਤਿਹਪੁਰ ਟੱਪਰੀਆਂ, ਯੁਵਕ ਸੇਵਾਵਾਂ ਕਲੱਬ ਗੋਬਿੰਦਪੁਰਾ (ਜੰਗਪੁਰਾ) ਨੂੰ ਨੈਸ਼ਨਲ ਤੇ ਇੰਟਰਨੈਸ਼ਨਲ ਦਿਵਸ ਮਨਾਉਣ ਲਈ ਰਾਸ਼ੀ ਜਾਰੀ ਕੀਤੀ ਗਈ। ਯੂਨੀਵਰਸਿਟੀਆਂ ਨੂੰ ਐੱਚ.ਆਈ.ਵੀ ਏਡਜ਼ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲੈਣ ਲਈ ਕਿਊ ਆਰ ਕੋਡ ਵਾਲੇ ਫਲੈਕਸ ਜਾਰੀ ਕੀਤੇ ਗਏ।

# ਸਿਵਲ ਸਰਜਨ ਵੱਲੋਂ ਜ਼ਿਲ੍ਹਾ ਹਸਪਤਾਲ ਕਪੂਰਥਲਾ ਦੀ ਅਚਨਚੇਤ ਚੈਕਿੰਗ

ਫਗਵਾੜਾ (ਡਾ. ਰਮਨ)- ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਚੁਸਤ-ਦਰੁਸਤ, ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਉਣ ਦੇ ਮਕਸਦ ਨਾਲ ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਵੱਲੋਂ ਜ਼ਿਲ੍ਹਾ ਸਿਵਲ ਹਸਪਤਾਲ ਕਪੂਰਥਲਾ ਦੇ ਵੱਖ-ਵੱਖ ਵਿਭਾਗਾਂ ਅਤੇ ਸਿਹਤ ਸੰਸਥਾਵਾਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ।ਸਿਵਲ ਸਰਜਨ ਡਾਕਟਰ ਪਰਾਸ਼ਰ ਵੱਲੋਂ ਜ਼ਿਲ੍ਹਾ ਸਿਵਲ ਹਸਪਤਾਲ ਵਿਖੇ ਨਵਕਿਰਨ ਕੇਂਦਰ, ਮੌਰਚਰੀ ਅਤੇ ਜ਼ਿਲ੍ਹਾ ਡਰੱਗ ਸਟੋਰ ਦੀ ਵਿਸਥਾਰਪੂਰਵਕ ਚੈਕਿੰਗ ਕੀਤੀ ਗਈ।



ਇਸ ਦੌਰਾਨ ਉਨ੍ਹਾਂ ਵੱਲੋਂ ਦਵਾਈਆਂ ਦੇ ਸਟਾਕ, ਉਪਲਬਧਤਾ ਅਤੇ ਐਕਸਪਾਇਰੀ ਡੇਟ ਦੀ ਜਾਂਚ ਕੀਤੀ ਗਈ ਅਤੇ ਸਬੰਧਤ ਸਟਾਫ਼ ਨੂੰ ਦਵਾਈਆਂ ਦੀ ਸਹੀ ਸੰਭਾਲ ਅਤੇ ਰਿਕਾਰਡ ਨੂੰ ਅਪਡੇਟ ਰੱਖਣ ਸਬੰਧੀ ਲੋੜੀਂਦੇ ਨਿਰਦੇਸ਼ ਦਿੱਤੇ ਗਏ।ਇਸ ਤੋਂ ਬਾਅਦ ਡਾ. ਪਰਾਸ਼ਰ ਨੇ ਪੀਰ ਚੌਧਰੀ ਰੋਡ ਅਤੇ ਆਰੀਆ ਸਮਾਜ ਆਸ਼ਰਮ ਵਿਖੇ ਸਥਿਤ ਆਮ ਆਦਮੀ ਕਲੀਨਿਕਾਂ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ, ਦਵਾਈਆਂ ਦੀ ਉਪਲਬਧਤਾ ਅਤੇ ਲੈਬ ਟੈਸਟ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਆਮ ਆਦਮੀ ਕਲੀਨਿਕਾਂ ਦੀਆਂ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਿੰਦਰ ਕੌਰ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਪਰਡੈਂਟ ਰਾਮ ਅਵਤਾਰ, ਬੀ ਸੀ ਸੀ ਜੋਤੀ ਅਨੰਦ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਤੀਆਂ ਦਾ ਤਿਉਹਾਰ ਮਨਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਮੌਜੋਮਜਾਰਾ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਾਉਣ ਦੇ ਮਹੀਨੇ ਮੌਕੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੰਗਤ ਸਿੰਘ, ਰਾਮ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਉਣ ਦੇ ਮਹੀਨੇ ਮੌਕੇ ਤੀਆਂ ਦੇ ਤਿਉਹਾਰ ਮੌਕੇ ਬੀਬੀਆਂ, ਭੈਣਾਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਵਿੱਚ ਬੀਬੀਆਂ ਭੈਣਾਂ ਵੱਲੋਂ ਫੁਲਕਾਰੀ ਕੱਢਣੀ, ਚਰਖ਼ਾ ਤੱਕਣਾ, ਗਿੱਧਾ, ਬੋਲੀਆਂ, ਕੋਰੀਓਗਰਾਫੀ ਅਤੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਤੀਆਂ ਦੇ ਤਿਉਹਾਰ ਮੌਕੇ ਮੁੱਖ ਮਹਿਮਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਵਿਸ਼ੇਸ਼ ਤੌਰ ਤੇ ਪੁੱਜ ਕੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਮੁੱਖ ਮਹਿਮਾਨਾ, ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੀਆਂ ਦੇ ਤਿਉਹਾਰ ਮੌਕੇ ਤੋਂ ਸਰਪੰਚ ਰਣਜਿੰਦਰ ਸਿੰਘ, ਬੀਬੀ ਸੰਤੋਸ਼ ਕੌਰ, ਨਿਰਮਲ ਚੰਦ ਪੰਚ, ਮੰਗਤ ਸਿੰਘ, ਰਾਮ ਸਿੰਘ, ਸਦਾ ਰਾਮ ਸਿੰਘ, ਮਲਕੀਅਤ ਕੌਰ, ਰਿੰਪੀ ਰਾਣੀ, ਬੱਬੂ ਰਾਣੀ, ਪੰਮੀ, ਜਸਪਾਲ ਕੌਰ, ਸੁਨੀਤਾ ਦੇਵੀ, ਅਨੂ ਰਾਣੀ, ਬਿਮਲਾ, ਮਨੀ, ਬਲਜੀਤ, ਸੁਲਿੰਦਰ, ਸੀਮਾ, ਮਨਦੀਪ, ਸੁਰਜੀਤ, ਨਿਸ਼ਾ, ਹਰਪ੍ਰੀਤ, ਰੋਜ਼ਾ, ਸੁਨੈਨਾ, ਨੀਤੂ, ਪ੍ਰਿਅੰਕਾ,ਪਦਵੀ, ਅਮਨ, ਸੁਨੇਹਾ, ਜਸਪ੍ਰੀਤ, ਲੱਕੀ ਮੌਜੋਮਜਾਰਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਬੀਬੀਆਂ, ਭੈਣਾਂ ਹਾਜਰ ਸਨ।ਇਸ ਪ੍ਰੋਗਰਾਮ ਦੀ ਜਾਣਕਾਰੀ ਲੱਕੀ ਮੌਜੋਮਜਾਰਾ ਨੇ ਪ੍ਰੈੱਸ ਨੂੰ ਦਿੱਤੀ।



# ਇਨਵੈਸਚਰ ਸਮਾਰੋਹ ਰਾਹੀਂ ਵਿਦਿਆਰਥੀ ਲੀਡਰਾਂ ਦੀ ਨਿਯੁਕਤੀ

ਡੇਰਾ ਬੱਸੀ (ਵਿਨੈ ਕੁਮਾਰ ਜੈਨ)- ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਡੇਰਾਬੱਸੀ ਵਿਖੇ ਸਾਲਾਨਾ ਇਨਵੈਸਚਰ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਤੇ ਨਵੇਂ ਚੁਣੇ ਗਏ ਹੈੱਡ ਬੋਆਏ, ਹੈਡ ਗਰਲ, ਕੈਪਟਨ ,ਵਾਇਸ ਕੈਪਟਨ ਅਤੇ ਸਟੇਜ ਸੈਕਟਰੀ ਨੇ ਆਪਣੇ ਸਹਿਯੋਗੀ ਵਿਦਿਆਰਥੀਆਂ ਦੀ ਭਲਾਈ ਲਈ ਸਮਰਪਿਤ ਰਹਿਣ ਦੀ ਸਹੁੰ ਚੁੱਕੀ। ਹੈੱਡ ਬੋਆਏ ਦੇ ਰੂਪ ਵਿੱਚ ਰਾਜ ਸਿੰਘ (ਬਾਰ੍ਹਵੀਂ ਕਾਮਰਸ) ਅਤੇ ਹੈੱਡ ਗਰਲ ਦੇ ਰੂਪ ਵਿੱਚ ਹਰਮਨਦੀਪ ਕੌਰ (ਬਾਰ੍ਹਵੀਂ ਆਰਟਸ) ਚੁਣੇ ਗਏ। ਸਕੂਲ ਦੀ ਪ੍ਰਿੰਸੀਪਲ ਕਵਿਤਾ ਅੱਤਰੀ ਨੇ ਨਵੇਂ ਲੀਡਰਾਂ ਨੂੰ ਬੈਜ ਲਗਾ ਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਨੂੰ ਸਹੁੰ ਦਿਵਾਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨੈਤਿਕਤਾ, ਸੱਚਾਈ, ਸਮਰਪਣ, ਸਵੈ-ਅਨੁਸ਼ਾਸਨ, ਇਮਾਨਦਾਰੀ ਅਤੇ ਮਿਹਨਤ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਸਮਾਰੋਹ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਸਹੁੰ ਚੁੱਕੀ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਹਮੇਸ਼ਾਂ ਤਿਆਰ ਰਹਿਣਗੇ ਅਤੇ ਸਕੂਲ ਦੀ ਸ਼ਾਨ ਵਧਾਉਣਗੇ। ਅੰਤ ਵਿੱਚ ਰਾਸ਼ਟਰੀ ਗੀਤ ਨਾਲ ਸਮਾਰੋਹ ਦੀ ਸਫ਼ਲਤਾਪੂਰਵਕ ਸਮਾਪਤੀ ਕੀਤੀ ਗਈ।



# ਐਂਟੀ-ਰੈਗਿੰਗ ਹਫ਼ਤਾ ਮਨਾਇਆ

ਜਲੰਧਰ (ਸ਼ੈਲੀ ਐਲਬਰਟ)- ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੀ ਐੱਨ ਐੱਸ ਐੱਸ ਯੂਨਿਟ ਨੇ ਕਾਲਜ ਕੈਂਪਸ ਦੇ ਅੰਦਰ ਅਤੇ ਬਾਹਰ ਰੈਗਿੰਗ ਦੇ ਸਾਰੇ ਰੂਪਾਂ ਵਿਰੁੱਧ ਰੋਸ ਪ੍ਰਗਟਾਉਂਦੀਆਂ ਵੱਖ-ਵੱਖ ਗਤੀਵਿਧੀਆਂ ਕਰਵਾ ਕੇ ਐਂਟੀ-ਰੈਗਿੰਗ ਹਫ਼ਤਾ ਮਨਾਇਆ। ਇਸ ਹਫ਼ਤੇ ਦੇ ਪਹਿਲੇ ਦਿਨ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਾਰੇ ਵਿਦਿਆਰਥੀ-ਅਧਿਆਪਕਾਂ ਨੇ ਪ੍ਰਣ ਲਿਆ ਕਿ ਉਹ ਰੈਗਿੰਗ ਦੀ ਬੁਰਾਈ ਜਾਂ ਕਿਸੇ ਵੀ ਤਰ੍ਹਾਂ ਦੇ ਹਿੰਸਕ ਵਿਵਹਾਰ ਵਿੱਚ ਸ਼ਾਮਲ ਨਹੀਂ ਹੋਣਗੇ। ਉਹ ਨਾ ਤਾਂ ਖੁਦ ਰੈਗਿੰਗ ਦਾ ਸ਼ਿਕਾਰ ਹੋਣਗੇ ਅਤੇ ਨਾ ਹੀ ਹਿੰਸਾ ਦਾ ਸਾਹਮਣਾ ਕਰਨਗੇ। 'ਸਿੱਖਿਆ ਤਾਕਤ ਦਿੰਦੀ ਹੈ, ਰੈਗਿੰਗ ਤਬਾਹ ਕਰਦੀ ਹੈ' ਵਿਸ਼ੇ 'ਤੇ ਦੂਜੇ ਅਤੇ ਤੀਜੇ ਦਿਨ ਪੋਸਟਰ ਬਣਾਉਣ ਅਤੇ ਨਾਅਰੇ ਲਿਖਣ ਦੇ ਮੁਕਾਬਲੇ ਕਰਵਾਏ ਗਏ। ਇਸ ਤੋਂ ਬਾਅਦ ਐੱਨ ਐੱਸ ਐੱਸ ਵਲੰਟੀਅਰਾਂ ਵੱਲੋਂ ਨਾਟਕ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਰੈਗਿੰਗ ਦੀ ਮਨਾਹੀ, ਰੋਕਥਾਮ ਅਤੇ ਸਜ਼ਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਹਫ਼ਤੇ ਦੌਰਾਨ ਵਿਦਿਆਰਥੀਆਂ ਅਤੇ ਸਟਾਫ ਨੂੰ ਰੈਗਿੰਗ ਦੇ ਮਾੜੇ ਪ੍ਰਭਾਵਾਂ ਬਾਰੇ ਦਸਤਾਵੇਜ਼ੀ ਫਿਲਮਾਂ (ਡਾਕੂਮੈਂਟਰੀਆਂ) ਵੀ ਦਿਖਾਈਆਂ ਗਈਆਂ, ਜੋ ਯੂਜੀਸੀ ਦੀਆਂ ਵੈੱਬਸਾਈਟਾਂ www.antiragging ਅਤੇ www.ugc.ac.in ਤੋਂ ਲਈਆਂ ਗਈਆਂ ਸਨ।




# ਐੱਚ ਆਈ ਵੀ ਰੋਕਥਾਮ ਲਈ ਇੰਟੈਂਸੀਫਾਈਡ ਮੁਹਿੰਮ ਦੀ ਸ਼ੁਰੂਆਤ




ਫਗਵਾੜਾ (ਡਾ. ਰਮਨ)- ਐੱਚ.ਆਈ.ਵੀ./ ਏਡਜ਼ ਦੀ ਰੋਕਥਾਮ, ਜਾਗਰੂਕਤਾ ਅਤੇ ਸਮੇਂ ਸਿਰ ਜਾਂਚ ਨੂੰ ਉਤਸ਼ਾਹਿਤ ਕਰਨ ਲਈ ਸਿਹਤ ਵਿਭਾਗ ਕਪੂਰਥਲਾ ਵੱਲੋਂ 12 ਅਗਸਤ ਤੋਂ 12 ਅਕਤੂਬਰ ਤੱਕ ਇੰਟੈਂਸੀਫਾਈਡ ਮੁਹਿੰਮ ਚਲਾਈ ਜਾ ਰਹੀ ਹੈ। ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਵੱਲੋਂ ਜ਼ਿਲ੍ਹੇ ਵਿੱਚ ਇਸ ਮੁਹਿੰਮ ਦੀ ਰਸਮੀ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਡਾ. ਪਰਾਸ਼ਰ ਨੇ ਕਿਹਾ ਕਿ ਐੱਚ ਆਈ ਵੀ ਦੀ ਰੋਕਥਾਮ ਲਈ ਸਹੀ ਜਾਣਕਾਰੀ, ਸਮੇਂ ਸਿਰ ਜਾਂਚ ਅਤੇ ਲੋੜ ਅਨੁਸਾਰ ਇਲਾਜ ਬੇਹੱਦ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਵਿੱਚ ਐੱਚ ਆਈ ਵੀ ਸੰਬੰਧੀ ਜਾਗਰੂਕਤਾ ਪੈਦਾ ਕਰਨਾ, ਗਲਤ ਧਾਰਨਾਵਾਂ ਨੂੰ ਦੂਰ ਕਰਨਾ ਅਤੇ ਲੋਕਾਂ ਨੂੰ ਉਪਲਬਧ ਸਿਹਤ ਸੇਵਾਵਾਂ ਨਾਲ ਜੋੜਨਾ ਹੈ।ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੱਖ-ਵੱਖ ਸਿਹਤ ਸੰਸਥਾਵਾਂ ਅਤੇ ਸੰਵੇਦਨਸ਼ੀਲ ਖੇਤਰਾਂ ਵਿੱਚ ਜਾਗਰੂਕਤਾ ਸੈਸ਼ਨ, 953 ਗਤੀਵਿਧੀਆਂ, ਕਾਊਂਸਲਿੰਗ ਤੇ ਐੱਚ ਆਈ ਵੀ ਜਾਂਚ ਸਬੰਧੀ ਗਤੀਵਿਧੀਆਂ ਕੀਤੀਆਂ ਜਾਣਗੀਆਂ।

ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਐੱਚ.ਆਈ.ਵੀ. ਸਬੰਧੀ ਕਿਸੇ ਵੀ ਤਰ੍ਹਾਂ ਦੀ ਸ਼ੰਕਾ ਹੋਣ 'ਤੇ ਬਿਨਾਂ ਝਿਜਕ ਜਾਂਚ ਅਤੇ ਕਾਊਂਸਲਿੰਗ ਕਰਵਾਉਣ।

ਇਸ ਮੌਕੇ ਐਸ.ਐਮ.ਓ. ਡਾ. ਪਰਮਿੰਦਰ ਕੌਰ, ਡਾ. ਰਮਨਦੀਪ ਕੌਰ, ਡਾ. ਅਰਸ਼ਬੀਰ ਕੌਰ, ਡਾ. ਹਰੂਨ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀ ਸੀ ਸੀ ਜੋਤੀ ਅਨੰਦ, ਮਨਜੀਤ ਰਾਣੀ, ਕਾਬਲ ਸਿੰਘ, ਨਵਪ੍ਰੀਤ ਕੌਰ, ਕਰਮਜੀਤ ਕੌਰ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਸਾਲਾਨਾ ਬਰਸੀ ਤੇ ਧਾਰਮਿਕ ਸਮਾਗਮ 19 ਨੂੰ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)- ਸੰਤ ਬਾਬਾ ਹਰਨਾਮ ਸਿੰਘ ਜੀ ਕਿੰਗ ਵਾਲੇ/ ਕੰਬਲੀ ਵਾਲੇ ਦੀ 45ਵੀਂ ਸਲਾਨਾ ਬਰਸੀ ਗੁਰਦੁਆਰਾ ਸਾਹਿਬ ਪਿੰਡ ਜੰਡੋਲੀ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਸਮੂੰਹ ਨਗਰ ਨਿਵਾਸੀ, ਇਲਾਕਾ ਨਿਵਾਸੀ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ 19 ਅਗਸਤ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਈ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਸੁਖਵਿੰਦਰ ਸਿੰਘ ਸੋਨੀ (ਚੰਡੀਗੜ੍ਹ ਵਾਲੇ), ਬਲਵੀਰ ਸਿੰਘ ਮੈਂਗਰ ਐੱਨ ਆਰ ਆਈ, ਕੈਪਟਨ ਕਮਲਜੀਤ ਸਿੰਘ ਸੋਹੀ, ਸੋਹਣ ਸਿੰਘ ਪਲਾਹਾ, ਨਰਿੰਦਰ ਸਿੰਘ ਹੀਰ, ਗੁਰਜੀਤ ਸਿੰਘ, ਇਕਬਾਲ ਸਿੰਘ ਤੇ ਹਰਪਾਲ ਸਿੰਘ ਹੈਡ ਗ੍ਰੰਥੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਬਾਬਾ ਜੀ ਦੀ ਸਲਾਨਾ ਬਰਸੀ ਦੇ ਸੰਬੰਧ ਵਿੱਚ ਪਿਛਲੇ ਦਿਨਾਂ ਤੋਂ ਸ੍ਰੀ ਸਹਿਜ ਪਾਠ ਦੀਆਂ ਲੜੀਆਂ ਆਰੰਭ ਕੀਤੀਆਂ ਗਈਆਂ ਸਨ ਜਿਨਾਂ ਦੀ 7 ਅਗਸਤ ਨੂੰ ਸਮਾਪਤੀ ਹੋਈ ਹੈ। ਇਸ ਤੋਂ ਬਾਅਦ 9 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੀਆਂ ਲੜੀਆਂ ਦੀ ਸ਼ੁਰੂਆਤ ਕੀਤੀ ਗਈ ਹੈ,ਜਿਨਾਂ ਦੀ ਸਮਾਪਤੀ 17 ਅਗਸਤ ਨੂੰ ਭਾਦੋਂ ਦੀ ਸੰਗਰਾਂਦ ਤੇ ਹੋਵੇਗੀ। ਉਹਨਾਂ ਦੱਸਿਆ ਕਿ 17 ਅਗਸਤ ਨੂੰ ਬਾਬਾ ਜੀ ਦੇ ਸਮੂੰਹ ਸੇਵਕਾਂ ਵੱਲੋਂ ਕੇਵਲ ਤੇ ਕੇਵਲ ਸਰਬ ਸਾਂਝਾ ਸਿਰਫ ਇੱਕ ਹੀ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਜਾਵੇਗਾ, ਜਿਸ ਦੇ ਭੋਗ 19 ਅਗਸਤ ਨੂੰ ਪੈਣਗੇ। ਪਾਠ ਦੇ ਭੋਗ ਤੋਂ ਬਾਅਦ ਦੀਵਾਨ ਹਾਲ ਵਿੱਚ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਸਤਿੰਦਰਵੀਰ ਸਿੰਘ, ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲੇ ਕਥਾਵਾਚਕ ਅਤੇ ਭਾਈ ਸੁਖਬੀਰ ਸਿੰਘ ਕਵੀਸ਼ਰੀ ਜਥਾ ਨਿਹੰਗ ਸਿੰਘ ਜਥੇਬੰਦੀ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪਰਮਾਤਮਾ ਦੇ ਨਾਮ ਨਾਲ ਜੋੜਨਗੇ, ਜੋ ਇਸ ਬ੍ਰਹਿਮੰਡ ਦੇ ਕਣ ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਤਿਪਾਲਣਾ ਕਰ ਰਿਹਾ ਹੈ। ਗੁਰੂ ਕੇ ਲੰਗਰ ਪਿਛਲੇ ਦਿਨਾਂ ਤੋਂ ਅਤੁਟ ਚੱਲ ਰਹੇ ਹਨ।

# ਨਸ਼ਾ-ਮੁਕਤ ਭਾਰਤ ਅਭਿਆਨ ਕਰਵਾਇਆ

ਆਦਮਪੁਰ, (ਪਰਮਜੀਤ ਸਿੰਘ)- ਨਸ਼ੇ ਦੀ ਦੁਰਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਨੂੰ ਉਤਸ਼ਾਹਿਤ ਕਰਨ ਲਈ ਦ ਇੰਪੀਰੀਅਲ ਸਕੂਲ, ਗ੍ਰੀਨ ਕੈਂਪਸ, ਆਦਮਪੁਰ ਵਿਖੇ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਅਤੇ ਯੁਵਾ ਮਾਮਲਿਆਂ ਦੇ ਵਿਭਾਗ ਦੀ ਇੱਕ ਪਹਿਲਕਦਮੀ 'ਜੇਨਜ਼ੈਡ ਅਗੇਂਸਟ ਐਡਿਕਸ਼ਨ -ਨਸ਼ਾ ਮੁਕਤ ਯੁਵਾ ਫਾਰ ਵਿਕਸਤ ਭਾਰਤ ਸੰਕਲਪ ਅਭਿਆਨ' ਦੇ ਤਹਿਤ ਆਯੋਜਿਤ ਕੀਤਾ ਗਿਆ ਸੀ।



ਮੀਟਿੰਗ ਦੌਰਾਨ, ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ, ਭਾਸ਼ਣਾਂ ਅਤੇ ਜਾਗਰੂਕਤਾ ਪੇਸ਼ਕਾਰੀਆਂ ਰਾਹੀਂ ਨਸ਼ਿਆਂ ਦੀ ਦੁਰਵਰਤੋਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ ਦਾ ਪ੍ਰਣ ਕੀਤਾ।ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ 'ਨਸ਼ੇ-ਮੁਕਤ ਭਾਰਤ ਅਭਿਆਨ' ਮੁਹਿੰਮ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ ਅਤੇ ਜਾਗਰੂਕਤਾ ਫੈਲਾਉਣ ਦਾ ਸੰਦੇਸ਼ ਸਾਂਝਾ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਸੀ ਬੀ ਐੱਸ ਈ-ਪ੍ਰਯੋਜਿਤ ਮੁਹਿੰਮ ਦੇ ਉਦੇਸ਼ਾਂ ਅਤੇ ਸਮਾਜ ਵਿੱਚ ਨੌਜਵਾਨਾਂ ਦੀ ਸਕਾਰਾਤਮਕ ਭੂਮਿਕਾ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਦੇ ਚੇਅਰਮੈਨ, ਜਗਦੀਸ਼ ਲਾਲ, ਡਾਇਰੈਕਟਰ ਜਗਮੋਹਨ ਅਰੋੜਾ, ਸੀ ਓ ਓ ਜਗਮੋਹਨ ਅਰੋੜਾ, ਪ੍ਰਿੰਸੀਪਲ ਸੁਖਦੇਵ ਅਰੋੜਾ, ਰਾਜਵਿੰਦਰ ਪਾਲ ਅਤੇ ਵਾਈਸ ਪ੍ਰਿੰਸੀਪਲ ਪੂਜਾ ਠਾਕੁਰ ਮੌਜੂਦ ਸਨ। ਉਨ੍ਹਾਂ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣਾ ਚਾਹੀਦਾ ਹੈ ਅਤੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

# ਅੰਗਦਾਨ ਮਨੁੱਖਤਾ ਦੀ ਸੇਵਾ ਦਾ ਮਹਾਨ ਕਾਰਜ : ਡਾ. ਹਰਿੰਦਰ ਸਿੰਘ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਸਿਹਤ ਵਿਭਾਗ ਪੰਜਾਬ ਵੱਲੋਂ ਸਿਵਲ ਸਰਜਨ ਰੂਪਨਗਰ ਡਾ. ਬੌਬੀ ਗੁਲਾਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਆਨੰਦਪੁਰ ਸਾਹਿਬ ਦੇ ਸੀਨੀਅਰ ਮੈਡੀਕਲ ਅਫਸਰ ਡਾ.ਹਰਿੰਦਰ ਸਿੰਘ ਦੀ ਅਗਵਾਈ ਹੇਠ ਅੰਗਦਾਨ ਸਬੰਧੀ ਜਾਗਰੂਕਤਾ ਅਭਿਆਨ ਚਲਾਇਆ ਗਿਆ। ਇਸ ਦੌਰਾਨ ਹਾਜ਼ਰੀਨ ਨੂੰ ਅੰਗਦਾਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ.ਹਰਿੰਦਰ ਸਿੰਘ ਨੇ ਕਿਹਾ ਕਿ ਅੰਗਦਾਨ ਮਨੁੱਖਤਾ ਦੀ ਸੇਵਾ ਦਾ ਇੱਕ ਮਹਾਨ ਅਤੇ ਨੇਕ ਕਾਰਜ ਹੈ। ਇੱਕ ਵਿਅਕਤੀ ਵੱਲੋਂ ਮੌਤ ਤੋਂ ਬਾਅਦ ਕੀਤੇ ਗਏ ਅੰਗਦਾਨ ਨਾਲ ਕਈ ਲੋੜਵੰਦ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਮਿਲ ਸਕਦੀ ਹੈ। ਡਾ. ਹਰਿੰਦਰ ਸਿੰਘ ਨੇ ਕਿਹਾ ਕਿ ਅੰਗਦਾਨ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਲੋੜ ਹੈ। ਜਾਣਕਾਰੀ ਦੀ ਘਾਟ ਅਤੇ ਗਲਤ ਧਾਰਨਾਵਾਂ ਕਾਰਨ ਕਈ ਲੋਕ ਇਸ ਮਹਾਨ ਕਾਰਜ ਤੋਂ ਦੂਰ ਰਹਿੰਦੇ ਹਨ। ਇਸ ਮੌਕੇ ਡਾ. ਅਮਰਿੰਦਰ ਸਿੰਘ, ਸੀਮਾ ਦੇਵੀ, ਬਰਿੰਦਰ ਕੁਮਾਰ, ਸੁੱਚਾ ਸਿੰਘ, ਕੁਲਵਿੰਦਰ ਕੌਰ, ਸੋਨੀ ਦੇਵੀ, ਪੂਨਮ ਕੁਮਾਰੀ, ਸੁਖਵਿੰਦਰ ਕੌਰ, ਸੁਨੀਤਾ ਕੌਰ ਆਦਿ ਹਾਜ਼ਰ ਸਨ।



# ਅੰਨ੍ਹੇ ਕਤਲ ਦੇ ਗੁੱਥੀ ਥਾਣਾ ਸਿਟੀ ਬੰਗਾ ਦੀ ਪੁਲਸ ਵੱਲੋਂ ਸੁਲਝਾਈ

**ਬੰਗਾ (ਅਵਤਾਰ ਕਲੇਰ)** ਹਰਜਤ ਗੁਪਤਾ, ਆਈ ਪੀ ਐਸ ਸੀਨੀਅਰ ਪੁਲਸ ਕਪਤਾਨ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾ, ਸਰਬਜੀਤ ਸਿੰਘ ਬਾਹੀਆ ਪੀ.ਪੀ.ਐਸ. ਕਪਤਾਨ ਪੁਲਿਸ ਦੀ ਯੋਗ ਅਗਵਾਈ ਅਤੇ ਹਰਜੀਤ ਸਿੰਘ ਪੀ ਪੀ ਐਸ ਉਪ ਕਪਤਾਨ ਪੁਲਸ, ਸਬ-ਡਵੀਜਨ ਬੰਗਾ ਰਹਿਨੁਮਾਈ ਹੇਠ ਐਸ ਆਈ ਕੰਵਲ ਕ੍ਰਿਸ਼ਨ ਮੁੱਖ ਅਫਸਰ ਥਾਣਾ ਸਿਟੀ ਬੰਗਾ ਦੀ ਟੀਮ ਨੂੰ ਉਸ ਸਮੇਂ ਵੱਡੀ ਕਾਮਯਾਬੀ ਮਿਲੀ ਕਿ ਥਾਣਾ ਸਿਟੀ ਬੰਗਾ ਵਿਖੇ ਮਨਦੀਪ ਕੌਰ ਪਤਨੀ ਲੇਟ ਜਗਤਾਰ ਸਿੰਘ ਵਾਸੀ ਸੋਲਾ ਕਲਾਂ, ਥਾਣਾ ਮਾਹਿਲਪੁਰ, ਜਿਲ੍ਹਾ ਹੁਸ਼ਿਆਰਪੁਰ ਦੇ ਦਰਜ ਰਜਿਸਟਰ ਹੋਇਆ ਸੀ ਕਿ ਉਸ ਦਾ ਪਤੀ ਜਗਤਾਰ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਸੋਲਾ ਕਲਾਂ, ਥਾਣਾ ਮਾਹਿਲਪੁਰ, ਜਿਲ੍ਹਾ ਹੁਸ਼ਿਆਰਪੁਰ, ਉਮਰ ਕਰੀਬ 46 ਸਾਲ ਜੋ ਸਤਿੰਦਰਜੀਤ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਮਸੰਦਾ ਪੱਟੀ ਬੰਗਾ, ਥਾਣਾ ਸਿਟੀ ਬੰਗਾ, ਜਿਲ੍ਹਾ ਦੇ ਨਾਲ ਅਰਸਾ ਕਰੀਬ 02 ਸਾਲ ਤੋ ਖੇਤੀਬਾੜੀ ਦਾ ਕੰਮ ਕਰਾਉਦਾ ਅਤੇ ਉਸਦੀ ਹਵੇਲੀ ਵਿੱਚ ਦਿਨ ਰਾਤ ਰਹਿੰਦਾ ਸੀ ਅਤੇ ਵਿੱਚ ਵਿਚਾਲੇ ਘਰ ਆ ਜਾਦਾ ਸੀ। ਮਿਤੀ 12-05-2026 ਨੂੰ ਸਵੇਰੇ ਘਰ ਤੋਂ ਸਤਿੰਦਰਜੀਤ ਸਿੰਘ ਪਾਸ ਕੰਮ ਪਰ ਆ ਗਿਆ ਸੀ ਅਤੇ ਸ਼ਾਮ ਨੂੰ ਸਤਿੰਦਰਜੀਤ ਸਿੰਘ ਉਕਤ ਦੇ ਮੋਬਾਇਲ ਫੋਨ 76819-39003 ਤੋਂ ਉਸ ਦੇ ਮੋਬਾਇਲ ਪਰ ਫੋਨ ਆਇਆ ਕਿ ਤੁਹਾਡੇ ਪਤੀ ਜਗਤਾਰ ਸਿੰਘ ਉਕਤ ਦਾ ਕਿਸੇ ਨਾ-ਮਲੂਮ ਵਿਅਕਤੀ ਵਲੋਂ ਕਤਲ ਕਰ ਦਿੱਤਾ ਹੈ, ਤੁਸੀ ਜਲਦੀ ਪਹੁੰਚੋ ਜਿਸ ਉਪਰ ਉਹ ਮੌਕਾ ਪਰ ਆਪਣੇ ਰਿਸ਼ਤੇਦਾਰ ਸਮੇਤ ਸਬੰਧੀਆਂ ਨਾਲ ਪਹੁੰਚ ਕੇ ਦੇਖਿਆ ਕਿ ਹਵੇਲੀ ਨੂੰ ਲੱਗੇ ਗੇਟ ਦੇ ਅੰਦਰ ਉਸ ਦੇ ਪਤੀ ਜਗਤਾਰ ਸਿੰਘ ਦੀ ਲਾਸ਼ ਲਹੂ ਨਾਲ ਲੱਥਪੱਥ ਪਈ ਹੈ। ਉਸ ਦੇ ਪਤੀ ਜਗਤਾਰ ਸਿੰਘ ਦਾ ਕਿਸੇ ਨਾ-ਮਲੂਮ ਵਿਅਕਤੀ ਵੱਲੋਂ ਕਤਲ ਕਰ ਦਿੱਤਾ ਗਿਆ ਹੈ। ਜੋ ਦੌਰਾਨੇ ਤਫਤੀਸ਼ ਵਿੱਚ ਟੈਕੀ ਰਾਜਵੀਰ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਮੁਹੱਲਾ ਖੋਸਲਾ ਬੰਗਾ ਥਾਣਾ ਸਿਟੀ ਬੰਗਾ ਅਤੇ ਕੁਲਜੀਤ ਸਿੰਘ ਉਰਫ ਬੱਬਲ ਪੁੱਤਰ ਸੁਰਜੀਤ ਸਿੰਘ ਵਾਸੀ ਬਾਲੋ ਥਾਣਾ ਸਦਰ ਬੰਗਾ ਨੂੰ ਮੁਕੱਦਮਾ ਵਿੱਚ ਨਾਮਜਦ ਕਰਕੇ ਮਿਤੀ 09-08-26 ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਇਨ੍ਹਾ ਪਾਸੋਂ ਵਕੂਆ ਸਮੇਤ ਵਰਤੇ ਗਏ ਹਥੌੜਾ ਨੂੰ ਬਰਾਮਦ ਕੀਤਾ ਗਿਆ ਹੈ।

# ਕਵੀ ਦਰਬਾਰ ਕਰਵਾਇਆ



**ਚੰਡੀਗੜ੍ਹ (ਸੁਰਜੀਤ ਸੁਮਨ)** ਸਾਹਿਤ ਵਿਗਿਆਨ ਕੇਂਦਰ (ਰਜਿ.) ਚੰਡੀਗੜ੍ਹ ਵੱਲੋਂ ਚੰਡੀਗੜ੍ਹ ਸਾਹਿਤ ਅਕੈਡਮੀ ਚੰਡੀਗੜ੍ਹ ਦੇ ਸਹਿਯੋਗ ਨਾਲ ਰਾਣੀ ਲਕਸ਼ਮੀ ਬਾਈ ਭਵਨ ਦੇ ਕਾਨਫਰੰਸ ਹਾਲ ਵਿਚ ਕਵੀ-ਦਰਬਾਰ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਚੰਡੀਗੜ੍ਹ ਸਾਹਿਤ ਅਕੈਡਮੀ ਦੇ ਚੇਅਰਮੈਨ ਡਾ. ਮਨਮੋਹਨ ਨੇ ਕੀਤੀ, ਜਦੋਂਕਿ ਅਕੈਡਮੀ ਦੇ ਜਨਰਲ ਸਕੱਤਰ ਸੁਭਾਸ਼ ਭਾਸਕਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਮਾਵੀ ਨੇ ਸਭ ਨੂੰ ਜੀ ਆਇਆਂ ਆਖਿਆ।ਉਹਨਾਂ ਨੇ ਇਸ ਪ੍ਰੋਗਰਾਮ ਨੂੰ ਕਰਵਾਉਣ ਦੇ ਕਾਰਨਾਂ ਬਾਰੇ ਵੀ ਦੱਸਿਆ।ਪ੍ਰੋਗਰਾਮ ਦੀ ਸ਼ੁਰੂਆਤ ਨਰਿੰਦਰ ਕੌਰ ਲੌਂਗੀਆ ਵਲੋਂ ਸਾਵਣ ਬਾਰੇ ਕਵਿਤਾ ਸੁਣਾਉਣ ਨਾਲ ਹੋਈ।ਇਸੇ ਤਰ੍ਹਾਂ ਪਿਆਰਾ ਸਿੰਘ ਰਾਹੀ, ਬਾਬੂ ਰਾਮ ਦੀਵਾਨਾ, ਰਤਨ ਬਾਬਕਵਾਲਾ (ਤੂੰਬੀ ਨਾਲ), ਮੰਦਰ ਗਿੱਲ ਸਾਹਿਬਚੰਦੀਆ, ਲਾਭ ਸਿੰਘ ਲਹਿਲੀ (ਤੂੰਬੀ ਨਾਲ), ਬਲਵਿੰਦਰ ਸਿੰਘ ਢਿੱਲੋਂ ਨੇ ਸਾਵਣ ਬਾਰੇ ਵੱਖ ਵੱਖ ਭਾਵਨਾਵਾਂ ਵਾਲੇ ਗੀਤ ਸੁਣਾਏ। ਸਰਬਜੀਤ ਸਿੰਘ ਨੇ ਧਾਰਮਿਕ ਕਵਿਤਾ, ਸੁਰਿੰਦਰ ਕੁਮਾਰ ਨੇ ਆਜ਼ਾਦੀ ਬਾਰੇ ਹਿੰਦੀ ਵਿਚ ਕਵਿਤਾ ਸੁਣਾਈ। ਸੁਧੀਰ ਕੁਮਾਰ ਮੁਰਤੀ ਨੇ ਕੁਝ ਆਪ ਦੇ ਲਿਖੇ ਸ਼ੇਅਰ ਸੁਣਾਏ। ਅੰਗ੍ਰੇਜ਼ ਮਹੇਸ਼ (ਹਿੰਦੀ ਵਿਚ), ਪ੍ਰਲਾਦ ਸਿੰਘ, ਸਰਬਜੀਤ ਸਿੰਘ ਪੰਡਿਤਾ, ਗੁਰਦਰਸ਼ਨ ਸਿੰਘ ਮਾਵੀ ਅਤੇ ਡਾ. ਅਵਤਾਰ ਸਿੰਘ ਪਤੰਗ ਨੇ ਸਾਵਣ ਬਾਰੇ ਕਵਿਤਾਵਾਂ ਸੁਣਾਈਆਂ। ਡਾ. ਮਨਮੋਹਨ ਸਿੰਘ ਨੇ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਪੰਜਾਬੀ ਵਿਰਸੇ ਨੂੰ ਅੱਗੇ ਤੋਰਨ ਵਿਚ ਸਹਾਈ ਹੁੰਦੇ ਹਨ।ਉਹਨਾਂ ਨੇ ਚੰਡੀਗੜ੍ਹ ਸਾਹਿਤ ਅਕੈਡਮੀ ਦੇ ਪ੍ਰੋਗਰਾਮਾਂ ਵਿਚ ਸ਼ਾਮਲ ਹੋਣ ਲਈ ਸਭ ਨੂੰ ਸੱਦਾ ਦਿੱਤਾ। ਸੁਭਾਸ਼ ਭਾਸਕ1ਰ ਨੇ ਕਿਹਾ ਕਿ ਚੰਡੀਗੜ੍ਹ ਸਾਹਿਤ ਅਕੈਡਮੀ ਹਮੇਸ਼ਾ ਸਾਹਿਤਕ ਪ੍ਰੋਗਰਾਮ ਕਰਵਾਉਣ ਲਈ ਤੱਤਪਰ ਰਹਿੰਦੀ ਹੈ।ਡਾ. ਅਵਤਾਰ ਸਿੰਘ ਪਤੰਗ ਨੇ ਅਖੀਰ ਵਿਚ ਸਭ ਦਾ ਧੰਨਵਾਦ ਕੀਤਾ।

# ਅੰਤਰਰਾਸ਼ਟਰੀ ਯੁਵਾ ਦਿਵਸ 'ਤੇ ਐੱਲ ਪੀ ਯੂ ਹੁਨਰ ਤੇ ਵਿਕਾਸ ਰਾਹੀਂ ਨੌਜਵਾਨਾਂ ਨੂੰ ਬਣਾ ਰਿਹਾ ਸਮਰੱਥ

**ਜਲੰਧਰ (ਸ਼ੈਲੀ ਐਲਬਰਟ)**: ਦੁਨੀਆ ਅੰਤਰਰਾਸ਼ਟਰੀ ਯੁਵਾ ਦਿਵਸ ਮਨਾ ਰਹੀ ਹੈ, ਇਹ ਮੌਕਾ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦੇ ਨੌਜਵਾਨਾਂ ਨੂੰ ਸਿੱਖਿਆ ਦੇ ਕੇਂਦਰ ਵਿੱਚ ਰੱਖਣ ਦੇ ਲੰਬੇ ਸਮੇਂ ਤੋਂ ਚੱਲੇ ਆ ਰਹੇ ਦ੍ਰਿਸ਼ਟੀਕੋਣ ਨਾਲ ਗੂੰਜਦਾ ਹੈ। ਐਲਪੀਯੂ ਦੇ ਕੈਂਪਸ ਸਭਿਆਚਾਰ ਨੇ ਹਮੇਸ਼ਾ ਵਿਦਿਆਰਥੀਆਂ ਨੂੰ ਆਪਣੇ ਜਨੂੰਨ ਨੂੰ ਖੋਜਣ, ਉਦਯੋਗ-ਸੰਬੰਧਤ ਹੁਨਰਾਂ ਨੂੰ ਸੰਵਾਰਨ ਕਰਨ, ਉਨ੍ਹਾਂ ਦੀਆਂ ਇੱਛਾਵਾਂ ਦੀ ਜ਼ਿੰਮੇਵਾਰੀ ਲੈਣ, ਅਤੇ ਇੱਕ ਅਜਿਹਾ ਮਾਹੌਲ ਬਣਾਉਣ ਲਈ ਉਤਸ਼ਾਹਿਤ ਕੀਤਾ ਹੈ ਜਿੱਥੇ ਨੌਜਵਾਨ ਸਿੱਖ ਸਕਦੇ ਹਨ, ਪ੍ਰਯੋਗ ਕਰ ਸਕਦੇ ਹਨ ਅਤੇ ਵਿਸ਼ਵਾਸ ਕਰ ਸਕਦੇ ਹਨ; ਇਸ ਦ੍ਰਿਸ਼ਟੀਕੋਣ ਨੂੰ ਯੂਨੀਵਰਸਿਟੀ ਦੇ 'ਐਡੂ-ਰੈਵੋਲਿਊਸ਼ਨ' ਰਹਿੰਦੀ ਹੈ।ਐਲਪੀਯੂ ਦੇ ਸੰਸਥਾਪਕ ਚਾਂਸਲਰ ਅਤੇ ਸੰਸਦ ਮੈਂਬਰ (ਰਾਜ ਸਭਾ) ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ,



'ਜੇਕਰ ਅਸੀਂ 18 ਸਾਲ ਦੇ ਨੌਜਵਾਨਾਂ 'ਤੇ ਆਪਣੇ ਦੇਸ਼ ਦੇ ਭਵਿੱਖ ਬਾਰੇ ਮਹੱਤਵਪੂਰਨ ਫੈਸਲੇ ਲੈਣ 'ਤੇ ਭਰੋਸਾ ਕਰਦੇ ਹਾਂ, ਤਾਂ ਸਾਨੂੰ ਉਨ੍ਹਾਂ ਨੌਜਵਾਨਾਂ 'ਤੇ ਆਪਣੀ ਸਿੱਖਿਆ ਬਾਰੇ ਸੂਚਿਤ ਫੈਸਲੇ ਲੈਣ ਲਈ ਭਰੋਸਾ ਕਿਉਂ ਨਹੀਂ ਕਰਨਾ ਚਾਹੀਦਾ? ਅਸੀਂ ਆਪਣੇ ਵਿਦਿਆਰਥੀਆਂ ਦੀ ਬੁੱਧੀ, ਯੋਗਤਾ ਅਤੇ ਸੰਭਾਵਨਾ 'ਤੇ ਵਿਸ਼ਵਾਸ ਕਰਦੇ ਹਾਂ। ਉਨ੍ਹਾਂ ਨੂੰ ਇਹ ਚੁਣਨ ਦੀ ਆਜ਼ਾਦੀ ਦੇਣੀ ਚਾਹੀਦੀ ਹੈ ਕਿ ਉਹ ਕੀ ਸਿੱਖਣਾ ਚਾਹੁੰਦੇ ਹਨ।' 15,000 ਤੋਂ ਵੱਧ ਵਿਦਿਆਰਥੀਆਂ ਨੇ ਅਨੁਭਵੀ ਸਿਖਲਾਈ ਪਹਿਲਕਦਮੀਆਂ ਵਿੱਚ ਹਿੱਸਾ ਲਿਆ ਹੈ, ਜਦੋਂ ਕਿ ਵਿਦਿਆਰਥੀ-ਅਗਵਾਈ ਵਾਲੇ ਉੱਦਮਾਂ ਨੇ 200 ਮਿਲੀਅਨ ਤੋਂ ਵੱਧ ਇਕੱਠੇ ਕੀਤੇ ਹਨ ਅਤੇ 400 ਤੋਂ ਵੱਧ ਸਟਾਰਟਅੱਪਸ ਦੀ ਸ਼ੁਰੂਆਤ ਵਿੱਚ ਯੋਗਦਾਨ ਪਾਇਆ ਹੈ।

# ਹਰਵਿੰਦਰ ਸਿੰਘ ਏ ਐੱਸ ਆਈ ਤੋਂ ਸਬ-ਇੰਸਪੈਕਟਰ ਬਣੇ



**ਨਕੋਦਰ/ਨੂਰਮਹਿਲ (ਮਨਜੀਤ ਮਾਨ, ਬਾਲ ਕ੍ਰਿਸ਼ਨ ਬਾਲੀ)** ਹਰਵਿੰਦਰ ਸਿੰਘ ਨੂੰ ਏ ਐੱਸ ਆਈ ਤੋਂ ਸਬ ਇੰਸਪੈਕਟਰ ਦੀ ਪੋਸਟ ਤੇ ਪਦ ਉੱਨਤ ਹੋਣ ਤੇ ਹਰਵਿੰਦਰ ਸਿੰਘ ਵਿਰਕ ਐਸ ਐਸ ਪੀ ਜਲੰਧਰ ਦਿਹਾਤੀ ਵੱਲੋਂ ਸਟਾਰ ਲਗਾਏ ਤੇ ਹੌਸਲਾ ਅਫਜਾਈ ਕੀਤੀ ਗਈ। ਇਸ ਮੌਕੇ ਐੱਸ ਐੱਸਪੀ ਵੱਲੋਂ ਕਿਹਾ ਗਿਆ ਕਿ ਕੀ ਤੁਸੀਂ ਪੁਲਿਸ ਲਾਈਨ ਜਲੰਧਰ ਦਿਹਾਤੀ ਵਿਖੇ ਆਪਣੀ ਡਿਊਟੀ ਨੂੰ ਬਾਖੂਬੀ ਨਿਭਾਇਆ ਹੈ।

# ਆਜ਼ਾਦੀ ਦਿਹਾੜਾ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** 80ਵੇਂ ਆਜ਼ਾਦੀ ਦਿਹਾੜੇ ਮੌਕੇ 15 ਅਗਸਤ ਨੂੰ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੀ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਫੁੱਲ ਡਰੈੱਸ ਰਿਹਰਸਲ



ਹੋਈ, ਜਿਸ ਵਿੱਚ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵਲੋਂ ਕੌਮੀ ਝੰਡਾ ਲਹਿਰਾਇਆ ਗਿਆ।ਕੌਮੀ ਝੰਡਾ ਲਹਿਰਾਉਣ ਉਪਰੰਤ ਡਿਪਟੀ ਕਮਿਸ਼ਨਰ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਡੀ.ਸੀ.ਪੀ ਪਰਮਿੰਦਰ ਸਿੰਘ ਹੀਰ ਅਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਵੀ ਮੌਜੂਦ ਸਨ।ਪਰੇਡ ਦੇ ਨਿਰੀਖਣ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਪਰੇਡ ਕਮਾਂਡਰ ਆਤਿਸ਼ ਭਾਟੀਆ ਦੀ ਅਗਵਾਈ ਵਿੱਚ ਕੱਢੇ ਗਏ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ। ਮਾਰਚ ਪਾਸਟ ਵਿੱਚ ਇੰਡੋ-ਤਿਬਤੀਅਨ ਬਾਰਡਰ ਪੁਲਸ, ਪੰਜਾਬ ਪੁਲਿਸ (ਪੁਰਸ਼), ਪੰਜਾਬ ਪੁਲਿਸ ਮਹਿਲਾ ਵਿੰਗ, ਪੀ.ਆਰ.ਟੀ.ਸੀ.ਹੋਮ ਗਾਰਡ, ਪੰਜਾਬ ਹੋਮ ਗਾਰਡਜ਼, ਐਨ.ਸੀ.ਸੀ. ਲੜਕੇ, ਐਨ.ਸੀ.ਸੀ. ਲੜਕੀਆਂ, ਲਾਇਲਪੁਰ ਖਾਲਸਾ ਸਕੂਲ ਲੜਕੇ, ਡੀ.ਐਸ. ਐਸ. ਡੀ. ਸੀਨੀਅਰ ਸੈਕੰਡਰੀ ਸਕੂਲ ਸੋਡਲ ਰੋਡ ਦੇ ਸਕਾਊਟ, ਲਾਇਲਪੁਰ ਖਾਲਸਾ ਸਕੂਲ ਗਰਲਜ਼ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਹਿਰੂ ਗਾਰਡਨ ਦੀਆਂ ਗਰਲ ਗਾਈਡਜ਼ ਅਤੇ ਸੀ.ਆਰ.ਪੀ.ਐਫ. ਦਾ ਬੈਂਡ ਸ਼ਾਮਲ ਸੀ। ਫੁੱਲ ਡਰੈੱਸ ਰਿਹਰਸਲ ਤੋਂ ਬਾਅਦ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 15 ਅਗਸਤ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਰਾਸ਼ਟਰੀ ਝੰਡਾ ਲਹਿਰਾਉਣਗੇ।

# ਕੇ ਐੱਮ ਐੱਸ ਕਾਲਜ 'ਚ 'ਵਿੱਦਿਆ ਆਰੰਭ 2026' ਨਾਲ ਦੋ-ਦਿਨਾ ਸਮਾਗਮ ਸੰਪੰਨ

**ਦਸੂਹਾ (ਝਾਵਰ)** ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ ਦੇ ਅਧੀਨ ਬੀਬੀ ਅਮਰ ਕੌਰ ਐਜੂਕੇਸ਼ਨਲ ਸੁਸਾਇਟੀ ਵੱਲੋਂ ਸਥਾਪਿਤ ਕੇ.ਐਮ.ਐਸ. ਕਾਲਜ ਆਫ ਆਈ.ਟੀ. ਐਂਡ ਮੈਨੇਜਮੈਂਟ, ਦਸੂਹਾ ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਸਬੰਧੀ ਕਰਵਾਏ ਗਏ ਦੋ-ਦਿਨਾ ਵਿਸ਼ੇਸ਼ ਸਮਾਗਮ ਦੇ ਦੂਜੇ ਦਿਨ 'ਵਿੱਦਿਆ ਆਰੰਭ 2026 - ਬਲੈਸਡ ਬਿਗਨਿੰਗ ਆਫ਼ ਲਰਨਿੰਗ' ਤਹਿਤ ਹਵਨ ਯੱਗ ਕਰਵਾਇਆ ਗਿਆ। ਇਸ ਦੇ ਨਾਲ ਹੀ ਦੋ-ਦਿਨਾ ਸਮਾਗਮ ਦੀ ਸਫਲਤਾਪੂਰਵਕ ਸਮਾਪਤੀ ਹੋਈ। ਇਹ ਹਵਨ ਯੱਗ ਪੰਡਿਤ ਤਰਦੀਪ ਮਿਸ਼ਰਾ ਵੱਲੋਂ ਵਿਧੀ ਪੂਰਵਕ ਕੀਤਾ ਗਿਆ ਅਤੇ ਇਸ ਮੌਕੇ ਮਾਤਾ ਸਰਸਵਤੀ ਜੀ ਦੀ ਪੂਜਾ ਅਰਚਨਾ ਕੀਤੀ ਗਈ। ਪਾਵਨ ਮੌਕੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਵਿਧਾਇਕ ਦਸੂਹਾ, ਅਮਰਪ੍ਰੀਤ ਸਿੰਘ ਸੋਨੂੰ ਖਾਲਸਾ ਪ੍ਰਧਾਨ ਨਗਰ ਕੌਂਸਲ ਦਸੂਹਾ ਅਤੇ ਸਮਾਜਸੇਵੀ ਠਾਕੁਰ ਬਲਦੇਵ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ. ਮਾਨਵ ਸੈਣੀ ਨੇ ਕਿਹਾ ਕਿ 'ਵਿੱਦਿਆ ਆਰੰਭ 2026' ਰਾਹੀਂ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਨੂੰ ਭਾਰਤੀ ਸੱਭਿਆਚਾਰਕ ਅਤੇ ਆਧਿਆਤਮਿਕ ਪਰੰਪਰਾਵਾਂ ਨਾਲ ਜੋੜਨ ਦਾ ਯਤਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਾਲਜ ਦਾ ਉਦੇਸ਼ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਉੱਤਮ ਚਰਿੱਤਰ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਅਤੇ ਸਮਾਗਮ ਵਿੱਚ ਸ਼ਾਮਲ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਕਾਲਜ ਪ੍ਰਬੰਧਨ, ਸਟਾਫ਼ ਅਤੇ ਵਿਦਿਆਰਥੀਆਂ ਨੂੰ ਨਵੇਂ ਅਕਾਦਮਿਕ ਸੈਸ਼ਨ ਦੀਆਂ ਸ਼ੁਭਕਾਮਨਾਵਾਂ ਦਿੱਤੀ। ਇਸ ਤਰ੍ਹਾਂ 'ਆਗਾਜ਼-ਏ-ਖ਼ਾਸ' ਅਤੇ 'ਵਿੱਦਿਆ ਆਰੰਭ 2026' ਦੇ ਰੂਪ ਵਿੱਚ ਕਰਵਾਏ ਗਏ ਦੋ-ਦਿਨਾ ਸਮਾਗਮ ਨੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਨੂੰ ਯਾਦਗਾਰ ਬਣਾ ਦਿੱਤਾ। ਇਸ ਮੌਕੇ ਡੀਨ ਅਕਾਦਮਿਕ ਡਾ. ਰਾਜੇਸ਼ ਕੁਮਾਰ ਵੱਲੋਂ ਸਮਾਗਮ ਦੀ ਸਫਲਤਾ ਲਈ ਸਮੂਹ ਸਟਾਫ਼, ਐਨ.ਐਸ.ਐਸ ਯੂਨਿਟ ਦੇ ਵਲੰਟੀਅਰਜ਼, ਵਿਦਿਆਰਥੀਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।



# ਤੀਆਂ ਦਾ ਤਿਉਹਾਰ ਮਨਾਇਆ



**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਉਣ ਦਾ ਮਹੀਨਾ ਔਰਤਾਂ ਖਾਸ ਕਰਕੇ ਨਵ-ਵਿਆਹੀਆਂ ਮੁਟਿਆਰਾਂ ਲਈ ਖੁਸ਼ੀਆਂ ਤੇ ਖੇੜਿਆਂ ਦਾ ਅਜਿਹਾ ਵੇਲਾ ਲੈ ਕੇ ਆਉਂਦਾ ਹੈ ਜਦੋਂ ਨਵ-ਵਿਆਹੀਆਂ ਮੁਟਿਆਰਾਂ ਸਜਦੀਆਂ-ਫੱਬਦੀਆਂ ਹਨ। ਆਪਣੇ ਮਨ ਦੇ ਵਲਵਲੇ ਹਾਣਦੀਆਂ ਮੁਟਿਆਰਾਂ ਨਾਲ ਸਾਂਝੇ ਕਰਦੀਆਂ ਹਨ। ਮਨ ਦੇ ਵਿਚਾਰਾਂ ਅਤੇ ਸਭਿਆਚਾਰ ਦੇ ਅਜਿਹੇ ਆਦਾਨ-ਪ੍ਰਦਾਨ ਨਾਲ ਸਮਾਜ ਵਿੱਚ ਨਵੇਂ ਨਵੇਂ ਰਿਸ਼ਤੇ ਤੇ ਸਾਂਝਾਂ ਪੈਦਾ ਹੁੰਦੀਆਂ ਹਨ। ਅੱਜ ਦੀ ਭੱਜ-ਦੌੜ ਦੇ ਸਮੇਂ ਵਿੱਚ ਇੱਕ ਦੂਜੇ ਨਾਲ ਮਿਲ-ਜੁੜ ਕੇ ਬੈਠਣ ਦਾ ਸਮਾਂ ਮਿਲਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕਲੱਬ ਦੀ ਸਰਪ੍ਰਸਤ ਸੀਮਾ ਨੇ ਕਿਹਾ ਕਿ ਹਰ ਵਾਰ ਵਾਂਗ ਇਸ ਵਾਰ ਵੀ ਦਾ ਰੌਇਲ ਗਰੀਨ ਕਲੱਬ, ਫੇਜ਼ 11, ਮੋਹਾਲੀ ਵੱਲੋਂ ਹੋਟਲ ਕੈਂਟੀਜ਼ ਵਿਖੇ ਤੀਆਂ ਦਾ ਤਿਓਹਾਰ ਬੜੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪੰਜਾਬੀ ਸਭਿਆਚਾਰ ਦੀ ਪੇਸ਼ਕਾਰੀ ਵੀ ਕੀਤੀ ਗਈ। ਇਸ ਮੌਕੇ ਦਾ ਰੌਇਲ ਗਰੀਨ ਕਲੱਬ ਦੀਆਂ ਸਰਗਰਮ ਮੈਂਬਰਜ਼ ਸੀਮਾ ਸ਼ਰਮਾ, ਪ੍ਰਿਅੰਕਾ, ਪ੍ਰੀਤੀ, ਗੁਰਜੀਤ ਕੌਰ, ਬੇਬੀ ਸਾਨਵੀ, ਬਲਵਿੰਦਰ ਕੌਰ, ਮਨਪ੍ਰੀਤ ਕੌਰ, ਅਮਨਪ੍ਰੀਤ ਕੌਰ, ਪਰਮਿੰਦਰ ਕੌਰ, ਊਸ਼ਾ ਗੌਤਮ, ਸੁਨੈਨਾ ਅਤੇ ਗੁਰਪ੍ਰੀਤ ਕੌਰ ਨੇ ਇਸ ਸਮਾਗਮ ਵਿੱਚ ਭਾਗ ਲਿਆ।

# ਸ਼ਮਸ਼ਾਬਾਦ ਵਿਖੇ ਗੁੱਜਰ ਭਾਈਚਾਰਾ 'ਆਪ' 'ਚ ਸ਼ਾਮਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਹਲਕਾ ਨਕੋਦਰ ਦੇ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਲੋਕਾਂ ਤੱਕ ਪਹੁੰਚ ਨੂੰ ਲੈ ਕੇ, ਪਿੰਡਾਂ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਲੈ ਕੇ, ਲੋਕਾਂ ਦੇ ਨਿੱਜੀ ਕੰਮ ਕਰਵਾਉਣ ਦੀ ਰਫ਼ਤਾਰ ਨੂੰ ਦੇਖਦਿਆ ਲਗਾਤਾਰ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਦਾ ਹਿੱਸਾ ਬਣਿਆ ਜਾ ਰਿਹਾ ਹੈ ਇਹ ਵਿਚਾਰ ਪਿੰਡ ਸ਼ਮਸ਼ਾਬਾਦ ਵਿਖੇ ਗੁੱਜਰ ਭਾਈਚਾਰੇ ਨਾਲ ਸੰਬੰਧਤ ਲੋਕਾਂ ਨੂੰ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਸ਼ਾਮਲ ਕਰਨ ਸਮੇਂ ਪ੍ਰਗਟ ਕੀਤੇ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਕਾਫਲਾ ਵੱਧ ਰਿਹਾ ਜਿਸ ਨੂੰ ਦੇਖ ਵਿਰੋਧੀਆਂ ਦੇ ਹੋਸ਼ ਉੱਡੇ ਪਏ ਹਨ।ਪਿੰਡ ਸ਼ਮਸ਼ਾਬਾਦ ਵਿੱਚ ਸ਼ੇਰ ਅਲੀ, ਗਾਮਾ, ਲਿਆਕਤ ਅਲੀ, ਸ਼ੋਕਤ ਅਲੀ, ਮੁਰਾਦ ਅਲੀ, ਸਾਈ ਮਹੁੰਮਦ, ਨੂਰਦੀਨ, ਬਰਕਤ ਅਲੀ, ਸੇਫ ਅਲੀ, ਜਾਕੂਪ ਮਹੁੰਮਦ, ਮੁਬਾਰਕ ਅਲੀ, ਸ਼ਾਮਦੀਨ, ਕਾਸ਼ਮਦੀਨ, ਰੇਮਤ ਅਲੀ, ਬਾਬੂਦੀਨ, ਹਸਨਦੀਨ, ਬਰਕਤ ਅਲੀ, ਜਾਕਰ ਹੁਸੇਨ, ਅਲੀ ਮਹੁੰਮਦ, ਜਾਨੋ, ਸ਼ੇਤੀ, ਨਾਸ਼ੋ, ਜੁਲਫਾ, ਪਿਆਰੋ, ਮਨਰੋਫਾ, ਸ਼ੋਮਾ ਨੂੰ ਪਾਰਟੀ ਵਿੱਚ ਸ਼ਾਮਲ ਕਰਨ ਸਮੇਂ ਬੀਬੀ ਮਾਨ ਨੇ ਜੋਰਦਾਰ ਸਵਾਗਤ ਕਰਦਿਆ ਜੀ ਆਇਆ ਨੂੰ ਆਖਿਆ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦਿੱਤੇ ਜਾਣ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਚੇਅਰਮੈਨ ਲਖਬੀਰ ਸਿੰਘ, ਚੇਅਰਮੈਨ ਰਾਜੂ ਉਪਲ, ਮੋਹਨ ਲਾਲ ਸਰਪੰਚ ਹਰਦੋ ਸ਼ੇਖਾਂ, ਗੁਰਮੇਲ ਰਾਮ ਸਰਪੰਚ ਪੰਡੋਰੀ, ਜਸਬੀਰ ਸਿੰਘ ਪ੍ਰਧਾਨ ਕਿਸਾਨ ਵਿੰਗ, ਗੁਰਦੇਵ ਸਿੰਘ ਮੀਰਪੁਰੀਆ, ਗੁਰਜੀਤ ਸਿੰਘ, ਸੋਨੂ, ਬਲਜੀਤ ਸਿੰਘ, ਗੁਰਨੇਕ ਸਿੰਘ, ਰਾਮ ਸਿੰਘ ਪੰਡੋਰੀ,ਹਰੀ ਸਿੰਘ, ਅਵਤਾਰ ਸਿੰਘ ਤਾਰੀ, ਨਛੱਤਰ ਸਿੰਘ ਨਿੱਕਾ ਆਦਿ ਹਾਜ਼ਰ ਸਨ।



# ਐੱਮ ਬੀ ਏ ਦੇ ਨਵੇਂ ਬੈਚ ਦਾ ਸ਼ੁੱਭ ਆਰੰਭ

**ਮਾਹਿਲਪੁਰ (ਸ.ਫਰੀ)**- ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਕੈਂਪਸ ਵਿੱਚ ਏਆਈਸੀਟੀਈ ਅਧੀਨ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਵਲੋਂ ਮਿਲੀ ਮਾਨਤਾ ਅਧੀਨ ਆਰੰਭ ਹੋਏ ਸੰਤ ਬਾਬਾ ਹਰੀ ਸਿੰਘ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਤਕਨਾਲੋਜੀ ਵਿੱਚ ਐੱਮ ਬੀ ਏ ਕਲਾਸ ਦੇ ਪਹਿਲੇ ਬੈਚ ਦੇ ਵਿਦਿਆਰਥੀਆਂ ਲਈ ਸਵਾਗਤੀ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਅਰਜੁਨ ਐਵਾਰਡੀ ਐਥਲੀਟ ਮਾਧੁਰੀ ਅਮਨਦੀਪ ਸਿੰਘ, ਯੂਨੀਅਨ ਬੈਂਕ ਆਫ ਇੰਡੀਆ ਦੇ ਬ੍ਰਾਂਚ ਮੈਨੇਜਰ ਅਲੋਕ ਸਿੰਘ ਅਤੇ ਖ਼ਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਇੰਸਟੀਚਿਊਟ ਦੇ ਪ੍ਰਿੰਸੀਪਲ ਡਾ. ਬਿਮਲਾ ਜਸਵਾਲ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਐੱਮ ਬੀ ਏ ਦੇ ਵਿਦਿਆਰਥੀਆਂ ਨੂੰ ਇਸ ਸੰਸਥਾ ਦੀ ਚੋਣ ਕਰਨ 'ਤੇ ਮੁਬਾਰਕਬਾਦ ਦਿੱਤੀ। ਮੁੱਖ ਮਹਿਮਾਨ ਅਰਜੁਨ ਐਵਾਰਡੀ ਮਾਧੁਰੀ ਅਮਨਦੀਪ ਸਿੰਘ ਨੇ ਕਿਹਾ ਕਿ ਇਸ ਇੰਸਟੀਚਿਊਟ ਦੇ ਆਰੰਭ ਹੋਣ ਨਾਲ ਇਲਾਕੇ ਦੇ ਵਿਦਿਆਰਥੀਆਂ ਨੂੰ ਮੈਨੇਜਮੈਂਟ ਅਤੇ ਤਕਨਾਲੋਜੀ ਨਾਲ ਜੁੜੇ ਨਵੇਂ ਕੋਰਸਾਂ ਵਿੱਚ ਦਾਖ਼ਲ ਹੋਣ ਦਾ ਮੌਕਾ ਮਿਲੇਗਾ ਜਿਸ ਨਾਲ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਨਵੇਂ ਰੁਜ਼ਗਾਰਾਂ ਨਾਲ ਜੁੜਨਗੇ। ਇਸ ਮੌਕੇ ਕੌਂਸਲ ਦੇ ਅਹੁਦੇਦਾਰ ਗੁਰਦਿਆਲ ਸਿੰਘ ਕਹਾਰਪੁਰ, ਪ੍ਰੋ ਕੁਲਜੀਤ ਕੌਰ, ਪ੍ਰੋ ਰਾਜ ਕੁਮਾਰ ਸਮੇਤ ਸੰਸਥਾ ਦੇ ਵਿਦਿਆਰਥੀ ਹਾਜ਼ਰ ਸਨ।



# ਭਾਜਪਾ ਦਲਿਤ ਵਿਰੋਧੀ ਪਾਰਟੀ : ਅੰਮ੍ਰਿਤਪਾਲ ਭੌਂਸਲੇ

**ਫਿਲੌਰ (ਨਿਰਮਲ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਦੇ ਐਸ ਆਈ ਆਰ ਦੇ ਕੋਆਰਡੀਨੇਟਰ ਅਤੇ ਸਕੱਤਰ ਐਸ ਸੀ ਡਿਪਾਰਟਮੈਂਟ ਅੰਮ੍ਰਿਤਪਾਲ ਭੌਂਸਲੇ ਨੇ ਇਕ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ



ਕਿ ਹਲਦਵਾਨੀ ਵਿੱਚ ਕਾਂਗਰਸ ਦੇ ਕੌਮੀ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਜਿਸ ਮੰਚ ਤੋਂ ਜਨਤਾ ਨੂੰ ਸੰਬੋਧਨ ਕੀਤਾ, ਉਸੇ ਮੰਚ ਦਾ ਭਾਜਪਾ ਨਾਲ ਜੁੜੇ ਲੋਕਾਂ ਵੱਲੋਂ 'ਸ਼ੁੱਧੀਕਰਨ' ਕੀਤਾ ਜਾਣਾ ਬੇਹੱਦ ਨਿੰਦਣਯੋਗ ਹੈ ਅਤੇ ਭਾਜਪਾ ਦੀ ਜਾਤੀਵਾਦੀ ਮਾਨਸਿਕਤਾ ਦਾ ਸ਼ਰਮਨਾਕ ਪ੍ਰਦਰਸ਼ਨ ਹੈ।ਉਨ੍ਹਾਂ ਕਿਹਾ ਕਿ ਭਾਜਪਾ ਦਲਿਤ ਵਿਰੋਧੀ ਪਾਰਟੀ ਹੈ ਅਤੇ ਮੱਲਿਕਾਰਜੁਨ ਖਰੜੇ ਸਮਾਜ ਦੇ ਸਤਿਕਾਰਯੋਗ ਆਗੂ ਹਨ ਉਨ੍ਹਾਂ ਪ੍ਰਤੀ ਅਜਿਹਾ ਕਰਨਾ ਅਤਿ ਨਿੰਦਣਯੋਗ ਹੈ।ਸ੍ਰੀ ਭੌਂਸਲੇ ਨੇ ਕਿਹਾ ਕਿ ਭਾਜਪਾ ਦੇ ਲੋਕ ਦੇਸ਼ ਨੂੰ ਵੰਡਣ ਅਤੇ ਜਾਤੀਆਂ ਵਿਚਕਾਰ ਦੁਸ਼ਮਣੀ ਪੈਦਾ ਕਰਨ ਦਾ ਕੰਮ ਕਰ ਰਹੇ ਹਨ। ਸ੍ਰੀ ਭੌਂਸਲੇ ਨੇ ਕਿਹਾ ਕਿ ਭਾਜਪਾ ਨੂੰ ਜਵਾਬ ਦੇਣਾ ਹੋਵੇਗਾ ਕਿ ਕੀ ਇੱਕ ਲੋਕਤੰਤਰਿਕ ਦੇਸ਼ ਵਿੱਚ ਕਿਸੇ ਰਾਸ਼ਟਰੀ ਪਾਰਟੀ ਦੇ ਪ੍ਰਧਾਨ ਦੇ ਮੰਚ ਨੂੰ ਉਨ੍ਹਾਂ ਦੀ ਸਮਾਜਿਕ ਪਛਾਣ ਦੇ ਕਾਰਨ 'ਸ਼ੁੱਧ' ਕਰਨ ਵਾਲੀ ਮਾਨਸਿਕਤਾ ਨੂੰ ਸਵੀਕਾਰ ਕੀਤਾ ਜਾ ਸਕਦਾ ਹੈ? ਸ੍ਰੀ ਭੌਂਸਲੇ ਨੇ ਅੱਗੇ ਕਿਹਾ ਕਿ ਸੰਵਿਧਾਨ ਨੇ ਛੂਆਛੂਤ ਨੂੰ ਖਤਮ ਕੀਤਾ ਹੈ, ਪਰ ਭਾਜਪਾ ਦੀ ਰਾਜਨੀਤੀ ਅੱਜ ਵੀ ਸਮਾਜ ਨੂੰ ਉਸੇ ਸੰਕੁਚਿਤ ਅਤੇ ਜਾਤੀਵਾਦੀ ਸੋਚ ਵੱਲ ਧੱਕਣ ਦੀ ਕੋਸ਼ਿਸ਼ ਕਰ ਰਹੀ ਹੈ। ਦੇਸ਼ ਇਸ ਮਾਨਸਿਕਤਾ ਨੂੰ ਕਦੇ ਸਵੀਕਾਰ ਨਹੀਂ ਕਰੇਗਾ।

# ਮੁਫਤ ਚੈੱਕਅੱਪ ਕੈਂਪ ਲਗਾਇਆ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬਘਾਣਾ ਵਿਖੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 45 ਸਾਲ ਤੋਂ ਉਪਰ ਮਰੀਜ਼ਾਂ ਲਈ ਮਫ਼ਤ ਚੈੱਕਅੱਪ ਕੈਂਪ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਦੀ ਅਗਵਾਈ ਹੇਠ ਲਗਾਇਆ ਗਿਆ।ਇਸ ਮੌਕੇ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 45 ਸਾਲ ਤੋਂ ਉਪਰ ਵਿਅਕਤੀਆਂ ਨੂੰ ਨੇੜੇ ਚੈੱਕਅੱਪ ਕਰਕੇ ਮੁਫ਼ਤ ਐਨਕਾਂ ਦਿੱਤੀਆਂ ਗਈਆਂ।ਜਿਸ ਵਿੱਚ ਗ਼ਰੀਬ ਅਤੇ ਲੋੜਵੰਦ ਮਰੀਜ਼ਾਂ ਨੂੰ ਇਸ ਸਕੀਮ ਮੁਫਤ ਲਾਭ ਦਿੱਤਾ ਗਿਆ। ਇਸ ਮੌਕੇ ਡਾਕਟਰ ਰਣਜੀਤ ਸਿੰਘ ਅੱਖਾਂ ਦੇ ਮਾਹਿਰ ਡਾਕਟਰ ਨੇ ਲੋੜਵੰਦ ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਐਨਕਾਂ ਦਿੱਤੀਆਂ ਗਈਆਂ। ਇਸ ਮੌਕੇ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਗੁਰਮਨਜੀਤ ਸਿੰਘ ਪੰਚ, ਰਾਮ ਲੁਭਾਇਆ ਪੰਚ, ਨਿਸ਼ਾ ਸਹੋਤਾ ਪੰਚ, ਜਸਵਿੰਦਰ ਕੌਰ ਪੰਚ, ਸੁਰਜੀਤ ਕੌਰ ਪੰਚ, ਡਾਕਟਰ ਰਣਜੀਤ ਸਿੰਘ ਅਜਨੋਹਾ, ਡਾਕਟਰ ਸਤਨਾਮ ਸਿੰਘ ਅਧਖਾਲਮਿਕ ਅਫਸਰ, ਡਾਕਟਰ ਪਕਲ ਮਹਾਜਨ, ਹਰਵਿੰਦਰ ਸਿੰਘ, ਨਛੱਤਰ ਕੌਰ ਆਂਗਣਵਾੜੀ ਵਰਕਰ, ਮੋਨੂੰ ਜੀਤ,ਅਮਰੀਕ ਸਿੰਘ ਚੋਕੀਦਾਰ, ਨਿਰਮਲ ਕੌਰ, ਦਲਜੀਤ ਕੌਰ, ਅਰੂੜ ਸਿੰਘ, ਮਦਨ ਲਾਲ, ਗੁਰਮੀਤ ਸਿੰਘ ਜੋਗਿੰਦਰ ਸਿੰਘ, ਕਮਲਦੇਵ ਜੀੜ, ਸਰਵਨ ਰਾਮ, ਰਾਜ ਕੁਮਾਰ, ਰਾਮ ਲੁਭਾਇਆ, ਸੰਸਾਰ ਚੰਦ, ਜੋਗਿੰਦਰ ਸਿੰਘ ਗਿੱਲ, ਮਲਕੀਅਤ ਸਿੰਘ ਚੀਮਾ, ਸੁਖਵਿੰਦਰ ਕੁਮਾਰ, ਜੋਗਿੰਦਰ ਪਾਲ, ਹਰਮੇਸ਼ ਲਾਲ, ਮਹਿੰਦਰ ਪਾਲ ਗਿੱਲ, ਗੁਰਚਰਨ ਸਿੰਘ, ਚਰਨਜੀਤ ਕੌਰ, ਪਾਲ ਚੰਦ ਗਿੱਲ, ਮਹਿੰਦਰ ਕੌਰ ਸਾਬਕਾ ਪੰਚ, ਕੁਲਵਿੰਦਰ ਕੌਰ, ਸੁਮਿੱਤਰਾ ਦੇਵੀ,ਸੋਮ ਨਾਥ, ਬਲਵੀਰ ਚੰਦ, ਸੇਵ ਰਵੀ, ਸਰਬਜੀਤ ਕੌਰ, ਬਲਵਿੰਦਰ ਪਾਲ ਬਿੰਦੂ, ਸੁਰਿੰਦਰ ਪਾਲ ਮਹਿਤਾ, ਪ੍ਰਵੀਨ ਕੁਮਾਰ ਆਦਿ ਹਾਜ਼ਰ ਸਨ।

# 'ਦ ਨੋਬੇਲ ਸਕੂਲ' ਦੇ ਵਿਦਿਆਰਥੀਆਂ ਦਾ ਆਲ ਇੰਡੀਆ ਕਰਾਟੇ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ

**ਕਰਤਾਰਪੁਰ (ਹਰਮੇਸ਼ ਦੱਤ)** ਦ ਨੋਬੇਲ ਸਕੂਲ ਕਰਤਾਰਪੁਰ ਦੇ ਵਿਦਿਆਰਥੀਆਂ ਨੇ ਸੀਕੇਸੀ ਆਲ ਇੰਡੀਆ ਕਰਾਟੇ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂ ਰੋਸ਼ਨ ਕੀਤਾ।ਇਹ ਮੁਕਾਬਲਾ 2 ਅਗਸਤ 2026 ਨੂੰ ਐਚ ਐਮ ਵੀ ਕਾਲਜ, ਜਲੰਧਰ ਵਿਖੇ ਕਰਵਾਇਆ ਗਿਆ। ਮੁਕਾਬਲੇ ਦਾ ਆਯੋਜਨ ਕੋਬਰਾ ਕਰਾਟੇ ਸੈਂਟਰ ਇੰਡੀਆ ਵੱਲੋਂ ਰਾਜੀਵ ਕੁਮਾਰ ਨਾਗਪਾਲ ਦੀ ਅਗਵਾਈ ਹੇਠ ਕੀਤਾ ਗਿਆ।ਇਸ ਮੁਕਾਬਲੇ ਵਿੱਚ ਦੇਸ਼ ਭਰ ਦੇ 30 ਤੋਂ ਵੱਧ ਸਕੂਲਾਂ, ਅਕਾਦਮੀਆਂ ਅਤੇ ਕਰਾਟੇ ਕਲੱਬਾਂ ਦੇ ਲਗਭਗ 530 ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਨਾਲ ਇਹ ਮੁਕਾਬਲਾ ਨੌਜਵਾਨ ਕਰਾਟੇ ਖਿਡਾਰੀਆਂ ਲਈ ਇੱਕ ਬਹੁਤ ਹੀ ਚੁਣੌਤੀਪੂਰਨ ਮੰਚ ਬਣ ਗਿਆ।ਦ ਨੋਬੇਲ ਸਕੂਲ ਦੇ 4 ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕੁੱਲ 4 ਤਗਮੇ ਆਪਣੇ ਨਾਂ ਕੀਤੇ। ਇਨ੍ਹਾਂ ਵਿੱਚ 1 ਚਾਂਦੀ (ਸਿਲਵਰ) ਤਗਮੇ ਅਤੇ 3 ਕਾਂਸੀ (ਬਰੌਂਜ਼) ਤਗਮੇ ਸ਼ਾਮਲ ਹਨ। ਚਾਂਦੀ ਦਾ ਤਗਮਾ ਜਿੱਤਣ ਵਾਲੀ ਵਿਦਿਆਰਥਣ ਸਹਿਜਪ੍ਰੀਤ ਕੌਰ ਹੋਠੀ ਰਹੀ। ਉੱਥੇ ਹੀ ਕਾਂਸੀ ਦੇ ਤਗਮੇ ਸੁਖਸਾਹਿਬ ਸਿੰਘ , ਤਨਵੀਤ ਕੌਰ, ਸਰਗੁਣ ਕੌਰ ਨੇ ਪ੍ਰਾਪਤ ਕੀਤੇ।ਇਨ੍ਹਾਂ ਵਿਦਿਆਰਥੀਆਂ ਨੇ ਜਤਿੰਦਰ ਕੁਮਾਰ ਅਤੇ ਗੁਰਬਿੰਦਰ ਸਿੰਘ, ਤਕਨੀਕੀ ਡਾਇਰੈਕਟਰ ਅਤੇ ਕਰਾਟੇ ਕੋਚ ਦੀ ਨਿਗਰਾਨੀ ਹੇਠ ਸਿਖਲਾਈ ਪ੍ਰਾਪਤ ਕੀਤੀ।ਸਕੂਲ ਦੇ ਚੇਅਰਮੈਨ ਪ੍ਰੋ. ਸੀ.ਐਲ. ਕੋਛੜ ਜੀ, ਮੈਨੇਜਿੰਗ ਡਾਇਰੈਕਟਰ ਕੁਮਾਰ ਸਿਵ ਕੋਛੜ ਜੀ ਨੇ ਸਾਰੇ ਤਗਮਾ ਜੇਤੂਆਂ ਨੂੰ ਹਾਰਦਿਕ ਵਧਾਈ ਦਿੱਤੀ। ਸਕੂਲ ਦੇ ਡਾਇਰੈਕਟਰ ਮੈਡਮ ਸਰੋਜ ਸ਼ਰਮਾ ਅਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਰਵਿੰਦਰ ਕੌਰ ਨੇ ਵਿਦਿਆਰਥੀਆਂ, ਕੋਚ, ਮਾਪਿਆਂ ਅਤੇ ਸਕੂਲ ਦੇ ਸਮੁੱਚੇ ਸਟਾਫ਼ ਨੂੰ ਹਾਰਦਿਕ ਵਧਾਈ ਦਿੱਤੀ।



# ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਯੁਵਾ ਦਿਵਸ ਸੈਮੀਨਾਰ 'ਚ ਲਿਆ ਹਿੱਸਾ



**ਫਗਵਾੜਾ (ਡਾ. ਰਮਨ)**- ਕਮਲਾ ਨਹਿਰੂ ਕਾਲਜ ਫਾਰ ਵੂਮੈਨ ਫਗਵਾੜਾ ਦੀਆਂ 58 ਬੀ ਕਾਮ ਅਤੇ ਬੀ ਬੀ ਏ ਦੀਆਂ ਵਿਦਿਆਰਥਣਾਂ ਨੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ, ਕਪੂਰਥਲਾ ਵਿਖੇ ਅੰਤਰਰਾਸ਼ਟਰੀ ਯੁਵਾ ਦਿਵਸ ਦੇ ਮੌਕੇ 'ਤੇ ਆਯੋਜਿਤ ਇੱਕ ਸੈਮੀਨਾਰ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਵਿਦਿਆਰਥੀਆਂ ਨੇ ਡਾਇਰੈਕਟਰ ਡਾ. ਸਵਿੰਦਰ ਪਾਲ ਅਤੇ ਪ੍ਰਿੰਸੀਪਲ ਡਾ. ਕਾਮਿਨੀ ਸਹਿਗਲ ਦੀ ਯੋਗ ਅਗਵਾਈ ਹੇਠ ਹਿੱਸਾ ਲਿਆ। ਉਨ੍ਹਾਂ ਦੀ ਅਧਿਆਪਕਾ ਪੂਨਮ ਵੀ ਮੌਜੂਦ ਸਨ। ਸੈਮੀਨਾਰ ਦਾ ਮੁੱਖ ਵਿਸ਼ਾ ਇੱਕ ਪ੍ਰਗਤੀਸ਼ੀਲ ਅਤੇ ਟਿਕਾਊ ਸਮਾਜ ਦੇ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ ਅਤੇ ਮਹੱਤਵ ਸੀ। ਇਸ ਨੇ ਵਿਦਿਆਰਥੀਆਂ ਨੂੰ ਆਪਣੀ ਜਾਗਰੂਕਤਾ ਵਧਾਉਣ, ਕੀਮਤੀ ਜਾਣਕਾਰੀ ਪ੍ਰਾਪਤ ਕਰਨ ਅਤੇ ਯੁਵਾ ਸਸ਼ਕਤੀਕਰਨ ਨਾਲ ਜੁੜੀਆਂ ਜ਼ਿੰਮੇਵਾਰੀਆਂ ਅਤੇ ਮੌਕਿਆਂ ਨੂੰ ਸਮਝਣ ਲਈ ਇੱਕ ਸ਼ਾਨਦਾਰ ਪਲੇਟਫਾਰਮ ਪ੍ਰਦਾਨ ਕੀਤਾ ਵਿਦਿਆਰਥਣਾਂ ਦੀ ਭਾਗੀਦਾਰੀ ਕਲਾਸਰੂਮ ਤੋਂ ਪਰੇ ਅਰਥਪੂਰਨ ਸਿੱਖਣ ਦੇ ਅਨੁਭਵ ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਨੂੰ ਮੌਜੂਦਾ ਸਮਾਜਿਕ ਅਤੇ ਵਿਕਾਸ ਸੰਬੰਧੀ ਮੁੱਦਿਆਂ ਨਾਲ ਜੁੜਨ ਲਈ ਉਤਸ਼ਾਹਿਤ ਕਰਨ ਲਈ ਕਾਲਜ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਕਾਲਜ ਪ੍ਰਬੰਧਨ ਨੇ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਦੀ ਸ਼ਲਾਘਾ ਕੀਤੀ।

# ਮਾਪਿਆਂ ਤੇ ਅਧਿਆਪਕਾਂ ਦਾ ਸਤਿਕਾਰ ਸਫਲਤਾ ਦੀ ਪੌੜੀ ਦਾ ਪਹਿਲਾ ਕਦਮ : ਕੇ ਪੀ ਸ਼ਰਮਾ

**ਡੇਰਾਬੱਸੀ, (ਵਿਨੈ ਕੁਮਾਰ ਜੈਨ)** ਲਾਇਨਜ ਕਲੱਬ ਡੇਰਾ ਬੱਸੀ ਵੱਲੋਂ ਸਥਾਨਕ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਮੌਰਲ ਵੈਲਯੂਜ਼ ਵਿਸ਼ੇ ਤੇ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕਲੱਬ ਦੇ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਕੇ.ਪੀ.ਸ਼ਰਮਾ ਨੇ ਕਿਹਾ ਕਿ ਵਿਦਿਆਰਥੀ ਵਰਗ ਨੂੰ ਵਿੱਤ ਜਾਂ ਕਿਸੇ ਵੀ ਹੋਰ ਕਿਸਮ ਦੀ ਮਦਦ ਨਾਲੋਂ ਉਨ੍ਹਾਂ ਵਿੱਚ ਚੰਗੇ ਸੰਸਕਾਰ ਪੈਦਾ ਕਰਨ ਲਈ ਯਤਨ ਵੱਧ ਮਹੱਤਵਪੂਰਨ ਹੈ।ਉਨ੍ਹਾਂ ਨੂੰ ਭਵਿੱਖ ਵਿੱਚ ਦਰਪੇਸ਼ ਚੁਣੌਤੀਆਂ ਲਈ ਤਿਆਰ ਕਰਨਾ ਸਮਾਜ ਦੀ ਸਭ ਤੋਂ ਵੱਡੀ ਸੇਵਾ ਹੈ।ਉਨ੍ਹਾਂ ਕਿਹਾ ਕਿ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਸਫਲਤਾ ਦੀ ਪੌੜੀ ਦਾ ਪਹਿਲਾ ਕਦਮ ਹੈ । ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸਥਾਨਕ ਡੀ.ਏ.ਵੀ.ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਪ੍ਰੀਤਮ ਦਾਸ ਸ਼ਰਮਾ ਨੇ ਵਿਦਿਆਰਥੀਆਂ ਨੂੰ ਸਮੇਂ ਦੀ ਮਹੱਤਤਾ ਅਤੇ ਆਪਣੇ ਮਿੱਥੇ ਟੀਚਿਆਂ ਨੂੰ ਹਾਸਲ ਕਰਨ ਲਈ ਉਤਸ਼ਾਹਿਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਲਗਨ ਅਤੇ ਇਮਾਨਦਾਰੀ ਨਾਲ ਕੀਤੀ ਗਈ ਮਿਹਨਤ ਜਿਥੇ ਉਨ੍ਹਾਂ ਦੀ ਜ਼ਿੰਦਗੀ ਸੰਵਾਰੇਗੀ ਉੱਥੇ ਹੀ ਉਨ੍ਹਾਂ ਦੇ ਪਰਵਾਰਾਂ ਵਿੱਚ ਖੁਸ਼ੀਆਂ ਦਾ ਸਬੱਬ ਬਣੇਗੀ।ਸੈਮੀਨਾਰ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਪਵਨ ਕੁਮਾਰ ਰਾਣਾ ਨੇ ਲਾਇਨਜ ਕਲੱਬ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸੈਮੀਨਾਰ ਵਿਦਿਆਰਥੀਆਂ ਲਈ ਰਾਹ ਦਸੇਰਾ ਸਾਬਤ ਹੋ ਸਕਦੇ ਹਨ। ਇਸ ਮੌਕੇ ਕਲੱਬ ਦੇ ਜਨਰਲ ਸਕੱਤਰ ਉਪੇਸ਼ ਬੰਸਲ ,ਡਾਕਟਰ ਬਰਖਾ ਰਾਮ ਅਤੇ ਸੁਸ਼ੀਲ ਧਿਮਾਨ ਸਮੇਤ ਹੋਰ ਅਹੁਦੇਦਾਰਾ ਨੇ ਆਪਣੀ ਹਾਜ਼ਰੀ ਦਰਜ ਕਰਵਾਈ।



# ਐੱਨ ਆਰ ਆਈ ਹੇਅਰ ਭਰਾਵਾਂ ਵੱਲੋਂ ਨੰਬਰਦਾਰ ਯੂਨੀਅਨ ਨੂੰ 11 ਹਜ਼ਾਰ ਸਹਾਇਤਾ

**ਨਕੋਦਰ (ਮਨਜੀਤ ਮਾਨ)**- ਨੰਬਰਦਾਰ ਯੂਨੀਅਨ ਦੀ ਇੱਕ ਵਿਸ਼ੇਸ਼ ਮੀਟਿੰਗ ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਦੀ ਪ੍ਰਧਾਨਗੀ ਹੇਠ ਤਹਿਸੀਲ ਦਫਤਰ ਵਿਖੇ ਹੋਈ।ਜਿਸ ਵਿੱਚ ਉਚੇਚੇ ਤੌਰ 'ਤੇ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੰਧ ਪਹੁੰਚੇ।ਇਸ ਮੌਕੇ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਉਹਨਾਂ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਨੰਬਰਦਾਰ ਨਾਲ 2022 ਦੀਆਂ ਵੋਟਾਂ ਮੌਕੇ ਸਰਕਾਰ ਵੱਲੋਂ ਕੀਤੇ ਵਾਅਦੇ ਪੂਰੇ ਕੀਤੇ ਜਾਣ।ਮੀਟਿੰਗ 'ਚ ਜਸਵਿੰਦਰ ਸਿੰਘ ਹੇਅਰ ਦੇ ਸਪੁੱਤਰ ਐਨ ਆਰ ਆਈ ਜਸਦੀਪ ਸਿੰਘ ਹੇਅਰ ਅਤੇ ਲਖਵੀਰ ਸਿੰਘ ਹੇਅਰ ਤਹਿਸੀਲ ਦਫਤਰ ਨਕੋਦਰ ਵਿਖੇ ਪਹੁੰਚੇ ਇਸ ਮੌਕੇ ਉਹਨਾਂ ਨੰਬਰਦਾਰਾਂ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਨੰਬਰਦਾਰ ਯੂਨੀਅਨ ਨੂੰ 11 ਹਜ਼ਾਰ ਰੁਪਏ ਸਹਾਇਤਾ ਵਜੋਂ ਦਿੱਤੇ ਅਤੇ ਅੱਗੇ ਤੋਂ ਵੀ ਹੋਰ ਸਹਾਇਤਾ ਕਰਨ ਦਾ ਵਾਅਦਾ ਕੀਤਾ।ਇਸ ਮੌਕੇ ਯੂਨੀਅਨ ਦੇ ਆਗੂਆਂ ਵੱਲੋਂ ਐਨ.ਆਰ.ਆਈ ਭਰਾਵਾਂ ਦਾ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਾਜ ਕੁਮਾਰ ਮਹਿਮੀ ਜਨਰਲ ਸਕੱਤਰ ਜ਼ਿਲ੍ਹਾ ਜਲੰਧਰ ਦਿਹਾਤੀ, ਗੁਰਦੇਵ ਸਿੰਘ ਮਾਲੜੀ , ਗੁਰਮਿੰਦਰ ਸਿੰਘ ਕੈਥ, ਰਾਜ ਬਹਾਦਰ ਸਿੰਘ ਤੂਰ, ਰਤਨ ਰਾਏ ਨਕੋਦਰ ,ਬਨਾਰਸੀ ਦਾਸ, ਜੁਗਰਾਜ ਸਿੰਘ, ਵਿਨੇ ਕੁਮਾਰ, ਬਲਜੀਤ ਸਿੰਘ ਲਿੱਤਰਾ, ਕੁਲਰਾਜ ਸਿੰਘ, ਮਲਕੀਤ ਸਿੰਘ ਆਲੇਵਾਲੀ ਆਦਿ ਹਾਜ਼ਰ ਸਨ।



# 'ਹਰ ਘਰ ਤਿਰੰਗਾ' ਮੁਹਿੰਮ ਤਹਿਤ ਵਿਜੇ ਸਾਂਪਲਾ ਦੀ ਅਗਵਾਈ 'ਚ ਵੰਡੇ ਕੌਮੀ ਝੰਡੇ



**ਫਗਵਾੜਾ (ਡਾ. ਰਮਨ)**- ਭਾਰਤੀ ਜਨਤਾ ਪਾਰਟੀ ਵੱਲੋਂ ਕੇਂਦਰ ਸਰਕਾਰ ਦੀ 'ਹਰ ਘਰ ਤਿਰੰਗਾ' ਮੁਹਿੰਮ ਤਹਿਤ ਫਗਵਾੜਾ ਵਿੱਚ ਇੱਕ ਵਿਸ਼ੇਸ਼ ਸਮਾਗਮ ਫਗਵਾੜਾ ਵਿਧਾਨ ਸਭਾ ਹਲਕੇ ਦੇ ਇੰਚਾਰਜ ਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਦੀ ਅਗਵਾਈ ਹੇਠ ਕਰਵਾਇਆ ਗਿਆ।

ਇਸ ਦੌਰਾਨ ਭਾਜਪਾ ਦੇ ਸੀਨੀਅਰ ਅਹੁਦੇਦਾਰਾਂ, ਵਰਕਰਾਂ ਅਤੇ ਸਥਾਨਕ ਨਾਗਰਿਕਾਂ ਨੂੰ ਰਾਸ਼ਟਰੀ ਝੰਡੇ ਵੰਡੇ ਗਏ। ਹਾਜ਼ਰ ਵਰਕਰਾਂ ਅਤੇ ਹਲਕੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ-ਆਪਣੇ ਘਰਾਂ, ਅਦਾਰਿਆਂ ਅਤੇ ਦਫ਼ਤਰਾਂ 'ਤੇ ਸਨਮਾਨ ਨਾਲ ਤਿਰੰਗਾ ਲਹਿਰਾਉਣ ਅਤੇ ਹੋਰਨਾਂ ਲੋਕਾਂ ਨੂੰ ਵੀ ਇਸ ਰਾਸ਼ਟਰੀ ਮੁਹਿੰਮ ਨਾਲ ਜੁੜਨ ਲਈ ਪ੍ਰੇਰਿਤ ਕਰਨ। ਸਮਾਗਮ ਨੂੰ ਸੰਬੋਧਨ ਕਰਦਿਆਂ ਵਿਜੇ ਸਾਂਪਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ 'ਹਰ ਘਰ ਤਿਰੰਗਾ' ਮੁਹਿੰਮ ਦੇਸ਼ ਵਾਸੀਆਂ ਵਿੱਚ ਰਾਸ਼ਟਰ ਭਗਤੀ, ਏਕਤਾ ਅਤੇ ਰਾਸ਼ਟਰੀ ਗੌਰਵ ਦੀ ਭਾਵਨਾ ਨੂੰ ਮਜ਼ਬੂਤ ਕਰਦੀ ਹੈ।

ਸਮਾਗਮ ਵਿੱਚ ਤੇਜਸਵੀ ਭਾਰਦਵਾਜ, ਮੋਹਿੰਦਰ ਪਾਲ ਥਾਪਰ, ਆਸ਼ੂ ਪੁਰੀ, ਆਸ਼ੂ ਸਾਂਪਲਾ, ਬੱਲੂ ਵਾਲੀਆ, ਅਸ਼ੋਕ ਦੁੱਗਲ, ਪ੍ਰਮੋਦ ਮਿਸ਼ਰਾ, ਰਾਜਕੁਮਾਰ ਰਾਣਾ, ਰਮਨ ਨਹਿਰਾ, ਸ਼ਿਵਰੰਜਨ ਦੁੱਗਲ, ਸੰਦੀਪ ਵਰਮਾ, ਦੀਪਕ ਮਲਹੋਤਰਾ, ਸੋਖਾ ਭਗਤਪੁਰਾ, ਰਾਜੂ ਪਰਾਸ਼ਰ, ਵਿਨਾਇਕ ਪਰਾਸ਼ਰ, ਲੋਕੇਸ਼ ਬਾਲੀ, ਸੁਰਿੰਦਰ ਜੌਰਡਨ, ਅਨਿਰੁੱਧ ਕੁਮਰਾ, ਰਾਜਿੰਦਰ ਸੋਂਧੀ, ਭਾਰਤੀ ਸ਼ਰਮਾ, ਰਜਨੀ ਬਾਲਾ, ਚੰਦਾ ਮਿਸ਼ਰਾ, ਅੰਜਲੀ ਪਾਂਡੇ, ਦੀਨਬੰਧੂ ਪਾਂਡੇ, ਜਤਿਨ ਕੁਮਾਰ, ਸਿਧਾਰਥ ਰਾਜ, ਹਰਸ਼ ਭੱਲਾ, ਰਾਜਿੰਦਰ ਵਰਮਾ, ਸਨੀ ਬੇਦੀ, ਗੁਰਦੀਪ, ਸੌਰਭ ਸੋਨੀ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਵਰਕਰ ਮੌਜੂਦ ਸਨ।

# 'ਅਨਹਦ: ਏ ਡਿਵਾਈਨ ਕੁਨੈਕਸ਼ਨ' ਪ੍ਰੋਗਰਾਮ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ, ਲੋਹਾਰਾਂ ਅਤੇ ਕੈਂਟ-ਜੰਡਿਆਲਾ ਰੋਡ ਵਿੱਚ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਵੱਲੋਂ 'ਅਨਹਦ: ਏ ਡਿਵਾਈਨ ਕਨੈਕਸ਼ਨ' ('ਅਨਹਦ: ਇੱਕ ਦਿਵਿਆ ਜੁੜਾਵ) ਨਾਮਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਨੇ ਨੰਨ੍ਹੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਦਿਆਂ ਮੁੱਲਾਂ, ਸਿੱਖਿਆ ਅਤੇ ਘਰ ਤੇ ਸਕੂਲ ਦਰਮਿਆਨ ਦੇ ਮਜ਼ਬੂਤ ਰਿਸ਼ਤੇ ਦਾ ਜਸ਼ਨ ਮਨਾਇਆ। ਪ੍ਰੋਗਰਾਮ ਦੀ ਸ਼ੁਰੂਆਤ ਗਰਮਜੋਸ਼ੀ ਭਰੇ ਸਵਾਗਤੀ ਸੰਬੋਧਨ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਭਾਵਪੂਰਨ ਪੇਸ਼ਕਾਰੀਆਂ ਦਿੱਤੀਆਂ। ਪ੍ਰੋਗਰਾਮ ਵਿੱਚ ਸੰਗੀਤ, ਅਧਿਆਤਮਿਕਤਾ ਅਤੇ ਅਰਥਪੂਰਨ ਸੰਦੇਸ਼ਾਂ ਦਾ ਸੁੰਦਰ ਸੁਮੇਲ ਦੇਖਣ ਨੂੰ ਮਿਲਿਆ।



'ਵਿਨ ਬੋਲਿਆ ਸਭ ਕੁਝ ਜਾਣਦਾ', 'ਮੇਰੇ ਮਨ ਵਿੱਚ ਹੈ ਤੂੰ', 'ਤੁਮਰੀ ਸਰਣ ਤੁਮ੍ਹਾਰੀ ਆਸ' ਅਤੇ 'ਤੇਰੀ ਪਨਾਹ ਵਿੱਚ ਹਮੇ ਰੱਖਣਾ' ਵਰਗੇ ਭਾਵਪੂਰਨ ਭਜਨਾਂ ਅਤੇ ਸ਼ਬਦਾਂ ਨੇ ਮਾਹੌਲ ਨੂੰ ਸ਼ਾਂਤ, ਅਧਿਆਤਮਿਕ ਅਤੇ ਭਗਤੀਮਈ ਬਣਾ ਦਿੱਤਾ। ਸਬੰਧਤ ਸਕੂਲਾਂ ਦੇ ਪ੍ਰਿੰਸੀਪਲ ਰਾਜੀਵ ਪਾਲੀਵਾਲ (ਗ੍ਰੀਨ ਮਾਡਲ ਟਾਊਨ), ਮਿਸ ਸ਼ਾਲੂ ਸਹਿਗਲ (ਲੋਹਾਰਾਂ) ਅਤੇ ਸੋਨਾਲੀ, ਕੈਂਟ (ਜੰਡਿਆਲਾ ਰੋਡ) ਨੇ 'ਹਿਊਮਨ ਇੰਪ੍ਰਿੰਟਿੰਗ' ਵਿਸ਼ੇ 'ਤੇ ਇੱਕ ਪੇਸ਼ਕਾਰੀ ਰਾਹੀਂ ਮਹੱਤਵਪੂਰਨ ਸੰਦੇਸ਼ ਦਿੱਤਾ। ਇਸ ਵਿੱਚ ਇਸ ਗੱਲ 'ਤੇ ਚਾਨਣਾ ਪਾਇਆ ਗਿਆ ਕਿ ਬੱਚੇ ਸਿਰਫ਼ ਅਕਾਦਮਿਕ ਗਿਆਨ ਨਾਲ ਹੀ ਨਹੀਂ, ਸਗੋਂ ਆਪਣੇ ਸ਼ੁਰੂਆਤੀ ਸਾਲਾਂ ਦੌਰਾਨ ਪ੍ਰਾਪਤ ਕੀਤੇ ਮੁੱਲਾਂ, ਭਾਵਨਾਵਾਂ, ਵਿਹਾਰ ਅਤੇ ਤਜਰਬਿਆਂ ਨਾਲ ਵੀ ਆਕਾਰ ਲੈਂਦੇ ਹਨ।

'ਮੀ ਟੂ ਵੀ' ਦੀ ਥੀਮ ਨੇ ਸੇਵਾ-ਭਾਵਨਾ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਇਸ ਨੇ ਬੱਚਿਆਂ ਨੂੰ ਨਿੱਜੀ ਉਪਲਬਧੀਆਂ ਤੋਂ ਅੱਗੇ ਵਧ ਕੇ ਦਇਆ, ਹਮਦਰਦੀ, ਕਰੁਣਾ ਅਤੇ ਸੇਵਾ ਦੀ ਭਾਵਨਾ ਅਪਣਾਉਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦਾ ਸਮਾਪਨ ਦਿਲੋਂ ਧੰਨਵਾਦ ਦੇ ਪ੍ਰਸਤਾਵ ਨਾਲ ਹੋਇਆ।

# ਤਲਵਣ ਤੋਂ ਵਾਇਆ ਨੂਰਮਹਿਲ ਤੇ ਜਲੰਧਰ ਨੂੰ ਜਾਣ ਵਾਲੇ ਸਾਰੇ ਰੂਟ ਚਲਾਏ ਜਾਣ

**ਜਲੰਧਰ ( ਰਾਜੇਸ਼ ਥਾਪਾ)**- ਤਲਵਣ ਤੋਂ ਵਾਇਆ ਨੂਰਮਹਿਲ ਜੰਡਿਆਲਾ, ਜਲੰਧਰ ਨੂੰ ਜਾਣ ਵਾਲੇ ਰੂਟਾਂ ਤੇ ਬੱਸਾਂ ਦਾ ਨਾ ਹੋਣ ਕਰਕੇ ਸਵਾਰੀਆਂ ਖੱਜਲ ਖੁਆਰ ਹੋ ਰਹੀਆਂ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਮਾਜ ਸੇਵਕ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੀਆਂ ਕਹੇ। ਉਨਾਂ ਕਿਹਾ ਕਿ ਤਲਵਣ ਤੋਂ ਅਤੇ ਨੂਰਮਹਿਲ ਅੱਡੇ ਤੇ ਬਹੁਤ ਘੱਟ ਬੱਸਾਂ ਆਉਂਦੀਆਂ ਹਨ। ਬਾਲ ਕ੍ਰਿਸ਼ਨ ਬਾਲੀ ਨੇ ਅੱਗੇ ਕਿਹਾ ਕਿ ਜੇਕਰ ਬੱਸ ਅੱਡੇ ਤੇ ਬੋਰਡ ਮੁਤਾਬਕ ਵੀ ਦੇਖਿਆ ਜਾਵੇ ਤਾਂ ਤਲਵਣ ਨੂਰਮਹਿਲ ਤੋਂ ਵਾਇਆ ਜਲੰਧਰ ਨੂੰ ਜਾਣ ਅਤੇ ਆਉਣ ਵਾਲੇ ਰੂਟ ਲੱਗਭੱਗ 57 ਹਨ।ਪਰ ਇਨ੍ਹਾਂ ਵਿੱਚੋਂ ਅੱਧੇ ਵੀ ਰੂਟ ਨਹੀਂ ਚੱਲਦੇ।ਜਿਸ ਕਰਕੇ ਸ਼ਹਿਰ ਨੂਰਮਹਿਲ ਅਤੇ ਲਾਗਲੇ ਪਿੰਡਾਂ ਦੇ ਲੋਕ,ਇਸੇ ਤਰ੍ਹਾਂ ਤਲਵਣ ਅਤੇ ਇਸ ਦੇ ਲਾਗਲੇ ਪਿੰਡਾਂ ਦੇ ਲੋਕਾਂ ਨੂੰ ਅਤੇ ਸਕੂਲਾਂ, ਕਾਲਜਾਂ ਨੂੰ ਜਾਣ ਵਾਲੇ ਵਿਦਿਆਰਥੀਆਂ ਨੂੰ, ਮੁਲਾਜ਼ਮਾਂ ਨੂੰ ਅਤੇ ਹੋਰ ਕੰਮ ਤੇ ਜਾਣ ਵਾਲੇ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਬਾਲੀ ਨੇ ਅੱਗੇ ਦੱਸਿਆ ਕਿ ਇਸ ਰੂਟ ਤੇ ਬੱਸਾਂ ਦਾ ਘੱਟ ਹੋਣਾ ਕਰਕੇ ਇਸ ਦੀ ਜਾਣਕਾਰੀ ਕੁਝ ਸਮਾਂ ਪਹਿਲਾਂ ਹਲਕਾ ਨਕੋਦਰ ਦੇ ਵਿਧਾਇਕ ਇੰਦਰਜੀਤ ਕੌਰ ਮਾਨ ਨੂੰ ਵੀ ਬੇਨਤੀ ਕੀਤੀ ਗਈ ਸੀ। ਬਾਲ ਕ੍ਰਿਸ਼ਨ ਬਾਲੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੰਗ ਕੀਤੀ ਹੈ ਕਿ ਪੰਜਾਬ ਰੋਡਵੇਜ਼ ਟਰਾਂਸਪੋਰਟ ਵਿੱਚ ਨਵੀਆਂ ਬੱਸਾਂ ਪਾਈਆਂ ਜਾਣ। ਤਲਵਣ ਤੋਂ ਨੂਰਮਹਿਲ ਵਾਇਆ ਜੰਡਿਆਲਾ, ਜਲੰਧਰ ਸਾਰੇ ਬੰਦ ਕੀਤੇ ਰੂਟ ਚਾਲੂ ਕੀਤੇ ਜਾਣ।



# 'ਸੋਹਣਾ ਭਵਨ' ਨੂੰ ਮਿਲ ਰਿਹਾ ਭਰਵਾਂ ਹੁੰਗਾਰਾ

**ਕਪੂਰਥਲਾ (ਮਨਜੀਤ ਮਾਨ)**- ਪ੍ਰਸਿੱਧ ਗਾਇਕ ਜਗਤਾਰ ਤਾਰੀ ਦੀ ਮਾਤਾ ਦੀਆਂ ਭੇਟਾਂ ਸੋਹਣਾ ਅਨੁਰਾਗ ਪ੍ਰੋਡਕਸ਼ਨ ਦੇ ਪ੍ਰੋਡਿਊਸਰ ਪੂਜਾ ਸੱਭਰਵਾਲ ਤੇ ਡਾਇਰੈਕਟਰ ਪ੍ਰਸਿੱਧ ਗਾਇਕ ਅਮਰੀਕ ਮਾਈਕਲ ਦੀ ਨਿਰਦੇਸ਼ਨਾ ਹੇਠ ਬਹੁਤ ਵੱਡੇ ਪੱਧਰ ਤੇ ਰਿਲੀਜ਼ ਕੀਤਾ ਗਿਆ। ਗਾਇਕ ਜਗਤਾਰ ਤਾਰੀ ਤੇ ਕੰਪਨੀ ਦੇ ਪ੍ਰੋਡਿਊਸਰ ਤੇ ਡਾਇਰੈਕਟਰ ਅਮਰੀਕ ਮਾਈਕਲ ਨੇ ਸਾਂਝੇ ਤੌਰ ਤੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੋਹਣਾ ਭਵਨ ਨੂੰ ਪ੍ਰਸਿੱਧ ਗੀਤਕਾਰ ਸੋਮਾ ਕੋਲੋਵਾਲ ਵੱਲੋਂ ਬਾਖੂਬੀ ਲਿਖਿਆ ਗਿਆ ਹੈ ਜਦਕਿ ਮਿਊਜ਼ਿਕ ਹਰੀ, ਅਮਿਤ ਵੱਲੋਂ ਤਿਆਰ ਕੀਤਾ ਗਿਆ ਹੈ। ਇਸ ਭੇਟ ਦੇ ਕੈਮਰਾਮੈਨ ਕੁਲਦੀਪ ਕੌਂਡਲ ਵੱਲੋਂ ਵੱਖ ਵੱਖ ਸੁੰਦਰ ਲੁਕੇਸ਼ਨਾ ਵਿੱਚ ਫਿਲਮਾਂਕਣ ਕੀਤਾ ਗਿਆ ਹੈ। ਐਡੀਟਰ ਮੋਹਿਤ ਤੇ ਪੋਸਟਰ ਕੇ ਐਸ ਆਰਟ ਵੱਲੋਂ ਤਿਆਰ ਕੀਤਾ ਗਿਆ ਹੈ ਗਾਇਕ ਜਗਤਾਰ ਤਾਰੀ ਤੇ ਡਾਇਰੈਕਟਰ ਅਮਰੀਕ ਮਾਈਕਲ ਨੇ ਦੱਸਿਆ ਕਿ ਸੋਹਣਾ ਭਵਨ ਨੂੰ ਸ਼ੋ੍ਤਿਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।



# ਰਿਆਤ ਬਾਹਰਾ ਗਰੁੱਪ ਵੱਲੋਂ 'ਐਲੀਵੇਟ ਅਧਿਆਪਕ ਵਿਕਾਸ ਲੜੀ' ਦੀ ਸ਼ੁਰੂਆਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਗਰੁੱਪ ਵੱਲੋਂ ਅਧਿਆਪਕਾਂ ਦੀਆਂ ਪੇਸ਼ੇਵਰ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਵਿੱਚ ਲਚਕੀਲਾਪਣ, ਮਾਨਸਿਕ ਤੰਦਰੁਸਤੀ ਤੇ ਅਧਿਆਪਨ ਪ੍ਰਤੀ ਨਵੀਂ ਊਰਜਾ ਅਤੇ ਉਦੇਸ਼ ਦੀ ਭਾਵਨਾ ਪੈਦਾ ਕਰਨ ਦੇ ਮੰਤਵ ਨਾਲ 'ਐਲੀਵੇਟ ਅਧਿਆਪਕ ਵਿਕਾਸ ਲੜੀ' ਦੀ ਸ਼ੁਰੂਆਤ ਕੀਤੀ ਗਈ। ਇਸ ਲੜੀ ਦਾ ਪਹਿਲਾ ਸੈਸ਼ਨ ਅਧਿਆਪਕਾਂ ਲਈ ਸਿੱਖਣ, ਵਿਚਾਰ-ਵਟਾਂਦਰੇ ਅਤੇ ਆਤਮ-ਚਿੰਤਨ ਦਾ ਸਾਰਥਕ ਮੰਚ ਸਾਬਤ ਹੋਇਆ। ਦਿ ਰੈਜ਼ਿਲੀਅੰਟ ਐਜੂਕੇਟਰ- ਮਾਸਟਰਿੰਗ ਦ ਆਰਟ ਆਫ਼ ਸਟ੍ਰੈੱਸ ਐਂਡ ਵੈੱਲ-ਬੀਇੰਗ ਵਿਸ਼ੇ 'ਤੇ ਆਯੋਜਿਤ ਪਹਿਲੇ ਸੈਸ਼ਨ ਵਿੱਚ ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ, ਬ੍ਰਿਟਿਸ਼ ਲੌਰੀਏਟ ਸਕੂਲ ਅਤੇ ਰਿਆਤ ਬਾਹਰਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੇ ਸ਼ਿਰਕਤ ਕੀਤੀ। ਸੈਸ਼ਨ ਦੌਰਾਨ ਅਧਿਆਪਕਾਂ ਨੇ ਤਣਾਅ ਪ੍ਰਬੰਧਨ, ਮਾਨਸਿਕ ਤੰਦਰੁਸਤੀ ਅਤੇ ਬਦਲਦੇ ਵਿਦਿਅਕ ਮਾਹੌਲ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਸਬੰਧੀ ਅਹਿਮ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਬਦਲਦੇ ਸਿੱਖਿਆ ਖੇਤਰ ਦੀਆਂ ਚੁਣੌਤੀਆਂ ਦਾ ਆਤਮ-ਵਿਸ਼ਵਾਸ, ਹਮਦਰਦੀ ਅਤੇ ਲਚਕੀਲਾਪਣ ਨਾਲ ਸਾਹਮਣਾ ਕਰਨ ਲਈ ਅਧਿਆਪਕਾਂ ਨੂੰ ਲੋੜੀਂਦੇ ਗਿਆਨ ਅਤੇ ਹੁਨਰਾਂ ਨਾਲ ਸਸ਼ਕਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਪ੍ਰੋਗਰਾਮ ਵਿੱਚ ਤਿੰਨ ਉੱਘੇ ਮਾਹਿਰਾਂ ਅਨੁਭੂਤੀ ਮਹਿਤਾ, ਸਾਬਕਾ ਸਹਾਇਕ ਕਮਿਸ਼ਨਰ, ਕੇਵੀਐਸ , ਰੋਜ਼ਾ ਰਮਾਨੀ ਰੇਵਾਲਾ, ਪ੍ਰਮਾਣਿਤ ਪੋਸ਼ ਅਤੇ ਪੋਕਸੋ ਟ੍ਰੇਨਰ, ਅਤੇ ਅਮਿਤ ਅਰੋੜਾ, ਸੰਸਥਾਪਕ, ਈਕੋਵਿਜ਼ਨੇਅਰ—ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਰਿਆਤ ਬਾਹਰਾ ਗਰੁੱਪ ਦੀ ਵਾਈਸ ਪ੍ਰੈਜ਼ੀਡੈਂਟ ਜੈਸਿਕਾ ਦੁੱਗਲ ਬਾਹਰਾ ਅਤੇ ਡਾ. ਸਿੰਮੀ ਪ੍ਰਕਾਸ਼, ਡਾਇਰੈਕਟਰ, ਉੱਦਮਤਾ ਸੈੱਲ ਨੇ ਵੀ ਅਧਿਆਪਕਾਂ ਦੇ ਨਾਲ ਸੈਸ਼ਨ ਵਿੱਚ ਸ਼ਿਰਕਤ ਕੀਤੀ।



# ਸਾਉਣ ਮਹੀਨੇ ਦੀ ਮੱਸਿਆ ਦਾ ਦਿਹਾੜਾ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਸਾਉਣਮਹੀਨੇ ਦੀ ਮੱਸਿਆ ਦਾ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਮਿਸਲ ਸ਼ਹੀਦਾ ਤਰਨਾ ਦਲ ਹਰੀਆਂ ਵੇਲਾਂ ਜਥੇਬੰਦੀ ਵੱਲੋਂ ਮੁਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਦੀ ਦੇਖ ਰੇਖ ਹੇਠ ਮੱਸਿਆ ਦੇ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਮਹੀਨਾ ਵਾਰੀ ਸਮਾਗਮ ਵਿੱਚ ਸਭ ਤੋਂ ਪਹਿਲਾਂ 10 ਅਗਸਤ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਭਾਈ ਹਰਭਜਨ ਸਿੰਘ ਸੋਤਲੇ ਵਾਲੇ, ਭਾਈ ਕੁਲਵਿੰਦਰ ਸਿੰਘ ਕੰਗਮਾਈ ਵਾਲੇ ਅਤੇ ਹੋਰਨਾਂ ਰਾਗੀ ਢਾਡੀ ਜਥਿਆਂ ਨੇ ਸਮੂਹ ਸੰਗਤ ਨੂੰ ਮਨੋਹਰ ਸ਼ਬਦ ਕੀਰਤਨ ਅਤੇ ਕਥਾ ਵਿਚਾਰਾਂ ਰਾਹੀਂ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਤੋਂ ਸੇਧ ਲੈ ਕੇ ਸੇਵਾ ਤੇ ਸਿਮਰਨ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਨੇ ਇਲਾਕੇ ਦੇ ਵੱਖ-ਵੱਖ ਪਿੰਡਾਂ ਚੋਂ ਪਹੁੰਚੀ ਵੱਡੀ ਗਿਣਤੀ ਵਿੱਚ ਸੰਗਤ ਦਾ ਧੰਨਵਾਦ ਕੀਤਾ ਅਤੇ ਸਮੂਹ ਸੰਗਤ ਨੂੰ ਗੁਰੂ ਸਾਹਿਬਾਨਾਂ ਵੱਲੋਂ ਦਿੱਤੇ ਗਏ ਸੰਦੇਸ਼ ਅਤੇ ਸਿਧਾਂਤ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੀਤਾ ਦੇਵੀ ਮੈਮੋਰੀਅਲ ਵੇਵਜ ਹਸਪਤਾਲ ਟਾਂਡਾ ਵੱਲੋਂ ਮਹੀਨਾ ਵਾਰੀ ਮੁਫਤ ਮੈਡੀਕਲ ਸਿਹਤ ਜਾਂਚ ਕੈਂਪ ਲਗਾਉਂਦੇ ਹੋਏ ਸਮਾਗਮ ਵਿੱਚ ਪਹੁੰਚੇ ਸ਼ਰਧਾਲੂਆਂ ਦੀ ਸੇਵਾ ਕੀਤੀ ਗਈ। ਵੇਵਜ ਹਸਪਤਾਲ ਟਾਂਡਾ ਦੇ ਡਾਇਰੈਕਟਰ ਡਾਕਟਰ ਲਵਪ੍ਰੀਤ ਸਿੰਘ ਪਾਬਲਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਡਾ. ਪ੍ਰਭਜੋਤ ਸਿੰਘ, ਸਿਮਰਨ ਕੌਰ, ਦਿਲਜੀਤ ਕੌਰ, ਜਸਮੀਨ ਕੌਰ ਅਤੇ ਬਲਜਿੰਦਰ ਸਿੰਘ ਜੀ ਟੀਮ ਨੇ ਸੇਵਾਵਾਂ ਪ੍ਰਦਾਨ ਕਰਦੇ ਹੋਏ ਸ਼ਰਧਾਲੂਆਂ ਦੀ ਸਿਹਤ ਸਬੰਧੀ ਜਾਂਚ ਕੀਤੀ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸੇ ਦੌਰਾਨ ਹੀ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਭਾਈ ਹਰਪ੍ਰੀਤ ਸਿੰਘ ਨੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਨਿਭਾਉਣ ਵਾਲੇ ਪਰਵਾਰਾਂ ਅਤੇ ਕੈਂਪ ਵਿੱਚ ਸੇਵਾਵਾਂ ਪ੍ਰਦਾਨ ਕਰਨ ਵਾਲੀ ਡਾਕਟਰੀ ਟੀਮ ਦਾ ਸਨਮਾਨ ਵੀ ਕੀਤਾ। ਸਮਾਗਮ ਦੌਰਾਨ ਇਲਾਕੇ ਭਰ ਚੋਂ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੁੰਦੇ ਹੋਏ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਵੀ ਕੀਤੇ। ਸਮਾਗਮ ਵਿੱਚ ਪਹੁੰਚੀ ਸੰਗਤ ਦੀ ਸੇਵਾ ਵਾਸਤੇ ਚਾਹ ਪਕੌੜਿਆਂ, ਮਿਠਾਈਆਂ ਅਤੇ ਗੁਰੂ ਦੇ ਲੰਗਰ ਵੀ ਲਗਾਏ ਗਏ।



# ਮੁਫਤ ਚੈੱਕਅੱਪ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਘਾਣਾ ਵਿਖੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 45 ਸਾਲ ਤੋਂ ਉਪਰ ਮਰੀਜ਼ਾਂ ਲਈ ਮੁਫ਼ਤ ਚੈੱਕਅੱਪ ਕੈਂਪ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਦੀ ਅਗਵਾਈ ਹੇਠ ਲਗਾਇਆ ਗਿਆ। ਇਸ ਮੌਕੇ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 45 ਸਾਲ ਤੋਂ ਉਪਰ



ਵਿਅਕਤੀਆਂ ਨੂੰ ਨੇੜੇ ਚੈੱਕਅੱਪ ਕਰਕੇ ਮੁਫ਼ਤ ਐਨਕਾਂ ਦਿੱਤੀਆਂ ਗਈਆਂ, ਜਿਸ ਵਿੱਚ ਗ਼ਰੀਬ ਅਤੇ ਲੋੜਵੰਦ ਮਰੀਜ਼ਾਂ ਨੂੰ ਇਸ ਸਕੀਮ ਮਫ਼ਤ ਲਾਭ ਦਿੱਤਾ ਗਿਆ। ਇਸ ਮੌਕੇ ਡਾਕਟਰ ਰਣਜੀਤ ਸਿੰਘ ਅੱਖਾਂ ਦੇ ਮਾਹਿਰ ਡਾਕਟਰ ਨੇ ਲੋੜਵੰਦ ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਐਨਕਾਂ ਦਿੱਤੀਆਂ ਗਈਆਂ। ਇਸ ਮੌਕੇ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਗੁਰਮਨਜੀਤ ਸਿੰਘ ਪੰਚ, ਰਾਮ ਲੁਭਾਇਆ ਪੰਚ, ਨਿਸ਼ਾ ਸਹੋਤਾ ਪੰਚ, ਜਸਵਿੰਦਰ ਕੌਰ ਪੰਚ, ਸੁਰਜੀਤ ਕੌਰ ਪੰਚ, ਡਾਕਟਰ ਰਣਜੀਤ ਸਿੰਘ ਅਜਨੋਹਾ, ਡਾਕਟਰ ਸਤਨਾਮ ਸਿੰਘ ਅਧਖਾਲਮਿਕ ਅਫਸਰ, ਡਾਕਟਰ ਪਕਲ ਮਹਾਜਨ, ਹਰਵਿੰਦਰ ਸਿੰਘ, ਨਛੱਤਰ ਕੌਰ ਆਂਗਣਵਾੜੀ ਵਰਕਰ, ਮੋਨੂੰ ਜੀਤ,ਅਮਰੀਕ ਸਿੰਘ ਚੋਕੀਦਾਰ, ਨਿਰਮਲ ਕੌਰ, ਦਲਜੀਤ ਕੌਰ, ਅਰੂੜ ਸਿੰਘ, ਮਦਨ ਲਾਲ, ਗੁਰਮੀਤ ਸਿੰਘ ਜੋਗਿੰਦਰ ਸਿੰਘ, ਕਮਲਦੇਵ ਜੀੜ, ਸਰਵਨ ਰਾਮ, ਰਾਜ ਕੁਮਾਰ, ਰਾਮ ਲੁਭਾਇਆ, ਸੰਸਾਰ ਚੰਦ, ਜੋਗਿੰਦਰ ਸਿੰਘ ਗਿੱਲ, ਮਲਕੀਅਤ ਸਿੰਘ ਚੀਮਾ ਆਦਿ ਹਾਜ਼ਰ ਸਨ।

# ਸੁਤੰਤਰਤਾ ਦਿਵਸ 'ਤੇ ਇਕਬਾਲ ਸਿੰਘ ਬੱਲ ਵੱਲੋਂ ਸਮਾਣਾ ਵਿਸ਼ੇਸ਼ ਸਪਲੀਮੈਂਟ








































































## ਧੰਨਵਾਦ



ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ ਪੱਤਰਕਾਰ ਰੋਜ਼ਾਨਾ ਨਵਾਂ ਜ਼ਮਾਨਾ ਸਮਾਣਾ 80ਵੇਂ ਆਜ਼ਾਦੀ ਦਿਹਾੜੇ 'ਤੇ ਸਮੁੱਚੇ ਦੇਸ਼ ਵਾਸੀਆਂ ਅਤੇ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਲੱਖ-ਲੱਖ ਮੁਬਾਰਕਾਂ ਦਿੰਦੇ ਹਾਂ। ਅਸੀਂ ਤਹਿ ਦਿਲ ਤੋਂ ਉਨ੍ਹਾਂ ਸੱਜਣਾਂ ਮਿੱਤਰਾਂ ਦਾ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਆਜ਼ਾਦੀ ਦਿਹਾੜੇ 'ਤੇ ਸਪਲੀਮੈਂਟ ਕੱਢਣ ਲਈ ਸਾਡਾ ਸਹਿਯੋਗ ਦਿੱਤਾ ਹੈ। ਅਸੀਂ ਭਵਿੱਖ ਵਿੱਚ ਵੀ ਉਨ੍ਹਾਂ ਤੋਂ ਉਮੀਦ ਕਰਦੇ ਹਾਂ ਕਿ ਉਹ ਸਾਨੂੰ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਿਣਗੇ।

ਇਕਬਾਲ ਸਿੰਘ ਬੱਲ, ਪੱਤਰਕਾਰ ਸਮਾਣਾ ਮੋਬਾ. 98550-29206



ਗੁਰਪਿਆਰ ਸਿੰਘ ਬੱਲ, ਪੱਤਰਕਾਰ ਸਮਾਣਾ ਮੋਬਾ. 72500-00521